ਵੀਰਵਾਰ, 25 ਜਨਵਰੀ, 2024
12 ਮਾਘ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 236

# ਨਵਾਂ ਜ਼ਮਾਨਾ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

DAILY NAWAN ZAMANA • THURSDAY, 25 JANUARY, 2024 ਜਲੰਧਰ You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਚੰਡੀਗੜ੍ਹ ਦੀਆਂ ਮੇਅਰ ਚੋਣਾਂ 30 ਨੂੰ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਚੰਡੀਗੜ੍ਹ ਪ੍ਰਸ਼ਾਸਨ ਨੂੰ ਬੁੱਧਵਾਰ ਹਦਾਇਤ ਕੀਤੀ ਕਿ ਉਹ ਮੇਅਰ ਚੋਣਾਂ 30 ਜਨਵਰੀ ਨੂੰ ਕਰਾਵੇ। ਡਿਪਟੀ ਕਮਿਸ਼ਨਰ ਨੇ 18 ਜਨਵਰੀ ਨੂੰ ਹੋਣ ਵਾਲੀਆਂ ਚੋਣਾਂ 6 ਫਰਵਰੀ ਤੱਕ ਮੁਲਤਵੀ ਕਰ ਦਿੱਤੀਆਂ ਸਨ, ਜਿਸ ਨੂੰ ਆਪ ਦੇ ਕੌਂਸਲਰ ਕੁਲਦੀਪ ਕੁਮਾਰ ਨੇ ਹਾਈ ਕੋਰਟ ਵਿਚ ਚੈਲੰਜ ਕੀਤਾ ਸੀ। ਆਪ ਤੇ ਕਾਂਗਰਸ ਨੇ ਗੱਠਜੋੜ ਕੀਤਾ ਹੈ ਤੇ ਉਨ੍ਹਾਂ ਦੋਸ਼ ਲਾਇਆ ਸੀ ਕਿ ਹਾਰ ਤੋਂ ਡਰਦਿਆਂ ਭਾਜਪਾ ਨੇ ਮੇਅਰ, ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਚੋਣਾਂ ਅੱਗੇ ਪੁਆਈਆਂ। ਗੱਠਜੋੜ ਵੱਲੋਂ ਮੇਅਰ ਦੀ ਚੋਣ ਆਪ ਉਮੀਦਵਾਰ ਅਤੇ ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਦੀ ਚੋਣ ਕਾਂਗਰਸ ਉਮੀਦਵਾਰਾਂ ਨੇ ਲੜਨੀ ਹੈ।

## ਏਅਰ ਇੰਡੀਆ ਨੂੰ ਜੁਰਮਾਨਾ

**ਨਵੀਂ ਦਿੱਲੀ** : ਸ਼ਹਿਰੀ ਹਵਾਬਾਜ਼ੀ ਡਾਇਰੈਕਟੋਰੇਟ ਜਨਰਲ ਨੇ ਕੁਝ ਲੰਮੀ ਦੂਰੀ ਵਾਲੇ ਰੂਟਾਂ 'ਤੇ ਚੱਲਣ ਵਾਲੀਆਂ ਉਡਾਣਾਂ ਦੇ ਸੰਬੰਧ ਵਿਚ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਕਰਨ ਲਈ ਏਅਰਲਾਈਨ ਏਅਰ ਇੰਡੀਆ ਨੂੰ 1.10 ਕਰੋੜ ਰੁਪਏ ਦਾ ਜੁਰਮਾਨਾ ਕੀਤਾ ਹੈ।

## ਛੇ ਸਾਥੀ ਜ਼ਖਮੀ ਕਰਕੇ ਜਵਾਨ ਵੱਲੋਂ ਖੁਦਕੁਸ਼ੀ

**ਇੰਫਾਲ** : ਮਨੀਪੁਰ ਦੇ ਚੰਦੇਲ ਜ਼ਿਲ੍ਹੇ ਵਿਚ ਅਸਾਮ ਰਾਈਫਲਜ਼ ਦੇ ਜਵਾਨ ਨੇ ਆਪਣੇ ਸਾਥੀਆਂ 'ਤੇ ਗੋਲੀਬਾਰੀ ਕਰਕੇ ਖੁਦਕੁਸ਼ੀ ਕਰ ਲਈ। ਇਸ ਘਟਨਾ 'ਚ ਘੱਟੋ-ਘੱਟ 6 ਜਵਾਨ ਜ਼ਖਮੀ ਹੋ ਗਏ। ਪੁਲਸ ਨੇ ਦੱਸਿਆ ਕਿ ਇਹ ਘਟਨਾ ਮੰਗਲਵਾਰ ਦੇਰ ਰਾਤ ਸਾਜਿਕ ਟੈਂਪਕ ਇਲਾਕੇ 'ਚ ਵਾਪਰੀ। ਜ਼ਖਮੀਆਂ ਦੀ ਹਾਲਤ ਸਥਿਰ ਹੈ।

## ਵਧਾਵਨ ਭਰਾਵਾਂ ਦੀ ਜ਼ਮਾਨਤ ਰੱਦ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬਹੁ-ਕਰੋੜੀ ਬੈਂਕ ਕਰਜ਼ਾ ਘਪਲੇ 'ਚ ਦੀਵਾਨ ਹਾਊਸਿੰਗ ਫਾਇਨਾਂਸ ਕਾਰਪੋਰੇਸ਼ਨ ਲਿਮਟਿਡ (ਡੀ ਐੱਚ ਐੱਫ ਐੱਲ) ਦੇ ਸਾਬਕਾ ਪ੍ਰਮੋਟਰ ਕਪਿਲ ਵਧਾਵਨ ਅਤੇ ਉਸ ਦੇ ਭਰਾ ਧੀਰਜ ਵਧਾਵਨ ਦੀ ਜ਼ਮਾਨਤ ਰੱਦ ਕਰ ਦਿੱਤੀ ਹੈ। ਜਸਟਿਸ ਬੇਲਾ ਐੱਮ ਤ੍ਰਿਵੇਦੀ ਅਤੇ ਜਸਟਿਸ ਐੱਸ ਸੀ ਸ਼ਰਮਾ ਦੀ ਬੈਂਚ ਨੇ ਕਿਹਾ ਕਿ ਹਾਈ ਕੋਰਟ ਅਤੇ ਹੇਠਲੀ ਅਦਾਲਤ ਨੇ ਉਨ੍ਹਾਂ ਨੂੰ ਜ਼ਮਾਨਤ ਦੇਣ 'ਚ ਗਲਤੀ ਕੀਤੀ ਹੈ।

## ਟਰਾਂਸਪੋਰਟਰ ਤੇ ਵਪਾਰੀ ਵੀ ਸਾਨੂੰ ਸਹਿਯੋਗ ਦੇਣ : ਟਿਕੈਤ

**ਨੋਇਡਾ** : ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਬੁੱਧਵਾਰ ਕਿਹਾ ਕਿ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਦੇਣ ਵਾਲੇ ਕਾਨੂੰਨ ਨੂੰ ਲਾਗੂ ਨਾ ਕਰਨ ਸਮੇਤ ਦੇਸ਼ 'ਚ ਕਈ ਮੁੱਦਿਆਂ ਨੂੰ ਲੈ ਕੇ ਕਿਸਾਨ 16 ਫਰਵਰੀ ਨੂੰ 'ਭਾਰਤ ਬੰਦ' ਕਰਨਗੇ। ਭਾਰਤੀ ਕਿਸਾਨ ਯੂਨੀਅਨ ਦੇ ਰਾਸ਼ਟਰੀ ਬੁਲਾਰੇ ਟਿਕੈਤ ਨੇ ਕਿਹਾ ਕਿ ਕਿਸਾਨ ਸਮੂਹਾਂ ਤੋਂ ਇਲਾਵਾ ਵਪਾਰੀ ਅਤੇ ਟਰਾਂਸਪੋਰਟਰ ਵੀ ਇਸ ਦਾ ਸਮਰਥਨ ਕਰਨ ਅਤੇ ਉਸ ਦਿਨ ਹੜਤਾਲ ਕਰਨ।

## ਰੂਸੀ ਜਹਾਜ਼ ਤਬਾਹ, 65 ਯੂਕਰੇਨੀ ਜੰਗੀ ਕੈਦੀਆਂ ਸਣੇ 74 ਮਰੇ!

**ਮਾਸਕੋ** : ਰੂਸੀ ਮਿਲਟਰੀ ਟਰਾਂਸਪੋਰਟ ਜਹਾਜ਼ ਬੁੱਧਵਾਰ ਯੂਕਰੇਨ ਦੀ ਸਰਹੱਦ ਦੇ ਨੇੜੇ ਬੇਲਗੋਰੋਦ ਖੇਤਰ 'ਚ ਹਾਦਸਾਗ੍ਰਸਤ ਹੋ ਗਿਆ। ਇਹ ਰੂਸੀ ਬੰਦੀਆਂ ਦੇ ਬਦਲੇ 65 ਯੂਕਰੇਨੀ ਜੰਗੀ ਕੈਦੀਆਂ ਨੂੰ ਲਿਜਾ ਰਿਹਾ ਸੀ। ਜਹਾਜ਼ 'ਚ ਚਾਲਕ ਦਲ ਦੇ 6 ਮੈਂਬਰਾਂ ਅਤੇ ਤਿੰਨ ਗਾਰਡਾਂ ਸਮੇਤ 74 ਵਿਅਕਤੀ ਸਵਾਰ ਸਨ। ਰੂਸ ਦੀ ਸੰਸਦ ਦੇ ਮੈਂਬਰ ਅਤੇ ਸੇਵਾਮੁਕਤ ਜਨਰਲ ਆਂਦਰੇਈ ਕਾਰਤਾਪੋਲੋਵ ਨੇ ਸੰਸਦੀ ਸੈਸ਼ਨ ਦੌਰਾਨ ਕਿਹਾ ਕਿ ਜਹਾਜ਼ ਨੂੰ ਤਿੰਨ ਮਿਜ਼ਾਈਲਾਂ ਨਾਲ ਡੇਗਿਆ ਗਿਆ।

## 29ਵੀਂ ਮੰਜ਼ਲ ਤੋਂ ਛਾਲ ਮਾਰ ਕੇ ਖੁਦਕੁਸ਼ੀ

**ਬੇਂਗਲੁਰੂ** : ਸੱਤਵੀਂ 'ਚ ਪੜ੍ਹਦੀ 12 ਸਾਲਾ ਕੁੜੀ ਨੇ ਬੁੱਧਵਾਰ ਸਵੇਰੇ ਪੰਜ ਵਜੇ ਅਪਾਰਟਮੈਂਟ ਦੀ 29ਵੀਂ ਮੰਜ਼ਲ ਤੋਂ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਪੁਲਸ ਮੁਤਾਬਕ ਉਹ ਮਾਤਾ-ਪਿਤਾ ਨਾਲ ਬੇਗੁਰ ਇਲਾਕੇ ਦੇ ਨੇੜੇ ਫਲੈਟ 'ਚ ਰਹਿੰਦੀ ਸੀ। ਪਿਤਾ ਸਾਫਟਵੇਅਰ ਇੰਜੀਨੀਅਰ ਅਤੇ ਮਾਂ ਘਰੇਲੂ ਸੁਆਣੀ ਹੈ। ਕੁੜੀ ਸਵੇਰੇ 4.30 ਵਜੇ ਫਲੈਟ ਦੇ ਹਾਲ 'ਚ ਮਿਲੀ। ਮਾਂ ਨੇ ਉਸ ਨੂੰ ਦੇਖਿਆ ਅਤੇ ਜਲਦੀ ਉਠਣ ਦਾ ਕਾਰਨ ਪੁੱਛਿਆ, ਪਰ ਉਹ ਕੁਝ ਨਹੀਂ ਬੋਲੀ ਤੇ ਕਿਹਾ ਕਿ ਉਹ ਦੁਬਾਰਾ ਸੌਂ ਜਾਵੇਗੀ। ਆਪਣੀ ਧੀ ਨੂੰ ਵਾਪਸ ਆਪਣੇ ਕਮਰੇ 'ਚ ਜਾਂਦੇ ਦੇਖ ਕੇ ਮਾਂ ਵੀ ਆਪਣੇ ਕਮਰੇ ਵਿਚ ਵਾਪਸ ਚਲੀ ਗਈ। ਕੁਝ ਸਮੇਂ ਬਾਅਦ ਇਮਾਰਤ 'ਚ ਜ਼ੋਰਦਾਰ ਆਵਾਜ਼ ਸੁਣਨ ਤੋਂ ਬਾਅਦ ਸੁਰੱਖਿਆ ਕਰਮਚਾਰੀਆਂ ਨੂੰ ਕੁੜੀ ਦੀ ਖੂਨ ਨਾਲ ਲੱਥਪੱਥ ਲਾਸ਼ ਲੱਭੀ।

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ 'ਤੇ **ਮੇਹਟੀਆਣਾ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਜਗਤਾਰ ਭੁੰਗਰਨੀ** ਨਾਲ ਮੋਬਾਇਲ ਨੰਬਰ 98153-06402 'ਤੇ ਸੰਪਰਕ ਕੀਤਾ ਜਾ ਸਕਦਾ ਹੈ।

*-ਜਨਰਲ ਮੈਨੇਜਰ*

## ਅੱਜ-ਨਾਮਾ

ਹੋਏ ਪਏ ਤੇਜ਼ ਪੰਜਾਬ ਵਿੱਚ ਕਈ ਆਗੂ,
ਚੋਣਾਂ ਵਾਸਤੇ ਲੱਗਾ ਪਿਆ ਗੇਅਰ ਮੀਆਂ।
ਕੁਝ ਤਾਂ ਭਾਲਦੇ ਟਿਕਟ ਹਨ ਕਿਸੇ ਵੱਲੋਂ,
ਚੱਕਰ ਕੱਢਦੇ ਆ ਹੇਅਰ-ਦੇਅਰ ਮੀਆਂ।
ਜਿਹੜਾ ਦਾਅ ਕੁਝ ਸੁੱਝਦਾ, ਲਾਈ ਜਾਂਦੇ,
ਛੱਡਿਆ ਜਾਂਦਾ ਨਾ ਸਮਾਂ ਸਪੇਅਰ ਮੀਆਂ।
ਜਾਂਦੇ ਈ ਜਿਸ ਵੰਨੀਂ, ਗੋਡੇ ਜਾਣ ਪਕੜੀ,
ਤਰਲਾ ਕਰਨ ਕਿ ਰੱਖਿਉ ਕੇਅਰ ਮੀਆਂ।
ਵੱਡਿਆਂ ਪਿੱਛੇ ਨੇ ਦੌੜ ਰਹੇ ਦਿਨੇ-ਰਾਤੀਂ,
ਲਾਉਂਦੇ ਅੰਦਰਲਾ ਟਿੱਲ ਆ ਕੁੱਲ ਮੀਆਂ।
ਹੁੰਦੀ ਇੱਜ਼ਤ ਬੱਸ ਬਾਹਰ ਸਮਾਜ ਅੰਦਰ,
ਪਾਰਟੀ ਅੰਦਰ ਨਾ ਟਕਾ ਵੀ ਮੁੱਲ ਮੀਆਂ।

-ਤੀਸ ਮਾਰ ਖਾਂ

# 10.77 ਲੱਖ ਰਾਸ਼ਨ ਕਾਰਡ ਬਹਾਲ

## ਅਧਿਆਪਕਾਂ ਲਈ ਨਵੀਂ ਨੀਤੀ ਨੂੰ ਹਰੀ ਝੰਡੀ, ਮੰਤਰੀ ਮੰਡਲ ਵੱਲੋਂ 500 ਵਰਗ ਗਜ਼ ਤੱਕ ਇਮਾਰਤੀ ਨਕਸ਼ਿਆਂ ਦੀ ਸਵੈ-ਤਸਦੀਕ ਤੇ ਫਰਿਸ਼ਤੇ ਸਕੀਮ ਨੂੰ ਵੀ ਪ੍ਰਵਾਨਗੀ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਪੰਜਾਬ 'ਚ 10.77 ਲੱਖ ਰਾਸ਼ਨ ਕਾਰਡ ਬਹਾਲ ਕਰਨ ਦਾ ਐਲਾਨ ਕੀਤਾ, ਤਾਂ ਕਿ ਲੋਕ ਜਨਤਕ ਵੰਡ ਪ੍ਰਣਾਲੀ ਤਹਿਤ ਵੰਡੇ ਜਾ ਰਹੇ ਰਾਸ਼ਨ ਦਾ ਲਾਭ ਲੈ ਸਕਣ। ਇਸ ਬਾਰੇ ਫੈਸਲਾ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਇਹ ਕਾਰਡ ਤਸਦੀਕ ਕਰਨ ਦੀ ਪ੍ਰਕਿਰਿਆ ਦੌਰਾਨ ਕੱਟੇ ਗਏ ਸਨ। ਵਡੇਰੇ ਜਨਤਕ ਹਿੱਤ 'ਚ ਮੰਤਰੀ ਮੰਡਲ ਨੇ ਇਹ ਕਾਰਡ ਬਹਾਲ ਕਰਨ ਦਾ ਫੈਸਲਾ ਲਿਆ ਹੈ। ਇਸ ਫੈਸਲੇ ਦੇ ਤਹਿਤ ਇਹ ਸਾਰੇ ਲਾਭਪਾਤਰੀ ਰਾਸ਼ਨ ਦਾ ਲਾਭ ਲੈਣ ਦੇ ਨਾਲ-ਨਾਲ ਸੂਬਾ ਸਰਕਾਰ ਵੱਲੋਂ ਘਰ-ਘਰ ਰਾਸ਼ਨ ਪਹੁੰਚਾਉਣ ਲਈ ਸ਼ੁਰੂ ਕੀਤੀ ਜਾ ਰਹੀ ਸਕੀਮ ਦਾ ਫਾਇਦਾ ਵੀ ਉਠਾ ਸਕਣਗੇ। ਮੰਤਰੀ ਮੰਡਲ ਨੇ ਅਧਿਆਪਕਾਂ ਲਈ ਨਵੀਂ ਅਤੇ ਪਾਰਦਰਸ਼ੀ ਤਬਾਦਲਾ ਨੀਤੀ ਨੂੰ ਵੀ ਹਰੀ ਝੰਡੀ ਦਿੱਤੀ। ਇਸ ਨੀਤੀ ਤਹਿਤ ਜਿਹੜੇ ਅਧਿਆਪਕਾਂ ਦੇ ਪਰਵਾਰਕ ਮੈਂਬਰ ਕਿਸੇ ਕਰੋਨਿਕ ਬਿਮਾਰੀ ਤੋਂ ਪੀੜਤ ਹਨ, ਉਹ ਅਧਿਆਪਕ ਆਪਣੇ ਪਰਵਾਰ ਦੀ ਦੇਖਭਾਲ ਲਈ ਸਾਰਾ ਸਾਲ ਹੀ ਅਪਲਾਈ ਕਰ ਸਕਦੇ ਹਨ। ਮੰਤਰੀ ਮੰਡਲ ਨੇ ਸੀ ਐੱਮ ਦੀ ਯੋਗਸ਼ਾਲਾ ਮੁਹਿੰਮ 15 ਹੋਰ ਜ਼ਿਲ੍ਹਿਆਂ 'ਚ ਸ਼ੁਰੂ ਕਰਨ ਦਾ ਫੈਸਲਾ ਲਿਆ। ਇਨ੍ਹਾਂ ਜ਼ਿਲ੍ਹਿਆਂ 'ਚ ਬਰਨਾਲਾ, ਫਰੀਦਕੋਟ, ਫਤਹਿਗੜ੍ਹ ਸਾਹਿਬ, ਫਿਰੋਜ਼ਪੁਰ, ਫਾਜ਼ਿਲਕਾ, ਗੁਰਦਾਸਪੁਰ, ਕਪੂਰਥਲਾ, ਮਾਨਸਾ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਠਾਨਕੋਟ, ਰੂਪਨਗਰ, ਸ਼ਹੀਦ ਭਗਤ ਸਿੰਘ ਨਗਰ, ਤਰਨ ਤਾਰਨ ਅਤੇ ਮਾਲੇਰਕੋਟਲਾ ਸ਼ਾਮਲ ਹਨ। ਇਸ ਨਾਲ ਹੁਣ ਸਮੁੱਚਾ ਪੰਜਾਬ ਇਸ ਸਕੀਮ ਹੇਠ ਆ ਜਾਵੇਗਾ, ਜਿਸ ਕਰਕੇ ਇਸ ਸਕੀਮ ਲਈ ਵਾਧੂ ਟਰੇਨਰ ਅਤੇ ਹੋਰ ਸਟਾਫ ਭਰਤੀ ਕਰਨ ਦੀ ਵੀ ਮਨਜ਼ੂਰੀ ਦਿੱਤੀ ਗਈ ਹੈ।

ਮੰਤਰੀ ਮੰਡਲ ਨੇ ਪਹਿਲੀ ਤੇ ਦੂਜੀ ਵਿਸ਼ਵ ਜੰਗ 'ਚ ਹਿੱਸਾ ਲੈਣ ਵਾਲੇ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੀਆਂ ਵਿਧਵਾਵਾਂ ਦੀ ਵਿੱਤੀ ਸਹਾਇਤਾ 6000 ਰੁਪਏ ਪ੍ਰਤੀ ਮਹੀਨਾ ਤੋਂ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਹੈ। ਇਸ ਵੇਲੇ ਸੂਬਾ ਸਰਕਾਰ ਦੀ ਨੀਤੀ ਤਹਿਤ 453 ਲਾਭਪਾਤਰੀ ਲਾਭ ਲੈ ਰਹੇ ਹਨ। ਇਹ ਵਾਧਾ 26 ਜੁਲਾਈ, 2023 ਤੋਂ ਲਾਗੂ ਹੋਵੇਗਾ ਅਤੇ ਇਸ ਨਾਲ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਨੂੰ ਲਾਭ ਮਿਲੇਗਾ।

ਮੰਤਰੀ ਮੰਡਲ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਅਰਨੀਵਾਲਾ, ਸ਼ੇਖ ਸੁਭਾਨ 'ਚ ਸਥਿਤ ਪੰਜਾਬ ਇੰਸਟੀਚਿਊਟ ਆਫ ਟੈਕਨਾਲੋਜੀ ਦੀ ਇਮਾਰਤ ਵਿੱਚ 'ਸਕੂਲ ਆਫ ਐਮੀਨੈਂਸ' ਸਥਾਪਤ ਕਰਨ ਦਾ ਫੈਸਲਾ ਕੀਤਾ ਹੈ।

ਇਕ ਹੋਰ ਇਤਿਹਾਸਕ ਫੈਸਲੇ ਵਿੱਚ ਮੰਤਰੀ ਮੰਡਲ ਨੇ ਸੂਬੇ ਦੀਆਂ ਮੰਡੀਆਂ 'ਚ ਸਾਲ 2023-24 ਤੋਂ ਝਾੜ-ਫੂਸ ਦੇ ਠੇਕੇ ਖਤਮ ਕਰਨ ਦਾ ਫੈਸਲਾ ਕੀਤਾ ਹੈ। ਪੰਜਾਬ ਮੰਡੀ ਬੋਰਡ ਵੱਲੋਂ ਪਿਛਲੇ 25 ਸਾਲਾਂ ਤੋਂ ਝਾੜ-ਫੂਸ ਚੁੱਕਣ ਦੇ ਠੇਕੇ ਦਿੱਤੇ ਜਾਂਦੇ ਹਨ। ਗਰੀਬ ਕਬੀਲਿਆਂ/ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਇਹ ਠੇਕਾ ਖਤਮ ਕਰਨ ਦਾ ਫੈਸਲਾ ਲਿਆ ਹੈ।

ਮੰਤਰੀ ਮੰਡਲ ਨੇ ਮਿਊਂਸਪਲ ਹੱਦਾਂ ਅੰਦਰ 500 ਵਰਗ ਗਜ਼ ਤੱਕ ਦੇ ਰਿਹਾਇਸ਼ੀ ਇਮਾਰਤਾਂ ਦੇ ਨਕਸ਼ਿਆਂ ਨੂੰ ਸਵੈ-ਤਸਦੀਕ ਕਰਨ ਲਈ 'ਪੰਜਾਬ ਮਿਊਂਸਪਲ ਬਿਲਡਿੰਗ ਬਾਇਲਾਜ਼-2018' ਦੀ ਧਾਰਾ 3.14.1 'ਚ ਸੋਧ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਸਵੈ-ਤਸਦੀਕ ਤੋਂ ਭਾਵ ਹੈ ਕਿ ਨਕਸ਼ਿਆਂ ਨੂੰ ਕਿਸੇ ਵੀ ਅਧਿਕਾਰੀ/ਕਰਮਚਾਰੀ ਰਾਹੀਂ ਭੇਜਣ ਦੀ ਬਜਾਏ ਸਿੱਧੇ ਤੌਰ ਉਤੇ ਆਰਕੀਟੈਕਟ ਵੱਲੋਂ ਹੀ ਪ੍ਰਵਾਨਗੀ ਦਿੱਤੀ ਜਾਵੇ। ਇਸ 'ਚ ਮਾਲਕ ਤੇ ਆਰਕੀਟੈਕਟ ਵੱਲੋਂ ਦਿੱਤੇ ਜਾਣ ਵਾਲੇ ਸਵੈ-ਘੋਸ਼ਣਾ ਪੱਤਰ 'ਚ ਕੁਝ ਸ਼ਰਤਾਂ ਦਰਜ ਕੀਤੀਆਂ ਗਈਆਂ ਹਨ, ਜਿਸ ਨਾਲ ਇਹ ਤਸਦੀਕ ਹੋ ਸਕੇ ਕਿ ਉਪ-ਨਿਯਮ ਦੀ ਪਾਲਣਾ ਕੀਤੀ ਜਾ ਰਹੀ ਹੈ ਅਤੇ ਜੋ ਦਸਤਾਵੇਜ਼ ਅਪਲੋਡ ਕੀਤੇ ਗਏ ਹਨ, ਉਨ੍ਹਾਂ ਨਿਯਮਾਂ ਮੁਤਾਬਕ ਹਨ। ਜ਼ਿਕਰਯੋਗ ਹੈ ਕਿ ਰਿਹਾਇਸ਼ੀ ਨਕਸ਼ਿਆਂ ਵਿੱਚੋਂ 500 ਵਰਗ ਤੱਕ ਦੇ ਨਕਸ਼ੇ ਤਕਰੀਬਨ 90 ਫੀਸਦੀ ਹੁੰਦੇ ਹਨ ਅਤੇ ਇਸ ਲਈ ਇਨ੍ਹਾਂ ਨੂੰ ਪ੍ਰਵਾਨ ਕੀਤੇ ਜਾਣ ਲਈ ਸੁਖਾਵੇਂ ਤਰੀਕੇ ਨਾਲ ਅਪਣਾਉਣ ਲਈ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਬੇਲੋੜੀ ਦੇਰੀ ਤੋਂ ਛੁਟਕਾਰਾ ਮਿਲੇਗਾ।

ਮੰਤਰੀ ਮੰਡਲ ਨੇ ਗੰਨੇ ਦੀਆਂ ਅਗੇਤੀਆਂ ਅਤੇ ਦਰਮਿਆਨੀਆਂ ਪਛੇਤੀਆਂ ਕਿਸਮਾਂ ਲਈ ਗੰਨੇ ਦਾ ਭਾਅ ਕ੍ਰਮਵਾਰ 391 ਰੁਪਏ ਅਤੇ 381 ਰੁਪਏ ਦੇ ਤਹਿਤ ਅਦਾਇਗੀ ਯਕੀਨੀ ਬਣਾਉਣ ਦੀ ਪ੍ਰਵਾਨਗੀ ਦੇ ਦਿੱਤੀ ਹੈ। 55.50 ਰੁਪਏ ਪ੍ਰਤੀ ਕੁਇੰਟਲ ਦੀ ਸਬਸਿਡੀ ਸੂਬਾ ਸਰਕਾਰ ਵੱਲੋਂ ਸਿੱਧੇ ● ਬਾਕੀ ਸਫ਼ਾ 2 'ਤੇ

### ਲੋਕ ਸਭਾ ਚੋਣਾਂ ਲਈ ਕਾਂਗਰਸ ਨਾਲ ਗੱਠਜੋੜ ਨਹੀਂ : ਮਾਨ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਕਿਹਾ ਕਿ ਆਮ ਆਦਮੀ ਪਾਰਟੀ ਸੂਬੇ ਵਿਚ ਲੋਕ ਸਭਾ ਦੀਆਂ ਸਾਰੀਆਂ ਸੀਟਾਂ ਲੜੇਗੀ। ਪੰਜਾਬ ਸਾਰੀਆਂ ਸੀਟਾਂ ਆਮ ਆਦਮੀ ਪਾਰਟੀ ਨੂੰ ਜਿਤਾ ਕੇ ਇਤਿਹਾਸ ਰਚੇਗਾ। ਉਨ੍ਹਾ ਕਿਹਾ ਕਿ ਸੂਬੇ 'ਚ ਕਾਂਗਰਸ ਨਾਲ ਕੋਈ ਗੱਠਜੋੜ ਨਹੀਂ ਹੋਵੇਗਾ।

### ਔਲਖ ਨੂੰ ਪੀ ਪੀ ਐੱਸ ਸੀ ਦਾ ਚੇਅਰਮੈਨ ਲਾਉਣ ਦੀ ਸਿਫਾਰਸ਼



**ਚੰਡੀਗੜ੍ਹ** : ਮੰਤਰੀ ਮੰਡਲ ਨੇ ਸਾਬਕਾ ਆਈ ਪੀ ਐੱਸ ਅਧਿਕਾਰੀ ਜਤਿੰਦਰ ਸਿੰਘ ਔਲਖ ਨੂੰ ਪੰਜਾਬ ਲੋਕ ਸੇਵਾ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕਰਨ ਲਈ ਰਾਜਪਾਲ ਨੂੰ ਸਿਫਾਰਸ਼ ਕੀਤੀ ਹੈ। ਚੇਅਰਮੈਨ ਦਾ ਅਹੁਦਾ ਪਿਛਲੇ ਸਾਲ ਸਤੰਬਰ ਤੋਂ ਖਾਲੀ ਪਿਆ ਹੈ, ਜਿਸ ਕਾਰਨ ਸਰਕਾਰ ਨੂੰ ਨਿਯੁਕਤੀਆਂ ਕਰਨ 'ਚ ਦਿੱਕਤ ਆ ਰਹੀ ਹੈ।

## ਅੱਜ ਗੱਲ ਨਾ ਬਣੀ ਤਾਂ 20 ਨੂੰ ਪੀ ਆਰ ਟੀ ਸੀ ਦੇ ਮੁੱਖ ਦਫਤਰ ਅੱਗੇ ਵਿਸ਼ਾਲ ਧਰਨਾ



**ਪਟਿਆਲਾ** : ਬੁੱਧਵਾਰ ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ 6 ਜਥੇਬੰਦੀਆਂ ਸੰਬੰਧਤ ਏਟਕ, ਇੰਟਕ, ਕਰਮਚਾਰੀ ਦਲ, ਐੱਸ ਸੀ ਬੀ ਸੀ, ਸੀਟੂ ਅਤੇ ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਮੰਚ 'ਤੇ ਆਧਾਰਤ ਸਾਂਝੀ ਐਕਸ਼ਨ ਕਮੇਟੀ ਵੱਲੋਂ ਬੱਸ ਸਟੈਂਡ ਪਟਿਆਲਾ 'ਤੇ ਇੱਕ ਰੋਸ ਭਰਪੂਰ ਕਨਵੈਨਸ਼ਨ ਕੀਤੀ ਗਈ। ਕਨਵੈਨਸ਼ਨ ਨੂੰ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਤੇ ਮੈਂਬਰਾਂ ਗੰਡਾ ਸਿੰਘ, ਹਰਪ੍ਰੀਤ ਸਿੰਘ ਖੱਟੜਾ, ਰਕੇਸ਼ ਕੁਮਾਰ ਦਾਤਾਰਪੁਰੀ, ਇੰਦਰਪਾਲ ਸਿੰਘ ਅਤੇ ਮੁਹੰਮਦ ਖਲੀਲ ਨੇ ਸੰਬੋਧਨ ਕੀਤਾ।

ਐਕਸ਼ਨ ਕਮੇਟੀ ਦੇ ਬੁਲਾਰਿਆਂ ਨੇ ਪੀ ਆਰ ਟੀ ਸੀ ਦੇ ਵਰਕਰਾਂ ਦੀਆਂ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਵਰਕਰਾਂ ਦੀਆਂ 17 ਮੰਗਾਂ ਦਾ ਮੰਗ ਪੱਤਰ ਨਵੰਬਰ ਦਾ ਦਿੱਤਾ ਹੋਇਆ ਹੈ, ਉਸ ਤੋਂ 5 ਮਹੀਨੇ ਪਹਿਲਾਂ ਚੇਅਰਮੈਨ ਨੂੰ ਵੀ ਮੰਗ ਪੱਤਰ ਦਿੱਤਾ ਗਿਆ ਸੀ, ਪਰ ਮੈਨੇਜਮੈਂਟ ਨੇ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਉਪਰ ਅਜੇ ਤੱਕ ਕੋਈ ਗੱਲਬਾਤ ਜਾਂ ਕਾਰਵਾਈ ਨਹੀਂ ਕੀਤੀ। ਪੰਜਾਬ ਸਰਕਾਰ ਅਤੇ ਟਰਾਂਸਪੋਰਟ ਮੰਤਰੀ ਵੱਲੋਂ ਪੀ ਆਰ ਟੀ ਸੀ ਨੂੰ ਅਤੇ ਇਸ ਦੇ ਵਰਕਰਾਂ ਨੂੰ ਨਜ਼ਰਅੰਦਾਜ ਕੀਤਾ ਜਾ ਰਿਹਾ ਹੈ, ਜਿਸ ਦਾ ਸਿੱਟਾ ਹੈ ਕਿ ਜਿਥੇ ਵਰਕਰਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾ ਰਹੀਆਂ, ਉੱਥੇ ਪੰਜਾਬ ਵਿੱਚ ਪ੍ਰਾਈਵੇਟ ਟਰਾਂਸਪੋਰਟ ਮਾਫੀਆ ਹੋਰ ਮਜ਼ਬੂਤ ਹੋ ਰਿਹਾ ਹ ੈ। ● ਬਾਕੀ ਸਫ਼ਾ 2 'ਤੇ

## ਪੰਜਾਬ ਸੀ ਪੀ ਆਈ ਵੱਲੋਂ ਕਿਸਾਨਾਂ, ਮਜ਼ਦੂਰਾਂ ਦੇ ਸਾਂਝੇ ਸੰਘਰਸ਼ ਦੀ ਹਮਾਇਤ

### ਕੇਂਦਰ ਸਰਕਾਰ 'ਤੇ ਸੈਕੂਲਰਿਜ਼ਮ ਨੂੰ ਖਤਮ ਕਰਨ ਦਾ ਦੋਸ਼

**ਚੰਡੀਗੜ੍ਹ** : ਦੇਸ਼ ਦੀਆਂ ਮਜ਼ਦੂਰ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਮੋਦੀ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਵਿਰੁੱਧ ਚਲਾਏ ਜਾ ਰਹੇ ਸਾਂਝੇ ਸੰਘਰਸ਼ਾਂ ਦਾ ਪੰਜਾਬ ਸੀ ਪੀ ਆਈ ਨੇ ਭਰਪੂਰ ਸਮਰਥਨ ਕੀਤਾ ਹੈ। ਪੰਜਾਬ ਸੀ ਪੀ ਆਈ ਦੀ ਸਕੱਤਰੇਤ ਦੀ ਮੀਟਿੰਗ ਪਿੱਛੋਂ ਐਤਵਾਰ ਬੰਤ ਸਿੰਘ ਬਰਾੜ ਨੇ ਦੱਸਿਆ ਕਿ 26 ਜਨਵਰੀ ਨੂੰ ਟਰੈਕਟਰ ਮਾਰਚ ਦੀ ਪੂਰੀ ਮਦਦ ਕੀਤੀ ਜਾਵੇਗੀ ਅਤੇ 16 ਫਰਵਰੀ ਨੂੰ ਮਜ਼ਦੂਰਾਂ ਅਤੇ ਕਿਸਾਨਾਂ ਵੱਲੋਂ ਆਯੋਜਿਤ ਆਮ ਹੜਤਾਲ ਨੂੰ ਪੂਰਨ ਸਫਲ ਬਣਾਇਆ ਜਾਵੇਗਾ।

ਇਕ ਹੋਰ ਮਤੇ ਰਾਹੀਂ ਸੀ ਪੀ ਆਈ ਨੇ ਭਾਜਪਾ ਅਤੇ ਆਰ ਐੱਸ ਐੱਸ ਵੱਲੋਂ ਆਯੁੱਧਿਆ ਵਿਖੇ 22 ਜਨਵਰੀ ਨੂੰ ਬਾਬਰੀ ਮਸਜਿਦ ਨੂੰ ਢਾਹ ਕੇ ਸਥਾਪਤ ਕੀਤੇ ਰਾਮ ਮੰਦਰ ਵਿਖੇ ਰਾਮ ਲੱਲਾ ਦੀ ਮੂਰਤੀ ਦੀ ਪ੍ਰਾਣ ਪ੍ਰਤਿਸ਼ਠਾ ਦੀ ਰਸਮ ਨੂੰ ਆਪਣੇ ਸੌੜੇ ਫਿਰਕੂ ਅਤੇ ਰਾਜਸੀ ਲਾਭਾਂ ਵਾਸਤੇ ਕੀਤੀ ਗਈ ਦੁਰਵਰਤੋਂ ਦੀ ਨਿੰਦਿਆ ਕਰਦਿਆਂ ਭਾਰਤ ਦੀਆਂ ਸਾਰੀਆਂ ਜਮਹੂਰੀ, ਧਰਮ-ਨਿਰਪੱਖ ਅਤੇ ਸੰਵਿਧਾਨ ਵਿਚ ਵਿਸ਼ਵਾਸ ਰੱਖਣ ਵਾਲੀਆਂ ਸ਼ਕਤੀਆਂ ਨੂੰ ਇਕੱਠੇ ਹੋ ਕੇ ਕੇਂਦਰ ਸਰਕਾਰ ਦੀ ਫਾਸ਼ੀਵਾਦੀ ਪਹੁੰਚ ਦਾ ਮੁਕਾਬਲਾ ਕਰਨ ਦੀ ਇਤਿਹਾਸਕ ਲੋੜ 'ਤੇ ਜ਼ੋਰ ਦਿੱਤਾ ਹੈ। ਸਾਥੀ ਬਰਾੜ ਨੇ ਆਖਿਆ ਕਿ ਸੀ ਪੀ ਆਈ ਦਾ ਪੱਕਾ ਵਿਸ਼ਵਾਸ ਹੈ ਕਿ ਭਾਰਤ ਦੀ ਪਿਛਾਖੜੀ ਸਰਕਾਰ ਗਰੀਬ ਅਤੇ ਮਿਹਨਤਕਸ਼ ਲੋਕਾਂ ਦੀ ਧਾਰਮਿਕ ਆਸਥਾ ਦੀ ਦੁਰਵਰਤੋਂ ਕਰਕੇ ਉਹਨਾਂ ● ਬਾਕੀ ਸਫ਼ਾ 2 'ਤੇ

## ਮਮਤਾ ਕਾਂਗਰਸ ਤੋਂ ਖਿਝੀ, ਇਕੱਲੀ ਲੜੇਗੀ

**ਕੋਲਕਾਤਾ** : ਕਾਂਗਰਸ 'ਤੇ ਰਾਹੁਲ ਗਾਂਧੀ ਦੀ 'ਭਾਰਤ ਜੋੜੋ ਯਾਤਰਾ' ਦੇ ਪੱਛਮੀ ਬੰਗਾਲ ਦੇ ਪ੍ਰੋਗਰਾਮ ਬਾਰੇ ਉਸ ਨੂੰ ਤੇ ਉਸ ਦੀ ਪਾਰਟੀ ਨੂੰ ਹਨੇਰੇ ਵਿਚ ਰੱਖਣ ਦਾ ਦੋਸ਼ ਲਾਉਂਦਿਆਂ ਮੁੱਖ ਮੰਤਰੀ ਤੇ ਤ੍ਰਿਣਮੂਲ ਕਾਂਗਰਸ ਦੀ ਪ੍ਰਧਾਨ ਮਮਤਾ ਬੈਨਰਜੀ ਨੇ ਬੁੱਧਵਾਰ ਖਿਝ ਕੇ ਕਹਿ ਦਿੱਤਾ ਕਿ ਉਨ੍ਹਾ ਦੀ ਪਾਰਟੀ ਪੱਛਮੀ ਬੰਗਾਲ ਵਿਚ ਲੋਕ ਸਭਾ ਚੋਣਾਂ ਇਕੱਲਿਆਂ ਲੜੇਗੀ।

ਬਰਦਵਾਨ ਲਈ ਰਵਾਨਾ ਹੋਣ ਤੋਂ ਪਹਿਲਾਂ ਮਮਤਾ ਨੇ ਕਿਹਾ—ਮੈਂ ਹਮੇਸ਼ਾ ਕਿਹਾ ਹੈ ਕਿ ਬੰਗਾਲ ਵਿਚ ਅਸੀਂ ਇਕੱਲੇ ਲੜਾਂਗੇ। ਮੈਨੂੰ ਇਸ ਨਾਲ ਕੋਈ ਲੈਣਾ-ਦੇਣਾ ਨਹੀਂ ਕਿ ਦੇਸ਼ ਵਿਚ ਕੀ ਹੋਣਾ ਹੈ, ਪਰ ਸਾਡੀ ਸੈਕੂਲਰ ਪਾਰਟੀ ਹੈ ਤੇ ਅਸੀਂ ਇਕੱਲੇ ਹੀ ਬੰਗਾਲ ਵਿਚ ਭਾਜਪਾ ਨੂੰ ਹਰਾਵਾਂਗੇ। ਮਮਤਾ ਨੇ ਇਹ ਬਿਆਨ ਰਾਹੁਲ ਦੀ ਯਾਤਰਾ ਦੇ ਵੀਰਵਾਰ ਕੂਚ ਬਿਹਾਰ ਤੋਂ ਬੰਗਾਲ ਵਿਚ ਦਾਖਲ ਹੋਣ ਤੋਂ ਪਹਿਲਾਂ ਦਿੱਤਾ ਹੈ।

ਰਾਹੁਲ ਨੇ ਮੰਗਲਵਾਰ ਕਿਹਾ ਸੀ—ਸਾਡੇ ਮਮਤਾ ਤੇ ਉਨ੍ਹਾ ਦੀ ਪਾਰਟੀ ਨਾਲ ਚੰਗੇ ਰਿਸ਼ਤੇ ਹਨ, ਸੀਟਾਂ ਦੀ ਵੰਡ ਬਾਰੇ ਗੱਲ ਚੱਲ ਰਹੀ ਹੈ। ਕਦੇ-ਕਦੇ ਸਾਡੇ ਆਗੂ ਕੁਝ ਕਹਿੰਦੇ ਹਨ ਤੇ ਕਦੇ-ਕਦੇ ਉਨ੍ਹਾ ਦੇ ਆਗੂ ਕੁਝ ਕਹਿੰਦੇ ਹਨ, ਪਰ ਇਸ ਦਾ ਗੱਠਜੋੜ 'ਤੇ ਅਸਰ ਨਹੀਂ ਹੋਵੇਗਾ।

ਮਮਤਾ ਨੇ ● ਬਾਕੀ ਸਫ਼ਾ 2 'ਤੇ

### ਮਮਤਾ ਮੌਕਾਪ੍ਰਸਤ : ਚੌਧਰੀ

ਕੋਲਕਾਤਾ : ਲੋਕ ਸਭਾ ਵਿਚ ਕਾਂਗਰਸ ਦੇ ਆਗੂ ਅਧੀਰ ਰੰਜਨ ਚੌਧਰੀ ਨੇ ਕਿਹਾ ਹੈ ਕਿ ਮਮਤਾ ਮੌਕਾਪ੍ਰਸਤ ਹੈ ਤੇ ਕਾਂਗਰਸ ਉਨ੍ਹਾ ਦੀ ਦਯਾ ਨਾਲ ਚੋਣਾਂ ਨਹੀਂ ਲੜੇਗੀ। ਮਮਤਾ ਖੁਦ ਭਾਜਪਾ ਦੀ ਦਯਾ ਨਾਲ 2011 ਵਿਚ ਸੱਤਾ ਵਿਚ ਆਈ ਸੀ।

## ਅਮਰੀਕਾ 'ਚ ਮੁੰਡੇ ਤੋਂ ਬੰਧੂਆ ਮਜ਼ਦੂਰੀ ਕਰਾਉਣ ਵਾਲਾ ਪੰਜਾਬੀ ਜੋੜਾ ਦੋਸ਼ੀ ਕਰਾਰ

**ਵਾਸ਼ਿੰਗਟਨ** : ਭਾਰਤੀ ਮੂਲ ਦੇ ਪੰਜਾਬੀ ਜੋੜੇ ਨੂੰ ਆਪਣੇ ਰਿਸ਼ਤੇਦਾਰ ਨੂੰ ਉਨ੍ਹਾਂ ਦੇ ਸਟੋਰ 'ਚ ਜ਼ਿਆਦਾ ਘੰਟੇ ਕੰਮ ਕਰਨ ਲਈ ਮਜਬੂਰ ਕਰਨ, ਸਰੀਰਕ ਸ਼ੋਸ਼ਣ, ਧਮਕੀਆਂ ਦੇਣ ਅਤੇ ਉਸ ਦੇ ਇਮੀਗ੍ਰੇਸ਼ਨ ਦਸਤਾਵੇਜ਼ ਜ਼ਬਤ ਕਰਨ ਦਾ ਦੋਸ਼ੀ ਕਰਾਰ ਦਿੱਤਾ ਗਿਆ ਹੈ। ਦੋਸ਼ੀਆਂ ਦੀ ਪਛਾਣ ਹਰਮਨਪ੍ਰੀਤ ਸਿੰਘ (30) ਅਤੇ ਕੁਲਬੀਰ ਕੌਰ (43) ਵਜੋਂ ਹੋਈ ਹੈ। ਜਿਸ ਵੇਲੇ ਮੁੰਡਾ ਅਮਰੀਕਾ ਆਇਆ ਸੀ ਤਾਂ ਉਹ ਨਾਬਾਲਗ ਸੀ। ਉਸ ਨੂੰ ਅਮਰੀਕਾ 'ਚ ਪੜ੍ਹਾਉਣ ਦਾ ਵਾਅਦਾ ਕੀਤਾ ਗਿਆ ਸੀ। ਸਰਕਾਰੀ ਵਕੀਲਾਂ ਨੇ ਦੱਸਿਆ ਕਿ ਅਮਰੀਕਾ ਪਹੁੰਚਣ ਤੋਂ ਬਾਅਦ ਜੋੜੇ ਨੇ ਮੁੰਡੇ ਦੇ ਇਮੀਗ੍ਰੇਸ਼ਨ ਦਸਤਾਵੇਜ਼ ਲਏ ਅਤੇ ਉਸ ਨੂੰ ਤੁਰੰਤ ਕੰਮ 'ਤੇ ਲਗਾ ਦਿੱਤਾ। ਅਦਾਲਤੀ ਦਸਤਾਵੇਜ਼ਾਂ ਅਨੁਸਾਰ ਪੀੜਤ ਨੂੰ ਕਈ ਦਿਨਾਂ ਤੱਕ ਸਟੋਰ ਦੇ ਅੰਦਰ ਇੱਕ ਦਫਤਰ 'ਚ ਸੌਣ ਲਈ ਮਜਬੂਰ ਕੀਤਾ ਗਿਆ। ਉਸ ਨੂੰ ਰੋਟੀ ਤੱਕ ਨਹੀਂ ਦਿੱਤੀ ਗਈ। ਜੋੜੇ ਨੇ ਉਸ ਦੀ ਭਾਰਤ ਵਾਪਸ ਭੇਜਣ ਦੀ ਬੇਨਤੀ ਨੂੰ ਵੀ ਠੁਕਰਾ ਦਿੱਤਾ ਅਤੇ ਉਸ ਨੂੰ ਆਪਣੇ ਵੀਜ਼ੇ ਦੀ ਮਿਆਦ ਤੋਂ ਵੱਧ ਰਹਿਣ ਲਈ ਮਜਬੂਰ ਕਰ ਦਿੱਤਾ। ਕਈ ਵਾਰ ਉਸ ਨੂੰ ਕੁੱਟਿਆ ਵੀ ਗਿਆ ਤੇ ਬੰਦੂਕ ਦਿਖਾ ਕੇ ਡਰਾਇਆ ਵੀ ਗਿਆ। ਸਰਕਾਰੀ ਵਕੀਲਾਂ ਨੇ ਕਿਹਾ ਕਿ ਦੁਰਵਿਹਾਰ ਅਤੇ ਜ਼ਬਰਦਸਤੀ ਮਜ਼ਦੂਰੀ ਮਾਰਚ 2018 'ਚ ਸ਼ੁਰੂ ਹੋਈ ਅਤੇ ਮਈ 2021 ਤੱਕ ਜਾਰੀ ਰਹੀ। ਹੁਣ ਸਜ਼ਾ ਦੀ ਸੁਣਵਾਈ 8 ਮਈ ਨੂੰ ਤੈਅ ਕੀਤੀ ਗਈ ਹੈ। ਜੋੜੇ ਨੂੰ ਵੱਧ ਤੋਂ ਵੱਧ 20 ਸਾਲ ਦੀ ਕੈਦ, ਪੰਜ ਸਾਲ ਦੀ ਨਿਗਰਾਨੀ ਹੇਠ ਰਿਹਾਈ, 2,50,000 ਡਾਲਰ ਤੱਕ ਦਾ ਜੁਰਮਾਨਾ ਅਤੇ ਜ਼ਬਰਦਸਤੀ ਮਜ਼ਦੂਰੀ ਦੇ ਦੋਸ਼ ਲਈ ਲਾਜ਼ਮੀ ਮੁਆਵਜ਼ੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

## ਮੋਦੀ ਕਰਪੂਰੀ ਠਾਕੁਰ ਨੂੰ ਭਾਰਤ ਰਤਨ ਦੇਣ ਦਾ ਪੂਰਾ ਸਿਹਰਾ ਲੈਣ ਦਾ ਯਤਨ ਕਰਨਗੇ : ਨਿਤੀਸ਼



**ਪਟਨਾ** : ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਬੁੱਧਵਾਰ ਕਿਹਾ ਕਿ ਕਰਪੂਰੀ ਠਾਕੁਰ ਨੂੰ ਭਾਰਤ ਰਤਨ ਦੇਣ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੂਰਾ ਸਿਹਰਾ ਲੈਣ ਦਾ ਦਾਅਵਾ ਕਰ ਸਕਦੇ ਹਨ। ਬਿਹਾਰ ਦੇ ਸਾਬਕਾ ਮੁੱਖ ਮੰਤਰੀ ਕਰਪੂਰੀ ਠਾਕੁਰ ਦੀ ਜਯੰਤੀ ਮਨਾਉਣ ਲਈ ਜੇ ਡੀ (ਯੂ) ਵੱਲੋਂ ਆਯੋਜਿਤ ਰੈਲੀ ਵਿਚ ਨਿਤੀਸ਼ ਨੇ ਆਪਣੇ ਸਿਆਸੀ ਉਸਤਾਦ ਨੂੰ ਸਭ ਤੋਂ ਵੱਡਾ ਨਾਗਰਿਕ ਸਨਮਾਨ ਦਿਵਾਉਣ ਲਈ ਉਨ੍ਹਾ ਵੱਲੋਂ ਕੀਤੇ ਅਣਥੱਕ ਯਤਨਾਂ ਦਾ ਜ਼ਿਕਰ ਕੀਤਾ। ਉਨ੍ਹਾ ਕਿਹਾ—ਮੈਨੂੰ ਮੇਰੇ ਪਾਰਟੀ ਸਾਥੀ ਤੇ ਮਰਹੂਮ ਆਗੂ ਦੇ ਬੇਟੇ ਰਾਮਨਾਥ ਠਾਕੁਰ ਨੇ ਦੱਸਿਆ ਕਿ ਭਾਰਤ ਰਤਨ ਦਾ ਐਲਾਨ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਨੇ ਉਨ੍ਹਾ ਨੂੰ ਫੋਨ ਕੀਤਾ। ਪ੍ਰਧਾਨ ਮੰਤਰੀ ਨੇ ਮੈਨੂੰ ਅਜੇ ਤੱਕ ਫੋਨ ਨਹੀਂ ਕੀਤਾ। ਸੰਭਵ ਹੈ ਕਿ ਉਹ ਇਸ ਦਾ ਪੂਰਾ ਸਿਹਰਾ ਲੈਣ ਦਾ ਦਾਅਵਾ ਕਰਨਗੇ, ਪਰ ਜੋ ਵੀ ਹੈ, ਮੈਂ ਪ੍ਰਧਾਨ ਮੰਤਰੀ ਤੇ ਉਨ੍ਹਾ ਦੀ ਸਰਕਾਰ ਦਾ ਧੰਨਵਾਦੀ ਹਾਂ ਕਿ ਮੇਰੇ ਵੱਲੋਂ ਬਿਹਾਰ ਦੀ ਸੱਤਾ ਸੰਭਾਲਣ ਤੋਂ ਕੀਤੀ ਜਾ ਰਹੀ ਮੰਗ ਪੂਰੀ ਕਰ ਦਿੱਤੀ ਹੈ। ਜੇ ਡੀ (ਯੂ) ਦੇ ਪ੍ਰਧਾਨ ਨਿਤਿਸ਼ ਨੇ ਕਿਹਾ—ਮੈਂ ਕਦੇ ਵੀ ਆਪਣੇ ਪਰਵਾਰ ਦੇ ਕਿਸੇ ਮੈਂਬਰ ਨੂੰ ਪ੍ਰਮੋਟ ਕਰਨ ਦੀ ਕੋਸ਼ਿਸ਼ ਨਹੀਂ ਕੀਤੀ, ਕਿਉਂਕਿ ਮੈਂ ਕਰਪੂਰੀ ਠਾਕੁਰ ਤੋਂ ਪ੍ਰੇਰਨਾ ਲਈ, ਜਿਹੜੇ ਜਨਤਕ ਜ਼ਿੰਦਗੀ ਵਿਚ ਦਿਆਨਤਦਾਰੀ ਲਈ ਜਾਣੇ ਜਾਂਦੇ ਸਨ। ਕਰਪੂਰੀ ਠਾਕੁਰ ਨੇ ਹੀ ਸਾਨੂੰ ਹੋਰਨਾਂ ਪੱਛੜੀਆਂ ਜਾਤਾਂ ਤੇ ਅਤਿਅੰਤ ਪੱਛੜੀਆਂ ਜਾਤਾਂ ਲਈ ਕੰਮ ਕਰਨ ਲਈ ਪ੍ਰੇਰਿਆ। ਜਾਤ ਸਰਵੇਖਣ, ਜਿਹੜਾ ਅਸੀਂ ਕਰਵਾਇਆ ਅਤੇ ਪੱਛੜਿਆਂ ਲਈ ਜਿਹੜੇ ਭਲਾਈ ਦੇ ਕੰਮ ਕੀਤੇ, ਉਨ੍ਹਾਂ ਨੂੰ ਪੂਰੇ ਦੇਸ਼ ਵਿਚ ਲਾਗੂ ਕੀਤਾ ਜਾਣਾ ਚਾਹੀਦਾ ਹੈ।

## ਗਣਤੰਤਰ ਦਿਵਸ ਦੀਆਂ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ



25-JAN-PAGE-1.qxd 1/24/2024 10:38 PM Page 2



## ਗੁਰਨਾਮ ਸਿੰਘ ਨਮਿਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ 31 ਨੂੰ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ )**- ਸ੍ਰੀ ਮੁਕਤਸਰ ਸਾਹਿਬ ਦੇ ਪੱਤਰਕਾਰ ਭਜਨ ਸਿੰਘ ਸਮਾਘ ਦੇ ਸਤਿਕਾਰਯੋਗ ਪਿਤਾ ਗੁਰਨਾਮ ਸਿੰਘ (76) ਜੋ ਬੀਤੇ ਦਿਨੀਂ ਪ੍ਰਮਾਤਮਾ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਪ੍ਰਭੂ ਚਰਨਾਂ 'ਚ ਜਾ ਬਿਰਾਜੇ ਹਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦਾ ਭੋਗ ਤੇ ਅੰਤਿਮ ਅਰਦਾਸ 31 ਜਨਵਰੀ ਦੁਪਹਿਰ 12:00 ਤੋਂ 1:00 ਵਜੇ ਤੱਕ ਉਨ੍ਹਾ ਦੇ ਜੱਦੀ ਪਿੰਡ ਸਮਾਘ (ਨੇੜੇ ਸਰਾਏਨਾਗਾ) ਦੇ ਸ੍ਰੀ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ। ਜਿਥੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਤੋਂ ਇਲਾਵਾ ਦੋਸਤ ਮਿੱਤਰ, ਰਿਸ਼ਤੇਦਾਰ ਤੇ ਰਾਜਨੀਤਕ, ਧਾਰਮਿਕ, ਸਮਾਜਿਕ ਸੰਸਥਾਵਾਂ ਦੇ ਆਗੂ ਸ਼ਰਧਾ ਦੇ ਫੁੱਲ ਭੇਟ ਕਰਨਗੇ।

## ਪੰਜਾਬ ਕੈਬਨਿਟ ਨੇ ਕੱਟੇ ਰਾਸ਼ਨ ਕਾਰਡਾਂ ਬਾਰੇ ਲਿਆ ਇਤਿਹਾਸਕ ਫ਼ੈਸਲਾ : ਅਨਵਰ ਭਸੌੜ

**ਧੂਰੀ, (ਬਿੰਨੀ ਗਰਗ, ਮੋਹਿਤ ਗਰਗ)**-ਵਕਫ਼ ਬੋਰਡ ਪੰਜਾਬ ਦੇ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ. ਅਨਵਰ ਭਸੌੜ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਦੀ ਮੀਟਿੰਗ 'ਚ ਪੰਜਾਬ ਪੱਖੀ ਲਏ ਫ਼ੈਸਲਿਆਂ ਨੂੰ ਇਤਿਹਾਸਕ ਦੱਸਦਿਆਂ ਉਨ੍ਹਾਂ ਦੀ ਸ਼ਲਾਘਾ ਕੀਤੀ ਹੈ। ਡਾ. ਭਸੌੜ ਨੇ ਕਿਹਾ ਕਿ ਮੁੱਖ ਮੰਤਰੀ ਨੇ ਫ਼ੈਸਲਾ ਕੀਤਾ ਹੈ ਕਿ ਪੰਜਾਬ 'ਚ 10 ਲੱਖ 77 ਹਜ਼ਾਰ ਕੱਟੇ ਗਏ ਰਾਸ਼ਨ ਕਾਰਡ ਬਹਾਲ ਕੀਤੇ ਜਾਣਗੇ। ਇਸ ਤੋਂ ਇਲਾਵਾ ਅਧਿਆਪਕਾਂ ਦੀਆਂ ਬਦਲੀਆਂ ਸੰਬੰਧੀ ਵੀ ਵੱਡਾ ਫ਼ੈਸਲਾ ਲਿਆ ਗਿਆ। ਇਸ ਦੇ ਨਾਲ ਹੀ ਸੜਕ ਸੁਰੱਖਿਆ ਲਈ ਵੀ ਫ਼ੈਸਲੇ ਲਏ ਗਏ। ਇਸ ਤੋਂ ਇਲਾਵਾ ਰਾਸ਼ਨ ਦੀ ਡੋਰ ਸਟੈਪ ਡਿਲੀਵਰੀ ਵੀ ਕੀਤੀ ਜਾਵੇਗੀ। ਸਰਕਾਰ ਨੇ ਸਾਬਕਾ ਫ਼ੌਜੀਆਂ ਦੀਆਂ ਵਿਧਵਾਵਾਂ ਦੀ ਪੈਨਸ਼ਨ ਵਧਾ ਕੇ 10 ਹਜ਼ਾਰ ਕੀਤੀ ਹੈ।ਉਨ੍ਹਾ ਕਿਹਾ ਕਿ ਸਰਕਾਰੀ ਅਧਿਆਪਕਾਂ ਦੇ ਤਬਾਦਲਿਆਂ ਦੀ ਪ੍ਰਕਿਰਿਆ ਨੂੰ ਆਸਾਨ ਬਣਾਇਆ ਜਾਵੇਗਾ। ਇੱਕ ਅਧਿਆਪਕ ਤੁਰੰਤ ਅਰਜ਼ੀ ਦੇ ਕੇ ਆਪਣੀ ਬਦਲੀ ਕਰਵਾ ਲਵੇਗਾ ਅਤੇ ਪੰਜਾਬ ਦੇ 15 ਹੋਰ ਸ਼ਹਿਰਾਂ 'ਚ ਯੋਗਸ਼ਾਲਾਵਾਂ ਸ਼ੁਰੂ ਕੀਤੀਆਂ ਜਾਣਗੀਆਂ। ਸ਼ਹੀਦ ਫੌਜੀਆਂ ਦੀਆਂ ਪਤਨੀਆਂ ਦੀ ਪੈਨਸ਼ਨ 6 ਹਜ਼ਾਰ ਰੁਪਏ ਤੋਂ ਵਧਾ ਕੇ 10 ਹਜ਼ਾਰ ਰੁਪਏ ਕਰ ਦਿੱਤੀ ਗਈ ਹੈ। ਫਰਿਸ਼ਤੇ ਸਕੀਮ ਪੰਜਾਬ 'ਚ ਸ਼ੁਰੂ ਕੀਤੀ ਜਾਵੇਗੀ। ਇਸ ਨੂੰ ਸੜਕ ਸੁਰੱਖਿਆ ਫੋਰਸ 'ਚ ਮਿਲਾ ਦਿੱਤਾ ਜਾਵੇਗਾ। ਇਸ ਸਕੀਮ ਤਹਿਤ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਉਣ ਵਾਲੇ ਵਿਅਕਤੀ ਨੂੰ ਇਨਾਮ ਦਿੱਤਾ ਜਾਵੇਗਾ। ਉਨ੍ਹਾ ਕਿਹਾ ਕਿ ਅਜਿਹੇ ਲੋਕ ਪੱਖੀ ਇਤਿਹਾਸਕ ਫ਼ੈਸਲੇ ਸਿਰਫ਼ ਤੇ ਸਿਰਫ਼ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਲੈ ਸਕਦੀ ਹੈ ਅਤੇ ਸਰਕਾਰ ਨੇ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਪੰਜਾਬ ਪੱਖੀ ਫ਼ੈਸਲੇ ਲੈ ਕੇ ਲੋਕ ਪੱਖੀ ਹੋਣ ਦਾ ਸਬੂਤ ਦਿੱਤਾ ਹੈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲੋੜਵੰਦਾਂ ਨੂੰ ਕੰਬਲ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)**- ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. (ਪ੍ਰੋ) ਐਸ ਪੀ ਸਿੰਘ ਓਬਰਾਏ ਵੱਲੋਂ ਪੈ ਰਹੀ ਸਰਦੀ 'ਚ ਆਰਥਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦਾਂ ਲਈ ਕੰਬਲ ਭੇਜੇ ਗਏ। ਟਰੱਸਟ ਦੀ ਜ਼ਿਲ੍ਹਾ ਟੀਮ ਦੇ ਪ੍ਰਧਾਨ ਸੁਖਮਿੰਦਰ ਸਿੰਘ ਹਰਮਨ ਅਤੇ ਟਰੱਸਟ ਦੀ ਜ਼ਿਲ੍ਹਾ ਸੰਗਰੂਰ ਦੀ ਟੀਮ ਵੱਲੋਂ ਰੱਖੇ ਸਮਾਗਮ ਸਮੇਂ 70 ਤੋਂ ਵੱਧ ਲੋੜਵੰਦਾਂ ਨੂੰ ਕੰਬਲ ਵੰਡੇ ਗਏ। ਇਸ ਸਮੇਂ ਸੁਖਮਿੰਦਰ ਸਿੰਘ ਨੇ ਕਿਹਾ ਕਿ ਓਬਰਾਏ ਸਾਹਿਬ ਨੂੰ ਲੋੜਵੰਦਾਂ ਨੇ ਕੰਬਲ ਲਈ ਮੰਗ ਕੀਤੀ ਸੀ ਜੋ ਉਨ੍ਹਾਂ ਵਲੋਂ ਤੁਰੰਤ ਭੇਜੇ ਗਏ। ਟਰੱਸਟ ਦੇ ਮੈਂਬਰਾਂ ਦੀ ਹਾਜ਼ਰੀ ਵਿੱਚ ਲੋੜਵੰਦਾਂ ਨੂੰ ਬੁਲਾ ਕੇ ਚਾਹ ਪਾਣੀ ਪਿਲਾਉਣ ਉਪਰੰਤ ਸਰਦੀ ਤੋਂ ਬਚਾਅ ਲਈ ਕੰਬਲ ਵੰਡੇ ਗਏ। ਹਰਮਨ ਨੇ ਦੱਸਿਆ ਕਿ ਰਹਿੰਦੇ ਕੰਬਲ ਲੋੜਵੰਦਾਂ ਦੀ ਸ਼ਨਾਖਤ ਕਰਕੇ 28 ਜਨਵਰੀ ਨੂੰ ਸ੍ਰੀ ਦੁਰਗਾ ਸੇਵਾ ਦਲ ਵੱਲੋਂ ਚਲਾਏ ਜਾ ਰਹੇ ਸਿਵਲ ਹਸਪਤਾਲ ਸੰਗਰੂਰ ਵਿਖੇ ਲੰਗਰ ਹਾਲ 'ਚ ਵੰਡੇ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਆਰਥਕ ਤੌਰ 'ਤੇ ਕਮਜ਼ੋਰ ਲੋਕਾਂ ਨੂੰ ਹਰ ਮਹੀਨੇ ਰਾਸ਼ਨ ਲਈ ਵੀ ਟਰੱਸਟ ਵਲੋਂ ਚੈੱਕ ਦਿੱਤੇ ਜਾਂਦੇ ਹਨ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕੁਲਵੰਤ ਸਿੰਘ ਬਾਜਵਾ, ਸਤਨਾਮ ਸਿੰਘ ਦਮਦਮੀ, ਓਮ ਪ੍ਰਕਾਸ਼ ਗਰੋਵਰ, ਹਰਮੇਲ ਸਿੰਘ ਲੱਡਾ, ਫਤਹਿ ਪ੍ਰਭਾਕਰ ਤੇ ਹੋਰ ਮੈਂਬਰ ਹਾਜ਼ਰ ਸਨ।

## ਜੰਗਲਾਤ ਵਰਕਰ ਯੂਨੀਅਨ ਦੀ ਬਲਾਕ ਪੱਧਰੀ ਸਰਬਸੰਮਤੀ ਨਾਲ ਚੋਣ



**ਜ਼ੀਰਾ (ਨਰਿੰਦਰ ਕੁਮਾਰ)**-ਜੰਗਲਾਤ ਵਰਕਰਜ਼ ਦੀ ਸਿਰਮੌਰ ਜਥੇਬੰਦੀ ਜੰਗਲਾਤ ਵਰਕਰ ਯੂਨੀਅਨ ਪੰਜਾਬ 1406/22 /ਬੀ ਚੰਡੀਗੜ੍ਹ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਸ਼ਾਨ ਸਿੰਘ ਸਹਿਜਾਦੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਵਿਸ਼ੇਸ਼ ਤੌਰ 'ਤੇ ਗੁਰਦੇਵ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਪ੍ਰਧਾਨ ਪ ਸ ਸ ਫ, ਕੌਰ ਸਿੰਘ ਬਲਾਕ ਪ੍ਰਧਾਨ ਜ਼ੀਰਾ, ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੇ ਰੇਂਜ ਪ੍ਰਧਾਨ ਜਸਵਿੰਦਰ ਰਾਜ ਸਿੰਘ, ਗੁਰਬੀਰ ਸਿੰਘ ਸਹਿਜਾਦੀ ਸਰਕਲ ਸਕੱਤਰ, ਲਖਵੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਅਮਰਜੀਤ ਸਿੰਘ ਰੇਂਜ ਵਿੱਤ ਸਕੱਤਰ ਸ਼ਾਮਲ ਹੋਏ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਨਿਸ਼ਾਨ ਸਿੰਘ ਸਹਿਜਾਦੀ ਨੇ ਕਿਹਾ ਕਿ ਫੈਡਰੇਸ਼ਨ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਦੀ ਮਿਹਨਤ ਸਦਕਾ ਅੱਜ ਜੰਗਲਾਤ ਵਰਕਰਜ਼ ਯੂਨੀਅਨ ਦੀ ਚੋਣ ਸੰਭਵ ਹੋ ਸਕੀ ਹੈ। ਉਨ੍ਹਾਂ ਕਿਹਾ ਕਿ ਜੰਗਲਾਤ ਵਰਕਰਾਂ ਨੂੰ ਦਰਪੇਸ਼ ਮੁਸ਼ਕਲਾਂ ਵਰਦੀਆਂ ਅਤੇ ਤਨਖਾਹਾਂ ਦੇ ਬਕਾਇਆ ਨੂੰ ਲੈ ਕੇ ਵਿਭਾਗੀ ਅਧਿਕਾਰੀਆਂ ਨਾਲ ਜਲਦੀ ਮੀਟਿੰਗ ਕੀਤੀ ਜਾਵੇਗੀ। ਇਸ ਮੌਕੇ ਵੱਖ ਵੱਖ ਜਥੇਬੰਦੀਆਂ ਨੂੰ ਛੱਡ ਕੇ ਵਰਕਰਾਂ ਨੂੰ ਰੇਂਜ ਪ੍ਰਧਾਨ ਜਸਵਿੰਦਰ ਰਾਜ ਸਿੰਘ ਦੀ ਪ੍ਰਧਾਨਗੀ ਹੇਠ ਸ਼ਾਮਲ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਬਲਾਕ ਜ਼ੀਰਾ ਦੀ ਚੋਣ ਕੀਤੀ ਗਈ। ਜਿਸ ਦੌਰਾਨ ਸਰਬਸੰਮਤੀ ਨਾਲ ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਬਲਵਿੰਦਰ ਕੁਮਾਰ ਜਨਰਲ ਸਕੱਤਰ, ਪ੍ਰੀਤਮ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਕਾਰ ਸਿੰਘ, ਅਜੀਤ ਸਿੰਘ, ਸੂਬਾ ਸਿੰਘ ਤਿੰਨੋਂ ਮੀਤ ਪ੍ਰਧਾਨ, ਸੁਰਜੀਤ ਸਿੰਘ ਵਿੱਤ ਸਕੱਤਰ, ਹਰਮੇਸ਼ ਸਿੰਘ ਪ੍ਰੈਸ ਸਕੱਤਰ, ਗੁਰਬਚਨ ਸਿੰਘ, ਮੰਗਲ ਸਿੰਘ, ਰਣਜੀਤ ਸਿੰਘ ਤਿੰਨੋਂ ਕਾਰਜਕਾਰੀ ਮੈਂਬਰ ਚੁਣੇ ਗਏ।

# ਗੁਰਦਵਾਰਾ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਨਵਜੋਤ ਸਿੱਧੂ ਪਾਕਿ ਰਵਾਨਾ





**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਅੱਜ ਸਵੇਰੇ ਕਾਂਗਰਸ ਦੇ ਨੇਤਾ ਅਤੇ ਸਾਬਕਾ ਮੰਤਰੀ ਨਵਜੋਤ ਸਿੰਘ ਸਿੱਧੂ 35 ਕਾਂਗਰਸੀ ਆਗੂਆਂ ਦੇ ਜਥੇ ਸਮੇਤ ਪਾਕਿਸਤਾਨ ਸਥਿਤ ਗੁਰਦਵਾਰਾ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਡੇਰਾ ਬਾਬਾ ਨਾਨਕ ਦੇ ਨੇੜੇ ਬਣੇ ਕਰਤਾਰਪੁਰ ਸਾਹਿਬ ਕੋਰੀਡੋਰ ਰਾਹੀ ਰਵਾਨਾ ਹੋਏ। ਉਥੇ ਹੀ ਭਾਰਤ ਵਾਲੇ ਪਾਸੇ ਕਰਤਾਰਪੁਰ ਕੋਰੀਡੋਰ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵਜੋਤ ਸਿੰਘ ਸਿੱਧ ਨੇ ਕਿਹਾ ਕਿ ਉਹ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਲਈ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਥੇ ਦੋ ਦੇਸ਼ਾਂ ਦੀ ਗੱਲ ਨਹੀਂ ਹੈ, ਅੱਜ ਪੂਰੀ ਦੁਨੀਆ 'ਚ ਜੰਗ ਵਾਲਾ ਮਾਹੌਲ ਹੈ ਅਤੇ ਇੱਕ ਸ਼ਾਂਤੀ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਲੈ ਕੇ ਉਹ ਜਾ ਰਹੇ ਹਨ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਜੋ ਇਹ ਲਾਂਘਾ ਖੋਲ੍ਹਿਆ ਗਿਆ ਹੈ, ਇੱਥੇ ਹੋਰ ਵਾਧਾ ਕਰਨ ਦੀ ਲੋੜ ਹੈ, ਬਹੁਤ ਸਾਰੇ ਲੋਕ ਵਿਸ਼ੇਸ਼ ਕਰਕੇ ਬਜ਼ੁਰਗ ਅਤੇ ਹੋਰ ਉਥੇ ਜਾਣ ਦੀ ਚਾਹ ਰੱਖਦੇ ਹਨ ਲੇਕਿਨ ਜਾ ਨਹੀਂ ਪਾ ਰਹੇ। ਉਨ੍ਹਾਂ ਨੂੰ ਦਰਸ਼ਨ ਕਰਵਾਉਣ ਲਈ ਜੋ ਅੜਚਨਾਂ ਚਾਹੇ 20 ਡਾਲਰ ਫੀਸ ਹੈ ਜਾਂ ਪਾਸਪੋਰਟ ਸਰਕਾਰਾਂ ਇਸ ਦੀ ਜ਼ਿੰਮੇਵਾਰੀ ਚੁੱਕਣ ਤੇ ਉਨ੍ਹਾਂ ਨੂੰ ਦਰਸ਼ਨ ਕਰਵਾਉਣ। ਉਦੋਂ ਹੀ ਇਹ ਲਾਂਘਾ ਪੂਰਨ ਤੌਰ ਤੇ ਖੁੱਲ੍ਹਾ ਲਾਂਘਾ ਮੰਨਿਆਂ ਜਾਵੇਗਾ। ਉਥੇ ਹੀ ਉਨ੍ਹਾਂ ਕਿਹਾ ਕਿ ਵਾਹਗਾ ਸਰਹੱਦ ਰਾਹੀਂ ਭਾਰਤ ਪਾਕਿਸਤਾਨ ਦਾ ਵਪਾਰ ਖੋਲ੍ਹਣਾ ਚਾਹੀਦਾ ਹੈ। ਦੋਵੇਂ ਪੰਜਾਬ ਅਤੇ ਦੋਵੇਂ ਮੁਲਕ ਖੁਸ਼ਹਾਲ ਹੋਣਗੇ, ਸਿੱਧਾ ਲਾਹੌਰ ਨਾਲ ਇਧਰ ਪੰਜਾਬ ਦਾ ਵਪਾਰ ਹੋਵੇ ਅਤੇ ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਪੂਰੀ ਦੁਨੀਆ 'ਚ ਇੱਕ ਪਿਆਰ ਅਤੇ ਆਪਸੀ ਭਾਈਚਾਰੇ ਦੀ ਮੁੱਖ ਲੋੜ ਹੈ। ਵਾਪਸੀ ਸਮੇਂ ਪ੍ਰੈੱਸ ਕਾਨਫਰੰਸ ਦੌਰਾਨ ਨਵਜੋਤ ਸਿੰਘ ਸਿੱਧੂ ਨੇ ਦੱਸਿਆ ਕਿ ਸਭ ਤੋਂ ਵੱਡਾ ਤੀਰਥ ਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਧਰਤੀ ਸ੍ਰੀ ਕਰਤਾਰਪੁਰ ਸਾਹਿਬ ਸਥਿਤ ਪਾਕਿਸਤਾਨ ਵਿੱਚ ਜਿੱਥੇ ਬਾਬੇ ਨਾਨਕ ਨੇ ਖੇਤੀ ਕੀਤੀ ਸੀ ਤੇ ਕਿਰਤ ਕਰੋ ਤੇ ਵੰਡ ਛਕੋ ਦਾ ਸੰਦੇਸ਼ ਦਿੱਤਾ ਸੀ ਉਸ ਪਵਿੱਤਰ ਧਰਤੀ ਦੇ ਦਰਸ਼ਨ ਕਰਕੇ ਮਨ ਨੇ ਸੰਤੁਸ਼ਟੀ ਪ੍ਰਗਟ ਕੀਤੀ ਹੈ। ਸਿੱਧੂ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਲੰਗਰ ਹਾਲ ਵਿੱਚ ਹਿੰਦੂ ਮੁਸਲਮ ਸਿੱਖ ਇਸਾਈ ਭਾਈਚਾਰੇ ਦੇ ਲੋਕ ਆਪਸ ਵਿੱਚ ਮਿਲਜੁਲ ਕੇ ਸੰਗਤਾਂ ਨੂੰ ਆਦਰ ਸਤਿਕਾਰ ਨਾਲ ਲੰਗਰ ਛਕਾ ਰਹੀਆਂ ਹਨ। ਕੇਵਲ ਆਪਰੇਟਰਾਂ ਉੱਪਰ ਹੋ ਰਹੇ ਹਮਲੇ ਤੇ ਨਵਜੋਤ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਇਨ੍ਹਾਂ ਦੇ ਮੰਤਰੀਆਂ ਵੱਲੋਂ ਨਜਾਇਜ਼ ਮਾਈਨਿੰਗ ਕੀਤੀ ਜਾ ਰਹੀ ਹੈ ਤੇ ਉੱਥੇ ਹੀ ਕੇਬਲ ਉੱਪਰ ਕਬਜ਼ਾ ਕੀਤਾ ਜਾ ਰਿਹਾ ਹੈ। ਨਵਜੋਤ ਸਿੰਘ ਸਿੱਧੂ ਵੱਲੋਂ ਕੀਤੀਆਂ ਜਾ ਰਹੀਆਂ ਰੈਲੀਆਂ ਦੇ ਸੰਬੰਧ ਵਿੱਚ ਪੁੱਛੇ ਗਏ ਸਵਾਲ ਤੇ ਉਨ੍ਹਾਂ ਕਿਹਾ ਕਿ ਉਹ ਨੈਸ਼ਨਲ ਕਾਂਗਰਸ ਦੇ ਪ੍ਰਧਾਨ ਮਲਿਕ ਅਰਜੁਨ ਖੜਗੇ ਦੇ ਹੁਕਮਾਂ ਉੱਪਰ ਕਾਂਗਰਸ ਦਾ ਝੰਡਾ ਘਰ-ਘਰ ਲੈ ਕੇ ਜਾ ਰਹੇ ਹਨ ਤੇ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਉਹ ਮੀਟਿੰਗਾਂ ਕਰ ਰਹੇ ਹਨ। ਅੱਜ ਪ੍ਰਤਾਪ ਸਿੰਘ ਬਾਜਵਾ ਵੱਲੋਂ ਬਿਆਨ ਦਿੱਤਾ ਗਿਆ ਸੀ ਕਿ ਜੇਕਰ ਅੰਗੂਠੇ ਵਿੱਚ ਜ਼ਹਿਰ ਭਰ ਜਾਵੇ ਤਾਂ ਉਸ ਨੂੰ ਵੱਢ ਦੇਣਾ ਚਾਹੀਦਾ ਹੈ ਤਾਂ ਇਸ ਮੁੱਦੇ ਤੇ ਸਿੱਧੂ ਨੇ ਕਿਹਾ ਕਿ ਜਿਸ ਨੂੰ ਅੰਗ ਵੱਢਣ ਦੀ ਲੋੜ ਹੈ ਉਹ ਖੁਦ ਆਪਣਾ ਅੰਗ ਵੱਢ ਲਵੇ। ਇਸ ਮੌਕੇ ਕਾਂਗਰਸ ਦੇ ਸਾਬਕਾ ਵਿਧਾਇਕ ਸੁਰਜੀਤ ਸਿੰਘ ਧਿਮਾਨ, ਸਾਬਕਾ ਵਿਧਾਇਕ ਜਗਦੇਵ ਸਿੰਘ ਕਮਾਲੂ, ਸਾਬਕਾ ਵਿਧਾਇਕ ਰਜਿੰਦਰ ਸਿੰਘ, ਸਾਬਕਾ ਵਿਧਾਇਕ ਮਹੇਸ਼ਇੰਦਰ ਸਿੰਘ, ਜਸਵਿੰਦਰ ਸਿੰਘ ਧਿਮਾਨ, ਹਰਵਿੰਦਰ ਸਿੰਘ ਲਾਡੀ, ਸ਼ੈਰੀ ਰਿਆੜ, ਕਾਕਾ ਰਜਿੰਦਰ ਸਿੰਘ, ਕੰਵਲਜੀਤ ਸਿੰਘ ਬਰਾੜ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

## ਐੱਸ ਡੀ ਐੱਮ ਨੇ ਗਣਤੰਤਰ ਦਿਵਸ ਸਮਾਗਮ ਦੀ ਫ਼ੁੱਲ ਡ੍ਰੈੱਸ ਰਿਹਰਸਲ ਦਾ ਲਿਆ ਜਾਇਜ਼ਾ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਐੱਸਡੀਐੱਮ ਅਸ਼ਵਨੀ ਅਰੋੜਾ ਨੇ ਅੱਜ ਸਥਾਨਕ ਕਸਬੇ ਦੀ ਦਾਣਾ ਮੰਡੀ ਵਿਖੇ 26 ਜਨਵਰੀ ਨੂੰ ਸਬ ਡਵੀਜ਼ਨ ਪੱਧਰ ਤੇ ਮਨਾਏ ਜਾ ਰਹੇ 75ਵੇਂ ਗਣਤੰਤਰ ਦਿਵਸ ਮੌਕੇ ਸਮਾਗਮ ਵਿੱਚ ਹਿੱਸਾ ਲੈਣ ਵਾਲੇ ਸਕੂਲੀ ਬੱਚਿਆਂ ਦੀ ਫੁੱਲ ਡਰੈਸ ਰਿਹਰਸਲ ਅਤੇ ਪਰੇਡ ਦਾ ਮੁਆਇਨਾ ਕੀਤਾ ਤੇ ਸਮਾਗਮ ਵਾਲੀ ਜਗ੍ਹਾ ਦਾ ਨਿਰੀਖਣ ਵੀ ਕੀਤਾ। ਇਸ ਮੌਕੇ ਡੇਰਾ ਬਾਬਾ ਨਾਨਕ ਦੇ ਤਹਿਸੀਲਦਾਰ ਹਰਸਿਮਰਨ ਸਿੰਘ ਵੀ ਵਿਸ਼ੇਸ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਐੱਸਡੀਐੱਮ ਅਸ਼ਵਨੀ ਅਰੋੜਾ ਨੇ ਚੋਣਵੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 26 ਜਨਵਰੀ ਨੂੰ ਡੇਰਾ ਬਾਬਾ ਨਾਨਕ ਵਿਖੇ ਗਣਤੰਤਰ ਦਿਵਸ ਸਮਾਗਮ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਾਰੇ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹਾਜ਼ਰੀ ਲਾਜ਼ਮੀ ਹੈ ਅਤੇ ਸਾਰੇ ਆਪਣਾ ਫ਼ਰਜ਼ ਸਮਝਦੇ ਹੋਏ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋਣ। ਇਸਦੇ ਨਾਲ ਹੀ ਉਨ੍ਹਾਂ ਸਬ ਡਵੀਜ਼ਨ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਰੌਣਕਾਂ ਨੂੰ ਵਧਾਉਣ। ਫੁੱਲ ਡਰੈੱਸ ਰਿਹਰਸਲ ਤੋਂ ਬਾਅਦ ਐੱਸਡੀਐੱਮ ਅਸ਼ਵਨੀ ਅਰੋੜਾ ਵੱਲੋਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਸਮਾਗਮ ਦੀ ਸਫਲਤਾ ਲਈ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਸਕੱਤਰ ਮਾਰਕੀਟ ਕਮੇਟੀ ਬਿਕਰਮ ਸਿੰਘ, ਬਲਾਕ ਖੇਤੀਬਾੜੀ ਅਫਸਰ ਬਲਜਿੰਦਰ ਸਿੰਘ, ਰੀਡਰ ਸਰਬਜੀਤ ਸਿੰਘ, ਸਟੇਨੋ ਸੰਜੀਵ ਕੁਮਾਰ, ਸਟੇਜ ਸਕੱਤਰ ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਜੇਈ ਬਲਵਿੰਦਰ ਸਿੰਘ, ਅਵਤਾਰ ਸਿੰਘ, ਡੀ. ਪੀ. ਰਾਮ ਸਰੂਪ, ਡੀ. ਪੀ. ਅਨਿਲ ਕੁਮਾਰ, ਮਾਸਟਰ ਰੂਪ ਚੰਦ, ਡੀ. ਪੀ. ਬਿਕਰਮਜੀਤ ਸਿੰਘ, ਪੀ. ਟੀ. ਰਾਜਵਿੰਦਰ ਕੌਰ, ਮੈਡਮ ਨੇਹਾ, ਮੈਡਮ ਪ੍ਰਿਤਪਾਲ ਕੌਰ, ਮੈਡਮ ਸ਼ਵੇਤਾ, ਮੈਡਮ ਜੋਤੀ ਦੇਵੀ, ਮੈਡਮ ਰਣਬੀਰ ਕੌਰ, ਮੈਡਮ ਅਨੀਤਾ, ਮਾਸਟਰ ਆਤਮਜੀਤ ਸਿੰਘ ਅਤੇ ਮਾਸਟਰ ਜੁਗਰਾਜ ਸਿੰਘ ਆਦਿ ਹਾਜ਼ਰ ਸਨ।

## ਭਲਕੇ ਕਿਸਾਨ ਕਰਨਗੇ ਟਰੈਕਟਰ/ਮੋਟਰਸਾਈਕਲ ਮਾਰਚ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਸੰਯੁਕਤ ਕਿਸਾਨ ਮੋਰਚਾ ਵੱਲੋਂ 26 ਜਨਵਰੀ ਨੂੰ ਤਰਨ ਤਾਰਨ ਜ਼ਿਲ੍ਹੇ ਵਿੱਚ ਤਹਿਸੀਲ ਪੱਧਰ ਤੇ ਕੀਤੇ ਜਾ ਰਹੇ ਟਰੈਕਟਰ ਤੇ ਮੋਟਰਸਾਈਕਲ ਮਾਰਚ ਵਿੱਚ ਕੁੱਲ ਹਿੰਦ ਕਿਸਾਨ ਸਭਾ ਬਲਾਕ ਕਮੇਟੀ ਵਲਟੋਹਾ ਭਿੱਖੀਵਿੰਡ ਵਿਖੇ ਵਧ-ਚੜ੍ਹ ਕੇ ਹਿੱਸਾ ਲਵੇਗੀ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਬਹਾਦਰ ਨਗਰ, ਵਿਸ਼ਾਲ ਦੀਪ ਸਿੰਘ ਵਲਟੋਹਾ, ਅਰਸਾਲ ਸਿੰਘ ਵਲਟੋਹਾ ਨੇ ਕਿਹਾ ਕਿ ਹਰ ਫਸਲ 'ਤੇ ਐੱਮਐੱਸਪੀ ਦਾ ਕਾਨੂੰਨ ਬਣਾਉਣ, ਹਰ ਮਜ਼ਦੂਰ/ਕਿਸਾਨ ਤੇ ਮਿਹਨਤਕਸ਼, ਦਸ ਹਜ਼ਾਰ ਰੁਪਏ ਬੁਢਾਪਾ ਪੈਨਸ਼ਨ ਦੀ ਗਰੰਟੀ, ਕਿਸਾਨਾਂ/ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ ਲਈ, ਹਰ ਬੱਚੇ ਲਈ ਮੁਫਤ ਲਾਜ਼ਮੀ ਵਿੱਦਿਆ ਦੀ ਗਰੰਟੀ, ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ, ਪਾਣੀਆਂ ਦੀ ਸਾਂਭ-ਸੰਭਾਲ, ਹੜ੍ਹ ਪੀੜਤਾਂ ਨੂੰ ਪੂਰਾ ਮੁਆਵਜ਼ਾ, ਘੱਟੋ-ਘੱਟ 26000 ਰੁਪਏ ਪ੍ਰਤੀ ਮਹੀਨਾ ਮਿਹਨਤਾਨੇ ਦੀ ਗਰੰਟੀ ਦਾ ਕਾਨੂੰਨ ਬਣਾਉਣ ਦੀ ਮੰਗ ਲੈ ਕੇ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨ ਮੋਰਚੇ ਵੱਲੋਂ ਟਰੈਕਟਰ ਤੇ ਮੋਟਰਸਾਈਕਲ ਮਾਰਚ ਗਣਤੰਤਰ ਦਿਵਸ ਮੌਕੇ ਭਿੱਖੀਵਿੰਡ, ਤਰਨਤਾਰਨ, ਪੱਟੀ, ਖਡੂਰ ਸਾਹਿਬ ਵਿਖੇ ਕੱਢਿਆ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਸਾਥ ਦਿੱਤਾ ਜਾਵੇ ਤਾਂ ਕਿ ਕੇਂਦਰ ਸਰਕਾਰ ਨੂੰ ਇਹ ਕਾਨੂੰਨ ਬਣਾਉਣ ਲਈ ਮਜਬੂਰ ਕੀਤਾ ਜਾਵੇ।

## ਫਰੂਟ ਐਕਸੀਲੈਂਸ ਸੈਂਟਰ ਮਾਂਗੇਆਨਾ 'ਚ ਫ਼ਲ ਮੇਲਾ ਅੱਜ

**ਸਿਰਸਾ (ਸੁਰਿੰਦਰ ਪਾਲ ਸਿੰਘ)** ਹਰਿਆਣਾ ਬਾਗਬਾਨੀ ਵਿਭਾਗ ਵੱਲੋਂ ਫਰੂਟ ਐਕਸੀਲੈਂਸ ਸੈਂਟਰ ਮਾਂਗੇਆਣਾ ਵਿਖੇ ਦੋ ਰੋਜ਼ਾ 6ਵਾਂ ਫਲ ਮੇਲੇ ਹਰਿਆਣਾ ਦੇ ਖੇਤੀ ਤੇ ਕਿਸਾਨ ਭਲਾਈ ਮੰਤਰੀ ਜੈ ਪ੍ਰਕਾਸ਼ ਦਲਾਲ ਮੇਲੇ ਦੇ ਮੁੱਖ ਮਹਿਮਾਨ ਹੋਣਗੇ।ਫਰੂਟ ਐਕਸੀਲੈਂਸ ਸੈਂਟਰ ਮਾਂਗੇਆਣਾ ਦੇ ਡਿਪਟੀ ਡਾਇਰੈਕਟਰ ਸਤਿਆਵੀਰ ਸ਼ਰਮਾ ਨੇ ਦੱਸਿਆ ਕਿ ਇਸ ਮੇਲੇ ਵਿੱਚ ਖੇਤੀ ਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸੁਧੀਰ ਰਾਜਪਾਲ, ਡਾਇਰੈਕਟਰ ਜਨਰਲ ਰਾਜ ਨਾਰਾਇਣ ਕੌਸ਼ਿਕ ਤੇ ਸੀਨੀਅਰ ਵਿਭਾਗੀ ਅਧਿਕਾਰੀ ਵੀ ਭਾਗ ਲੈਣਗੇ।ਇਸ ਐਕਸਪੋ ਵਿੱਚ ਸਿਰਸਾ, ਫ਼ਤਿਹਾਬਾਦ ਤੇ ਹਿਸਾਰ ਜ਼ਿਲ੍ਹਿਆਂ ਦੇ ਨਾਲ-ਨਾਲ ਰਾਜ ਭਰ ਤੋਂ 3000 ਤੋਂ ਵੱਧ ਕਿਸਾਨ ਹਿੱਸਾ ਲੈਣਗੇ।

ਐਕਸਪੋ ਦੌਰਾਨ ਤਕਨੀਕੀ ਸੈਸ਼ਨ ਦੌਰਾਨ ਕੇਂਦਰ ਦੇ ਕਾਰਜਕਾਰੀ ਤੇ ਵਿਭਾਗੀ ਅਧਿਕਾਰੀਆਂ ਨੇ ਕੇਂਦਰ ਵਿੱਚ ਸਥਾਪਤ ਵੱਖ-ਵੱਖ ਫ਼ਲਾਂ ਦੀਆਂ ਫ਼ਸਲਾਂ ਦੇ ਬਾਗਾਂ, ਹਾਈ ਗ੍ਰੀਨ ਹਾਊਸ ਵਿੱਚ ਹਾਈਬ੍ਰਿਡ ਸਬਜ਼ੀਆਂ ਦੇ ਉਤਪਾਦਨ, ਰਿੱਜ ਤੇ ਫਲੈਟ ਵਿਧੀ, ਮਾਈਕ੍ਰੋ ਸਿੰਚਾਈ ਪ੍ਰਣਾਲੀ ਰਾਹੀਂ ਸਿੰਚਾਈ, ਖਾਦ ਪਾਉਣ ਅਤੇ ਬਾਗਬਾਨੀ ਵਿਭਾਗ ਵੱਲੋਂ ਕਿਸਾਨਾਂ ਦੇ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਸਾਰੀਆਂ ਵਿਭਾਗੀ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਉਪਲਬਧ ਕਰਾਈ ਜਾਵੇਗੀ।

ਐਕਸਪੋ ਦੌਰਾਨ ਖੇਤੀ ਵਿਗਿਆਨੀ ਵੀ ਕਿਸਾਨਾਂ ਨੂੰ ਲਗਭਗ ਸਾਰੀਆਂ ਕਿਸਮਾਂ ਦੇ ਫਲਦਾਰ ਪੌਦਿਆਂ ਅਤੇ ਸਬਜ਼ੀਆਂ ਦੇ ਉਤਪਾਦਨ, ਬਿਮਾਰੀਆਂ ਤੇ ਉਨ੍ਹਾਂ ਦੀ ਰੋਕਥਾਮ ਅਤੇ ਕੁਦਰਤੀ ਖੇਤੀ ਬਾਰੇ ਜਾਣਕਾਰੀ ਪ੍ਰਦਾਨ ਕਰਨਗੇ।ਵੱਖ-ਵੱਖ ਵਿਭਾਗਾਂ ਅਤੇ ਫਰਮਾਂ ਵੱਲੋਂ ਆਪਣੇ-ਆਪਣੇ ਉਤਪਾਦਾਂ ਨਾਲ ਸਬੰਧਤ ਸਟਾਲ ਵੀ ਲਾਏ ਜਾਣਗੇ।

ਐਕਸਪੋ ਦੌਰਾਨ ਕਿਸਾਨਾਂ ਨੂੰ ਕਿੰਨੂ ਰਤਨ ਤੇ ਕਿੰਨੂ ਸਨਮਾਨ ਪੁਰਸਕਾਰ ਵੰਡੇ ਜਾਣਗੇ।

## ਸ੍ਰੀ ਬਾਲਾ ਜੀ ਕੈਮ ਸਲਿਊਸ਼ਨ ਨੇ 3 ਲੱਖ ਰੁਪਏ ਪਹਿਲ ਸੁਸਾਇਟੀ ਨੂੰ ਦਿੱਤੇ

**ਸੰਗਰੂਰ (ਪ੍ਰਵੀਨ ਸਿੰਘ)**-ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਅਤੇ ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ ਦੀ ਪ੍ਰੇਰਣਾ ਸਦਕਾ ਸ੍ਰੀ ਬਾਲਾ ਜੀ ਕੈਮ ਸਲਿਊਸ਼ਨ ਪ੍ਰਾ: ਲਿਮ:, ਜੋ ਸਮੇਂ-ਸਮੇਂ 'ਤੇ ਵਿੱਦਿਆ ਅਤੇ ਸਿਹਤ ਸਬੰਧੀ ਜਾਣਕਾਰੀ ਮੁਹੱਈਆ ਕਰਾ ਕੇ ਸਮਾਜ ਭਲਾਈ ਦੇ ਕੰਮ ਕਰ ਰਹੀ ਹੈ ਅਤੇ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਹਰ ਤਰ੍ਹਾਂ ਨਾਲ ਮਦਦ ਕੀਤੀ ਜਾਂਦੀ ਹੈ।ਇਸੇ ਲੜੀ ਵਜੋਂ ਸ੍ਰੀ ਬਾਲਾ ਜੀ ਕੈਮ ਸਲਿਊਸ਼ਨ ਦੇ ਡਾਇਰੈਕਟਰ ਨਵਨੀਤ ਸਿੰਘ ਕੌਸ਼ਲ, ਜਸਪਾਲ ਸਿੰਘ ਗਰਚਾ ਤੇ ਵੰਸ਼ਵੀਰ ਸਿੰਘ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਜਤਿੰਦਰ ਜੋਰਵਾਲ ਨੂੰ ਪਹਿਲ ਸੁਸਾਇਟੀ ਸੰਗਰੂਰ ਲਈ ਤਿੰਨ ਲੱਖ ਰੁਪਏ ਦਾ ਚੈਕ ਸੀ.ਐਸ.ਆਰ. ਤਹਿਤ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਦਿੱਤੇ ਗਏ।ਇਸ ਮੌਕੇ ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਨ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ, ਜੋ ਇਲਾਕੇ ਦੀਆਂ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਨਾਲ ਜੁੜੇ ਹੋਏ ਹਨ, ਨੇ ਕਿਹਾ ਕਿ ਐਸੋਸੀਏਸ਼ਨ ਦੇ ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡ, ਜੋ ਸਮਾਜ ਸੇਵੀ ਸੰਸਥਾ ਵਿੱਦਿਆ ਵੰਸ਼ ਦੇ ਵੀ ਚੇਅਰਮੈਨ ਹਨ, ਵੱਲੋਂ ਖੁਦ ਆਪਣੇ ਸਾਥੀਆਂ ਨਾਲ ਵੱਖ-ਵੱਖ ਸਕੂਲਾਂ ਨਾਲ ਦੌਰਾ ਕਰਕੇ ਲੋੜਵੰਦ ਵਿਦਿਆਰਥੀਆਂ ਦੀ ਮਦਦ ਅਤੇ ਸਕੂਲਾਂ ਵਿੱਚ ਸ਼ੁੱਧ ਪੀਣ ਵਾਲਾ ਪਾਣੀ ਮੁਹੱਈਆ ਕਰਾਇਆ ਜਾਂਦਾ ਹੈ।ਸ੍ਰੀ ਰਾਜ ਕੁਮਾਰ ਅਰੋੜਾ ਨੇ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਤੇ ਲੋਕ ਭਲਾਈ ਦੇ ਕੰਮਾਂ ਲਈ ਸ਼ਲਾਘਾ ਕੀਤੀ।

**ਜਨਤਕ ਨੋਟਿਸ** : ਜਾਣਕਾਰੀ ਦਿੱਤੀ ਜਾਂਦੀ ਹੈ ਕਿ ਅਸੀਂ ਮੈਸ: ਆਈ ਸੀ ਆਈ ਸੀ ਆਈ ਸਕਿਉਰਿਟੀਜ਼ ਲਿਮਟਿਡ, ਸੇਬੀ ਰਜਿਸਟ੍ਰੇਸ਼ਨ ਨੰ. ਆਈ ਐੱਨ ਜ਼ੈੱਡ 000183631 ਅਤੇ ਨੈਸ਼ਨਲ ਸਟਾਕ ਐਕਸਚੇਂਜ ਆਫ ਇੰਡੀਆ ਲਿਮਟਿਡ ਅਤੇ ਬੀ ਐੱਸ ਈ ਲਿਮਟਿਡ ਦਾ ਮੈਂਬਰ , ਕਾਰਪੋਰੇਟ ਦਫਤਰ ਸ੍ਰੀ ਸਾਵਨ ਨਾਲਜ ਪਾਰਕ, ਪਲਾਟ ਨੰ. ਡੀ-507, ਟੀ ਟੀ ਸੀ, ਇੰਡਸਟ੍ਰੀਅਲ ਏਰੀਆ, ਐੱਮ ਆਈ ਡੀ ਸੀ, ਟਰਭੇ, ਨਵੀਂ ਮੁੰਬਈ-400705 ਹੇਠਾਂ ਦਰਸਾਏ ਅਧਿਕਾਰਤ ਵਿਅਕਤੀ (ਏ ਪੀ) ਨਾਲ ਅਸੰਬੰਧਤ/ਸਮਾਪਤੀ ਅਮਲ ਸ਼ੁਰੂ ਕਰ ਦਿੱਤਾ ਹੈ।

| ਏ ਪੀ ਦਾ ਨਾਂਅ | ਟ੍ਰੇਡ ਦਾ ਨਾਂਅ | ਪਤਾ | ਏ ਪੀ ਰਜਿ: ਨੰ. ਅਤੇ ਮਿਤੀ |
|---|---|---|---|
| ਇੰਸਟਾ ਵੈੱਲਥ ਮਾਰਟ ਪ੍ਰਾਈਵੇਟ ਲਿਮਟਿਡ | ਇੰਸਟਾ ਵੈੱਲਥ ਮਾਰਟ ਪ੍ਰਾਈਵੇਟ ਲਿਮਟਿਡ | ਐੱਚ ਜੇ 244, ਹਾਊਸਿੰਗ ਬੋਰਡ ਕਾਲੋਨੀ, ਬੀ ਆਰ ਐੱਸ ਨਗਰ, ਰਾਜਗੁਰੂ ਨਗਰ, ਲੁਧਿਆਣਾ, ਪੰਜਾਬ, ਇੰਡੀਆ, 141012 | ਬੀ ਐੱਸ ਈ - ਏ ਪੀ 01010301117329 ਮਿਤੀ : 03 ਜਨਵਰੀ 2021 |

ਉਪਰੋਕਤ ਏ ਪੀ ਨਾਲ ਸੰਬੰਧਤ ਨਿਵੇਸ਼ ਕਰਤਾਵਾਂ ਨੂੰ ਇਸ ਵੱਲ ਧਿਆਨ ਦੇਣ ਦੀ ਸਲਾਹ ਦਿੱਤੀ ਜਾਂਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਏ ਪੀ ਸਾਡੇ ਨਾਲ ਐਕਸਚੇਂਜਿਜ਼ ਤੋਂ ਅੰਤਮ ਮਨਜ਼ੂਰੀ ਤੱਕ ਸੰਬੰਧਤ ਰਹੇਗਾ। ਹੋਰ ਪੁੱਛਗਿੱਛ ਲਈ ਈਮੇਲ ਆਈ ਡੀ isecompliance@icicisecurities.com/ifahelpdesk@icicisecurities.com 'ਤੇ ਸੰਪਰਕ ਕੀਤਾ ਜਾਵੇ। ਬਾ-ਹੁਕਮ ਡਾਇਰੈਕਟਰ ਆਈ ਸੀ ਆਈ ਸੀ ਆਈ ਸਕਿਉਰਟੀਜ਼ ਲਿਮਟਿਡ

ਵਿਜੇ ਚੰਡੋਕ

**Intimation to sell 100% Water Soluble Mixtures of Fertilizers (Public Notice)**

**MARUTINANDAN CROP HEALTH PVT. LTD.**

Address: - Sco-184, Grain Market, Budhlada, District: -Mansa, Punjab, PIN 151502

Contact-9872804931,8264706921, email: -crophealthmarutinandan@gmail.com

As Per Notification Number S.O.- 2900 (E) dated 24th October 2015 & S.O.- 1909 (E) dated 28th July 2014 in pursuance of clause 13 and clause 21 of FCO 1985 and in supersession of notification of the Government of India in the Ministry of Agriculture and Farmers Welfare following grades of 100% Water Soluble Mixtures Fertilizers will be manufactured by M/s Lalit Chemicals & Fertilizer Industries, Lehal Khurd, Lehragaga, Distt. Sangrur, Punjab, PIN-148031 and marketed by our company i.e. Marutinandan Crop Health Private Limited, Sco-184, Grain Market, Budhlada, District: -Mansa, Punjab, PIN 151502 in all states of INDIA as:

| SR. NO. | Product Name (Technical Name) | Brand Name |
|---|---|---|
| 1 | NPK 00:05:20 | ALL SEASON |
| 2 | NPK 00:13:13 | DOUBLE DOUBLE |
| 3 | NPK 00:14:11 | BADSHAH SUPER |
| 4 | NPK 00:15:10 | BADSHAH DOUBLE |
| 5 | P 12%, K 14%, Zn 3%, Mn 6%, S 2% | MCPL NUTRIRICH |
| 6 | P 6%, K 19.5%, Zn 4%, S 3%, Cu 1.1%, B 0.25% | MCPL JUMBO |
| 7 | P 13%, K 13%, Zn 4%, S 3.5%, Fe 1%, Cu 1.1%, B 0.25% | BADSHAH PRO |
| 8 | P 5 %, K 20 %, S 2%, Zn 2%, Fe 1% | MARUTI ALPHA |
| 9 | P 5 %, K 20 %, S 4%, Zn 4%, Fe 1.5% | ALL SEASON |

If anybody has any objection then he may submit within 30 days

Date: 19 January 2024

**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ **12.02.2024** ਵਕਤ **15.00** ਵਜੇ ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪੱਤਰ ਦੀ ਬਿਆਨਾ ਰਾਸ਼ੀ ਦੀ ਜਗ੍ਹਾਂ "ਟੈਂਡਰ ਸੁਰੱਖਿਆ ਘੋਸ਼ਣਾ ਪੱਤਰ" ਨਿਰਧਾਰਿਤ ਪ੍ਰਾਰੂਪ ਵਿਚ ਟੈਂਡਰ ਦੇ ਨਾਲ ਈ-ਪੋਰਟਲ ਉਤੇ ਨਥੀ ਕਰੇਗਾ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ | 19.01.2024 | 29.01.2024 | 12.02.2024/15:00 Hrs |

| ਲ.ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ | ਸਮਾਨ ਪ੍ਰਕ੍ਰਿਤੀ ਦਾ ਕੰਮ |
|---|---|---|---|---|---|---|---|
| 1 | 379-2023-24-ADEN-2-FZR | ਸੀਨੀਅਰ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧੀਨ ਸਹਾਇਕ ਮੰਡਲ ਇੰਜੀਨੀਅਰ - ਦੂਸਰੀ/ਫਿਰੋਜ਼ਪੁਰ ਦੇ ਖੰਡ ਵਿਚ ਗੰਭੀਰ ਰੂਪ ਤੋਂ ਜਲਜਮਾਵ ਵਾਲੇ ਕਰੋਸਿੰਗ ਨੰਬਰ 6 ਉਤੇ 6 ਐਲਐਚਐਸ ਉਤੇ ਕਵਰ ਸ਼ੈਡ ਦਾ ਪ੍ਰਾਵਧਾਨ (160 ਮੀਟਰ) ਦੇ ਅਧਿਕਾਰ ਖੇਤਰ ਵਿਚ ਜਲੰਧਰ ਸਿਟੀ-ਫਿਰੋਜ਼ਪੁਰ ਸੈਕਸ਼ਨ ਉਤੇ ਐਲਐਚਐਸ ਨੰਬਰ 103, 27ਈ, 114, 55, 58 ਅਤੇ 59 ਉਤੇ ਸ਼ੈਡ ਐਨਆਰ ਪ੍ਰਕਾਰ ਦੀ ਯੋਜਨਾ ਨੰਬਰ ਐਮਆਈਐਸ-110/ਜੀਟੀ/ਬੀਆਰ ਦੇ ਅਨੁਸਾਰ ਲੇਵਲ ਕਰੋਸਿੰਗ ਉਤੇ ਐਲਐਚਐਸ ਉਤੇ ਕਵਰ ਸ਼ੈਡ) | 5,06,83,212.25/- | 4,03,400/- | 60 ਦਿਨ | 08 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ। |
| 2 | 380-2023-24-ADEN-2-FZR | ਸੀਨੀਅਰ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧੀਨ ਸਹਾਇਕ ਮੰਡਲ ਇੰਜੀਨੀਅਰ - ਦੂਸਰੀ / ਫਿਰੋਜ਼ਪੁਰ ਦੇ ਖੰਡ ਵਿਚ ਗੰਭੀਰ ਰੂਪ ਤੋਂ ਜਲਜਮਾਵ ਵਾਲੇ ਕਰੋਸਿੰਗ ਨੰਬਰ 7 ਉਤੇ 7 ਐਲਐਚਐਸ ਉਤੇ ਕਵਰ ਸ਼ੈਡ ਦਾ ਪ੍ਰਾਵਧਾਨ (160 ਮੀਟਰ) ਦੇ ਅਧਿਕਾਰ ਖੇਤੌਰ ਵਿਚ ਫਿਰੋਜ਼ਪੁਰ ਸ਼ਹਿਰਤੋਂ ਫਾਜ਼ਿਲਕਾ ਸੈਕਸ਼ਨ ਉਤੇ ਐਲਐਚਐਸ ਨੰਬਰ 20, 23, 30, 32, 33, 39 ਅਤੇ 42 ਉਤੇ ਸ਼ੈਡ ਐਨਆਰ ਪ੍ਰਕਾਰ ਦੀ ਯੋਜਨਾ ਨੰਬਰ ਐਮਆਈਐਸ-110/ਜੀਟੀ/ਬੀਆਰ ਦੇ ਅਨੁਸਾਰ ਲੇਵਲ ਕਰੋਸਿੰਗ ਉਤੇ ਐਲਐਚਐਸ ਉਤੇ ਕਵਰ ਸ਼ੈਡ) | 5,91,30,393.53/- | 4,45,700/- | 60 ਦਿਨ | 08 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ। |
| 3 | 381-2023-24-ADEN-2-FZR | ਸੀਨੀਅਰ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧੀਨ ਸਹਾਇਕ ਮੰਡਲ ਇੰਜੀਨੀਅਰ - ਦੂਸਰੀ/ਫਿਰੋਜ਼ਪੁਰ ਦੇ ਖੰਡ ਵਿਚ ਗੰਭੀਰ ਰੂਪ ਤੋਂ ਜਲਜਮਾਵ ਵਾਲੇ ਕਰੋਸਿੰਗ ਨੰਬਰ 6 ਉਤੇ 6 ਐਲਐਚਐਸ ਉਤੇ ਕਵਰ ਸ਼ੈਡ ਦਾ ਪ੍ਰਾਵਧਾਨ (160 ਮੀਟਰ) ਦੇ ਅਧਿਕਾਰ ਖੇਤਰ ਵਿਚ ਫਿਰੋਜ਼ਪੁਰ ਸ਼ਹਿਰ ਤੋਂ ਫਾਜ਼ਿਲਕਾ ਸੈਕਸ਼ਨ ਉਤੇ ਐਲਐਚਐਸ ਨੰਬਰ 8, 24, 27, 82, 68 ਅਤੇ 72 ਉਤੇ ਸ਼ੈਡ ਐਨਆਰ ਪ੍ਰਕਾਰ ਦੀ ਯੋਜਨਾ ਨੰਬਰ ਐਮਆਈਐਸ-110/ਜੀਟੀ/ਬੀਆਰ ਦੇ ਅਨੁਸਾਰ ਲੇਵਲ ਕਰੋਸਿੰਗ ਉਤੇ ਐਲਐਚਐਸ ਉਤੇ ਕਵਰ ਸ਼ੈਡ) | 5,06,83,212.25/- | 4,03,400/- | 60 ਦਿਨ | 08 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ। |
| 4 | 382-2023-24-ADEN-2-FZR | ਸੀਨੀਅਰ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧੀਨ ਸਹਾਇਕ ਮੰਡਲ ਇੰਜੀਨੀਅਰ - ਦੂਸਰੀ/ਫਿਰੋਜ਼ਪੁਰ ਦੇ ਖੰਡ ਵਿਚ ਗੰਭੀਰ ਰੂਪ ਤੋਂ ਜਲਜਮਾਵ ਵਾਲੇ ਕਰੋਸਿੰਗ ਨੰਬਰ 6 ਉਤੇ 6 ਐਲਐਚਐਸ ਉਤੇ ਕਵਰ ਸ਼ੈਡ ਦਾ ਪ੍ਰਾਵਧਾਨ (160 ਮੀਟਰ) ਦੇ ਅਧਿਕਾਰ ਖੇਤਰ ਵਿਚ ਫਿਰੋਜ਼ਪੁਰ ਸ਼ਹਿਰ ਤੋਂ ਫਾਜ਼ਿਲਕਾ ਸੈਕਸ਼ਨ ਉਤੇ ਐਲਐਚਐਸ ਨੰਬਰ 16, 19, 22, 37, 44 ਅਤੇ 52 ਉਤੇ ਸ਼ੈਡ ਐਨਆਰ ਪ੍ਰਕਾਰ ਦੀ ਯੋਜਨਾ ਨੰਬਰ ਐਮਆਈਐਸ-110/ਜੀਟੀ/ਬੀਆਰ ਦੇ ਅਨੁਸਾਰ ਲੇਵਲ ਕਰੋਸਿੰਗ ਉਤੇ ਐਲਐਚਐਸ ਉਤੇ ਕਵਰ ਸ਼ੈਡ) | 5,06,97,571.93/- | 4,03,500/- | 60 ਦਿਨ | 08 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ। |
| 5 | 383-2023-24-ADEN-1-FZR | ਸੀਨੀਅਰ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਅਧੀਨ ਸਹਾਇਕ ਮੰਡਲ ਇੰਜੀਨੀਅਰ - ਪਹਿਲੀ/ਫਿਰੋਜ਼ਪੁਰ ਦੇ ਖੰਡ ਵਿਚ ਮੌਜੂਦਾ ਰਿਟੇਨਿੰਗ ਦੀਵਾਰਾਂ ਨੂੰ ਉਪਰ ਉਠਾਣਾ/ਵਿਸਤਾਰ ਕਰਨਾ, ਏਪਾਕਸੀ ਗਰਾਊਟਿੰਗ, ਅਤਿਰਿਕਤ ਅਤੇ 05 ਐਲਐਚਐਸ ਨੰਬਰ ਸੀ23, ਸੀ75, ਸੀ80, ਸੀ82 ਐਲਐਸਐਸ ਦੀ ਸੜਕ ਦੀ ਸਤਹ ਦੇ ਸਬੰਧ ਵਿਚ ਨਾਬਦਾਨ, ਮਾਨਕ ਕੂਬਡ | 3,66,30,021.15/- | 3,33,200/- | 60 ਦਿਨ | 08 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ। |
| 6 | 384-2023-24-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਫਿਰੋਜ਼ਪੁਰ ਦੇ ਅਧੀਨ ਕੋਟਕਪੂਰਾ ਗੁਡਸ ਸ਼ੈਡ ਵਿਚ ਉਨਨਯਨ/ਸੁਧਾਰ। | 96,89,238.98/- | 1,93,800/- | 60 ਦਿਨ | 06 ਮਹੀਨੇ | ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ। |
| 7 | 385-2023-24-ADEN-1-FZR | ਸੀਨੀਅਰ ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜ਼ਪੁਰ ਦੇ ਤਹਿਤ ਫਿਰੋਜ਼ਪੁਰ ਵਿਚ ਪੁਰਾਣੇ ਜੀਰਣ-ਸ਼ੀਰਣ ਕਵਾਟਰਾਂ ਦੇ ਪ੍ਰਤੀਸਥਾਪਨ ਦੇ ਨਾਲ-ਨਾਲ 04 ਪੁਰਾਣੇ ਟਾਇਪ-IV ਕਵਾਟਰਾਂ ਦੇ ਨਾਲ-ਨਾਲ ਟਾਇਪ-III ਕਵਾਟਰਾਂ ਦਾ ਪ੍ਰਤੀਸਥਾਪਨ। | 1,60,41,181.03/- | 2,30,200/- | 60 ਦਿਨ | 10 ਮਹੀਨੇ | "ਭਵਨ/ਕਵਾਟਰਾ ਦਾ ਨਿਰਮਾਣ" |
| 8 | 386-2023-24-ADEN-2-FZR | ਸਹਾਇਕ ਮੰਡਲ ਇੰਜੀਨੀਅਰ - ਦੂਸਰੀ/ਫਿਰੋਜ਼ਪੁਰ ਦੇ ਖੰਡ ਵਿਚ ਪੁਲ ਦੇ ਸਟੀਲ ਗਰਡਰ ਦਾ ਪ੍ਰਤੀਸਥਾਪਨ। ਬ੍ਰਿਜ ਨੰਬਰ 94 (2x2.66+1x4.27 ਮੀਟਰ), ਬ੍ਰਿਜ ਨੰਬਰ 101 (1x2.20 ਮੀਟਰ), ਅਤੇ ਬ੍ਰਿਜ ਨੰਬਰ 102 (2x2.20 ਮੀਟਰ), ਫਿਰੋਜ਼ਪੁਰ ਸ਼ਹਿਰ-ਹੁਸੈਨੀਵਾਲਾ ਸੈਕਸ਼ਨ ਵਿਚ, ਬ੍ਰਿਜ ਨੰਬਰ 108ਈ (1x2.90 ਮੀਟਰ), ਲੁਧਿਆਣਾ-ਫਿਰੋਜ਼ਪੁਰ ਸੈਕਸ਼ਨ ਵਿਚ, ਬ੍ਰਿਜ ਨੰਬਰ 107 (2x3.66 ਮੀਟਰ), ਜਲੰਧਰ ਸ਼ਹਿਰ - ਫਿਰੋਜ਼ਪੁਰ ਖੰਡ ਵਿਚ, ਬ੍ਰਿਜ ਨੰਬਰ 158 (11x1.83 ਮੀਟਰ), ਫਿਲਲੌਰ-ਲੋਹੀਖਾਸ ਸੈਕਸ਼ਨ ਵਿਚ ਕੰਮ ਕਰਨ ਲਈ। | 1,87,12,785.96/- | 2,43,600/- | 60 ਦਿਨ | 08 ਮਹੀਨੇ | "ਕਿਸੀ ਪੁਲ ਦਾ ਨਿਰਮਾਣ ਕੰਮ।" |

ਨੋਟ 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਟੈਂਡਰ ਸੂਚਨਾ ਪੱਤਰ ਨੰ: 379,380,381 382 & 386-2023-24-ADEN-2-FZR & 383 384 & 385-2023-24-ADEN-1-FZR

Date: 19.01.2024 274/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

ਨਿਵਿਦਾ ਸੂਚਨਾ ਪੱਤਰ ਨੰ. 387-2023-24-MCTM-DRM-FZR Date: 23.01.2024

ਸੀਨੀਅਰ ਮੰਡਲ ਇੰਜੀਨੀਅਰ-ਚੌਥਾ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 15.02.2024 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਤੀ ਦੀ ਮਿਤੀ ਅਤੇ ਸਮਾਂ |
| 23.01.2024 | 01.02.2024 | 15.02.2024 / 15:00 ਵਜੇ |

ਲੜੀ ਨੰਬਰ: 1 ਨਿਵਿਦਾ ਨੰਬਰ : 387-2023-24-MCTM-DRM-FZR

ਨਿਵਿਦਾ ਦਾ ਵੇਰਵਾ : ਸਹਾਇਕ ਮੰਡਲ ਇੰਜੀਨੀਅਰ/ਸ਼ਹੀਦ ਕੈਪਟਨ ਤੁਸ਼ਾਰ ਮਹਾਜਨ (ਉਧਮਪੁਰ) ਦੇ ਅਨੁਭਾਗ ਵਿਚ ਬ੍ਰਿਜ ਸਲੀਪਰਸ ਰਿਨੂੰਅਲ (ਟੀਬੀਐਸਆਰ) ਦੇ ਮਾਧਿਅਮ ਨਾਲ ਬ੍ਰਿਜ ਨੰਬਰ 18 (3x12.20 ਮੀਟਰ) ਅਤੇ ਬ੍ਰਿਜ ਨੰਬਰ 85 (1x80 ਮੀਟਰ + 2x102 ਮੀਟਰ) ਦੇ ਐਚ-ਬੀਮ ਸਲੀਪਰਾਂ ਦੇ ਨਾਲ ਮੌਜੂਦਾ 540 ਨੰਬਰ ਸਟੀਲ ਚੈਨਲ ਸਲੀਪਰਾਂ ਦਾ ਪ੍ਰਤੀਸਥਾਪਨ ਫਿਰੋਜ਼ਪੁਰ ਮੰਡਲ ਤੇ ਐਚ-ਬੀਮ-5670 ਨੰ. ਦੇ ਨਾਲ ਨਵੀਨੀਕਰਨ ਦਾ ਕੰਮ ਕਰਨ ਲਈ।

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 1,94,76,177.31 /– | 2,47,400.00 /– | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ:-" ਰਨਿੰਗ ਟ੍ਰੈਕ ਵਿਚ ਚੈਨਲ ਸਲੀਪਰਾਂ ਦਾ ਨਿਰਮਾਣ ਅਤੇ ਵਿਛਾਉਣਾ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 271/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਟੈਂਡਰ ਸੂਚਨਾ**

ਟੈਂਡਰ ਸੂਚਨਾ ਪੱਤਰ ਨੰ: 770-W/169/WA-1/FZR/388-2023-24-ADEN-JRC & 389-2023-24-ADEN-JRC ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ 15.02.2024 ਵਕਤ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪੱਤਰ ਦੀ ਬਿਆਨਾ ਰਾਸ਼ੀ ਦੀ ਜਗ੍ਹਾਂ ਟੈਂਡਰ ਸੁਰੱਖਿਆ ਘੋਸ਼ਣਾ ਪੱਤਰ ਨਿਰਧਾਰਿਤ ਪ੍ਰਾਰੂਪ ਵਿਚ ਟੈਂਡਰ ਦੇ ਨਾਲ ਈ-ਪੋਰਟਲ ਉਤੇ ਨਥੀ ਕਰੇਗਾ।

| ਲ. ਨੰ: | ਟੈਂਡਰ ਨੰਬਰ, ਮਿਤੀ | ਟੈਂਡਰ ਦਾ ਵੇਰਵਾ | ਵਿਗਿਆਪਨ ਮੂਲ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|---|---|
| 1. | 388-2023-24-ADEN-JRC | ਸਹਾਇਕ ਮੰਡਲ ਇੰਜੀਨੀਅਰ - ਜਲੰਧਰ ਕੈਂਟ ਵਿਚ JRC-PTKC ਖੰਡ ਵਿਚ ਪੈਣ ਵਾਲੇ ਪੁਲ ਨੰਬਰ 85 ਉਤੇ ਮੌਜੂਦਾ ਗਰਡਰ ਨੂੰ ਪੀਐਸਸੀ ਸਲੈਬ ਤੋਂ ਬਦਲਣ ਦਾ ਕੰਮ ਕਰਨਾ। | 30,26,324.14 | 60 ਦਿਨ | 04 ਮਹੀਨੇ |
| 2. | 389-2023-24-ADEN-JRC | ਸਹਾਇਕ ਮੰਡਲ ਇੰਜੀਨੀਅਰ - ਜਲੰਧਰ ਕੈਂਟ ਦੇ ਖੇਤਰਾਧਿਕਾਰ ਵਿਚ JRC-PTKC ਖੰਡ ਵਿਚ ਪੈਣ ਵਾਲੇ BNGL ਸਟੇਸ਼ਨ ਉਤੇ 02 ਨੰਬਰ ਅਤੇ UCB ਸਟੇਸ਼ਨ 06 ਨੰਬਰ ਉਤੇ ਟਾਇਪ-II ਪੀ.ਵੇ ਗੈਂਗ ਕਵਾਰਟ ਦਾ ਪ੍ਰਤੀਸਥਾਪਨ ਦਾ ਕੰਮ ਕਰਨਾ। | 1,85,40,087.66 | 60 ਦਿਨ | 06 ਮਹੀਨੇ |

ਨੋਟ 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਨਗੇ। 272/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ...ਸ.ਫ਼ਾ 1 ਦੇ ਬਾਕੀ

### ਮਮਤਾ ਕਾਂਗਰਸ ਤੋਂ...

ਕਿਹਾ—ਮੈਂ ਕਾਂਗਰਸ ਨੂੰ 300 ਸੀਟਾਂ 'ਤੇ ਆਪਣੇ ਦਮ 'ਤੇ ਚੋਣ ਲੜਨ ਅਤੇ ਬਾਕੀ ਸੀਟਾਂ ਖੇਤਰੀ ਪਾਰਟੀਆਂ ਲਈ ਛੱਡਣ ਦਾ ਪ੍ਰਸਤਾਵ ਦਿੱਤਾ ਸੀ, ਪਰ ਉਨ੍ਹਾਂ ਮੇਰੀ ਗੱਲ ਨਹੀਂ ਸੁਣੀ। ਕਾਂਗਰਸ ਦਾ ਬੰਗਾਲ ਵਿਚ ਕੁਝ ਨਹੀਂ। ਅਸੀਂ ਹੁਣ ਲੋਕ ਸਭਾ ਚੋਣਾਂ ਤੋਂ ਬਾਅਦ ਫੈਸਲਾ ਕਰਾਂਗੇ ਕਿ ਕੀ ਕਰਨਾ ਹੈ। ਇਸੇ ਦੌਰਾਨ ਆਸਾਮ ਦੇ ਬੋਂਗਈਗਾਓਂ ਵਿਚ ਰਾਹੁਲ ਦੀ ਯਾਤਰਾ ਦੌਰਾਨ ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ—ਮਮਤਾ ਤੋਂ ਬਿਨਾਂ ਇੰਡੀਆ ਗੱਠਜੋੜ ਦੇ ਵਜੂਦ ਬਾਰੇ ਕਿਆਸਿਆ ਨਹੀਂ ਜਾ ਸਕਦਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੈਰਾਮ ਨੇ ਕਿਹਾ ਕਿ ਮਮਤਾ ਬੈਨਰਜੀ ਦੀ ਤ੍ਰਿਣਮੂਲ ਕਾਂਗਰਸ ਆਪੋਜ਼ੀਸ਼ਨ ਗੱਠਜੋੜ ਦਾ ਅਹਿਮ ਥੰਮ੍ਹ ਹੈ। ਇੰਡੀਆ ਗੱਠਜੋੜ ਦੇ ਭਾਈਵਾਲ ਬੰਗਾਲ ਵਿਚ ਲੋਕ ਸਭਾ ਚੋਣਾਂ ਮਿਲ ਕੇ ਲੜਨਗੇ। ਮਮਤਾ ਬੈਨਰਜੀ ਨੇ ਖੁਦ ਕਿਹਾ ਹੈ ਕਿ ਭਾਜਪਾ ਨੂੰ ਹਰਾਉਣਾ ਸਾਡੀ ਸਭ ਦੀ ਮੁੱਖ ਜ਼ਿੰਮੇਵਾਰੀ ਹੈ।

ਐੱਨ ਸੀ ਪੀ (ਪਵਾਰ) ਦੇ ਕੌਮੀ ਬੁਲਾਰੇ ਕਲਾਈਡ ਕ੍ਰੈਸਟੋ ਨੇ ਕਿਹਾ ਹੈ ਕਿ ਮਮਤਾ ਬੈਨਰਜੀ ਤੇ ਉਨ੍ਹਾ ਦੀ ਪਾਰਟੀ ਇੰਡੀਆ ਗੱਠਜੋੜ ਦਾ ਅਹਿਮ ਹਿੱਸਾ ਹਨ। ਉਹ ਸਾਡੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ ਤੇ ਮਜ਼ਬੂਤੀ ਨਾਲ ਚੋਣਾਂ ਲੜਾਂਗੇ।

ਰਾਜਦ ਦੇ ਸਾਂਸਦ ਮਨੋਜ ਝਾਅ ਨੇ ਕਿਹਾ—ਪਲੀਜ਼, ਥੋੜ੍ਹੀ ਉਡੀਕ ਕਰੋ। ਹੋ ਸਕਦਾ ਹੈ ਕਿ ਮਮਤਾ ਨੇ ਬਿਆਨ ਕਿਸੇ ਖਾਸ ਪ੍ਰਸਥਿਤੀ ਵਿਚ ਦਿੱਤਾ ਹੋਵੇ। ਜੇ ਕੋਈ ਟਕਰਾਅ ਹੈ ਤਾਂ ਗੱਠਜੋੜ ਸੁਲਝਾ ਲਵੇਗਾ।

ਆਪ ਆਗੂ ਤੇ ਦਿੱਲੀ ਦੇ ਮੰਤਰੀ ਸੌਰਭ ਭਾਰਦਵਾਜ ਨੇ ਕਿਹਾ ਕਿ ਬੰਗਾਲ ਵਿਚ ਖੱਬੇ-ਪੱਖੀ ਤੇ ਕਾਂਗਰਸ ਤ੍ਰਿਣਮੂਲ ਕਾਂਗਰਸ ਦੇ ਖਿਲਾਫ ਲੜਦੇ ਆਏ ਹਨ, ਇਸ ਲਈ ਤ੍ਰਿਣਮੂਲ ਨਾਲ ਸੀਟਾਂ ਦੀ ਵੰਡ ਥੋੜ੍ਹੀ ਮੁਸ਼ਕਲ ਹੋਵੇਗੀ, ਪਰ ਮੁੱਦੇ ਸੁਲਝਾ ਲਏ ਜਾਣਗੇ। ਸ਼ਿਵ ਸੈਨਾ (ਊਧਵ) ਦੇ ਆਗੂ ਆਦਿਤਿਆ ਠਾਕਰੇ ਨੇ ਕਿਹਾ ਹੈ ਕਿ ਬੰਗਾਲ ਦੀ ਲੜਾਈ ਅਹਿਮ ਹੈ ਤੇ ਮਮਤਾ ਬੈਨਰਜੀ ਸ਼ੇਰਨੀ ਵਾਂਗ ਲੜ ਰਹੀ ਹੈ।

### ਅੱਜ ਗੱਲ ਨਾ ਬਣੀ...

ਭ੍ਰਿਸ਼ਟਾਚਾਰ ਬਾਦਸਤੂਰ ਚੱਲ ਰਿਹਾ ਹੈ। ਬੁਲਾਰਿਆ ਨੇ ਤਫਸੀਲ ਵਿੱਚ ਮੰਗਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕੰਟਰੈਕਟ ਅਤੇ ਆਊਟ ਸੋਰਸ ਵਰਕਰਾਂ ਨੂੰ ਪੀ ਆਰ ਟੀ ਸੀ ਰੂਲਜ਼ 1981 ਤਹਿਤ ਰੈਗੂਲਰ ਨਹੀਂ ਕੀਤਾ ਜਾ ਰਿਹਾ। ਚੈਕਿੰਗ ਸਟਾਫ ਨਾਲ ਘੋਰ ਬੇਇਨਸਾਫੀ ਅਤੇ ਜ਼ਿਆਦਤੀਆਂ ਹੋ ਰਹੀਆਂ ਹਨ। ਵਰਕਰਾਂ ਦੇ 170 ਕਰੋੜ ਰੁਪਏ ਦੇ ਬਕਾਏ ਖੜ੍ਹੇ ਹਨ, ਪੰਜਾਬ ਸਰਕਾਰ ਮੁਫ਼ਤ ਸਫਰ ਬਦਲੇ 350 ਕਰੋੜ ਰੁਪਏ ਨਹੀਂ ਦੇ ਰਹੀ। ਇਸ ਸਰਕਾਰ ਨੇ 2 ਸਾਲ ਵਿੱਚ ਇੱਕ ਵੀ ਨਵੀਂ ਬੱਸ ਨਹੀਂ ਪੈਣ ਦਿੱਤੀ। ਇਲੈਕਟਰੀਕਲ ਬੱਸਾਂ ਪਾਉਣ ਦੀਆਂ ਨੁਕਸਾਨਦੇਹ ਚਰਚਾਵਾਂ ਚੱਲ ਰਹੀਆਂ ਹਨ, 300-400 ਬਜ਼ੁਰਗ ਵਰਕਰਾਂ ਨੂੰ 1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ ਰੱਖਿਆ ਹੋਇਆ ਹੈ। ਕਿਲੋਮੀਟਰ ਸਕੀਮ ਅਧੀਨ ਬੱਸਾਂ ਪਾਉਣ ਦਾ ਭ੍ਰਿਸ਼ਟਾਚਾਰੀ ਅਮਲ ਜਾਰੀ ਰੱਖਿਆ ਜਾ ਰਿਹਾ ਹੈ।

ਐਕਸ਼ਨ ਕਮੇਟੀ ਨੇ ਕਨਵੈਨਸ਼ਨ ਵਿਚ ਐਲਾਨ ਕੀਤਾ ਕਿ ਜੇਕਰ 25 ਜਨਵਰੀ ਨੂੰ ਮੈਨੇਜਮੈਂਟ ਨਾਲ ਹੋ ਰਹੀ ਮੀਟਿੰਗ ਵਿੱਚ ਕੋਈ ਸਿੱਟਾ ਨਾ ਨਿਕਲਿਆ ਤਾਂ 20 ਫਰਵਰੀ ਨੂੰ ਪੀ ਆਰ ਟੀ ਸੀ ਦੇ ਮੁੱਖ ਦਫਤਰ ਪਟਿਆਲਾ ਦੇ ਸਾਹਮਣੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਦੇਵ ਰਾਜ ਬੱਤਾ, ਉਤਮ ਸਿੰਘ ਬਾਗੜੀ, ਤਰਸੇਮ ਸਿੰਘ, ਨਸੀਬ ਚੰਦ, ਬਿਕਰਮਜੀਤ ਸ਼ਰਮਾ ਅਤੇ ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

### ਪੰਜਾਬ ਸੀ ਪੀ ਆਈ ...

ਦਾ ਧਿਆਨ ਲਾਂਭੇ ਕਰਕੇ ਆਪਣੇ ਚਹੇਤੇ ਕਾਰਪੋਰੇਟਾਂ ਅਡਾਨੀ-ਅੰਬਾਨੀ ਆਦਿ ਦੀ ਸਹਾਇਤਾ ਜਾਰੀ ਰੱਖਣਾ ਚਾਹੁੰਦੀ ਹੈ।

ਇਹ ਸਰਕਾਰ ਜਮਹੂਰੀ ਕਦਰਾਂ-ਕੀਮਤਾਂ ਅਤੇ ਮਨੁੱਖੀ ਅਧਿਕਾਰਾਂ ਨੂੰ ਪੈਰਾਂ ਹੇਠ ਲਿਤਾੜ ਕੇ ਸੰਵਿਧਾਨ ਅਤੇ ਸੰਸਦੀ ਪ੍ਰਣਾਲੀ ਨੂੰ ਹੀ ਖਤਮ ਕਰਨਾ ਚਾਹੁੰਦੀ ਹੈ।

ਪਾਰਟੀ ਨੇ ਪੰਜਾਬ ਦੀਆਂ ਸਾਰੀਆਂ ਪਾਰਟੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਵੱਲੋਂ ਭਾਜਪਾ ਨਾਲ ਕਿਸੇ ਕਿਸਮ ਦੇ ਗੱਠਜੋੜ ਨਾ ਕਰਨ ਦੀ ਪਹੁੰਚ ਦਾ ਸਮਰਥਨ ਕੀਤਾ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਪੰਜਾਬ ਵਿਚੋਂ ਕੋਈ ਵੀ ਭਾਜਪਾ ਸਾਂਸਦ ਆਉਣ ਵਾਲੀਆਂ ਸੰਸਦੀ ਚੋਣਾਂ ਵਿਚ ਜਿੱਤ ਪ੍ਰਾਪਤ ਨਹੀਂ ਕਰੇਗਾ।

### 10.77 ਲੱਖ ਰਾਸ਼ਨ ...

ਤੌਰ ਉਤੇ ਕਿਸਾਨਾਂ ਦੇ ਖਾਤਿਆਂ 'ਚ ਅਦਾ ਕੀਤੀ ਜਾਵੇਗੀ।

ਸੜਕ ਹਾਦਸਿਆਂ ਦੌਰਾਨ ਅਜਾਈਂ ਜਾਂਦੀਆਂ ਕੀਮਤੀ ਜਾਨਾਂ ਦੀ ਗਿਣਤੀ ਘਟਾਉਣ ਅਤੇ ਜ਼ਖ਼ਮੀਆਂ ਨੂੰ ਸਮੇਂ ਸਿਰ ਇਲਾਜ ਦੇਣ ਲਈ ਮੰਤਰੀ ਮੰਡਲ ਨੇ 'ਫਰਿਸ਼ਤੇ' ਸਕੀਮ ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਸ ਤਹਿਤ ਸੂਚੀਬੱਧ ਕੀਤੇ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ 'ਚ ਹਾਦਸਾਗ੍ਰਸਤ ਪੀੜਤਾਂ ਨੂੰ ਤੁਰੰਤ ਮੁਫਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਸੜਕ ਹਾਦਸੇ ਦੇ ਪੀੜਤਾਂ ਦੀ ਮਦਦ ਲਈ ਆਮ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਲਈ ਸਹਾਇਤਾ ਕਰਨ ਵਾਲੇ ਨੂੰ 2000 ਰੁਪਏ ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਇਨਾਮੀ ਰਾਸ਼ੀ ਤੋਂ ਇਲਾਵਾ ਸਹਾਇਤਾ ਕਰਨ ਵਾਲੇ ਇਨਸਾਨ ਨੂੰ ਫਰਿਸ਼ਤੇ ਵਜੋਂ ਪ੍ਰਸ਼ੰਸਾ ਪੱਤਰ ਦੇਣ ਦੇ ਨਾਲ-ਨਾਲ ਕਾਨੂੰਨੀ ਝੰਜਟਾਂ ਅਤੇ ਪੁਲਸ ਪੜਤਾਲ ਤੋਂ ਵੀ ਬਚਾਇਆ ਜਾਵੇਗਾ।

**PUBLIC NOTICE**

ਫਾਰਮ ਨੰ. ਯੂ ਆਰ ਸੀ-2

(ਕੰਪਨੀਜ਼ ਐਕਟ,2013 ਦੇ ਸੈਕਸ਼ਨ 374 (ਬੀ) ਅਤੇ ਕੰਪਨੀਜ਼ (ਰਜਿਸਟਰ ਲਈ ਅਧਿਕਾਰਤ) ਰੂਲਜ਼, 2014 ਦੇ ਰੂਲ) 4(1) ਦੀ ਪਾਲਣਾ 'ਚ) ਚੈਪਟਰ ਯਸੀ ਦੇ ਪਾਰਟ 1 ਤਹਿਤ ਰਜਿਸਟਰੇਸ਼ਨ ਸੰਬੰਧੀ ਨੋਟਿਸ ਦਾ ਇਸ਼ਤਿਹਾਰ

1. ਕੰਪਨੀਜ਼ ਐਕਟ 2013, ਦੇ ਸੈਕਸ਼ਨ 366 ਦੇ ਸਬ-ਸੈਕਸ਼ਨ (2) ਦੀ ਪਾਲਣਾ 'ਚ ਨੋਟਿਸ ਦਿੱਤਾ ਜਾਂਦਾ ਕਿ ਰਜਿਸਟਰਾਰ ਆਫ ਕੰਪਨੀਜ਼, ਪੰਜਾਬ ਅਤੇ ਚੰਡੀਗੜ੍ਹ ਨੂੰ ਇਕ ਅਰਜ਼ੀ ਦਿੱਤੀ ਗਈ ਹੈ ਕਿ ਮੈਸ. ਸ਼੍ਰੀਮੰਨ ਇੰਟਰਪ੍ਰਾਈਜ਼ਿਜ਼, ਇਕ ਭਾਈਵਾਲੀ ਵਾਲੀ ਫਰਮ, ਜਿਸ ਦਾ ਲੜੀ ਨੰ. 128/2015-16 ਹੈ ਅਤੇ 39, ਮਾਡਲ ਟਾਊਨ, ਜਲੰਧਰ, ਪੰਜਾਬ 144001 ਵਿਖੇ ਸਥਿਤ ਹੈ, ਨੂੰ ਕੰਪਨੀਜ਼ ਐਕਟ 2013, ਦੇ ਚੈਪਟਰ ਯਸੀ ਦੇ ਪਾਰਟ 1 ਤਹਿਤ ਸ਼ੇਅਰਾਂ ਰਾਹੀਂ ਲਿਮਟਿਡ ਕੰਪਨੀ ਰਜਿਸਟਰਡ ਕੀਤਾ ਜਾਵੇ।
2. ਕੰਪਨੀ ਦੇ ਮੁੱਖ ਮੰਤਵ ਹੇਠਾਂ ਦਰਸਾਏ ਅਨੁਸਾਰ ਹਨ :
   1. ਮੌਜੂਦਾ ਭਾਈਵਾਲੀ ਵਾਲੀ ਫਰਮ ਸ਼੍ਰੀਮੰਨ ਇੰਟਰਪ੍ਰਾਈਜ਼ਿਜ਼, ਸਮੇਤ ਇਸ ਇਨਫਰਾਸਟੱਕਚਰ, ਪਲਾਂਟ ਅਤੇ ਮਸ਼ੀਨਰੀ, ਸਾਰੇ ਟੈਂਜੀਬਲ ਅਤੇ ਇਨਟੈਂਜੀਬਲ ਰਾਈਟਜ਼ ਇਨ ਗੁੱਡਜ਼, ਟ੍ਰੇਡ ਮਾਰਕਸ, ਕਾਪੀ ਰਾਈਟਜ਼, ਕੰਪਨੀਜ਼ ਐਕਟ 2013 ਦੇ ਚੈਪਟਰ ਦੇ ਯਸੀ ਅਤੇ ਇਸ ਅਧੀਨ ਰੂਲਜ਼ ਤਹਿਤ ਇਕ ਸੁਪਰ ਸਪੈਸ਼ਲਿਟੀ ਹਸਪਤਾਲ ਨੂੰ ਚਲਾਉਣਾ ਅਤੇ ਟੂ ਪ੍ਰਚੇਜ਼, ਲੀਜ਼ ਜਾ ਹੋਰ ਤਰ੍ਹਾਂ ਇਕੁਆਇਰ, ਇਸਟੈਬਲਿਸ਼, ਮੇਨਟੇਨ, ਅਪਰੇਟ, ਰਨ, ਮੈਨੇਜ ਜਾਂ ਐਡਮਨਿਸਟਰ ਹਸਪਤਾਲ, ਮੈਡੀਕੇਅਰ, ਡਾਇਗਨਾਸਟਿਕ, ਹੈਲਥ ਏਡਜ਼, ਮੈਡੀਕਲ ਲੈਬਾਰਟਰਾਈਜ਼ ਅਤੇ ਰਿਸਰਚ ਸੈਂਟਰਾਂ ਨੂੰ ਕਨਵਰਟ, ਇਕੁਆਇਰ ਕਰਨਾ ਅਤੇ ਚਾਲੂ ਬਿਜ਼ਨਸ ਅਤੇ ਇਸਟੈਬਲਿਸ਼ਮੈਂਟ ਦਾ ਪ੍ਰਬੰਧ ਸੰਭਾਲਣਾ।
   2. ਹਰ ਤਰ੍ਹਾਂ ਨਾਲ ਮੈਡੀਕਲ ਸਕੀਮਾਂ ਰਾਹੀਂ ਸਾਰੀਆਂ ਬ੍ਰਾਂਚਾਂ 'ਚ ਜਨਤਾ ਨੂੰ ਮੈਡੀਕਲ ਰਲੀਫ ਮੁਹੱਈਆ ਕਰਵਾਉਣਾ।
   3. ਮੈਡੀਕਲ ਸਾਇੰਸਜ਼ ਅਤੇ ਥਰੈਪੀਜ਼ ਦੇ ਵਿਕਾਸ ਅਤੇ ਖੋਜ ਰਾਹੀਂ ਮੈਡੀਕਲ ਅਤੇ ਕਲੀਨੀਕਲ ਖੋਜ ਕਰਨਾ।
   4. ਹਸਪਤਾਲ, ਹੈਲਥ ਕੇਅਰ ਦੀ ਸਥਾਪਨਾ ਅਤੇ ਮੈਡੀਕਲ ਯੰਤਰ ਆਦਿ ਦੇ ਮੈਨੂਫੈਕਚਰ ਦੀਆਂ ਸਹੂਲਤਾਂ ਲਈ ਸਾਰੇ ਪ੍ਰਕਾਰ ਦੀ ਖੋਜ ਸਮੇਤ ਕਲੀਨੀਕਲ ਰਿਸਰਚ ਅਤੇ ਵਿਕਾਸ ਕੰਮ ਨੂੰ ਸੰਭਾਲਣਾ, ਪ੍ਰਮੋਟ ਕਰਨਾ।
   5. ਡਾਇਗਨਾਸਟਿਕ ਦੇ ਨਵੇਂ ਤਰੀਕਿਆਂ 'ਵਿਕਾਸ ਜਾਂ ਸੋਧ ਲਈ ਸਹੂਲਤਾਂ ਪੈਦਾ ਕਰਨੀਆਂ, ਉਤਸ਼ਾਹਤ ਕਰਨਾ।
3. ਤਜਵੀਜ਼ਤ ਕੰਪਨੀ ਦੇ ਮੈਮੋਰੰਡਮ ਦੇ ਖਰੜੇ ਅਤੇ ਆਰਟੀਕਲ ਆਫ ਐਸੋਸੀਏਸ਼ਨ ਦੀ ਇਕ ਕਾਪੀ ਦਾ ਨਿਰੀਖਣ ਰਜਿਸਟਰਡ ਦਫਤਰ 39, ਮਾਡਲ ਟਾਊਨ, ਜਲੰਧਰ, ਪੰਜਾਬ 144001 ਵਿਖੇ ਕੀਤਾ ਜਾ ਸਕਦਾ ਹੈ।
4. ਨੋਟਿਸ ਦਿੱਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਲਿਖਤੀ ਰੂਪ 'ਚ ਰਜਿਸਟਰਾਰ ਸੈਂਟਰ ਰਜਿਸਟਰੇਸ਼ਨ ਸੈਂਟਰ (ਸੀ.ਆਰ.ਸੀ.), ਦੀ ਇੰਡੀਅਨ ਇਸਟੀਚਿਊਟ ਆਫ ਕਾਰਪੋਰੇਟ ਅਫੇਅਰਜ਼ (ਆਈ ਆਈ ਸੀ ਏ), ਪਲਾਂਟ ਨੰ. 6, 7, 8, ਸੈਕਟਰ 5, ਆਈ ਐਮ ਟੀ ਮਾਨੇਸਰ, ਜ਼ਿਲਾ ਗੁੜਗਾਓਂ (ਹਰਿਆਣਾ) ਪਿੰਨ ਕੋਡ 122050 ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 20 ਦਿਨਾਂ ਦੇ ਅੰਦਰ ਕੰਪਨੀ ਦੇ ਰਜਿਸਟਰਡ ਦਫਤਰ ਚ ਇਕ ਨਕਲ ਦੇ ਨਾਲ ਸੂਚਿਤ ਕਰ ਸਕਦਾ ਹੈ।

ਮਿਤੀ 25 ਜਨਵਰੀ 2024

ਬਿਨੈਕਰਤਾਵਾਂ ਦੇ ਨਾਂਅ : ਵਾਸਤੇ ਮੈਸ. ਸ਼੍ਰੀਮੰਨ ਇੰਟਰਪ੍ਰਾਇਜ਼ਜ

ਡਾ. ਵੇਦ ਪ੍ਰਕਾਸ਼ ਸ਼ਰਮਾ (ਭਾਈਵਾਲ)

**ਨਵਾਂ ਜ਼ਮਾਨਾ**
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

# ਹਾਕਮ ਸਰਕਾਰਾਂ ਨੇ ਕਿਸਾਨੀ, ਜਵਾਨੀ ਤੇ ਕਿਰਤੀ ਵਰਗ ਦਾ ਘਾਣ ਕਰ ਦਿੱਤੈ : ਉੱਪਲ, ਪੰਡੋਰੀ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਕਾਰਪੋਰੇਟ ਘਰਾਣਿਆਂ ਦੀਆਂ ਤਿਜੌਰੀਆ ਭਰਨ ਵਾਲੀਆਂ ਹਾਕਮ ਸਰਕਾਰਾਂ ਨੇ ਕਿਸਾਨੀ ਜਵਾਨੀ ਅਤੇ ਕਿਰਤੀ ਵਰਗ ਦਾ ਘਾਣ ਕੀਤਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਆਗੂ ਜਗਤਾਰ ਸਿੰਘ ਉੱਪਲ ਸੈਂਟਰ ਆਫ ਟਰੇਡ ਯੂਨੀਅਨ (ਸੀਟੀਯੂ) ਪੰਜਾਬ ਦੇ ਆਗੂਆ ਨੇ ਨਵੇਂ ਬਣੇ ਦਫਤਰ ਸਮਾਟ ਇਨਕਲੇਵ ਕਲੋਨੀ 'ਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਨ੍ਹਾਂ ਆਗੂਆਂ ਨੇ ਕਿਹਾ ਕਿ ਕੇਂਦਰੀ ਅਤੇ ਪੰਜਾਬ ਸਰਕਾਰਾਂ ਨੇ ਕਿਸਾਨੀ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਅਤੇ ਮਜ਼ਦੂਰਾਂ ਦੀ ਤਰਸਯੋਗ ਹਾਲਤ ਨੂੰ ਚੰਗੇ ਪਾਸੇ ਵੱਲ ਮੋੜਾ ਦੇਣ ਦੀ ਥਾਂ ਉਨ੍ਹਾਂ ਦਾ ਜੀਵਨ ਨਰਕ ਹੀ ਬਣਾਇਆ ਹੈ।

ਇਨ੍ਹਾਂ ਆਗੂਆਂ ਨੇ ਕਿਹਾ ਕਿ ਕਿਸਾਨੀ ਕਿੱਤਾ ਤਬਾਹੀ ਦੇ ਕੰਢੇ 'ਤੇ ਜਾ ਰਿਹਾ ਹੈ।ਕਿਸਾਨੀ ਕਰਜ਼ੇ ਦੇ ਭਾਰ ਹੇਠ ਦੱਬੀ ਹੋਣ ਕਰਕੇ ਹਰ ਰੋਜ਼ ਕਿਸਾਨ ਖੁਦਕੁਸ਼ੀਆਂ ਕਰ ਰਹੇ ਹਨ।ਜਵਾਨੀ ਨੂੰ ਰੁਜ਼ਗਾਰ ਨਾ ਮਿਲਣ ਦੀ ਸੂਰਤ 'ਚ ਵਿਦੇਸ਼ਾਂ 'ਚ ਧੱਕੇ ਖਾ ਰਹੀ ਹੈ। ਮਜ਼ਦੂਰ ਜਮਾਤ ਦੇ ਕੰਮ ਤੋਂ ਹੱਥ ਵਿਹਲੇ ਹੋਣ ਕਰਕੇ ਆਪਣਾ ਜੀਵਨ ਤੰਗੀਆਂ ਤੁਰਸ਼ੀਆਂ ਵਿੱਚ ਗੁਜ਼ਾਰ ਰਹੀ ਹੈ।ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨਵਉਦਾਰਵਾਦੀ ਨੀਤੀਆਂ ਕਾਰਨ ਲੋਕਾਂ ਦੇ ਪੈਸੇ ਨਾਲ ਉਸਰੇ ਸਰਕਾਰੀ ਅਦਾਰੇ ਕਾਰਪੋਰੇਟ ਘਰਾਣਿਆਂ ਦੀ ਭੇਟ ਚੜ੍ਹ ਗਏ ਹਨ।

ਇਨ੍ਹਾਂ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਕਾਰਨ ਸਰਕਾਰੀ ਅਰਧ ਸਰਕਾਰੀ ਬੰਦ ਪਏ ਹਨ।ਜੇ ਪੰਜਾਬ ਦੀ ਗੱਲ ਕਰੀਏ ਵੱਖ ਵੱਖ ਆਦਾਰਿਆ ਲੱਖਾ ਆਸਾਮੀਆ ਖਾਲੀ ਪਈਆ ਹਨ।

ਸਾਡੀਆਂ ਸਮੇਂ ਦੀਆਂ ਸਰਕਾਰਾਂ ਖਾਲੀ ਆਸਾਮੀਆਂ ਨੂੰ ਭਰਨ ਨੂੰ ਤਿਆਰ ਨਹੀਂ।ਬੇਰੁਜ਼ਗਾਰੀ ਦੇ ਆਲਮ 'ਚ ਪੰਜਾਬ ਦਾ ਅਰਬਾਂ 'ਚ ਪੈਸਾ ਜੋ ਜ਼ਮੀਨਾਂ ਵੇਚ ਕੇ ਗਿਰਵੀ ਰੱਖ ਕੇ ਵਿਦੇਸ਼ਾਂ 'ਚ ਜਾ ਰਿਹਾ ਹੈ ਅਤੇ ਸਾਡੇ ਹਜ਼ਾਰਾਂ ਨੌਜਵਾਨ ਟਰੈਵਲਜ਼ ਏਜੰਟਾਂ ਕੋਲ ਠੱਗੀ ਦੀ ਭੇਟ ਚੜ੍ਹ ਰਹੇ ਹਨ।ਵਿਦੇਸ਼ਾਂ 'ਚ ਵੀ ਕੰਮ ਨਾ ਹੋਣ ਕਰਕੇ ਦਿਲ ਦੇ ਦੌਰਿਆਂ ਨਾਲ ਮੌਤ ਦੇ ਮੂੰਹ ਜਾ ਰਹੇ ਹਨ।ਆਗੂਆਂ ਨੇ ਇਸ ਵਰਤਾਰੇ ਵਿਰੁੱਧ ਸ਼ੰਘਰਸ਼ ਕਰਨ ਦਾ ਸੱਦਾ ਦਿੱਤਾ।

## ਦਿਵਿਆਂਗਜਨਾਂ ਦੇ ਕੈਂਪ ਸਹਿਯੋਗੀਆਂ ਦਾ ਸੀਡੀਪੀਓ ਵੱਲੋਂ ਧੰਨਵਾਦ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**—ਅਲਿਮਕੋ ਕੰਪਨੀ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਵਿਖੇ ਦਿਵਿਆਗਜਨਾਂ ਨੂੰ ਲੋੜੀਂਦੇ ਉਪਕਰਨ ਵੰਡੇ ਗਏ। ਗਗਨਦੀਪ ਸਿੰਘ ਸੀਡੀਪੀਓ ਅਜਨਾਲਾ ਨੇ ਕੈਂਪ ਵਿੱਚ ਸਹਿਯੋਗ ਕਰਨ 'ਤੇ ਸਾਰੇ ਸਹਿਯੋਗੀਆਂ ਵਿਸ਼ੇਸ਼ ਕਰਕੇ ਪੰਜਾਬ ਦੇ ਕੈਬਨਿਟ ਮੰਤਰੀ ਸਰਦਾਰ ਕੁਲਦੀਪ ਸਿੰਘ ਧਾਲੀਵਾਲ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਦੀਪਕ ਕੁਮਾਰ ਚੈਨਪੁਰੀਆ, ਐੱਸਡੀਐੱਮ ਅਜਨਾਲਾ ਅਰਵਿੰਦਰ ਪਾਲ ਸਿੰਘ ਸੰਧੂ, ਡੀਐੱਸਐੱਸਓ, ਆਸ਼ੀਸ਼ ਸਿੰਘ ਤਹਿਸੀਲਦਾਰ, ਅਵਤਾਰ ਸਿੰਘ, ਮੈਡਮ ਸਰਨਜੀਤ ਕੌਰ, ਸੁਰਿੰਦਰ ਕੌਰ, ਰਾਜਵਿੰਦਰ ਕੌਰ, ਨਰਿੰਦਰ ਕੌਰ ਅਤੇ ਆਂਗਣਵਾੜੀ ਵਰਕਰ ਕਵਲਜੀਤ ਕੌਰ, ਸਤਿੰਦਰ ਕੌਰ, ਨਵਜੀਤ ਕੌਰ, ਅਮਰਪ੍ਰੀਤ ਕੌਰ, ਅਰੁਣ ਕਾਂਤਾ, ਕਿਰਨਜੀਤ ਕੌਰ, ਤ੍ਰਿਪਤਾ, ਅਨੀਤਾ, ਜਗਜੀਤ ਕੌਰ ਆਦਿ ਸਾਰੇ ਸਟਾਫ ਦਾ ਧੰਨਵਾਦ ਕੀਤਾ।

# ਦਾਤਰ ਦੀ ਨੋਕ 'ਤੇ ਬੇਕਰੀ ਮਾਲਕ ਤੋਂ ਨਕਦੀ ਲੁੱਟੀ, ਮਾਮਲਾ ਪਹੁੰਚਿਆ ਥਾਣੇ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਹਲਕਾ ਖੇਮਕਰਨ ਅਧੀਨ ਪੈਂਦੇ ਕਸਬਾ ਅਲਗੋਂ ਕੋਠੀ 'ਚ ਸਥਿਤ ਬੇਕਰੀ ਦੇ ਮਾਲਕ ਤੋਂ ਤਿੰਨ ਨਕਾਬਪੋਸ਼ ਵਿਅਕਤੀਆਂ ਵੱਲੋਂ ਦਾਤਰ ਦੀ ਨੋਕ 'ਤੇ ਅੱਠ ਹਜ਼ਾਰ ਰੁਪਏ ਲੁੱਟ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਮਾਮਲੇ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬੇਕਰੀ ਮਾਲਕ ਸੋਨੂੰ ਕੁਮਾਰ ਸਿੰਘ ਪੁੱਤਰ ਰਾਮ ਚੰਦਰ ਪ੍ਰਸ਼ਾਦ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਸਮਾਂ ਲਗਭਗ ਅੱਠ ਵਜੇ ਗੁਰਭੇਜ ਸਿੰਘ ਉਰਫ਼ ਭੇਜਾ, ਹੈਪੀ (ਨਿੱਕੀ ਅਲਗੋਂ) ਅਤੇ ਛੱਬਾ (ਅਲਗੋਂ ਕੋਠੀ) ਨਾਮਕ ਵਿਅਕਤੀ ਦਾਤਰ ਦੀ ਨੋਕ 'ਤੇ ਉਸ ਕੋਲੋਂ ਅੱਠ ਹਜ਼ਾਰ ਰੁਪਏ ਦੀ ਨਕਦੀ ਲੁੱਟ ਕੇ ਫ਼ਰਾਰ ਹੋ ਗਏ।ਬੇਕਰੀ ਮਾਲਕ ਨੇ ਦੱਸਿਆ ਕਿ ਲੁੱਟ ਦੀ ਵਾਰਦਾਤ ਉਨ੍ਹਾਂ ਦੀ ਬੇਕਰੀ 'ਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ ਅਤੇ ਉਨ੍ਹਾਂ ਵੱਲੋਂ ਉਕਤ ਮਾਮਲੇ ਸੰਬੰਧੀ ਇੱਕ ਲਿਖਤੀ ਦਰਖਾਸਤ ਚੌਂਕੀ ਅਲਗੋਂ ਕੋਠੀ ਵਿਖੇ ਦਰਜ ਕਰਵਾਈ ਗਈ ਹੈ।ਇਸ ਮੌਕੇ ਬੇਕਰੀ ਮਾਲਕ ਦੇ ਭਰਾ ਸੁਮਨ ਸਿੰਘ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਉਕਤ ਵਿਅਕਤੀਆਂ ਵੱਲੋਂ ਦੋ ਤੋਂ ਤਿੰਨ ਵਾਰ ਉਨ੍ਹਾਂ ਤੋਂ ਹਥਿਆਰਾਂ ਦੀ ਨੋਕ 'ਤੇ ਨਕਦੀ ਦੀ ਲੁੱਟ ਕੀਤੀ ਗਈ ਹੈ, ਜਿਸ ਸੰਬੰਧੀ ਉਨ੍ਹਾਂ ਵੱਲੋਂ ਚੌਂਕੀ ਅਲਗੋਂ ਕੋਠੀ ਵਿਖੇ ਦਰਖਾਸਤਾਂ ਦਿੱਤੀਆਂ ਗਈਆਂ ਹਨ, ਪ੍ਰੰਤੂ ਹੁਣ ਤੱਕ ਪੁਲਸ ਵੱਲੋਂ ਉਪਰੋਕਤ ਵਿਅਕਤੀਆਂ ਖਿਲਾਫ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ।ਇਸ ਮੌਕੇ ਬੇਕਰੀ ਮਾਲਕ ਨੇ ਐੱਸਐੱਸਪੀ ਤਰਨ ਤਾਰਨ ਪਾਸੋਂ ਇਨਸਾਫ਼ ਦੀ ਮੰਗ ਕੀਤੀ ਹੈ।ਉਧਰ ਇਸ ਮਾਮਲੇ ਸੰਬੰਧੀ ਜਦੋਂ ਚੌਂਕੀ ਇੰਚਾਰਜ ਅਲਗੋਂ ਕੋਠੀ ਨਰਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਬੇਕਰੀ ਮਾਲਕ ਵੱਲੋਂ ਦਰਜ ਕਰਵਾਏ ਬਿਆਨਾਂ ਤੇ ਇਨਵੈਸਟੀਗੇਸ਼ਨ 'ਚ ਸਾਹਮਣੇ ਆਏ ਤੱਥਾਂ ਦੇ ਆਧਾਰ 'ਤੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਐੱਸਜੀਪੀਸੀ (ਬੋਰਡ) ਦੀਆਂ ਵੋਟਾਂ ਬਣਾਉਣ ਲਈ ਸਪੈਸ਼ਲ ਕੈਂਪ 27/28 ਨੂੰ



**ਬਟਾਲਾ, (ਡਾ. ਮਲਵਿੰਦਰ ਸਿੰਘ)** ਡਾ. ਹਿਮਾਂਸ਼ੂ ਅਗਰਵਾਲ, ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਜਾਰੀ ਹੁਕਮ ਵਿੱਚ ਕਿਹਾ ਗਿਆ ਕਿ ਕਮਿਸ਼ਨਰ, ਗੁਰਦੁਆਰਾ ਚੋਣਾਂ, ਪੰਜਾਬ ਵੱਲੋਂ ਜਾਰੀ ਕੀਤੇ ਗਏ ਰਿਵਾਈਜ਼ਡ ਸ਼ਡਿਊਲ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੀਆਂ ਵੋਟਾਂ ਬਣਾਉਣ ਦਾ ਕੰਮ 29.02.2024 ਤੱਕ ਮੁਕੰਮਲ ਕੀਤਾ ਜਾਣਾ ਹੈ।ਪਿਛਲੀਆਂ ਐਸਜੀਪੀਸੀ ਚੋਣਾਂ-2011 ਵਿਚ ਬਣੀਆਂ 397926 ਦੇ ਮੁਕਾਬਲੇ ਹਾਲੇ ਤੱਕ ਜ਼ਿਲ੍ਹੇ ਵਿਚ 137745 ਵੋਟਾਂ ਬਣੀਆਂ ਹਨ।ਜਾਰੀ ਹੁਕਮ ਵਿੱਚ ਅੱਗੇ ਕਿਹਾ ਗਿਆ ਹੈ ਕਿ ਕਿ ਉਕਤ ਟੀਚੇ ਨੂੰ ਪੂਰਾ ਕਰਨ ਲਈ ਮਿਤੀ 27 ਅਤੇ 28 ਜਨਵਰੀ (ਸ਼ਨੀਵਾਰ/ਐਤਵਾਰ) ਨੂੰ ਸਵੇਰੇ 9.00 ਵਜੇ ਤੋਂ ਸ਼ਾਮ 5.00 ਵਜੇ ਤੱਕ ਸਪੈਸ਼ਲ ਕੈਂਪ ਲਗਾਏ ਜਾਣਗੇ। ਸਪੈਸ਼ਲ ਕੈਂਪਾਂ ਦੌਰਾਨ ਪਟਵਾਰੀਆਂ ਅਤੇ ਬੀ.ਐਲ.ਓਜ਼. ਵੱਲੋਂ ਆਪਣੇ ਏਰੀਏ ਵਿਚ ਡੋਰ ਟੂ ਡੋਰ ਜਾ ਕੇ ਯੋਗ ਬਿਨੈਕਾਰਾ ਪਾਸੋਂ ਫਾਰਮ ਪ੍ਰਾਪਤ ਕੀਤੇ ਜਾਣਗੇ। ਸਪੈਸ਼ਲ ਕੈਂਪ ਦੀ ਸਮਾਪਤੀ ਉਪਰੰਤ ਪਟਵਾਰੀਆਂ ਵੱਲੋਂ ਆਪਣੇ ਏਰੀਏ ਦੇ ਬੀ.ਐਲ.ਓਜ਼. ਪਾਸੋਂ ਫਾਰਮ ਇੱਕਤਰ ਕਰਕੇ ਸਬੰਧਤ ਰਿਵਾਈਜ਼ਿੰਗ ਅਥਾਰਟੀਜ਼ ਪਾਸ ਜਮ੍ਹਾ ਕਰਵਾਏ ਜਾਣਗੇ।ਇਸ ਲਈ ਸਮੂਹ ਰਿਵਾਈਜ਼ਿੰਗ ਅਥਾਰਟੀਜ਼ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਪੈਸ਼ਲ ਕੈਂਪਾਂ ਦੀ ਪ੍ਰਗਤੀ ਰਿਪੋਰਟ ਉਕਤ ਮਿਤੀਆਂ ਨੂੰ ਸ਼ਾਮ 5.00 ਵਜੇ ਵਟਸਐਪ ਗਰੁੱਪ ਵਿਚ ਸ਼ੇਅਰ ਕੀਤੀ ਜਾਵੇ ਅਤੇ ਇਹ ਸੂਚਨਾਂ ਪਿੰਡ/ਵਾਰਡਵਾਈਜ਼ ਗੂਗਲ ਸ਼ੀਟ ਤੇ ਅਪਡੇਟ ਕੀਤੀ ਜਾਵੇ।ਬਿਨੈਕਾਰਾਂ ਪਾਸੋਂ ਫਾਰਮ ਪ੍ਰਾਪਤ ਕਰਦੇ ਸਮੇਂ ਫਾਰਮ 3 (1) ਵਿੱਚ ਦਰਜ ਹਦਾਇਤਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ।

## ਪੰਜਾਬ ਬਚਾਓ ਯਾਤਰਾ ਸਬੰਧੀ ਚੋਹਲਾ ਸਾਹਿਬ ਵਿਖੇ ਹੋਣ ਵਾਲੀ ਮੀਟਿੰਗ ਮੁਲਤਵੀ



**ਤਰਨ ਤਾਰਨ: (ਰਵੀ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੁਰਸੇਵਕ ਸਿੰਘ ਸ਼ੇਖ ਨੇ ਪੰਜਾਬ ਬਚਾਓ ਯਾਤਰਾ ਦੇ ਸਬੰਧ ਵਿੱਚ 25 ਫਰਵਰੀ ਨੂੰ ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ, ਖਡੂਰ ਸਾਹਿਬ ਵਿਖੇ ਹੋਣ ਵਾਲੀ ਸਥਾਨਕ ਮੀਟਿੰਗ ਮੁਲਤਵੀ ਕਰਨ ਬਾਰੇ ਜਾਣਕਾਰੀ ਦਿੱਤੀ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਸਮੇਤ ਪਾਰਟੀ ਲੀਡਰਸ਼ਿਪ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਮੀਟਿੰਗ ਨੂੰ ਮੁਲਤਵੀ ਕਰਨਾ ਜ਼ਰੂਰੀ ਸਮਝਿਆ ਗਿਆ। ਇਸ ਸਥਾਨਕ ਮੀਟਿੰਗ ਵਿੱਚ ਆਗੂਆਂ ਦੀ ਮੇਜ਼ਬਾਨੀ ਦੀ ਉਮੀਦ ਸੀ, ਜਿਵੇਂ ਕਿ ਜਥੇਦਾਰ ਗੁਲਜਾਰ ਸਿੰਘ ਰਣੀਕੇ, ਸੂਬਾ ਪ੍ਰਧਾਨ ਐੱਸਸੀ ਵਿੰਗ; ਜਥੇਦਾਰ ਹੀਰਾ ਸਿੰਘ ਗਾਬੜੀਆ, ਸੂਬਾ ਪ੍ਰਧਾਨ ਬੀਸੀ ਵਿੰਗ; ਸਰਬਜੀਤ ਸਿੰਘ ਝਿੰਜਰ, ਸੂਬਾ ਪ੍ਰਧਾਨ ਯੂਥ ਵਿੰਗ ਅਤੇ ਬੀਬੀ ਹਰਗੋਬਿੰਦ ਕੌਰ, ਸੂਬਾ ਪ੍ਰਧਾਨ ਇਸਤਰੀ ਅਕਾਲੀ ਦਲ।

ਇਸ ਦੀ ਬਜਾਏ ਭਲਕੇ ਖਡੂਰ ਸਾਹਿਬ ਹਲਕੇ ਦੀ ਅਕਾਲੀ ਲੀਡਰਸ਼ਿਪ ਨਾਲ ਅਹਿਮ ਗੱਲਬਾਤ ਹੋਵੇਗੀ, ਜਿਸ ਦੀ ਅਗਵਾਈ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਨ ਸਭਾ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਖਡੂਰ ਸਾਹਿਬ ਰਵਿੰਦਰ ਸਿੰਘ ਬ੍ਰਹਮਪੁਰਾ ਕਰਨਗੇ। ਇਸ ਮੀਟਿੰਗ ਦਾ ਉਦੇਸ਼ ਪੰਜਾਬ ਬਚਾਓ ਯਾਤਰਾ ਦੀ ਸਫਲਤਾ ਨੂੰ ਯਕੀਨੀ ਬਣਾਉਣਾ ਹੈ, ਜੋ ਕਿ 01 ਫਰਵਰੀ 2024 ਨੂੰ ਮਾਣਯੋਗ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸ਼ੁਰੂ ਹੋ ਰਹੀ ਹੈ। ਸਾਰੇ ਸੀਨੀਅਰ ਅਕਾਲੀ ਆਗੂਆਂ, ਅਕਾਲੀ ਵਰਕਰਾਂ, ਯੂਥ ਅਕਾਲੀ ਦਲ ਸਮੇਤ ਇਸਤਰੀ ਅਕਾਲੀ ਦਲ ਦੇ ਵਰਕਰਾਂ ਨੂੰ ਸ਼ਮੂਲੀਅਤ ਕਰਨ ਦੀ ਅਪੀਲ ਹੈ।

## ਮੰਗਤ ਚੰਚਲ ਨੇ ਲੋੜਵੰਦਾਂ ਨੂੰ ਗਰਮ ਕੱਪੜੇ ਵੰਡੇ



**ਗੁਰਦਾਸਪੁਰ (ਜਨਕ ਮਹਾਜਨ)**-ਅੱਤ ਦੀ ਠੰਢ ਨੂੰ ਦੇਖਦਿਆਂ ਉਘੇ ਸਾਹਿਤਕਾਰ ਮੰਗਤ ਚੰਚਲ ਨੇ ਆਪਣੇ ਜੱਦੀ ਪਿੰਡ ਨਡਾਲਾ ਵਿਖੇ ਲੋੜਵੰਦਾਂ ਨੂੰ ਗਰਮ ਕੱਪੜੇ ਵੰਡ ਕੇ ਪੋਤਰੇ ਦਾ ਜਨਮ ਦਿਨ ਮਨਾਇਆ। ਇਸ ਮੌਕੇ ਗੱਲਬਾਤ ਕਰਦਿਆਂ ਮੰਗਤ ਚੰਚਲ ਹਾਲ ਵਾਸੀ ਦੀਨਾਨਗਰ ਨੇ ਕਿਹਾ ਕਿ ਆਪਣੇ ਪਿੰਡ ਵਾਲੀ ਮਿੱਟੀ ਦੀ ਖਿੱਚ ਮਨੁੱਖ ਦਾ ਪਿੱਛਾ ਨਹੀਂ ਛੱਡਦੀ ਅਤੇ ਮਨੁੱਖ ਉਸ ਮਿੱਟੀ ਦੀ ਛੋਹ ਲਈ ਹਮੇਸ਼ਾ ਤਰਲੋਮੱਛੀ ਰਹਿੰਦਾ ਹੈ।ਮੰਗਤ ਚੰਚਲ ਨੇ ਦੱਸਿਆ ਕਿ ਉਨ੍ਹਾਂ ਨੂੰ ਪਿੰਡ ਛੱਡਿਆਂ 32 ਸਾਲ ਦੇ ਕਰੀਬ ਅਰਸਾ ਬੀਤ ਚੁੱਕਾ ਹੈ ਪਰ ਉਹ ਅੱਜ ਵੀ ਨਵੇਕਲੇ ਢੰਗ ਨਾਲ ਪਿੰਡ ਨਾਲ ਜੁੜੇ ਹੋਏ ਹਨ।ਉਨ੍ਹਾਂ ਦੱਸਿਆ ਉਹ ਪਿਛਲੇ ਕਰੀਬ ਦਸ ਸਾਲਾਂ ਤੋਂ ਆਪਣੇ ਪੋਤਰੇ ਸਮਰ ਮਲਹੋਤਰਾ ਦੇ ਜਨਮਦਿਨ ਦੇ ਸੰਬੰਧ ਵਿੱਚ ਆਪਣੇ ਪਿੰਡ ਦੇ ਕੁਝ ਲੋੜਵੰਦ ਲੋਕਾਂ ਨੂੰ ਆਪਣੇ ਵਿੱਤ ਅਨੁਸਾਰ ਹਰ ਸਾਲ ਗਰਮ ਬਸਤਰ ਵੰਡ ਕੇ ਪੋਤੇ ਦਾ ਜਨਮ ਦਿਨ ਮਨਾਉਂਦੇ ਆ ਰਹੇ ਹਨ। ਇਸ ਮੌਕੇ ਉਨ੍ਹਾਂ ਪਿੰਡਾਂ ਤੋਂ ਹਿਜਰਤ ਕਰਕੇ ਦੇਸ਼-ਵਿਦੇਸ਼ ਵਿੱਚ ਵੱਸ ਗਏ ਸਾਧਨ ਸੰਪੰਨ ਲੋਕਾਂ ਨੂੰ ਇਹ ਸੰਦੇਸ਼ ਵੀ ਦਿੱਤਾ ਕਿ ਉਨ੍ਹਾਂ ਨੂੰ ਵੀ ਆਪਣੇ ਪਿੰਡਾਂ ਨਾਲ ਆਨੇ ਬਹਾਨੇ ਜੁੜੇ ਰਹਿਣ ਦੇ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ ਅਤੇ ਵਿੱਤ ਅਨੁਸਾਰ ਲੋਕਾਂ ਦੀ ਬਾਂਹ ਵੀ ਫੜਨੀ ਚਾਹੀਦੀ ਹੈ। ਇਸ ਮੌਕੇ ਗੁਰਨਾਮ ਸਿੰਘ, ਸਵਰਨ ਦਾਸ, ਬਚਨ ਲਾਲ, ਅਜੀਤ ਰਾਮ, ਹਜ਼ੂਰ ਮਸੀਹ ਆਦਿ ਹਾਜ਼ਰ ਸਨ।

## ਸਾਊਥਾਲ 'ਚ ਵੀ ਗੂੰਜਿਆ ਰਾਮ ਨਾਮ ਦਾ ਜੈਕਾਰਾ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**—ਅਯੁੱਧਿਆ ਵਿਖੇ ਭਗਵਾਨ ਰਾਮ ਲੱਲਾ ਜੀ ਦੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਦੀਆਂ ਜਿਥੇ ਪੂਰੇ ਦੇਸ਼ ਵਿਚ ਖੁਸ਼ੀਆਂ ਮਨਾਈਆਂ ਗਈਆਂ ਓਥੇ ਹੀ ਇੰਗਲੈਂਡ ਦੇ ਸਾਊਥਾਲ ਵਿਚ ਰਹਿ ਰਹੇ ਅਰੁਣ ਸ਼ਰਮਾ ਨੇ ਦੱਸਿਆ ਕੀ ਲੰਡਨ ਵਿਚ ਰਹਿ ਰਹੇ ਰਾਮ ਭਗਤਾਂ ਦੇ ਮਨਾਂ ਵਿਚ ਖੁਸ਼ੀ ਦੀ ਲਹਿਰ ਹੈ ਅਤੇ ਇਥੇ ਵੀ ਪ੍ਰਵਾਸੀ ਭਾਰਤੀਆਂ ਨੇ ਸਿੱਧੇ ਪ੍ਰਸਾਰਨ ਰਾਹੀਂ ਦਰਸ਼ਨ ਕੀਤੇ ਅਤੇ ਸ਼ਾਮ ਨੂੰ ਆਪਣੇ ਘਰਾਂ ਵਿਚ ਦੀਪਮਾਲਾ ਉਪਰੰਤ ਆਤਿਸ਼ਬਾਜ਼ੀ ਕੀਤੀ। ਉਨ੍ਹਾਂ ਦਾ ਕਹਿਣਾ ਸੀ ਕਿ ਵਿਦੇਸ਼ਾਂ ਵਿਚ ਰਹਿੰਦੇ ਰਾਮ ਭਗਤ ਭਾਰਤ ਪਹੁੰਚ ਕੇ ਮੰਦਿਰ ਵਿਚ ਰਾਮ ਲੱਲਾ ਜੀ ਦੇ ਦਰਸ਼ਨ ਕਰਨ ਲਈ ਉਤਸ਼ਾਹਿਤ ਹਨ।

## 5 ਸਾਲਾਂ 'ਚ ਦੇਸ਼ ਦੀ ਨਿਆਂ ਪ੍ਰਨਾਲੀ ਸਭ ਤੋਂ ਆਧੁਨਿਕ ਬਣ ਜਾਵੇਗੀ: ਅਮਿਤ ਸ਼ਾਹ

**ਲੁਧਿਆਣਾ/ ਜਲੰਧਰ :** ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਮੰਗਲਵਾਰ ਨੂੰ ਨੈਸ਼ਨਲ ਫੋਰੈਂਸਿਕ ਸਾਇੰਸਜ਼ ਯੂਨੀਵਰਸਿਟੀ ਦੇ 5ਵੇਂ ਅੰਤਰਰਾਸ਼ਟਰੀ ਅਤੇ 44ਵੇਂ ਅਖਿਲ ਭਾਰਤੀ ਅਪਰਾਧ ਵਿਗਿਆਨ ਸੰਮੇਲਨ ਦੇ ਉਦਘਾਟਨੀ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਸਪੱਸ਼ਟ ਕੀਤਾ ਕਿ ਅਪਰਾਧਿਕ ਨਿਆਂ ਪ੍ਰਨਾਲੀ ਦੀਆਂ ਸਾਰੀਆਂ ਚੁਣੌਤੀਆਂ ਨਾਲ ਨਿਪਟਿਆ ਜਾ ਸਕਦਾ ਹੈ। ਟੈਕਨਾਲੋਜੀ ਦੀ ਮਦਦ ਨਾਲ 5 ਸਾਲਾਂ ਦੇ ਅੰਦਰ ਦੇਸ਼ ਦੀ ਨਿਆਂ ਪ੍ਰਨਾਲੀ ਦੁਨੀਆ ਦੀ ਸਭ ਤੋਂ ਆਧੁਨਿਕ ਬਣ ਜਾਵੇਗੀ। ਇਹ ਵੀ ਇਤਫਾਕ ਹੀ ਹੈ ਕਿ ਨੈਸ਼ਨਲ ਫੋਰੈਂਸਿਕ ਸਾਇੰਸਜ਼ ਯੂਨੀਵਰਸਿਟੀ ਦੀ 5ਵੀਂ ਅੰਤਰਰਾਸ਼ਟਰੀ ਅਤੇ 44ਵੀਂ ਆਲ ਇੰਡੀਆ ਕ੍ਰਿਮੀਨੋਲੋਜੀ ਕਾਨਫਰੰਸ ਦਾ ਉਦਘਾਟਨ ਅਜਿਹੇ ਸਮੇਂ ਹੋ ਰਿਹਾ ਹੈ ਜਦੋਂ ਭਾਰਤ ਦੀ ਅਪਰਾਧਿਕ ਨਿਆਂ ਪ੍ਰਨਾਲੀ ਇੱਕ ਨਵੇਂ ਯੁੱਗ ਵਿੱਚ ਪ੍ਰਵੇਸ਼ ਕਰ ਰਹੀ ਹੈ। ਦੂਰਅੰਦੇਸ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੰਗਰੇਜ਼ਾਂ ਦੁਆਰਾ ਬਣਾਏ ਕਾਨੂੰਨ ਵਿੱਚ ਬੁਨਿਆਦੀ ਤਬਦੀਲੀਆਂ ਕਰਦੇ ਹੋਏ ਨਿਊ ਇੰਡੀਆ ਵਿੱਚ ਨਵੇਂ ਕਾਨੂੰਨ ਦੀ ਤਜਵੀਜ਼ ਰੱਖੀ ਸੀ।

## ਬਾਬਾ ਦੀਪ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਆਰੰਭ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੁਰਦੁਆਰਾ ਸਤਿਸੰਗ ਸਭਾ ਬਾਜਾਰ ਲੁਹਾਰਾ ਵਿਖੇ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 7 ਦਿਨਾ ਗੁਰਮਤਿ ਸਮਾਗਮ ਦੀਆਂ ਲੜੀਆਂ ਆਰੰਭ ਕੀਤੀਆਂ ਗਈਆਂ। 7 ਦਿਨਾ ਗੁਰਮਤਿ ਸਮਾਗਮ ਬਾਰੇ ਭਾਈ ਗੁਰਇਕਬਾਲ ਸਿੰਘ ਨੇ ਦੱਸਿਆ ਕਿ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਤਿਸੰਗ ਸਭਾ ਬਾਜਾਰ ਲੁਹਾਰਾ ਵਿਖੇ 26 ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠਾਂ ਦੀਆਂ ਲੜੀਆਂ ਆਰੰਭ ਕੀਤੀਆਂ ਗਈਆਂ ਜਿਨ੍ਹਾਂ ਦੇ ਭੋਗ 24 ਜਨਵਰੀ ਸਵੇਰ 9 ਵਜੇ ਪੈਣਗੇ ਉਪਰੰਤ 9 ਵਜੇ ਤੋਂ 12 ਵਜੇ ਤੱਕ ਕਥਾ ਕੀਰਤਨ ਦੇ ਦਿਵਾਨ ਸਜਾਏ ਅਤੇ 21 ਜਨਵਰੀ ਤੋਂ 23 ਜਨਵਰੀ ਤੱਕ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜਪ ਤਪ ਚੌਪਹਿਰਾ ਸਮਾਗਮ ਹੋਣਗੇ ਅਤੇ 26 ਜਨਵਰੀ ਨੂੰ ਸਾਰਾ ਦਿਨ ਗੁਰਮਤਿ ਸਮਾਗਮ ਹੋਣਗੇ ਜਿਸ ਵਿੱਚ ਸੰਤ ਮਹਾਂਪੁਰਸ਼ ਅਤੇ ਪੰਥ ਪ੍ਰਸਿੱਧ ਕੀਰਤਨੀਏ ਜਥਿਆਂ ਤੋਂ ਇਲਾਵਾ ਭਾਈ ਗੁਰਇਕਬਾਲ ਸਿੰਘ ਵਿਸ਼ੇਸ਼ ਤੌਰ 'ਤੇ ਕਥਾ ਕੀਰਤਨ ਦੀਆਂ ਛਹਿਬਰਾਂ ਲਗਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ ਰੋਜ਼ਾਨਾ ਗੁਰੂ ਕੇ ਲੰਗਰ ਅਟੁੱਟ ਵਰਤਣਗੇ।

## ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਧਾਰੀਵਾਲ 'ਚ ਪ੍ਰਾਣ ਪ੍ਰਤਿਸ਼ਠਾ ਸਮਾਗਮ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸਥਾਨਕ ਨਵਾਂ ਬੱਸ ਸਟੈਂਡ ਧਾਰੀਵਾਲ ਵਿਖੇ ਮਰਯਾਦਾ ਪੁਰਸ਼ੋਤਮ ਭਗਵਾਨ ਸ਼੍ਰੀ ਰਾਮ ਜੀ ਦਾ ਪ੍ਰਾਣ ਪ੍ਰਤਿਸ਼ਠਾ ਸਮਾਗਮ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ। ਸਮਾਗਮ ਦੀ ਸ਼ੁਰੂਆਤ ਮੌਕੇ ਹਵਨ ਯੱਗ ਕੀਤਾ ਗਿਆ। ਉਪਰੰਤ ਸੁੰਦਰ ਕਾਂਡ ਦਾ ਪਾਠ ਮਗਰੋਂ ਭਜਨ ਮੰਡਲੀਆਂ ਨੇ ਭਗਵਾਨ ਸ਼੍ਰੀ ਰਾਮ ਜੀ ਦੇ ਮਹਿਮਾ ਭਰਪੂਰ ਭਜਨ ਗਾਇਨ ਕੀਤੇ। ਪੂਰਾ ਪੰਡਾਲ ਰਾਮ ਨਾਮ ਦੇ ਜੈਕਾਰਿਆਂ ਨਾਲ ਗੂੰਜ ਉਠਿਆ। ਇਸ ਦੌਰਾਨ ਸਾਰਾ ਦਿਨ ਲੰਗਰ ਵਰਤਦੇ ਰਹੇ। ਇਸ ਮੌਕੇ ਉਚੇਚੇ ਤੌਰ ਤੇ ਪਹੁੰਚੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਐਡਵੋਕੇਟ ਜਗਰੂਪ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਹਲਕਾ ਕਾਦੀਆਂ ਦੇ ਸ਼ਹਿਰ ਧਾਰੀਵਾਲ ਸਮੇਤ ਪੂਰੇ ਜ਼ਿਲ੍ਹਾ ਗੁਰਦਾਸਪੁਰ ਅਤੇ ਦੇਸ਼ ਅੰਦਰ ਵੱਖ-ਵੱਖ ਸਥਾਨਾਂ 'ਤੇ ਲੋਕਾਂ ਵਲੋਂ ਭਗਵਾਨ ਪ੍ਰਾਣ ਪ੍ਰਤਿਸ਼ਠਾ ਸਮਾਗਮ ਕਰਵਾਏ ਗਏ। ਉਨ੍ਹਾਂ ਕਿਹਾ ਕਿ ਭਗਵਾਨ ਰਾਮ ਨੇ ਲੋਕਾਂ ਨੂੰ ਆਪਸੀ ਪਿਆਰ, ਭਾਈਚਾਰਕ ਸਾਂਝੀਵਾਲਤਾ, ਸ਼ਾਂਤੀ ਤੇ ਆਪਸ ਵਿੱਚ ਮਿਲਜੁਲ ਕੇ ਰਹਿਣ ਦਾ ਸੰਦੇਸ਼ ਦਿੱਤਾ। ਭਗਵਾਨ ਰਾਮ ਦੀਆਂ ਸਿੱਖਿਆਵਾਂ ਹਮੇਸ਼ਾ ਸਾਡਾ ਮਾਰਗ ਦਰਸ਼ਨ ਕਰਦੀਆਂ ਰਹਿਣਗੀਆਂ। ਉਨ੍ਹਾਂ ਸਮੂਹ ਦੇਸ਼ ਵਾਸੀਆਂ ਅਤੇ ਵਿਦੇਸ਼ਾਂ ਵਿੱਚ ਵੱਸਦੇ ਰਾਮ ਜੀ ਦੇ ਭਗਤਾਂ ਨੂੰ ਪ੍ਰਾਣ ਪ੍ਰਤਿਸ਼ਠਾ ਸਮਾਗਮ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਆਪਸੀ ਪਿਆਰ, ਏਕਤਾ ਤੇ ਸਾਂਝੀਵਾਲਤਾ ਨਾਲ ਰਹਿ ਕੇ ਸੂਬੇ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਵੀ ਉਚੇਚੇ ਤੌਰ 'ਤੇ ਸਮਾਗਮ ਵਿੱਚ ਪਹੁੰਚ ਕੇ ਸ਼ਹਿਰ ਵਾਸੀਆਂ ਨਾਲ ਖੁਸ਼ੀਆਂ ਸਾਂਝੀਆਂ ਕਰਦੇ ਹੋਏ ਉਨ੍ਹਾਂ ਨੂੰ ਭਗਵਾਨ ਸ਼੍ਰੀ ਰਾਮ ਜੀ ਦੀ ਪ੍ਰਾਣ ਪ੍ਰਤਿਸ਼ਠਾ ਸਮਾਗਮ ਦੀ ਵਧਾਈ ਦਿੱਤੀ। ਇਸ ਮੌਕੇ ਵਾਈਸ ਆਫ ਧਾਰੀਵਾਲ ਦੇ ਕਨਵੀਨਰ ਡਾਕਟਰ ਕਮਲਜੀਤ ਸਿੰਘ ਕੇ. ਜੇ. ਨੇ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋ ਕੇ ਸ਼ਹਿਰ ਵਾਸੀਆਂ ਨੂੰ ਵਧਾਈ ਦਿੱਤੀ ਅਤੇ ਖੁਸ਼ੀਆਂ ਸਾਂਝੀਆਂ ਕੀਤੀਆਂ। ਸ਼ਰਧਾਲੂਆਂ ਨੇ ਮੰਦਰਾਂ ਅਤੇ ਆਪਣੇ ਘਰਾਂ ਵਿੱਚ ਦੀਪਮਾਲਾ ਕੀਤੀ। ਸ਼ਹਿਰ ਅੰਦਰ 21 ਹਜ਼ਾਰ ਦੀਵੇ ਜਗਾ ਕੇ ਸ਼ਹਿਰ ਨੂੰ ਰੁਸ਼ਨਾਇਆ।

ਸਮਾਗਮ ਵਿੱਚ ਹੋਰਨਾ ਤੋਂ ਇਲਾਵਾ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ, ਦਲਜੀਤ ਸਿੰਘ ਪੀਏ ਟੂ ਸੇਖਵਾਂ, ਸਾਬਕਾ ਕੌਂਸਲਰ ਰਮੇਸ਼ ਮੇਸ਼ਾ, ਭੁਪਿੰਦਰ ਸਿੰਘ ਰਣੀਆਂ, ਸਾਬਾ ਭੱਟੀ ਫੱਤੇਨੰਗਲ, ਗੋਪਾਲ, ਸ਼ਰਮਾ ਆਦਿ ਸਮੇਤ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਸੋਈ ਦੇ ਕੌਮੀ ਪ੍ਰਧਾਨ ਢਿੱਲੋਂ ਦਾ ਮਾਝੇ ਦੀ ਧਰਤੀ 'ਤੇ ਭਰਵਾਂ ਸਵਾਗਤ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਸਟੂਡੈਂਟਸ ਆਰਗੇਨਾਈਜੇਸ਼ਨ ਆਫ ਇੰਡੀਆ ਦੇ ਨਵ-ਨਿਯੁਕਤ ਕੌਮੀ ਪ੍ਰਧਾਨ ਰਣਬੀਰ ਸਿੰਘ ਢਿੱਲੋਂ (ਕੜਮਾਂ) ਦਾ ਮਾਝੇ ਦੀ ਧਰਤੀ 'ਤੇ ਪਹੁੰਚਣ 'ਤੇ ਅਕਾਲੀ ਆਗੂਆਂ ਅਤੇ ਵਰਕਰਾਂ ਨੇ ਗਰਮਜੋਸ਼ੀ ਨਾਲ ਭਰਵਾਂ ਸੁਆਗਤ ਕੀਤਾ।ਆਪਣੀ ਨਿੱਜੀ ਰਿਹਾਇਸ਼ ਤੋਂ ਵੱਡੇ ਕਾਫਲੇ ਦੇ ਰੂਪ ਵਿਚ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨਤਮਸਤਕ ਹੋਣ ਲਈ ਜਾਣ ਸਮੇਂ ਹਰੀਕੇ ਵਿਖੇ ਸੁਆਗਤ ਕਰਦਿਆਂ ਟਹਿਲ ਸੇਵਾ ਕੀਤੀ ਗਈ।ਸਾਬਕਾ ਮੰਤਰੀ ਆਦੇਸ਼ ਪ੍ਰਤਾਪ ਸਿੰਘ ਕੈਰੋਂ ਅਤੇ ਦਿਲਸ਼ੇਰ ਪ੍ਰਤਾਪ ਸਿੰਘ ਕੈਰੋਂ ਦੇ ਦਿਸ਼ਾ ਨਿਰਦੇਸ਼ਾਂ ਤੇ ਚੇਅਰਮੈਨ ਗੁਰਦੀਪ ਸਿੰਘ ਧਾਰੀਵਾਲ, ਡਾ, ਜੋਗਾ ਸਿੰਘ ਵਿਰਕ, ਦਿਲਬਾਗ ਸਿੰਘ ਸੈਦੋਂ, ਠੇਕੇਦਾਰ ਇਕਬਾਲ ਸਿੰਘ, ਭੁਪਿੰਦਰ ਸਿੰਘ ਹਰੀਕੇ ਆਦਿ ਨੇ ਰਣਬੀਰ ਸਿੰਘ ਢਿੱਲੋਂ ਨੂੰ ਵਧਾਈ ਦਿੰਦਿਆਂ ਸਿਰਪਾਉ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਅਰਵਿੰਦਰ ਕੁਮਾਰ ਸ਼ਰਮਾ, ਰਾਜ ਕੁਮਾਰ ਰਾਜੂ ਮੈਂਬਰ ਨੇ ਵੀ ਯਾਦਗਾਰੀ ਚਿੰਨ੍ਹ ਭੇਟ ਕੀਤੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਣਬੀਰ ਸਿੰਘ ਢਿੱਲੋਂ ਨੇ ਜਿਥੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ ਦਾ ਧੰਨਵਾਦ ਕੀਤਾ ਉਥੇ ਹੀ ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨ ਦੀ ਗੱਲ ਕੀਤੀ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਅੱਗੇ ਲਾਉਣ ਲਈ ਕੋਈ ਸਿਆਸੀ ਪਾਰਟੀ ਜ਼ੁੰਮੇਵਾਰ ਭੂਮਿਕਾ ਨਹੀਂ ਨਿਭਾ ਰਹੀਜਦੋਂਕਿ ਮਿਹਨਤੀ ਅਤੇ ਟਕਸਾਲੀ ਪਰਿਵਾਰਾਂ ਨੂੰ ਅਕਾਲੀ ਦਲ ਹੀ ਨੁਮਾਇੰਦਗੀ ਦੇ ਸਕਦਾ ਹੈ।ਉਨ੍ਹਾਂ ਦੱਸਿਆ ਕਿ ਯੂਥ ਕੇਡਰ ਦੇ ਲਈ ਅਕਾਲੀ ਦਲ ਵੱਲੋਂ ਬਣਾਏ ਬੋਰਡ ਦੀ ਤਰਜ਼ 'ਤੇ ਬਾਕੀ ਸਿਆਸੀ ਪਾਰਟੀਆਂ ਚੱਲ ਰਹੀਆਂ ਹਨ ਜਿਸ ਤੋਂ ਸਿੱਧ ਹੁੰਦਾ ਹੈ ਕਿ ਸੁਖਬੀਰ ਸਿੰਘ ਬਾਦਲ ਦੀ ਸੋਚ ਨਾਲ ਹੀ ਨੌਜਵਾਨ ਸਹੀ ਦਿਸ਼ਾ ਵੱਲ ਜਾਣਗੇ।ਇਸ ਮੌਕੇ ਬਲਜਿੰਦਰ ਸਿੰਘ ਵਿਰਕ, ਗੁਰਪ੍ਰੀਤ ਸਿੰਘ ਮਾਨ, ਦਵਿੰਦਰ ਸਿੰਘ ਮਾਨ, ਗੁਰਸਾਹਿਬ ਸਿੰਘ ਰਾੜੀਆ, ਗੁਰਮੀਤ ਸਿੰਘ ਵਿਰਕ, ਗੁਰਤਾਜ ਸਿੰਘ, ਗੁਰਵਿੰਦਰ ਸਿੰਘ, ਡਾ. ਜਗਪ੍ਰੀਤ ਸਿੰਘ, ਸਰਪੰਚ ਰੇਸ਼ਮ ਸਿੰਘ, ਡਾ. ਗੁਰਵਿੰਦਰ ਸਿੰਘ, ਹਰਬੀਰ ਸਿੰਘ ਧਾਰੀਵਾਲ, ਤਜਿੰਦਰ ਸਿੰਘ ਕਾਲਾ, ਸ਼ਿੰਗਾਰਾ ਸਿੰਘ ਵਿਰਕ, ਸਾਹਿਬ ਸਿੰਘ ਸੰਧੂ, ਲਾਲਜੀਤ ਸਿੰਘ ਸੰਧੂ ਆਦਿ ਹਾਜ਼ਰ ਸਨ।

## ਲਾਇਬ੍ਰੇਰੀ ਰੋਡ ਸਥਿਤ ਗੁਰਦਾਸਪੁਰ ਸੜਕ ਕੰਢੇ ਬਣੇ ਨਾਲੇ 'ਚ ਗੰਦਗੀ ਦੀ ਭਰਮਾਰ



**ਗੁਰਦਾਸਪੁਰ (ਜਨਕ ਮਹਾਜਨ)**-ਲਾਇਬ੍ਰੇਰੀ ਰੋਡ ਸਥਿਤ ਗੁਰਦਾਸਪੁਰ ਸੜਕ ਦੀ ਸਫ਼ਾਈ ਪੱਖੋਂ ਖਸਤਾ ਹਾਲਤ ਬਣੀ ਹੋਈ ਹੈ। ਰੋਜ਼ਾਨਾ ਸਵੇਰੇ ਦੇਰ ਨਾਲ ਹੀ ਸੜਕ ਦੀ ਸਫ਼ਾਈ ਦਾ ਕੰਮ ਸ਼ੁਰੂ ਹੁੰਦਾ ਹੈ। ਇਸ ਸੜਕ ਕਿਨਾਰੇ ਬਣੇ ਗੰਦੇ ਨਾਲੇ ਦੀ ਲੰਬੇ ਸਮੇਂ ਤੋਂ ਸਫ਼ਾਈ ਨਾ ਹੋਣ ਕਾਰਨ ਹਰ ਵੇਲੇ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਹ ਨਾਲਾ ਕਈ ਜਗ੍ਹਾ ਤੋਂ ਬੰਦ ਹੋਣ ਕਾਰਨ ਇਸ ਵਿਚ ਗੰਦਾ ਪਾਣੀ ਨਹੀਂ ਚੱਲਦਾ। ਇਸ ਸੜਕ 'ਤੇ ਪੈਂਦੇ ਪੰਜਾਬ ਨੈਸ਼ਨਲ ਬੈਂਕ ਦੀ ਇਮਾਰਤ ਅੱਗੇ ਬਣੇ ਗੰਦੇ ਨਾਲੇ ਵਿਚ ਹਰ ਵੇਲੇ ਗੰਦਗੀ ਦੀ ਭਰਮਾਰ ਰਹਿੰਦੀ ਹੈ। ਗੰਦਗੀ ਕਰਕੇ ਮੱਛਰ, ਮੱਖੀਆਂ ਦੀ ਵੀ ਭਰਮਾਰ ਰਹਿੰਦੀ ਹੈ। ਬੈਂਕ ਅੰਦਰ ਰੋਜ਼ਾਨਾਂ ਲੋਕਾ ਦਾ ਆਉਣਾ ਜਾਣਾ ਲੱਗਾ ਰਹਿੰਦਾ ਹੈ ਅਤੇ ਇਸ ਗੰਦਗੀ ਨੂੰ ਲੈ ਕੇ ਲੋਕਾਂ ਦਾ ਨਗਰ ਕੌਂਸਲ ਖ਼ਿਲਾਫ਼ ਭਾਰੀ ਰੋਸ ਵੇਖਣ ਨੂੰ ਮਿਲ ਰਿਹਾ ਹੈ। ਲੋਕਾਂ ਨੇ ਜਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਸ ਸੜਕ ਦੇ ਨਾਲ-ਨਾਲ ਇਸ ਗੰਦੇ ਪਾਣੀ ਦੇ ਨਿਕਾਸ ਲਈ ਬਣੇ ਨਾਲੇ ਦੀ ਹਾਲਤ 'ਤੇ ਵੀ ਤਰਸ ਕਰਕੇ ਇਸ ਦੀ ਸਫ਼ਾਈ ਦਾ ਕੋਈ ਠੋਸ ਹੱਲ ਕੱਢਿਆ ਜਾਵੇ। ਜ਼ਿਕਰਯੋਗ ਹੈ ਕਿ ਇਸ ਨਾਲੇ ਸਬੰਧੀ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਕਈ ਵਾਰ ਮਿਲ ਕੇ ਅਤੇ ਫ਼ੋਨ ਕਰਕੇ ਬੇਨਤੀਆਂ ਕੀਤੀਆਂ ਪਰ ਕੋਈ ਠੋਸ ਹੱਲ ਨਹੀਂ ਹੋਇਆ। ਇਲਾਕਾ ਵਾਸੀਆਂ ਨੇ ਉਚ ਅਧਿਕਾਰੀਆਂ ਤੋਂ ਇਲਾਵਾ ਰਮਨ ਬਹਿਲ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਪੰਜਾਬ ਪਾਸੋਂ ਪੁਰਜ਼ੋਰ ਮੰਗ ਕੀਤੀ ਕਿ ਸੜਕ ਦੀ ਸਫ਼ਾਈ ਖਾਸ ਕਰਕੇ ਇਸ ਸੜਕ 'ਤੇ ਗੋਲਡਨ ਸਕੂਲ ਦੀ ਗਲੀ ਤੋਂ ਲੈ ਕੇ ਡਾ. ਅਸ਼ੋਕ ਮਹਾਜਨ ਦੀ ਗਲੀ ਤੱਕ ਬਣੇ ਨਾਲੇ ਦੀ ਖਸਤਾ ਹਾਲਤ ਵੱਲ ਵਿਸ਼ੇਸ ਧਿਆਨ ਦਿੱਤਾ ਜਾਵੇ ਤਾਂ ਜੋ ਲੋਕਾਂ ਦੀ ਕਾਫ਼ੀ ਦੇਰ ਤੋਂ ਚਲ ਰਹੀ ਮੁਸ਼ਕਿਲ ਦਾ ਹੱਲ ਹੋ ਸਕੇ।

## ਖਾਲਸਾ ਕਾਲਜ ਆਫ ਇੰਜੀਨੀਅਰਿੰਗ ਵਿਖੇ ਟ੍ਰੈਫਿਕ ਜਾਗਰੂਕਤਾ ਸੈਸ਼ਨ ਕਰਵਾਇਆ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਅਤੇ ਟੈਕਨਾਲੋਜੀ, ਰਣਜੀਤ ਐਵੀਨਿਊ ਨੇ ਨਹਿਰੂ ਯੁਵਾ ਕੇਂਦਰ, ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ ਦੁਆਰਾ 'ਮੇਰਾ ਭਾਰਤ' ਪਹਿਲਕਦਮੀ ਤਹਿਤ ਸੜਕ ਸੁਰੱਖਿਆ ਨੂੰ ਵਧਾਉਣ ਅਤੇ ਜ਼ਿੰਮੇਵਾਰੀ ਨਾਲ ਆਉਣ-ਜਾਣ ਨੂੰ ਉਤਸ਼ਾਹਿਤ ਕਰਨ ਸਬੰਧੀ ਇਕ ਪ੍ਰਭਾਵਸ਼ਾਲੀ ਟ੍ਰੈਫਿਕ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ। ਜ਼ਿਲ੍ਹਾ ਟ੍ਰੈਫਿਕ ਪੁਲਿਸ ਕਮਿਸ਼ਨਰੇਟ ਦੇ ਸਹਿਯੋਗ ਨਾਲ ਟ੍ਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਚਲਾਈ ਗਈ ਇਸ ਮੁਹਿੰਮ ਦਾ ਉਦੇਸ਼ ਕਾਲਜ ਵਿਦਿਆਰਥੀਆਂ ਅਤੇ ਸਟਾਫ਼ 'ਚ ਆਵਾਜਾਈ ਨਿਯਮਾਂ ਦੀ ਪਾਲਣਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਨੇ ਆਵਾਜਾਈ ਕਾਨੂੰਨਾਂ ਦੀ ਮਹੱਤਤਾ, ਸੁਰੱਖਿਅਤ ਡਰਾਈਵਿੰਗ ਤਕਨੀਕਾਂ ਅਤੇ ਇਨ੍ਹਾਂ ਨੂੰ ਤੋੜਨ ਦੇ ਦੂਰਗਾਮੀ ਪ੍ਰਭਾਵਾਂ ਬਾਰੇ ਜੀਵੰਤ ਗੱਲਬਾਤ ਕੀਤੀ। ਇਸ ਮੌਕੇ ਕਾਲਜ ਡਾਇਰੈਕਟਰ ਡਾ. ਮੰਜੂ ਬਾਲਾ ਨੇ ਸਮਾਗਮ ਦੇ ਬੁਲਾਰੇ ਟ੍ਰੈਫਿਕ ਐਜੂਕੇਸ਼ਨ ਸੈੱਲ ਤੋਂ ਐੱਸ. ਆਈ. ਦਲਜੀਤ ਸਿੰਘ ਅਤੇ ਐੱਚ. ਸੀ. ਸਲਵੰਤ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਕ ਵਿੱਦਿਅਕ ਸੰਸਥਾ ਹੋਣ ਦੇ ਨਾਤੇ, ਸਾਡਾ ਫ਼ਰਜ਼ ਬਣਦਾ ਹੈ ਕਿ ਅਸੀਂ ਨਾ ਸਿਰਫ਼ ਅਕਾਦਮਿਕ ਤੌਰ 'ਤੇ ਹੁਨਰਮੰਦ ਵਿਅਕਤੀਆਂ ਨੂੰ, ਸਗੋਂ ਜ਼ਿੰਮੇਵਾਰ ਨਾਗਰਿਕਾਂ ਨੂੰ ਵੀ ਰੂਪ ਦੇਈਏ। ਉਨ੍ਹਾਂ ਕਿਹਾ ਕਿ ਅਜਿਹੇ ਇੰਟਰਐਕਟਿਵ ਸੈਸ਼ਨਾਂ ਨਾਲ ਅਸੀਂ ਆਪਣੇ ਵਿਦਿਆਰਥੀਆਂ 'ਚ ਸੜਕ ਸੁਰੱਖਿਆ ਲਈ ਜ਼ਿੰਮੇਵਾਰੀ ਅਤੇ ਜਾਗਰੂਕਤਾ ਦੀ ਭਾਵਨਾ ਪੈਦਾ ਕਰਨ ਦੀ ਉਮੀਦ ਕਰਦੇ ਹਾਂ ਜੋ ਕਿ ਸਾਡੇ ਨਾਗਰਿਕ ਫਰਜ਼ਾਂ ਦਾ ਇਕ ਜ਼ਰੂਰੀ ਹਿੱਸਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸੈਸ਼ਨ ਵੱਡੇ ਪੱਧਰ 'ਤੇ ਯੋਗਦਾਨ ਪਾਉਣ ਲਈ ਇਕ ਪਲੇਟਫਾਰਮ ਹਨ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਨੌਜਵਾਨਾਂ ਨੂੰ ਟ੍ਰੈਫਿਕ ਪ੍ਰਬੰਧਨ ਸਬੰਧੀ ਨਿਯਮਾਂ ਬਾਰੇ ਜਾਗਰੂਕ ਕਰਨ ਦਾ ਇਹ ਸਹੀ ਸਮਾਂ ਹੈ, ਕਿਉਂਕਿ ਅਜਿਹੇ ਨਿਯਮਾਂ ਪ੍ਰਤੀ ਲਾਪ੍ਰਵਾਹੀ ਅਤੇ ਰੇਸ਼ ਡਰਾਈਵਿੰਗ ਭਾਰਤ 'ਚ ਮੌਤਾਂ ਦਾ ਇਕ ਵੱਡਾ ਕਾਰਨ ਹੈ।

ਇਸ ਮੌਕੇ ਦਲਜੀਤ ਸਿੰਘ ਅਤੇ ਸਲਵੰਤ ਸਿੰਘ ਨੇ ਸੰਬੋਧਨ ਕਰਦਿਆਂ ਸੜਕ ਸੁਰੱਖਿਆ ਨੂੰ ਉਤਸ਼ਾਹਿਤ ਕਰਨ ਲਈ ਵਿੱਦਿਅਕ ਸੰਸਥਾਵਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤ? ਉਨ੍ਹਾਂ ਨੇ ਆਮ ਆਵਾਜਾਈ ਉਲੰਘਣਾਵਾਂ ਸਬੰਧੀ ਸੰਬੋਧਨ ਕਰਦਿਆਂ ਸੜਕ 'ਤੇ ਗੈਰ-ਜ਼ਿੰਮੇਵਾਰਾਨਾ ਵਿਵਹਾਰ ਦੇ ਸੰਭਾਵੀ ਨਤੀਜਿਆਂ ਨੂੰ ਉਜਾਗਰ ਕੀਤਾ। ਇਸ ਉਪਰੰਤ ਡਾ: ਬਾਲਾ ਦੀ ਅਗਵਾਈ 'ਚ ਤਖ਼ਤੀਆਂ, ਬੈਨਰ ਅਤੇ ਟ੍ਰੈਫ਼ਿਕ ਜਾਗਰੂਕਤਾ ਨਾਅਰੇ ਲਿਖ ਕੇ ਵਿਦਿਆਰਥੀਆਂ ਨੇ ਰੈਲੀ ਕੱਢੀ ਅਤੇ ਲੋਕਾਂ ਨੂੰ ਆਵਾਜਾਈ ਨਿਯਮਾਂ ਬਾਰੇ ਜਾਗਰੂਕ ਕੀਤਾ।

## ਨਕਲੀ ਮਹਿਲਾ ਅਧਿਕਾਰੀ ਸਮੇਤ 6 ਵਿਰੁੱਧ ਕੇਸ ਦਰਜ ਕਰਨ ਦੀ ਸਿਫਾਰਸ਼

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**—ਬੀਤੇ ਦਿਨੀਂ ਅੰਮ੍ਰਿਤਸਰ ਸਬ ਰਜਿਸਟਰਾਰ-3 ਦੇ ਦਫ਼ਤਰ ਵਿੱਚ ਆਪਣੇ ਆਪ ਨੂੰ ਆਈਐੱਫਐੱਸ ਅਧਿਕਾਰੀ ਦੱਸ ਕੇ ਘੁੰਡ ਕੱਢਣ ਵਾਲੀ ਜਿਸ ਔਰਤ ਨੇ ਜਾਅਲੀ ਰਜਿਸਟਰੀ ਭੁਗਤਾਈ ਸੀ, ਵਿਰੁੱਧ ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਵੱਲੋਂ ਪੁਲਸ ਕੋਲ ਐੱਫਆਈਆਰ ਦਰਜ ਕਰਨ ਦੀ ਸਿਫਾਰਿਸ਼ ਕੀਤੀ ਗਈ ਹੈ।ਇਸਦੇ ਨਾਲ ਹੀ ਉਨ੍ਹਾਂ ਨੇ ਐੱਫਸੀਆਰ ਨੂੰ ਸਬੰਧਤ ਸਭ ਰਜਿਸਟਰਾਰ ਦੀ ਭੂਮਿਕਾ ਦੀ ਤਹਿਕੀਕਾਤ ਕਰਨ ਬਾਰੇ ਵੀ ਪੱਤਰ ਲਿਖਿਆ ਹੈ।ਡਿਪਟੀ ਕਮਿਸ਼ਨਰ ਨੇ ਇਸ ਮਾਮਲੇ ਨਾਲ ਸਬੰਧਤ ਵਿਭਾਗ ਦੇ ਸੇਵਾਦਾਰ ਗੁਰਧੀਰ ਨੂੰ ਮੁਅੱਤਲ ਕਰਕੇ ਚਾਰਜਸ਼ੀਟ ਕੀਤਾ ਹੈ।ਸ਼੍ਰੀ ਥੋਰੀ ਨੇ ਕਮਿਸ਼ਨਰ ਪੁਲਸ ਨੂੰ ਲਿਖੇ ਪੱਤਰ ਵਿੱਚ ਦੱਸਿਆ ਕਿ ਸੁਧਾ ਭੰਡਾਰੀ ਵਲੋਂ ਨਿੱਜੀ ਤੌਰ 'ਤੇ ਪੇਸ਼ ਹੋ ਕੇ ਦਰਖਾਸਤ ਦਿੱਤੀ ਗਈ ਸੀ ਕਿ ਉਸਦੀ ਬੇਟੀ ਰਚਿਤਾ ਭੰਡਾਰੀ ਦੀ ਜਾਇਦਾਦ ਜੋ ਕਿ ਪਿੰਡ ਹੇਰ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੈ, ਉਤੇ ਅਣਅਧਿਕਾਰਤ ਧਿਰ ਵੱਲੋਂ ਕਬਜ਼ਾ ਕੀਤਾ ਗਿਆ ਹੈ।ਇਸ ਮਸਲੇ ਦੀ ਉਪ ਮੰਡਲ ਮੈਜਿਸਟਰੇਟ ਅੰਮ੍ਰਿਤਸਰ-2 ਕੋਲੋਂ ਪੜਤਾਲ ਕਰਵਾਈ ਗਈ ਤਾਂ ਪਤਾ ਲੱਗਾ ਕਿ ਸਬੰਧਤ ਧਿਰਾਂ ਵੱਲੋਂ ਰਜਿਸਟਰੇਸ਼ਨ ਐਕਟ 1908 ਦੀ ਉਲੰਘਣਾ ਕਰਦੇ ਹੋਏ ਰਜਿਸਟਰੀ ਕਰਵਾਈ ਗਈ ਹੈ।ਕੀਤੀ ਗਈ ਪੜਤਾਲ ਵਿੱਚ ਸਾਹਮਣੇ ਆਇਆ ਕਿ ਖਰੀਦਦਾਰ ਸ਼ੇਰ ਸਿੰਘ, ਅਗਿਆਤ ਵੇਚਵਾਲ, ਵਸੀਕਾ ਨਵੀਸ ਅਸ਼ਵਨੀ ਕੁਮਾਰ, ਗਵਾਹ ਨੰਬਰਦਾਰ ਰੁਪਿੰਦਰ ਕੌਰ, ਗਵਾਹ ਜੇਮਸ ਹੰਸ, ਕਚਹਿਰੀ ਕੰਪਲੈਕਸ ਵਿੱਚ ਕੰਮ ਕਰਦੇ ਪ੍ਰਾਈਵੇਟ ਕਾਰਿੰਦੇ ਨਰਾਇਣ ਸਿੰਘ ਉਰਫ਼ ਸ਼ੇਰਾ ਦੋਸ਼ੀ ਪਾਏ ਗਏ ਹਨ, ਜਿਨ੍ਹਾਂ ਵਿਰੁੱਧ ਰਜਿਸਟਰੇਸ਼ਨ ਐਕਟ 1908 ਅਤੇ ਆਈਪੀਸੀ ਐਕਟ ਤਹਿਤ ਬਣਦੇ ਜੁਰਮਾਂ ਅਧੀਨ ਐੱਫਆਈਆਰ ਕੀਤੀ ਜਾਵੇ। ਉਨ੍ਹਾਂ ਪੱਤਰ ਵਿੱਚ ਲਿਖਿਆ ਕਿ ਵਸੀਕਾ ਨਵੀਸ ਸੰਜੀਵ ਦੁੱਗਲ ਦੇ ਪ੍ਰਾਈਵੇਟ ਕਾਰਿੰਦੇ ਵਿਰੁੱਧ ਕਾਰਵਾਈ ਦੀ ਸਿਫਾਰਿਸ਼ ਕੀਤੀ ਗਈ ਹੈ ਪਰੰਤੂ ਸੰਜੀਵ ਦੁੱਗਲ ਦੀ ਮੁੱਢਲੇ ਤੌਰ 'ਤੇ ਕੋਈ ਸ਼ਮੂਲੀਅਤ ਸਾਹਮਣੇ ਨਹੀਂ ਆਈ। ਜੇਕਰ ਦੌਰਾਨੇ ਪੁਲਸ ਪੜਤਾਲ ਸੰਜੀਵ ਦੁੱਗਲ ਵਸੀਕਾ ਨਵੀਸ ਦੀ ਕੋਈ ਸ਼ਮੂਲੀਅਤ ਪਾਈ ਜਾਂਦੀ ਹੈ ਤਾਂ ਉਸ ਵਿਰੁੱਧ ਵੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ।

## ਖ਼ੂਨ ਦਾਨ ਦੁਨੀਆ ਦਾ ਸਭ ਤੋਂ ਵੱਡਾ ਦਾਨ : ਡਾ. ਗੁਰਪ੍ਰੀਤ ਸਿੰਘ




**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**—ਖ਼ੂਨ ਦਾਨ ਸਭ ਤੋਂ ਵੱਡਾ ਦਾਨ ਹੈ। ਇਹ ਪ੍ਰਗਟਾਵਾ ਦਸਵੰਧ ਸੇਵਾ ਸੁਸਾਇਟੀ ਅਜਨਾਲਾ ਦੇ ਸੇਵਾਦਾਰ ਡਾਕਟਰ ਗੁਰਪ੍ਰੀਤ ਸਿੰਘ ਨੇ ਸਰਕਾਰੀ ਹਸਪਤਾਲ ਅਜਨਾਲਾ ਵਿੱਚ ਲੱਗੇ ਖ਼ੂਨਦਾਨ ਕੈਂਪ ਦੌਰਾਨ ਕੀਤਾ। ਉਨ੍ਹਾਂ ਨੇ ਦੱਸਿਆ ਕਿ ਦਸਵੰਧ ਸੇਵਾ ਸੁਸਾਇਟੀ ਅਜਨਾਲਾ ਜਿੱਥੇ ਕਿ ਗਰੀਬਾਂ ਲਈ ਰਾਸ਼ਨ ਦੀ ਸੇਵਾ ਕਰਦੀ ਹੈ ਅਤੇ ਲੋੜਵੰਦਾਂ ਨੂੰ ਮਕਾਨ ਬਣਾਉਣਾ ਵਿੱਚ ਵੀ ਮਦਦ ਕਰਦੀ ਹੈ, ਦੀ ਲੜੀ ਨੂੰ ਅੱਗੇ ਤੋਰਦਿਆਂ ਖ਼ੂਨ ਦਾਨ ਦਾ ਕੈਂਪ ਵੀ ਲਗਾਉਂਦੀ ਹੈ। ਉਨ੍ਹਾਂ ਅੱਜ ਸਰਕਾਰੀ ਹਸਪਤਾਲ ਅਜਨਾਲਾ ਵਿੱਚ ਆਏ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੋਸਾਇਟੀ ਇਨ੍ਹਾਂ ਦੀ ਰਿਣੀ ਹੈ ਜਿਨ੍ਹਾਂ ਨੇ ਆਪਣਾ ਇਹ ਯੋਗਦਾਨ ਪਾ ਕੇ ਮਨੁੱਖਤਾ ਦੇ ਭਲੇ ਦਾ ਕਾਰਜ ਕੀਤਾ ਹੈ। ਇਸ ਮੌਕੇ ਸਰਕਾਰੀ ਹਸਪਤਾਲ ਅਜਨਾਲਾ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸੁਖਰਾਜ ਸਿੰਘ. ਡਾ. ਹਰਮਨ ਕੌਰ ਰੰਧਾਵਾ, ਨੀਰਜ ਅਗਰਵਾਲ, ਡਾਕਟਰ ਨਰੇਸ਼, ਗੁਰਵਿੰਦਰ ਸਿੰਘ ਰਾਜੂ ਅਤੇ ਦਸਵੰਧ ਸੇਵਾ ਸੁਸਾਇਟੀ ਦੇ ਪ੍ਰਧਾਨ ਲਖਵਿੰਦਰ ਸਿੰਘ ਬਾਜਵਾ, ਅਮਰਜੀਤ ਸਿੰਘ ਬਾਜਵਾ ਅਤੇ ਭਾਈ ਅਨੋਖ ਸਿੰਘ ਆਦਿ ਹਾਜ਼ਰ ਸਨ।

## ਭਲਾਈ ਯੋਜਨਾਵਾਂ ਦਾ ਲਾਭ ਹਰ ਲੜਕੀ ਤੱਕ ਪਹੁੰਚਾਉਣ ਦੀਆਂ ਡੀ ਸੀ ਵੱਲੋਂ ਹਦਾਇਤਾਂ

### * ਸੁਕੰਨਿਆ ਯੋਜਨਾ ਤਹਿਤ ਖਾਤੇ ਖੋਲ੍ਹਣ ਲਈ ਵਿਸ਼ੇਸ਼ ਕੈਂਪ ਲਗਾਏ ਜਾਣ ਦੀ ਤਜਵੀਜ਼



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਵੱਲੋਂ ਲੜਕੀਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਲਾਭ ਲੜਕੀਆਂ ਤੱਕ ਪਹੁੰਚਾਇਆ ਜਾਵੇ ਤਾਂ ਜੋ ਲੜਕੀਆਂ ਇਨ੍ਹਾਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।ਬੀਤੀ ਸ਼ਾਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਬੇਟੀ ਪੜ੍ਹਾਓ ਸਕੀਮ ਸਕੀਮ ਦਾ ਰੀਵਿਊ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹਾਲਾਂਕਿ ਲੜਕੀਆਂ ਪ੍ਰਤੀ ਸਮਾਜ ਦੀ ਸੋਚ ਵਿੱਚ ਵੱਡਾ ਬਦਲਾਅ ਆਇਆ ਹੈ ਅਤੇ ਲੜਕੀਆਂ ਨੇ ਆਪਣੀ ਮਿਹਨਤ, ਕਾਬਲੀਅਤ ਅਤੇ ਆਪਣੇ ਮਾਪਿਆਂ ਦੇ ਸਹਿਯੋਗ ਨਾਲ ਹਰ ਖੇਤਰ ਵਿੱਚ ਵੱਡੇ ਮੁਕਾਮ ਹਾਸਲ ਕੀਤੇ ਹਨ ਪਰ ਫਿਰ ਵੀ ਜੋ ਥੋੜ੍ਹਾ-ਬਹੁਤ ਫ਼ਰਕ ਰਹਿ ਗਿਆ ਹੈ ਉਸ ਨੂੰ ਦੂਰ ਕਰਨ ਲਈ ਵੀ ਸਾਂਝੇ ਤੌਰ ਤੇ ਯਤਨ ਕੀਤੇ ਜਾਣੇ ਚਾਹੀਦੇ ਹਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਬੇਟੀ ਬਚਾਓ, ਬੇਟੀ ਪੜ੍ਹਾਓ ਅਤੇ ਨਾਰੀ ਸ਼ਕਤੀਕਰਨ ਲਈ ਵਿਸ਼ੇਸ਼ ਯਤਨ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਗੁਰਦਾਸਪੁਰ ਵਿਖੇ ਨਾਰੀ ਸ਼ਕਤੀ ਕੇਂਦਰ ਦੀ ਸ਼ੁਰੂਆਤ ਕਰਕੇ ਓਥੇ ਲੜਕੀਆਂ ਲਈ ਮੁਫ਼ਤ ਕੋਚਿੰਗ ਕਲਾਸਾਂ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਤੋਂ ਇਲਾਵਾ ਨਾਰੀ ਸ਼ਕਤੀ ਕੇਂਦਰ ਵਿਖੇ ਲੜਕੀਆਂ ਲਈ ਮੁਫ਼ਤ ਡਰਾਈਵਿੰਗ ਕਲਾਸਾਂ ਵੀ ਚੱਲ ਰਹੀਆਂ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀ ਜਿਹੜੀਆਂ ਲੜਕੀਆਂ ਨੇ ਵੱਖ-ਵੱਖ ਖੇਤਰਾਂ ਵਿੱਚ ਉੱਚੇ ਮੁਕਾਮ ਹਾਸਲ ਕੀਤੇ ਹਨ ਉਨ੍ਹਾਂ ਦੀਆਂ ਤਸਵੀਰਾਂ ਤੇ ਪ੍ਰਾਪਤੀਆਂ ਦੇ ਵੇਰਵੇ ਤਸਵੀਰਾਂ ਦੇ ਰੂਪ ਵਿੱਚ ਕੰਧਾਂ ਉੱਪਰ ਬਣਾਏ ਜਾਣਗੇ ਤਾਂ ਜੋ ਹੋਰ ਲੜਕੀਆਂ ਵੀ ਇਨ੍ਹਾਂ ਤੋਂ ਪ੍ਰੇਰਨਾ ਲੈ ਕੇ ਜੀਵਨ ਵਿੱਚ ਅੱਗੇ ਵੱਧ ਸਕਣ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੜਕੀਆਂ ਨੂੰ ਸੈਲਫ਼ ਡਿਫੈਂਸ ਦੀ ਸਿਖਲਾਈ ਦੇਣ ਦਾ ਪ੍ਰੋਗਰਾਮ ਵੀ ਜਲਦ ਸ਼ੁਰੂ ਕੀਤਾ ਜਾਵੇਗਾ। ਇਸ ਤੋਂ ਇਲਾਵਾ ਲੜਕੀਆਂ ਨੂੰ ਕਿੱਤਾਮੁਖੀ ਸਿਖਲਾਈ ਦੇਣ ਦੇ ਪ੍ਰੋਗਰਾਮ ਉੱਪਰ ਵੀ ਵਿਚਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਫਰਵਰੀ ਮਹੀਨੇ ਦੇ ਪਹਿਲੇ ਹਫ਼ਤੇ ਲੜਕੀਆਂ ਦੇ ਗੀਤ, ਡਾਂਸ, ਪੋਸਟਰ ਮੇਕਿੰਗ ਦੇ ਮੁਕਾਬਲੇ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਸੁਕੰਨਿਆ ਯੋਜਨਾ ਦੇ ਖਾਤੇ ਖੋਲ੍ਹਣ ਲਈ ਵਿਸ਼ੇਸ਼ ਕੈਂਪ ਲਗਾਏ ਜਾਣ।ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ (ਜ) ਮੈਡਮ ਇਰਵਨ ਕੌਰ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮੈਡਮ ਸੁਮਨਦੀਪ ਕੌਰ, ਡੀਡੀਪੀਓ ਸਤੀਸ਼ ਕੁਮਾਰ, ਜ਼ਿਲ੍ਹਾ ਸਿਹਤ ਤੇ ਪਰਿਵਾਰ ਭਲਾਈ ਅਫ਼ਸਰ ਡਾ. ਤਜਿੰਦਰ ਕੌਰ, ਜ਼ਿਲ੍ਹਾ ਸਿੱਖਿਆ ਅਫ਼ਸਰ ਮਮਤਾ ਸੇਠੀ ਖੁਰਾਣਾ, ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪ੍ਰਸ਼ੋਤਮ ਸਿੰਘ, ਚਾਂਦ ਠਾਕੁਰ, ਰਾਜੀਵ ਸਿੰਘ ਸੈਕਟਰੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

25-jan-PAGE-4.qxd 1/24/2024 10:45 PM Page 1

ਨਵਾਂ ਜ਼ਮਾਨਾ

ਵੀਰਵਾਰ, 25 ਜਨਵਰੀ 2024

# ਬਲਾਤਕਾਰੀਆਂ ’ਤੇ ਮਿਹਰਬਾਨ ਭਾਜਪਾ

ਸੰਘ ਦੀ ਮਨੂੰਵਾਦੀ ਵਿਚਾਰਧਾਰਾ ਦਲਿਤ ਤੇ ਔਰਤ ਵਿਰੋਧੀ ਹੈ। ਭਾਜਪਾ ਇਸ ਦੀ ਪੈਰੋਕਾਰ ਹੈ। ਇਸ ਲਈ ਭਾਜਪਾ ਦੀ ਨਜ਼ਰ ਵਿੱਚ ਔਰਤਾਂ ਨਾਲ ਹੁੰਦੇ ਅੱਤਿਆਚਾਰ ਗੁਨਾਹ ਨਹੀਂ ਹਨ। ਪਿਛਲੇ 10 ਸਾਲਾਂ ਦੇ ਮੋਦੀ ਰਾਜ ਦੌਰਾਨ ਜਦੋਂ ਵੀ ਕਿਤੇ ਔਰਤਾਂ ਨਾਲ ਦਰਿੰਦਗੀ ਹੋਈ ਹੈ, ਹਕੂਮਤ ਹਮੇਸ਼ਾ ਬਲਾਤਕਾਰੀਆਂ ਦੇ ਹੱਕ ਵਿੱਚ ਭੁਗਤੀ ਹੈ। ਸਭ ਤੋਂ ਪਹਿਲੀ ਘਟਨਾ ਜੰਮੂ ਵਿੱਚ ਵਾਪਰੀ ਸੀ, ਜਿੱਥੇ ਅੱਠ ਸਾਲਾਂ ਦੀ ਗੁੱਜਰ ਲੜਕੀ ਨੂੰ ਮੰਦਰ ਵਿੱਚ ਸਮੂਹਿਕ ਬਲਾਤਕਾਰ ਤੋਂ ਬਾਅਦ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਸੀ। ਉਸ ਸਮੇਂ ਦੋਸ਼ੀਆਂ ਨੂੰ ਬਚਾਉਣ ਲਈ ਭਾਜਪਾ ਨਾਲ ਸੰਬੰਧਤ ਸੰਗਠਨਾਂ ਨੇ ਉਨ੍ਹਾਂ ਦੇ ਹੱਕ ’ਚ ਤਿਰੰਗਾ ਯਾਤਰਾਵਾਂ ਕੱਢੀਆਂ ਸਨ। ਉੱਤਰ ਪ੍ਰਦੇਸ਼ ਵਿੱਚ ਤਾਂ ਇਸ ਵੇਲੇ ਭਾਜਪਾ ਦੇ ਵਿਧਾਇਕ ਤੱਕ ਬਲਾਤਕਾਰ ਦੇ ਕੇਸਾਂ ਵਿੱਚ ਜੇਲ੍ਹ ਦੀ ਹਵਾ ਖਾ ਰਹੇ ਹਨ। ਹੁਣੇ ਜਿਹੇ ਬਨਾਰਸ ਹਿੰਦੂ ਯੂਨੀਵਰਸਿਟੀ ਦੀ ਵਿਦਿਆਰਥਣ ਨਾਲ ਬਲਾਤਕਾਰ ਦੀ ਘਟਨਾ ਵਾਪਰੀ ਸੀ। ਵਿਦਿਆਰਥੀਆਂ ਦੇ ਮਹੀਨਾ ਭਰ ਧਰਨੇ ਤੋਂ ਬਾਅਦ ਹੀ ਦੋਸ਼ੀ ਫੜੇ ਗਏ, ਜਿਹੜੇ ਭਾਜਪਾ ਦੇ ਅਹੁਦੇਦਾਰ ਸਨ। ਪੂਰਾ ਇੱਕ ਮਹੀਨਾ ਪ੍ਰਸ਼ਾਸਨ ਉਨ੍ਹਾਂ ਨੂੰ ਬਚਾਉਣ ਵਿੱਚ ਲੱਗਾ ਰਿਹਾ ਸੀ।

ਬਿਲਕਿਸ ਬਾਨੋ ਦਾ ਕੇਸ ਤਾਂ ਸਾਰੇ ਜਾਣਦੇ ਹੀ ਹਨ, ਜਿਸ ਨਾਲ ਗੁਜਰਾਤ ਦੰਗਿਆਂ ਦੌਰਾਨ ਸਮੂਹਿਕ ਬਲਾਤਕਾਰ ਕੀਤਾ ਗਿਆ ਤੇ ਉਸ ਦੇ 14 ਪਰਵਾਰਕ ਮੈਂਬਰਾਂ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਗਈ ਸੀ। ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਹੋਈ, ਪਰ ਗੁਜਰਾਤ ਦੀ ਭਾਜਪਾ ਸਰਕਾਰ ਨੇ ਉਨ੍ਹਾਂ ਨੂੰ ਸਮੇਂ ਤੋਂ ਪਹਿਲਾਂ ਮਾਫ਼ੀ ਦੇ ਦਿੱਤੀ। ਇਹੋ ਨਹੀਂ, ਜੇਲ੍ਹੋਂ ਬਾਹਰ ਆਉਣ ਉੱਤੇ ਭਾਜਪਾ ਆਗੂਆਂ ਵੱਲੋਂ ਬਲਾਤਕਾਰੀਆਂ ਦਾ ਮਹਿਮਾ ਮੰਡਲ ਕੀਤਾ ਗਿਆ ਤੇ ਉਨ੍ਹਾਂ ਨੂੰ ਸੰਸਕਾਰੀ ਬ੍ਰਾਹਮਣ ਦੱਸਿਆ ਗਿਆ। ਬਿਲਕਿਸ ਬਾਨੋ ਵੱਲੋਂ ਲੰਮੀ ਲੜਾਈ ਬਾਅਦ ਹੁਣ ਸੁਪਰੀਮ ਕੋਰਟ ਵੱਲੋਂ ਉਨ੍ਹਾਂ ਨੂੰ ਜੇਲ੍ਹ ਭੇਜਿਆ ਗਿਆ ਹੈ।

ਤਾਜ਼ਾ ਮਾਮਲਾ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਦਾ ਹੈ, ਜਿਹੜਾ ਬਲਾਤਕਾਰ ਤੇ ਕਤਲ ਦੇ ਦੋਸ਼ ਵਿੱਚ ਜੇਲ੍ਹ ’ਚ ਬੰਦ ਹੈ। ਉਸ ’ਤੇ ਦੋ ਸਾਧਵੀਆਂ ਦੇ ਬਲਾਤਕਾਰ ਤੇ ਪੱਤਰਕਾਰ ਛਤਰਪਤੀ ਦੀ ਹੱਤਿਆ ਦੇ ਦੋਸ਼ ਸਾਬਤ ਹੋ ਚੁੱਕੇ ਹਨ। ਇਨ੍ਹਾਂ ਦੋਸ਼ਾਂ ਵਿੱਚ ਉਹ ਦੋਹਰੀ ਉਮਰ ਕੈਦ ਭੁਗਤ ਰਿਹਾ ਹੈ। ਹਰਿਆਣੇ ਦੀ ਭਾਜਪਾ ਸਰਕਾਰ ਉਸ ਉੱਤੇ ਏਨੀ ਮਿਹਰਬਾਨ ਹੈ ਕਿ ਉਹ ਹੁਣ ਤੱਕ ਦੀ ਆਪਣੀ 6 ਸਾਲ ਤੇ 5 ਮਹੀਨੇ ਦੀ ਕੈਦ ਦੌਰਾਨ 184 ਦਿਨ ਜੇਲ੍ਹੋਂ ਬਾਹਰ ਰਹਿ ਚੁੱਕਾ ਹੈ। ਜਦੋਂ ਵੀ ਕਿਸੇ ਚੋਣ ਵਿੱਚ ਭਾਜਪਾ ਨੂੰ ਉਸ ਦੀ ਲੋੜ ਹੁੰਦੀ ਹੈ, ਉਸ ਨੂੰ ਬਾਹਰ ਕੱਢ ਲਿਆ ਜਾਂਦਾ ਹੈ। ਪਹਿਲੀ ਵਾਰ ਉਸ ਨੂੰ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਮੌਕੇ 7 ਫ਼ਰਵਰੀ 2022 ਨੂੰ 21 ਦਿਨਾਂ ਲਈ ਬਾਹਰ ਲਿਆਂਦਾ ਗਿਆ। ਉਸ ਉਪਰੰਤ ਹਰਿਆਣਾ ਦੀਆਂ ਨਗਰ ਕੌਂਸਲ ਚੋਣਾਂ ਮੌਕੇ ਉਹ 17 ਜੂਨ 2022 ਨੂੰ 30 ਦਿਨਾਂ ਲਈ ਬਾਹਰ ਆਇਆ, ਪਰ ਸਰਕਾਰ ਨੇ ਉਸ ਦੀ ਪੈਰੋਲ ਨੂੰ ਵਧਾ ਕੇ 40 ਦਿਨ ਕਰ ਦਿੱਤਾ ਸੀ। ਆਦਮਪੁਰ ਵਿਧਾਨ ਸਭਾ ਦੀ ਜ਼ਿਮਨੀ ਚੋਣ ਮੌਕੇ 14 ਅਕਤੂਬਰ 2022 ਨੂੰ ਮੁੜ ਉਸ ਨੂੰ 40 ਦਿਨਾਂ ਦੀ ਪੈਰੋਲ ਦੇ ਦਿੱਤੀ ਗਈ ਸੀ। ਹਰਿਆਣਾ ਵਿੱਚ ਪੰਚਾਇਤ ਚੋਣਾਂ ਮੌਕੇ 20 ਜੁਲਾਈ 2023 ਨੂੰ ਗੁਰਮੀਤ ਰਾਮ ਰਹੀਮ ਮੁੜ 30 ਦਿਨਾਂ ਲਈ ਜੇਲ੍ਹੋਂ ਬਾਹਰ ਸੀ। ਨਵੰਬਰ-ਦਸੰਬਰ ਵਿੱਚ ਰਾਜਸਥਾਨ ਦੀਆਂ ਵਿਧਾਨ ਸਭਾ ਚੋਣਾਂ ਸਨ। ਹਰਿਆਣਾ ਨਾਲ ਲਗਦੇ ਰਾਜਸਥਾਨ ਵਿੱਚ ਵੱਡੀ ਗਿਣਤੀ ਵਿੱਚ ਡੇਰਾ ਸੱਚਾ ਸੌਦਾ ਦੇ ਸ਼ਰਧਾਲੂ ਹਨ। ਹਰਿਆਣਾ ਸਰਕਾਰ ਨੇ 21 ਨਵੰਬਰ 2023 ਨੂੰ ਫਿਰ ਗੁਰਮੀਤ ਰਾਮ ਰਹੀਮ ਨੂੰ 21 ਦਿਨ ਲਈ ਬਾਹਰ ਕੱਢ ਲਿਆ, ਤਾਂ ਜੋ ਉਸ ਦੇ ਸ਼ਰਧਾਲੂਆਂ ਦੀਆਂ ਵੋਟਾਂ ਲਈਆਂ ਜਾ ਸਕਣ। ਇਨ੍ਹਾਂ ਦਿਨਾਂ ਦੀ ਫਰਲੋ ਕੱਟ ਕੇ ਗੁਰਮੀਤ ਰਾਮ ਰਹੀਮ 13 ਦਸੰਬਰ 2023 ਨੂੰ ਜੇਲ੍ਹ ਵਿੱਚ ਗਿਆ ਸੀ। ਸਿਰਫ਼ 29 ਦਿਨਾਂ ਬਾਅਦ 19 ਜਨਵਰੀ 2024 ਨੂੰ ਉਹ ਫਿਰ 50 ਦਿਨਾਂ ਲਈ ਜੇਲ੍ਹੋਂ ਬਾਹਰ ਆ ਗਿਆ ਹੈ। ਗੁਰਮੀਤ ਰਾਮ ਰਹੀਮ ਦੀ ਇਹ ਸਭ ਤੋਂ ਲੰਮੀ ਫਰਲੋ ਹੈ, ਕਿਉਂਕਿ ਸਿਰ ਉੱਤੇ ਲੋਕ ਸਭਾ ਚੋਣਾਂ ਹਨ। ਇਸ ਦੌਰਾਨ ਸਿਰਫ਼ ਇੱਕ ਮੌਕਾ ਸੀ, ਜਦੋਂ 21 ਜਨਵਰੀ 2023 ਨੂੰ ਉਹ 40 ਦਿਨਾਂ ਲਈ ਬਾਹਰ ਆਇਆ ਤਾਂ ਕੋਈ ਚੋਣ ਨਹੀਂ ਸੀ।

ਗੁਰਮੀਤ ਰਾਮ ਰਹੀਮ ਫਰਲੋ ਦੌਰਾਨ ਉੱਤਰ ਪ੍ਰਦੇਸ਼ ਦੇ ਬਾਗਪਤ ਵਿਚਲੇ ਬਰਨਾਵਾ ਆਸ਼ਰਮ ਵਿੱਚ ਰਹੇਗਾ। ਰਾਮ ਮੰਦਰ ਦਾ ਉਦਘਾਟਨ ਹੋ ਚੁੱਕਾ ਹੈ। ਮੋਦੀ ਦੀ ਭਾਜਪਾ ਸਰਕਾਰ ਸਾਰੇ ਦੇਸ਼ ਨੂੰ ਰਾਮ ਦੇ ਰੰਗ ਵਿੱਚ ਰੰਗਣ ਵਿੱਚ ਮਸਤ ਹੈ। ਇਸ ਮੌਕੇ ’ਤੇ ਉਸ ਨੂੰ ਗੁਰਮੀਤ ਰਾਮ ਰਹੀਮ ਦੀ ਵੀ ਲੋੜ ਸੀ, ਤਾਂ ਜੋ ਉਹ ਆਪਣੇ ਭਗਤਾਂ ਨੂੰ ਰਾਮ ਦੇ ਰੰਗ ਵਿੱਚ ਰੰਗ ਸਕੇ। ਖ਼ਬਰ ਹੈ ਇਨ੍ਹਾਂ ਦਿਨਾਂ ਦੌਰਾਨ ਗੁਰਮੀਤ ਰਾਮ ਰਹੀਮ ਬਾਗਪਤ ਡੇਰੇ ਤੋਂ ਵਰਚੂਅਲ ਸਤਿਸੰਗ ਕਰਿਆ ਕਰੇਗਾ। ਸਤਿਸੰਗ ਦੌਰਾਨ ਉਸ ਨੇ ਉਹੀ ਕਹਿਣਾ, ਜੋ ਉਸ ਨੂੰ ਵਾਰ-ਵਾਰ ਖੁੱਲ੍ਹੀ ਹਵਾ ਵਿੱਚ ਲੈ ਕੇ ਆ ਰਹੇ ਆਗੂ ਕਹਿਣਗੇ। ਭਾਜਪਾ ਸਰਕਾਰ ਇਸ ਸਮੇਂ ਰਾਮ ਦੇ ਨਾਂਅ ਉਤੇ ਵੋਟਾਂ ਨੂੰ ਲੁੱਟਣ ਲਈ ਪੂਰਾ ਤਾਣ ਲਾ ਰਹੀ ਹੈ। ਭਾਜਪਾ ਦਾ ਭਗਵਾਂ ਰੰਗ ਤਾਂ ਦਿਖਾਵਾ ਹੀ ਹੈ, ਅੰਦਰੋਂ ਉਹ ਸਿਆਹ ਕਾਲੀ ਹੈ।

-ਚੰਦ ਫਤਿਹਪੁਰੀ

## ਗਲ ਕਰ

ਊਚ ਨੀਚ, ਧਰਮ, ਜਾਤ ਪਾਤ ਦੀ ਗੱਲ ਛੱਡ,
ਇਨਸਾਨ ਏਂ, ਇਨਸਾਨੀਅਤ ਦੀ ਗੱਲ ਕਰ।
ਮੰਦਰ, ਮਸਜਿਦ, ਗੁਰੂਦੁਆਰੇ ਦੀ ਗੱਲ ਛੱਡ,
ਰੱਬ ਦੇ ਨਾਂਅ ਹੁੰਦੀ ਹੈਵਾਨੀਅਤ ਦੀ ਗੱਲ ਕਰ।
ਧਰਮ ’ਤੇ ਵਿਸ਼ਵ ਗੁਰੂ ਬਣਨ ਦੀ ਗੱਲ ਛੱਡ,
ਰੋਟੀ, ਕੱਪੜਾ, ਸਿਰ ’ਤੇ ਛੱਤ ਦੀ ਗੱਲ ਕਰ।
ਕਰ ਗਏ ਜੋ ਨਫ਼ਰਤ, ਹਿੰਸਾ ਦੀ ਗੱਲ ਛੱਡ,
ਅੱਜ ਤੂੰ ਤਾਂ, ਪਿਆਰੇ ਮੁਹੱਬਤ ਦੀ ਗੱਲ ਕਰ।
ਤੇਰੇ ਅੰਨ੍ਹੇ, ਬੋਲੇ, ਗੂੰਗੇ ਰੱਬ ਦੀ ਗੱਲ ਛੱਡ,
ਬੰਦਾ ਏਂ, ਤੂੰ ਤਾਂ ਸਹੀ-ਗਲਤ ਦੀ ਗੱਲ ਕਰ।
ਕਿੰਨੀਆਂ ਧਰਮਸ਼ਾਲਾਂ, ਸਰਾਂ ਦੀ ਗੱਲ ਛੱਡ,
ਭੁੱਖੇ ਸੌਂਦੇ ਜੋ ਉਨ੍ਹਾਂ ਦੇ ਹਾਲਾਤ ਦੀ ਗੱਲ ਕਰ।
ਹੱਥ ’ਤੇ ਲਕੀਰਾਂ, ਕਿਸਮਤ ਦੀ ਗੱਲ ਛੱਡ,
ਹੋ ਰਹੀ ਦੁਸ਼ਵਾਰੀ, ਜ਼ਲਾਲਤ ਦੀ ਗੱਲ ਕਰ।
ਪਾਪ-ਪੁੰਨ, ਸਵਰਗ, ਨਰਕ ਦੀ ਗੱਲ ਛੱਡ,
ਦਿਮਾਗਾਂ ’ਚ ਭਰੀ ਜ਼ਹਾਲਤ ਦੀ ਗੱਲ ਕਰ।
ਕੀ ਹੁੰਦੈ ਭਾਵਨਾਵਾਂ, ਆਸਥਾ ਦੀ ਗੱਲ ਛੱਡ,
ਧਰਮ ’ਤੇ ਹੋ ਰਹੀ ਸਿਆਸਤ ਦੀ ਗੱਲ ਕਰ।

ਡਾ. ਰਮੇਸ਼

# ਯੁੱਧ ਦੇ ਬਦਲਦੇ ਰੂਪ ਤੇ ਵਧ ਰਿਹਾ ਮਾਨਵਤਾਵਾਦੀ ਸੰਕਟ



ਡਾ. ਅਰੁਣ ਮਿੱਤਰਾ

ਬੁਨਿਆਦੀ ਢਾਂਚੇ ਅਤੇ ਵਾਤਾਵਰਣ ’ਤੇ ਵਿਨਾਸ਼ਕਾਰੀ ਪ੍ਰਭਾਵਾਂ ਦੇ ਨਤੀਜੇ ਵਜੋਂ ਯੁੱਧ ਜਨਤਕ ਸਿਹਤ ਲਈ ਸਭ ਤੋਂ ਗੰਭੀਰ ਖਤਰਾ ਹਨ। ਸਿਹਤ ’ਤੇ ਯੁੱਧ ਦੇ ਦੌਰਾਨ ਜਿੰਨਾ ਮਾੜਾ ਅਸਰ ਹੁੰਦਾ ਹੈ, ਓਨਾ ਬਹੁਤ ਸਾਰੀਆਂ ਬਿਮਾਰੀਆਂ ਨੂੰ ਮਿਲਾ ਕੇ ਵੀ ਨਹੀਂ ਹੁੰਦਾ । ਇਹ ਅਪੰਗਤਾ ਤੇ ਅਨੇਕਾਂ ਮੌਤਾਂ ਦਾ ਕਾਰਨ ਬਣਦਾ ਹੈ। ਯੁੱਧ ਕਾਰਨ ਪਰਵਾਰ, ਭਾਈਚਾਰਾ ਅਤੇ ਕਈ ਵਾਰ ਪੂਰਾ ਸੱਭਿਆਚਾਰ ਹੀ ਤਬਾਹ ਹੋ ਜਾਂਦੇ ਹਨ। ਜਿਹੜੇ ਸਰੋਤ ਸਮਾਜਿਕ ਭਲਾਈ ਲਈ ਵਰਤੇ ਜਾਣੇ ਸਨ, ਯੁੱਧ ਦੀ ਸਥਿਤੀ ਵਿੱਚ ਉਹ ਸਾਰੇ ਬਰਬਾਦ ਹੋ ਜਾਂਦੇ ਹਨ। ਸਭ ਤੋਂ ਭਿਅੰਕਰ ਗੱਲ ਇਹ ਹੈ ਕਿ ਜੇਕਰ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਹੋ ਜਾਏ ਤਾਂ ਮਨੁੱਖਤਾ ਦੀ ਹੋਂਦ ਨੂੰ ਹੀ ਖਤਰਾ ਹੋ ਸਕਦਾ ਹੈ।

1800 ਤੋਂ ਲੈ ਕੇ ਹੁਣ ਤੱਕ ਦੁਨੀਆ ਭਰ ਵਿੱਚ 3.7 ਕਰੋੜ ਤੋਂ ਵੱਧ ਲੋਕ ਯੁੱਧਾਂ ਵਿੱਚ ਲੜਦੇ ਹੋਏ ਮਾਰੇ ਗਏ ਹਨ, ਕਿਉਂਕਿ ਜੰਗਾਂ ਵਿੱਚ ਮਰਨ ਵਾਲਿਆਂ ਦੀ ਗਿਣਤੀ ਗਿਣਨ ਦਾ ਕੋਈ ਪੱਕਾ ਸਬੂਤ, ਤਰੀਕਾ ਨਹੀਂ, ਇਸ ਲਈ ਜੇਕਰ ਅਸੀਂ ਉਜਾੜਾ, ਦੁਰਵਿਹਾਰ, ਭੁੱਖ ਅਤੇ ਬਿਮਾਰੀ ਨਾਲ ਮਰਨ ਵਾਲਿਆਂ ਨੂੰ ਜੋੜੀਏ ਤਾਂ ਇਹ ਗਿਣਤੀ ਬਹੁਤ ਜ਼ਿਆਦਾ ਹੋ ਸਕਦੀ ਹੈ।

ਅਤੀਤ ਵਿੱਚ ਜਦੋਂ ਯੁੱਧ ਦੌਰਾਨ ਗੁਪਤਤਾ ਬਣਾਈ ਰੱਖਣਾ ਸੰਭਵ ਸੀ, ਨਾਜ਼ੀ ਤਸ਼ੱਦਦ ਕੈਂਪ ਉਦੋਂ ਤੱਕ ਦੁਨੀਆ ਦੇ ਸਾਹਮਣੇ ਨਹੀਂ ਆਏ ਸਨ ਅਤੇ ਜਦੋਂ ਤੱਕ ਹਿਟਲਰ ਦੀ ਹਾਰ ਤੋਂ ਬਾਅਦ ਸੋਵੀਅਤ ਸੰਘ ਦੀ ਫੌਜ ਨੇ ਉਨ੍ਹਾਂ ਨੂੰ ਲੱਭ ਨਹੀਂ ਸੀ ਲਿਆ। ਬਹੁਤ ਸਾਰੇ ਲੋਕਾਂ ਨੇ ਇਨ੍ਹਾਂ ਕੈਂਪਾਂ ਦੀ ਸਥਿਤੀ ’ਤੇ ਉਦੋਂ ਤੱਕ ਵਿਸ਼ਵਾਸ ਨਹੀਂ ਕੀਤਾ, ਜਦੋਂ ਤੱਕ ਕੁਝ ਬਚੇ ਹੋਏ ਲੋਕ ਉਨ੍ਹਾਂ ’ਤੇ ਹੋਏ ਅੱਤਿਆਚਾਰਾਂ ਦੀਆਂ ਗੱਲਾਂ ਸਾਹਮਣੇ ਨਹੀਂ ਲਿਆਏ।

ਨਵੀਂ ਤਕਨੀਕ, ਸੈਟੇਲਾਈਟ ਅਤੇ ਹੁਣ ‘ਆਰਟੀਫੀਸ਼ੀਅਲ ਇੰਟੈਲੀਜੈਂਸ’ ਦੇ ਆਉਣ ਨਾਲ ਕਿਸੇ ਵੀ ਚੀਜ਼ ਨੂੰ ਲੁਕਾਉਣਾ ਲੱਗਭੱਗ ਅਸੰਭਵ ਹੋ ਗਿਆ ਹੈ। ਕਿਸੇ ਵੀ ਗਤੀਵਿਧੀ ਨੂੰ ਹਜ਼ਾਰਾਂ ਕਿਲੋਮੀਟਰ ਦੂਰ ਤੋਂ ਬਹੁਤ ਬਾਰੀਕੀ ਨਾਲ ਦੇਖਿਆ ਜਾ ਸਕਦਾ ਹੈ। ਇਸ ਨਵੀਨ ਤਕਨਾਲੋਜੀ ਨਾਲ ਯੁੱਧ ਦੇ ਦੌਰਾਨ ‘ਟਿਕਾਣਿਆਂ’ ਨੂੰ ਇਸ ਹੱਦ ਤੱਕ ਸਹੀ ਨਿਸ਼ਾਨਾ ਬਣਾਇਆ ਜਾ ਸਕਦਾ ਹੈ ਕਿ ਇਜ਼ਰਾਈਲੀ ਰੱਖਿਆ ਬਲ 8 ਜਨਵਰੀ ਨੂੰ ਲਿਬਨਾਨ ਵਿੱਚ ਹਿਜ਼ਬੁੱਲਾ ਦੇ ਰਾਦਵਾਨ ਬਲਾਂ ਦੇ ਕਮਾਂਡਰ ਵਿਸਾਮਤਾਵਿਲ ਨੂੰ ਮਰਨ ਵਿੱਚ ਕਾਮਯਾਬ ਹੋਏ। ਇਸੇ ਤਰ੍ਹਾਂ ਕਾਸਿਮ ਸੁਲੇਮਾਨੀ ਇੱਕ ਈਰਾਨੀ ਮੇਜਰ ਜਨਰਲ 3 ਜਨਵਰੀ 2020 ਨੂੰ ਇਰਾਕ ਦੇ ਪ੍ਰਧਾਨ ਮੰਤਰੀ ਆਦਿਲ ਅਬਦੁਲਮਹਦੀ ਨੂੰ ਮਿਲਣ ਲਈ ਜਾਂਦੇ ਹੋਏ ਇਰਾਕ ਦੇ ਬਗਦਾਦ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਇੱਕ ਅਮਰੀਕੀ ਡਰੋਨ ਹਮਲੇ ਵਿੱਚ ਮਾਰ ਦਿੱਤੇ ਗਏ ਸਨ।

ਇਸ ਸਭ ਜਾਣਕਾਰੀ ਦੇ ਆਧਾਰ ’ਤੇ ਹੁਣ ਵਿਸ਼ਵ ਭਾਈਚਾਰੇ ਲਈ ਸਮੂਹਿਕ ਦਖਲ ਨਾਲ ਜੰਗਾਂ ਨੂੰ ਰੋਕਣਾ ਆਸਾਨ ਹੋ ਗਿਆ ਹੈ, ਪਰ ਇਹ ਇੱਕ ਵਿਡੰਬਨਾ ਹੈ ਕਿ ਅਜਿਹੇ ਸਮੇਂ ਵਿੱਚ ਜਦੋਂ ਗਾਜ਼ਾ ਵਿੱਚ ਲੱਗਭੱਗ 25000 ਲੋਕ ਮਾਰੇ ਗਏ ਹਨ, ਜਿਨ੍ਹਾਂ ਵਿੱਚੋਂ 70 ਫੀਸਦੀ ਔਰਤਾਂ ਅਤੇ ਬੱਚੇ ਹਨ, ਵਿਸ਼ਵ ਭਾਈਚਾਰਾ ਇਜ਼ਰਾਈਲੀ ਹਮਲੇ ਅਤੇ ਕਬਜ਼ੇ ਨੂੰ ਰੋਕਣ ਵਿੱਚ ਅਸਫਲ ਰਿਹਾ ਹੈ। ਇਸ ਤਰ੍ਹਾਂ ਯੁੱਧ ਬਾਰੇ ਵੱਖ-ਵੱਖ ਕਨਵੈਨਸ਼ਨਾਂ ਵਿੱਚ ਆਪਸੀ ਸਹਿਮਤੀ ਨਾਲ ਬਣਾਏ ਗਏ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।

ਨਿਸ਼ਾਨੇ ਨੂੰ ਸਹੀ ਢੰਗ ਨਾਲ ਚੁਣਨ ਦੀ ਸਮਝ ਦੇ ਬਾਵਜੂਦ, ਵੱਖ-ਵੱਖ ਟਕਰਾਅ ਵਾਲੇ ਖੇਤਰਾਂ ਤੋਂ ਆ ਰਹੀਆਂ ਰਿਪੋਰਟਾਂ ਦਰਸਾਉਂਦੀਆਂ ਹਨ ਕਿ ਮਰਨ ਜਾਂ ਜ਼ਖਮੀ ਹੋਣ ਵਾਲਿਆਂ ਵਿਚ ਨਾਗਰਿਕਾਂ ਦੀ ਗਿਣਤੀ ਬਹੁਤ ਵਧ ਗਈ ਹੈ। ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਾਉਣ ਦੀ ਗਿਣਤੀ ਵੀ ਕਈ ਗੁਣਾ ਵਧ ਗਈ ਹੈ। 19ਵੀਂ ਸਦੀ ਦੇ ਅੰਤ ਵਿੱਚ ਯੁੱਧਾਂ ਕਾਰਨ ਨਾਗਰਿਕ ਮੌਤਾਂ ਦੀ ਗਿਣਤੀ 5 ਫੀਸਦੀ ਸੀ, ਜਦੋਂ ਕਿ ਪਹਿਲੇ ਵਿਸ਼ਵ ਯੁੱਧ ਦੌਰਾਨ ਇਹ 15 ਫੀਸਦੀ, ਦੂਜੇ ਵਿਸ਼ਵ ਯੁੱਧ ਦੇ ਅੰਤ ਤੱਕ 65 ਫੀਸਦੀ, ਅਤੇ 1990 ਦੇ ਦਹਾਕੇ ਦੌਰਾਨ ਯੁੱਧਾਂ ਵਿੱਚ 90 ਫੀਸਦੀ ਤੋਂ ਵੱਧ ਹੋ ਗਈ ਹੈ। ਮਰਨ ਵਾਲਿਆਂ ਵਿੱਚ ਸੈਨਿਕਾਂ ਦੀ ਗਿਣਤੀ ਨਾਲੋਂ ਬੱਚਿਆਂ ਦੀ ਗਿਣਤੀ ਵੱਧ ਹੈ। ਇੱਕ ਲੇਖ ਦੇ ਅਨੁਸਾਰ ਪਿਛਲੇ ਦਹਾਕਿਆਂ ਵਿੱਚ ਯੁੱਧ ਦੀਆਂ ਰਣਨੀਤੀਆਂ ਅਤੇ ਵਿਚਾਰਧਾਰਾਵਾਂ ਵਿੱਚ ਤਬਦੀਲੀਆਂ ਦੇ ਨਤੀਜੇ ਵਜੋਂ ਜੰਗ ਦੇ ਮੈਦਾਨ ਨਾਗਰਿਕਾਂ ਦੇ ਵਿਹੜੇ ਵਿੱਚ ਆ ਗਏ ਹਨ।

ਜੰਗਾਂ ਗੰਭੀਰ ਮਾਨਵਤਾਵਾਦੀ ਸੰਕਟ ਦਾ ਕਾਰਨ ਬਣਦੀਆਂ ਹਨ। ਯੂਕਰੇਨ ਵਿੱਚ ਵੱਡੇ ਪੱਧਰ ’ਤੇ ਉਜਾੜਾ ਹੋਇਆ ਹੈ। ਅੰਦਾਜ਼ਨ 51 ਲੱਖ ਲੋਕ ਆਪਣੇ ਘਰਾਂ ਨੂੰ ਛੱਡ ਕੇ ਅੰਦਰੂਨੀ ਤੌਰ ’ਤੇ ਉੱਜੜ ਗਏ ਹਨ ਅਤੇ 62 ਲੱਖ ਤੋਂ ਵੱਧ ਲੋਕ ਪੋਲੈਂਡ, ਹੰਗਰੀ, ਮੋਲਡੋਵਾ ਜਾਂ ਵਿਸ਼ਵ ਪੱਧਰ ’ਤੇ ਹੋਰ ਦੇਸ਼ਾਂ ਸਮੇਤ ਖੇਤਰ ਦੇ ਗੁਆਂਢੀ ਦੇਸ਼ਾਂ ਵਿੱਚ ਚਲੇ ਗਏ ਹਨ।

ਉੱਜੜੇ ਲੋਕ ਸ਼ਰਨਾਰਥੀ ਕੈਂਪਾਂ ਵਿੱਚ ਅਸੁਰੱਖਿਅਤ ਅਤੇ ਗੰਦਗੀ ਦੀਆਂ ਸਥਿਤੀਆਂ ਵਿੱਚ ਰਹਿਣ ਲਈ ਮਜਬੂਰ ਹੋ ਜਾਂਦੇ ਹਨ, ਜਿੱਥੇ ਉਨ੍ਹਾਂ ਨੂੰ ਗੰਭੀਰ ਸਿਹਤ ਸਮੱਸਿਆਵਾਂ ਪੈਦਾ ਹੋਣ ਦੀ ਸੰਭਾਵਨਾ ਹੈ। ਇਹਨਾਂ ਹਾਲਤਾਂ ਵਿੱਚ ਔਰਤਾਂ ਅਤੇ ਬੱਚੇ ਹਰ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਹੁੰਦੇ ਹਨ। ਵੱਡੇ ਪੱਧਰ ’ਤੇ ਹਮਲੇ ਵਿੱਚ ਸਿਹਤ ਸੰਭਾਲ ਪ੍ਰਣਾਲੀ ਦਾ ਮੁਕਾਬਲਾ ਕਰਨ ਵਾਲਾ ਢਾਂਚਾ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਅ ਪਾਉਂਦਾ ਜਿਵੇਂ ਕਿ ਗਾਜ਼ਾ ਵਿੱਚ ਦੇਖਦੇ ਹਾਂ। ਇਹ ਯਕੀਨੀ ਹੈ ਕਿ ਅਜਿਹੇ ਹਾਲਾਤ ਵਿੱਚ ਰਾਹਤ ਏਜੰਸੀਆਂ ਦਾ ਕੰਮ ਪ੍ਰਭਾਵਤ ਹੁੰਦਾ ਹੈ। ਆਈ ਸੀ ਆਰ ਸੀ (ਰੈੱਡਕਰਾਸ ਸੁਸਾਇਟੀ) ਦੇ ਕੌਮਾਂਤਰੀ ਪ੍ਰਧਾਨ ਮਿਰਜਾਨਾ ਸਪੋਲਜਾਰਿਕ, ਜੋ 4 ਦਸੰਬਰ 2023 ਨੂੰ ਗਾਜ਼ਾ ਵਿੱਚ ਸੀ, ਨੇ ਕਿਹਾ, ‘ਮਨੁੱਖੀ ਦੁੱਖਾਂ ਦਾ ਪੱਧਰ ਅਸਹਿਣਯੋਗ ਹੈ। ਗਾਜ਼ਾ ਵਿੱਚ ਨਾਗਰਿਕਾਂ ਦੇ ਜਾਣ ਲਈ ਕੋਈ ਸੁਰੱਖਿਅਤ ਜਗ੍ਹਾ ਨਹੀਂ ਹੈ ਅਤੇ ਉੱਥੇ ਇੱਕ ਫੌਜੀ ਘੇਰਾਬੰਦੀ ਦੇ ਕਾਰਨ ਮਨੁੱਖਤਾਵਾਦੀ ਸਥਿਤੀ ਬਿਲਕੁਲ ਨਹੀਂ ਹੈ।’

ਅੰਤਰਰਾਸ਼ਟਰੀ ਮਾਨਵਤਾਵਾਦੀ ਕਾਨੂੰਨ (ਆਈ ਐੱਚ ਐੱਲ) ਦੀ ਉਲੰਘਣਾ ਦੇ ਕਾਰਨ ਕਈ ਸਿਹਤ ਕਰਮਚਾਰੀ ਮਾਰੇ ਗਏ ਹਨ, ਇਸ ਨਾਲ ਨਵੀਆਂ ਨੈਤਿਕ ਚਿੰਤਾਵਾਂ ਪੈਦਾ ਹੋ ਗਈਆਂ ਹਨ।

ਦੁਨੀਆ ਦੇ ਕਈ ਹਿੱਸੇ ਅਜਿਹੇ ਹਨ, ਜਿਨ੍ਹਾਂ ਦੀਆਂ ਅੰਦਰੂਨੀ ਲੜਾਈਆਂ ਲੋਕਾਂ ਦੇ ਜੀਵਨ ਨੂੰ ਪ੍ਰਭਾਵਤ ਕਰ ਰਹੀਆਂ ਹਨ। ਸੂਡਾਨ, ਯਮਨ, ਇਥੋਪੀਆ, ਨਾਇਜ਼ੀਰੀਆ ਵਿਚ ਚੱਲਦੇ ਅੰਦਰੂਨੀ ਝਗੜੇ ਅਤੇ ਸੋਮਾਲੀਆ, ਸੀਰੀਆ ਤੇ ਅਫਗਾਨਿਸਤਾਨ ਦੇ ਹਾਲਾਤ ਨਾਗਰਿਕਾਂ ਦੇ ਜੀਵਨ ਲਈ ਗੰਭੀਰ ਖਤਰਾ ਹਨ। ਅਜਿਹੇ ਸੰਘਰਸ਼ਾਂ ਵਿੱਚ ਸਕੂਲ, ਹਸਪਤਾਲ, ਸੜਕਾਂ, ਫੈਕਟਰੀਆਂ, ਘਰ, ਕਾਰਾਂ ਅਤੇ ਖੇਤੀਬਾੜੀ ਤਬਾਹ ਹੋ ਜਾਂਦੇ ਹਨ। ਉਜਾੜਾ ਅਤੇ ਜੰਗਾਂ ਕਈ ਮਾਨਸਿਕ ਸਿਹਤ ਸਮੱਸਿਆਵਾਂ ਨੂੰ ਜਨਮ ਦਿੰਦੀਆਂ ਹਨ, ਜਿਨ੍ਹਾਂ ਵਿੱਚ ਡਿਪਰੈਸ਼ਨ, ਚਿੰਤਾ ਅਤੇ ਪੋਸਟ-ਟਰਾਮੈਟਿਕ ਤਣਾਅ ਸ਼ਾਮਲ ਹਨ।

ਇਹ ਉਮੀਦ ਕੀਤੀ ਜਾਂਦੀ ਸੀ ਕਿ ਵਿਸ਼ਵੀਕਰਨ ਨਾਲ ਇੱਕ ਅੰਤਰ-ਨਿਰਭਰ ਆਰਥਿਕਤਾ, ਸੱਭਿਆਚਾਰ, ਤਕਨਾਲੋਜੀ, ਸੰਪਰਕ, ਸੂਚਨਾ ਦੇ ਆਦਾਨ-ਪ੍ਰਦਾਨ, ਵਪਾਰ ਅਤੇ ਤਕਨੀਕ ਅਤੇ ਰੁਟੀਨ ਦੇ ਆਪਸੀ ਸੰਬੰਧਾਂ ਦੁਆਰਾ ਸੰਸਾਰ ਨੂੰ ਜੋੜ ਦੇਵੇਗਾ। ਇਹ ਉਮੀਦ ਕੀਤੀ ਜਾਂਦੀ ਸੀ ਕਿ ਇਹ ਅੰਤਰ-ਨਿਰਭਰਤਾ ਦੁਵੱਲੇ ਅਤੇ ਬਹੁਪੱਖੀ ਮੁੱਦਿਆਂ ਨਾਲ ਨਜਿੱਠਣ ਲਈ ਫੌਜੀ ਵਿਕਲਪਾਂ ਨੂੰ ਘਟਾਏਗੀ, ਪਰ ਅਜਿਹਾ ਨਹੀਂ ਹੋਇਆ। ਇਹ ਵਰਤਾਰਾ ਇੱਕਤਰਫਾ ਵਿਸ਼ਵੀਕਰਨ ਵਿੱਚ ਬਦਲ ਗਿਆ ਅਤੇ ਤਾਕਤਵਰ ਦੇਸ਼ਾਂ ਵੱਲੋਂ ਆਪਣੀ ਸਮਾਜਿਕ, ਆਰਥਿਕ ਅਤੇ ਰਾਜਨੀਤਕ ਸਰਦਾਰੀ ਨੂੰ ਕਾਇਮ ਰੱਖਣ ਲਈ ਵੱਖ-ਵੱਖ ਖੇਤਰਾਂ ਵਿੱਚ ਤਾਨਾਸ਼ਾਹੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਜਿੱਥੇ ਇਸ ਪ੍ਰਤੀ ਵਿਰੋਧੀ ਲਹਿਰਾਂ ਹਨ, ਉੱਥੇ ਇਹ ਵੀ ਦੇਖਿਆ ਗਿਆ ਹੈ ਕਿ ਕਈ ਥਾਵਾਂ ’ਤੇ ਰਾਸ਼ਟਰਵਾਦ ਅਤੇ ਹੋਰ ਕਿਸਮ ਦੀਆਂ ਪ੍ਰਤੀਕਿਰਿਆਵਾਦੀ ਲਹਿਰਾਂ ਦਾ ਉਭਾਰ ਵੀ ਹੋ ਰਿਹਾ ਹੈ। ਇਹ ਸਮਾਜ ਵਿੱਚ ਧਾਰਮਿਕ ਅਤੇ ਰਾਜਨੀਤਕ ਧਰੁਵੀਕਰਨ ਪੈਦਾ ਕਰਦੇ ਹਨ ਅਤੇ ਕੱਟੜਪੰਥੀ ਵਿਚਾਰਾਂ ਅਤੇ ਕਾਰਵਾਈਆਂ ਨੂੰ ਉਤਸ਼ਾਹਿਤ ਕਰਦੇ ਹਨ, ਜਿਸ ਨਾਲ ਅੱਤਵਾਦ ਅਤੇ ਆਧੁਨਿਕ ਹਥਿਆਰਬੰਦ ਰੁਝੇਵੇਂ ਪੈਦਾ ਹੁੰਦੇ ਹਨ, ਇਸ ਤਰ੍ਹਾਂ ਅੰਦਰੂਨੀ ਅਤੇ ਬਾਹਰੀ ਸੰਘਰਸ਼ ਵਧਦੇ ਹਨ।

ਇਹ ਮੰਦਭਾਗਾ ਹੈ ਕਿ ਸ਼ਾਂਤੀ ਦੀ ਬਹਾਲੀ ਲਈ ਜ਼ਿੰਮੇਵਾਰ ਆਲਮੀ ਢਾਂਚੇ ਕਮਜ਼ੋਰ ਹੋ ਗਏ ਹਨ। ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਦੁਆਰਾ ਭਾਰੀ ਬਹੁਮਤ ਨਾਲ ਪ੍ਰਭਾਵੀ ਮਤਾ ਪਾਸ ਕਰਨ ਅਤੇ ਸਕੱਤਰ ਜਨਰਲ ਦੁਆਰਾ ਗੰਭੀਰ ਚਿੰਤਾ ਅਤੇ ਅਪੀਲ ਦੇ ਬਾਵਜੂਦ ਗਾਜ਼ਾ ਵਿੱਚ ਜੰਗਬੰਦੀ ਦੀ ਮੰਗ ’ਤੇ ਅਮਰੀਕਾ ਦੁਆਰਾ ਵੀਟੋ ਤੋਂ ਇਹ ਸਪੱਸ਼ਟ ਹੈ। ਇਸ ਲਈ ਵਿਸ਼ਵ-ਵਿਆਪੀ ਭਾਈਚਾਰੇ ਦੁਆਰਾ ਸ਼ਾਂਤੀ ਲਈ ਵਿਸ਼ਵ-ਵਿਆਪੀ ਲੋੜਾਂ ਪ੍ਰਤੀ ਜਵਾਬਦੇਹ ਬਣਾਉਣ ਲਈ ਯੂ.ਐੱਨ.ਓ ਵਿੱਚ ਤਬਦੀਲੀਆਂ ਲਿਆਉਣ ਲਈ ਫੌਰੀ ਕਦਮਾਂ ਅਤੇ ਪ੍ਰਭਾਵੀ ਉੱਦਮਾਂ ਦੀ ਲੋੜ ਹੈ। ਮਨੁੱਖੀ ਅਧਿਕਾਰਾਂ ਦੀਆਂ ਅਜਿਹੀਆਂ ਉਲੰਘਣਾਵਾਂ ਨੂੰ ਜਾਰੀ ਰਹਿਣ ਤੋਂ ਰੋਕਣ ਲਈ ਸਾਨੂੰ ਕਦੋਂ ਤੱਕ ਉਡੀਕ ਕਰਨੀ ਪਵੇਗੀ?

# ਸੰਪਰਕ : 94170-00360

# ...ਤੂੰ ਜਗਾ ਦੇ ਮੋਮਬੱਤੀਆਂ



ਅਮੋਲਕ ਸਿੰਘ

ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਵੱਲੋਂ ਦਰਜਨ ਤੋਂ ਵੱਧ ਲੋਕ-ਪੱਖੀ ਸੰਸਥਾਵਾਂ ਦੇ ਸਹਿਯੋਗ ਨਾਲ 25 ਜਨਵਰੀ ਨੂੰ ਹੋ ਰਿਹਾ 41ਵਾਂ ਨਾਟ ਅਤੇ ਗੀਤ ਮੇਲਾ, ਮੁਲਕ ਅੰਦਰ ਫੈਲਾਈ ਜਾ ਰਹੀ ਅਗਿਆਨਤਾ ਅਤੇ ਅੰਧਵਿਸ਼ਵਾਸ ਦੀ ਗਾੜ੍ਹੀ ਧੁੰਦ ਅੰਦਰ ਚਾਨਣ ਦੀ ਲੀਕ ਦਾ ਕੰਮ ਕਰੇਗਾ।

ਦੇਸ਼ ਭਗਤ ਯਾਦਗਾਰ ਹਾਲ ਤੋਂ ਇਲਾਵਾ ਇਸ ਵਰ੍ਹੇ ਪੰਜਾਬ ਦੀਆਂ ਹੋਰਨਾਂ ਥਾਵਾਂ ’ਤੇ ਵੀ ਪਲਸ ਮੰਚ ਦੀਆਂ ਨਾਟ ਅਤੇ ਗੀਤ-ਸੰਗੀਤ ਮੰਡਲੀਆਂ ਅਜਿਹੇ ਮੇਲੇ ਲਗਾ ਕੇ ਸਾਹਿਤ ਅਤੇ ਕਲਾ ਦੇ ਪਿੜ ’ਚੋਂ ਸਾਡੀ ਮਿੱਟੀ ਦੀ ਅਮੀਰ, ਵਿਗਿਆਨਕ, ਲੋਕ-ਪੱਖੀ, ਸਿਹਤਮੰਦ, ਉਸਾਰੂ ਅਤੇ ਇਨਕਲਾਬੀ ਚੇਤਨਾ ਅਤੇ ਚਿੰਤਨ ਦੀ ਮਸ਼ਾਲ ਨੂੰ ਦਰਪੇਸ਼ ਚੁਣੌਤੀਆਂ ਬਾਰੇ ਜਾਗਰੂਕ ਕਰਦਿਆਂ ਸਮਾਜ ਅੰਦਰ ਰੰਗ ਮੰਚ ਦੀ ਸ਼ਾਨਾਮੱਤੀ ਪਰੰਪਰਾ ਨੂੰ ਬੁਲੰਦ ਰੱਖਣ ਦਾ ਅਹਿਦ ਕਰਨਗੀਆਂ।

ਪਲਸ ਮੰਚ ਦੇ ਬਾਨੀ ਪ੍ਰਧਾਨ ਗੁਰਸ਼ਰਨ ਸਿੰਘ ਦੀ ਅਗਵਾਈ ’ਚ 14 ਮਾਰਚ 1982 ਨੂੰ ਪਿੰਡ ਨਸਰਾਲੀ (ਲੁਧਿਆਣਾ) ਵਿਖੇ ਲਗਾਏ ਸਾਹਿਤ, ਕਲਾ ਅਤੇ ਰੰਗ ਮੰਚ ਦੇ ਇਸ ਬੂਟੇ ਨੇ ਲੱਗਭੱਗ ਅੱਧੀ ਸਦੀ ਦਾ ਸ਼ਾਨਦਾਰ ਸਫ਼ਰ ਤੈਅ ਕਰਦਿਆਂ ਲੋਕਾਂ ਦੇ ਰੰਗ ਮੰਚ ਦੀ ਠੁੱਕਦਾਰ, ਨਿਵੇਕਲੀ, ਨਾਬਰੀ ਅਤੇ ਪ੍ਰਤੀਬੱਧਤਾ ਭਰੀ ਮਟਕੀਲੀ ਤੋਰ ਨੂੰ ਜਰਕ ਨਹੀਂ ਆਉਣ ਦਿੱਤੀ।

ਪਲਸ ਮੰਚ ਦੀ ਆਧਾਰਸ਼ਿਲਾ ਰੱਖਣ, ਐਲਾਨਨਾਮਾ, ਵਿਧਾਨ ਦੀ ਸਿਰਜਣਾ ਅਤੇ ਸਰਗਰਮੀਆਂ ਦਾ ਖ਼ਾਕਾ ਉਲੀਕਦਿਆਂ ਹਰ ਸਾਲ ਗਣਤੰਤਰ ਦਿਵਸ ਦੀ ਪੂਰਵ ਸੰਧਿਆ ’ਤੇ 25 ਜਨਵਰੀ ਸਾਰੀ ਰਾਤ ਦੇਸ਼ ਭਗਤ ਯਾਦਗਾਰ ਹਾਲ ਜਲੰਧਰ 1983 ਤੋਂ ਨਿਰੰਤਰ ਨਾਟਕਾਂ ਅਤੇ ਗੀਤਾਂ ਭਰੀ ਰਾਤ ਮਨਾਈ ਜਾਣ ਲੱਗੀ। ਪੰਜਾਬ ਤੇ ਉਸ ਮੌਕੇ ਦੋ ਮੂੰਹੀ ਦਹਿਸ਼ਤਗਰਦੀ ਦੇ ਗਾੜ੍ਹੇ ਬੱਦਲ ਛਾਏ ਹੋਏ ਸਨ। ਦਿਨੇ ਸਿਖ਼ਰ ਦੁਪਹਿਰ ਹੀ ਅਤੇ ਕਈ ਖੇਤਰਾਂ ’ਚ ਸੂਰਜ ਦੀ ਟਿੱਕੀ ਚੜ੍ਹਦੇ ਸਾਰ ਹੀ ਕਾਲ਼ੀ ਬੋਲੀ ਰਾਤ ਦਾ ਘੁੱਪ ਹਨੇਰ ਛਾ ਜਾਂਦਾ ਸੀ। ਉਹਨਾਂ ਦਿਨਾਂ ’ਚ ਜਿੱਥੇ ਹੋਰ ਲੋਕ-ਪੱਖੀ ਸੰਸਥਾਵਾਂ ਦੀ ਆਪਣੇ ਖੇਤਰ ’ਚ ਜ਼ਿਕਰਯੋਗ ਭੂਮਿਕਾ ਹੈ, ਓਥੇ ਗੁਰਸ਼ਰਨ ਭਾਅ ਦੀ ਮਾਰੀ ਇਸ ਆਵਾਜ਼ ਨੂੰ ਪਲਸ ਮੰਚ ਦੀ ਅਗਵਾਈ ’ਚ ਭਰਵਾਂ ਹੁੰਗਾਰਾ ਭਰਿਆ ਗਿਆ ਕਿ; ‘ਜੇ ਰੰਗ ਮੰਚ ਨੇ ਕੋਈ ਸੁਆਲ ਹੀ ਨਹੀਂ ਕਰਨਾ, ਫਿਰ ਰੰਗ ਮੰਚ ਕਰਨਾ ਹੀ ਕਾਹਦੇ ਲਈ ਹੈ?’

ਰੰਗ ਮੰਚ ਬੋਲਿਆ, ‘ਇੱਕ ਕੁਰਸੀ, ਇੱਕ ਮੋਰਚਾ ਤੇ ਹਵਾ ’ਚ ਲਟਕਦੇ ਲੋਕ’, ‘ਕਿਵ ਕੂੜੇ ਤੁਟਿ ਪਾਲਿ’, ‘ਲੋਹੇ ਦਾ ਪੁੱਤ’, ‘ਝਨਾਂ ਦੇ ਪਾਣੀ’, ‘ਟੋਭਾ ਟੇਕ ਸਿੰਘ’, ‘ਲੀਰਾਂ’, ‘ਦਿੱਲੀ ਦਾ ਰੰਗ’, ‘ਗੁਲਾਬੀ ਪੱਗ’, ‘ਅੰਨ੍ਹੇ ਨਿਸ਼ਾਨਚੀ’, ‘ਐਸੇ ਜਨ ਵਿਰਲੇ ਸੰਸਾਰਿ’, ‘ਮਹਾਂ ਭੋਜ’, ‘ਤੂੰ ਖ਼ੁਦਕੁਸ਼ੀ ਕਰੇਂਗਾ, ਅਸੀਂ ਸ਼ਹੀਦ ਹੋਵਾਂਗੇ’, ‘ਬੁੱਤ ਜਾਗ ਪਿਆ’, ‘ਧਮਕ ਨਗਾਰੇ ਦੀ’, ‘ਪੁੱਤ ਦਾ ਮੁੱਲ’, ‘ਪੰਜੋ ਰਫ਼ੂਜਣ’ ਵਰਗੇ ਕਿੰਨੇ ਹੀ ਨਾਟਕਾਂ ਨੇ ਬੁਰੀ ਤਰ੍ਹਾਂ ਸਹਿਮੇ, ਚੌਰਾਹੇ ’ਚ ਖੜ੍ਹੇ ਪੰਜਾਬ ਨੂੰ ਆਪਣੀਆਂ ਕਲਾ ਕ੍ਰਿਤਾਂ ਦੀ ਰੌਸ਼ਨੀ, ਊਰਜਾ ਅਤੇ ਵਿਗਿਆਨਕ ਸੇਧ ਨਾਲ਼ ਜ਼ਿੰਦਗੀ ਦੇ ਸੂਹੇ ਮਾਰਗ ’ਤੇ ਗੈਰਤ ਨਾਲ ਤੁਰਨ ਲਈ ਪ੍ਰੇਰਿਆ।

ਰੰਗ ਕਰਮੀ ਨਿਕਲ ਤੁਰੇ ਗਲੀ-ਗਲੀ, ਪਿੰਡ-ਪਿੰਡ, ਕਸਬਿਆਂ, ਮੁਹੱਲਿਆਂ, ਕਾਲਜਾਂ, ਯੂਨੀਵਰਸਿਟੀਆਂ ਅੰਦਰ ਰੰਗ ਮੰਚ ਕਰਨ ਅਤੇ ਆਪਣੇ ਮੋਢਿਆਂ ’ਤੇ ਕਿਤਾਬਾਂ ਦੇ ਥੈਲੇ ਲੈ ਕੇ। ਸਾਈਕਲਾਂ, ਬੱਸਾਂ, ਟਰੈਕਟਰਾਂ ਅਤੇ ਮੋਟਰਸਾਈਕਲਾਂ ਉਪਰ ਪਲਸ ਮੰਚ ਦੀਆਂ ਰਿਕਾਰਡ ਕਰਵਾਈਆਂ ਗੀਤਾਂ ਦੀਆਂ ਕੈਸਿਟਾਂ ਗੂੰਜਦੀਆਂ। ‘ਉੱਠੀਂ ਵੇ ਲੋਕਾ ਖ਼ਤਰਾ ਹੈ’, ‘ਦਿੱਲੀ ਦੀ ਹਕੂਮਤੇ ਨੀ ਲੋਕਾਂ ਦੀਏ ਵੈਰਨੇ’, ‘ਤਾਰਿਆਂ ਦੀ ਛਾਵੇਂ ਬੈਠ ਕੇ, ਤੱਕਾਂ ਸਾਰੀ ਰਾਤ ਤੇਰਾ ਪਰਛਾਵਾਂ’, ‘ਅਸੀਂ ਨ੍ਹੀਂ ਮੰਨਦੇ ਓਸ ਰੱਬ ਨੂੰ, ਜੋ ਦੇਵੇ ਲੀਕਾਂ ਪਾ’, ‘ਕਿਰਨਾਂ ਦਾ ਕਾਫ਼ਲਾ’, ‘ਸਤਲੁਜ ਦਾ ਪੈਗ਼ਾਮ’, ‘ਦੁੱਲਾ ਭੱਟੀ’ ਵਰਗੀਆਂ ਦਰਜਨਾਂ ਹੀ ਗੀਤਾਂ ਦੀਆਂ ਕੈਸਿਟਾਂ ਰਿਕਾਰਡ ਕੀਤੀਆਂ। ਟਿਊਬਵੈੱਲਾਂ, ਟਰੈਕਟਰਾਂ ਅਤੇ ਘਰਾਂ ’ਚ ਇਹਨਾਂ ਦੀ ਗਿਣਨਯੋਗ ਥਾਂ ਬਣੀ।

ਸਾਹਿਤਕ, ਸੱਭਿਆਚਾਰਕ ਕਾਮੇ ਪੰਜਾਬ ਅਤੇ ਮੁਲਕ ਦੀ ਫ਼ਿਜਾ ’ਚ ਮੂੰਹ ਅੱਡੀ ਖੜ੍ਹੀਆਂ ਚੁਣੌਤੀਆਂ ਸਾਹਮਣੇ ਆਪਣੀਆਂ ਕਲਮਾਂ, ਨਗਾਰੇ, ਹੋਰ ਸਾਜ਼, ਰੰਗ ਮੰਚ ਅਤੇ ਕਿਤਾਬਾਂ ’ਚ ਛਪੇ ਅੱਖਰਾਂ ਦੀ ਲੋਅ ਲੈ ਕੇ ਚੁਫ਼ੇਰੇ ਫੈਲ ਗਏ। ਇਹਨਾਂ ਚਾਨਣ ਦੇ ਵਣਜਾਰਿਆਂ ਨੇ ਕਾਲੀਆਂ ਰਾਤਾਂ ਅੰਦਰ ਟਿਮਟਿਮਾਉਂਦੇ ਜੁਗਨੂੰ, ਚੰਨ, ਤਾਰਿਆਂ ਅਤੇ ਮਘਦੇ ਸੂਰਜਾਂ ਦਾ ਕੰਮ ਕੀਤਾ।

25 ਜਨਵਰੀ ਦੀ ਨਾਟਕਾਂ ਅਤੇ ਗੀਤਾਂ ਭਰੀ ਰਾਤ ਦੀ ਕਈ ਮਹੀਨੇ ਪਹਿਲਾਂ ਹੀ ਉਡੀਕ ਹੋਣ ਲੱਗ ਜਾਂਦੀ। 25 ਜਨਵਰੀ ਨਾਟਕਾਂ ਅਤੇ ਗੀਤਾਂ ਭਰੀ ਰਾਤ 8 ਵਜੇ ਸ਼ੁਰੂ ਹੁੰਦੀ ਸੀ, ਪਰ ਕਮਾਲ ਦੀ ਗੱਲ ਹੈ ਕਿ ਦੇਸ਼ ਭਗਤ ਯਾਦਗਾਰ ਹਾਲ ਦਾ ‘ਗ਼ਦਰੀ ਬਾਬਾ ਜਵਾਲਾ ਸਿੰਘ ਹਾਲ’ ਦੇ ਵਿਸ਼ਾਲ ਆਡੀਟੋਰੀਅਮ ਅੰਦਰ ਲੱਗੀਆਂ ਕੁਰਸੀਆਂ ਉੱਪਰ ਤ੍ਰਿਕਾਲਾਂ ਤੋਂ ਪਹਿਲਾਂ ਹੀ ਦੂਰ-ਦੂਰ ਤੱਕ ਲੰਮੇ ਰੁਖ਼ ਕਰਕੇ ਚੁੰਨੀਆਂ ਬੰਨ੍ਹ ਦਿੰਦੀਆਂ ਜਾਂਦੀਆਂ ਤਾਂ ਜੋ ਰੰਗ ਮੰਚ ਲਈ ਉਮੜੇ ਲੋਕ ਹੜ੍ਹ ’ਚ ਵੇਲੇ ਸਿਰ ਹੀ ਆਪਣੀ ਸੀਟ ਰਾਖ਼ਵੀਂ ਕੀਤੀ ਜਾ ਸਕੇ। ਕਵਿਤਾਵਾਂ, ਗੀਤਾਂ, ਨਾਟਕਾਂ ਤੋਂ ਇਲਾਵਾ ‘ਮੈਂ ਧਰਤੀ ਪੰਜਾਬ ਦੀ’ ਵਰਗੀਆਂ ਕੋਰਿਓਗਰਾਫ਼ੀਆਂ ਲੋਕ ਮਨਾਂ ’ਤੇ ਅਮਿੱਟ ਦਸਤਖ਼ਤ ਕਰਦੀਆਂ ਰਹੀਆਂ। ਪੁਸਤਕ ਮੇਲਿਆਂ ਦੀ ਪਿਰਤ ਨੂੰ ਪਲਸ ਮੰਚ, ਤਰਕਸ਼ੀਲ ਸੁਸਾਇਟੀ ਅਤੇ ਉਸ ਉਪਰੰਤ 1992 ਤੋਂ ਸ਼ੁਰੂ ਹੋਏ ਗ਼ਦਰੀ ਬਾਬਿਆਂ ਦੇ ਮੇਲੇ ਨੇ ਜਰਬਾਂ ਦਿੱਤੀਆਂ।

ਪਿੰਡਾਂ ਅੰਦਰ ਖੇਡਾਂ ਮੌਕੇ ਉਸਾਰੂ ਸਾਹਿਤ ਸੱਭਿਆਚਾਰ ਜਾਣ ਲੱਗਾ। ਨੌਜਵਾਨ ਸਭਾਵਾਂ ਪਿੰਡ-ਪਿੰਡ ਰੰਗ ਮੰਚ ਕਰਾਉਣ ਲੱਗੀਆਂ ਪੁਰਾਤਨ ਕਿੱਸਿਆਂ, ਰਾਮ ਲੀਲ੍ਹਾ, ਨਕਲਾਂ ਤੋਂ ਕਿਤੇ ਉਚੇਰੀ ਪਰਵਾਜ਼ ਭਰੀ ਰੰਗ ਮੰਚ ਨੇ। ਇਸ ਕਾਫ਼ਲੇ ’ਚ ਨਾਟਕਕਾਰਾਂ, ਨਿਰਦੇਸ਼ਕਾਂ, ਅਦਾਕਾਰਾਂ, ਗੀਤਕਾਰਾਂ, ਕਵੀਆਂ, ਸਾਹਿਤਕਾਰਾਂ, ਬੁੱਧੀਜੀਵੀਆਂ ਸਭਨਾਂ ਦੀ ਸਾਂਝੀ ਪੈੜ ਨੇ ਪੰਜਾਬ ਅਤੇ ਸਮੁੱਚੇ ਸਮਾਜ ਤੋਂ ਅੱਗੇ ਵਧ ਕੇ ਪਰਦੇਸਾਂ ’ਚ ਵਸਦੇ ਲੋਕਾਂ ਤੱਕ ਨੂੰ ਹਲੂਣ ਕੇ ਰੱਖ ਦਿੱਤਾ। ਉਹ 25 ਜਨਵਰੀ ਦੀ ਰਾਤ ਆਪਣੇ ਮਨ ਦੀ ਡਾਇਰੀ ’ਤੇ ਪ੍ਰਦੇਸੋਂ ਆਉਣ ਸਮੇਂ ਪੱਕੀ ਤਰ੍ਹਾਂ ਦਰਜ ਕਰਨ ਲੱਗੇ। ਨਵ-ਵਿਆਹੇ ਜੋੜੇ ਇਸ ਰਾਤ ਸਮਾਗਮ ’ਚ ਸ਼ਾਮਲ ਹੋ ਕੇ ਇਉਂ ਸਮਝਦੇ, ਜਿਵੇਂ ਰੰਗ ਮੰਚ ਦੇ ਆਪਣੀ ਕਿਸਮ ਦੇ ਮੰਦਰ ’ਚ ਨਤਮਸਤਕ ਹੋਣ ਆਏ ਹੋਣ।

41-42 ਵਰ੍ਹੇ ਦਾ ਇਹ ਸਫ਼ਰ ਅੱਜ ਜਿਸ ਮੁਕਾਮ ’ਤੇ ਹੈ ਤਾਂ ਇਸ ਮੌਕੇ ਵਿਚਾਰਾਂ ਦੀ ਆਜ਼ਾਦੀ, ਭਾਈਚਾਰਕ ਸਾਂਝ, ਵਿਗਿਆਨਕ ਚੇਤਨਾ, ਇਤਿਹਾਸ, ਲੋਕਾਂ ਦੀ ਲਹੂ-ਵੀਟਵੀਂ ਸਾਂਝੀ ਵਿਰਾਸਤ, ਸਾਹਿਤ, ਕਲਾ, ਰੰਗ ਮੰਚ, ਮਾਂ ਬੋਲੀ ਸਭ ਕੁਝ ਲਈ ਖ਼ਤਰੇ ਦਾ ਘੁੱਗੂ ਵੱਜ ਗਿਆ ਹੈ। ਮੁਲਕ ਨੂੰ ਇਕੋ ਮਨ ਚਾਹੇ ਰੰਗ ਵਿੱਚ ਰੰਗਣ ਦੀ ਅੰਨ੍ਹੀ ਦੌੜ ਨੇ ਡਰ, ਸਹਿਮ, ਹਊਆ, ਜ਼ਿੰਦਗੀ ਦੇ ਭਵਿੱਖ ਪ੍ਰਤੀ ਅਨਿਸਚਤਾ ਦਾ ਆਲਮ ਸਿਰਜਣ ਦੀ ਪ੍ਰਕਿਰਿਆਂ ਨੂੰ ਅੱਡੀ ਲਾ ਦਿੱਤੀ ਹੈ। ਅਜਿਹੇ ਵੇਲੇ ਦੇਸ਼ ਭਗਤ ਯਾਦਗਾਰ ਹਾਲ ’ਚ 25 ਜਨਵਰੀ ਨੂੰ ਹੋ ਰਿਹਾ ਮੋਮਬੱਤੀਆਂ ਦਾ ਮੇਲਾ, ਜਿੱਥੇ ਆਪਣੇ ਵਿਛੜਿਆਂ ਨੂੰ ਸਿਜਦਾ ਕਰੇਗਾ, ਓਥੇ ਕਵਿਤਾਵਾਂ, ਗੀਤਾਂ, ਨਾਟਕਾਂ ਰਾਹੀਂ ਹੋਕਾ ਦੇਵੇਗਾ,

‘ਏਥੇ ਜੇ ਵਗਦੀਆਂ ਰਹਿਣੀਆਂ ਪੌਣਾਂ ਕੁਪੱਤੀਆਂ,
ਤੂੰ ਜਗਾ ਦੇ ਮੋਮਬੱਤੀਆਂ।’

# ਸੰਪਰਕ: 98778 68710

# ਫਿਰਕਾਪ੍ਰਸਤ ਰਾਜਨੀਤੀ ਦੇਸ਼ ਦੀ ਜਮਹੂਰੀਅਤ ਲਈ ਗੰਭੀਰ ਖਤਰਾ



ਸੁਰਜੀਤ ਸਿੰਘ

ਜਮਹੂਰੀਅਤ-ਪਸੰਦ ਸਾਡਾ ਦੇਸ਼ ਭਾਰਤ ਵੱਖ-ਵੱਖ ਧਰਮਾਂ, ਕੌਮਾਂ, ਮਜ਼ਹਬਾਂ ਅਤੇ ਜਾਤਾਂ ਦਾ ਬਹੁਤ ਵੱਡਾ ਦੇਸ਼ ਹੈ। ਜਦੋਂ ਦੇਸ਼ ਵਿਚ ਜਮਹੂਰੀਅਤ ਲਾਗੂ ਹੋਈ ਤਾਂ ਦੇਸ਼ ਦੇ ਦਾਨਿਸ਼ਵਰ ਸਿਆਸਤਦਾਨਾਂ ਨੇ ਇਹ ਵਿਚਾਰ ਮੁੱਖ ਤੌਰ ’ਤੇ ਉਸਾਰੂ ਰੱਖਿਆ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਇਸ ਦੇ ਜਾਤੀਗਤ ਅਤੇ ਮਜ਼ਹਬੀ ਮਿਲਵਰਤਨ ਅਤੇ ਆਪਸੀ ਭਾਈਚਾਰਕ ਸਾਂਝ ਵਿਚ ਨਿਹਿਤ ਹੈ। ਜੇਕਰ ਦੇਸ਼ ਦੀ ਭਾਈਚਾਰਕ ਸਾਂਝ ਨੂੰ ਕਿਸੇ ਤਰ੍ਹਾਂ ਦਾ ਖਤਰਾ ਪੈਦਾ ਹੁੰਦਾ ਹੈ ਤਾਂ ਇਸ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਸਿਹਤਮੰਦ ਨਹੀਂ ਹੈ। ਖੇਤਰਵਾਦ ਅਤੇ ਫਿਰਕਾਪ੍ਰਸਤੀ ਦੇ ਸੁਰ ਦੇਸ਼ ਨੂੰ ਤੋੜਨ ਦਾ ਕੰਮ ਕਰ ਸਕਦੇ ਹਨ। ਇਹੋ ਕਾਰਨ ਹੈ ਕਿ ਦੇਸ਼ ਦੇ ਮੁਢਲੇ ਸਿਆਸਤਦਾਨਾਂ ਨੇ ਇਹ ਸਾਰੀਆਂ ਖਾਮੀਆਂ ਨੂੰ ਮੱਦੇਨਜ਼ਰ ਰੱਖਦਿਆਂ ਦੇਸ਼ ਨੂੰ ਚਲਾਉਣ ਲਈ ਇੱਕ ਧਰਮ ਨਿਰਪੇਖ ਢਾਂਚੇ ਦੀ ਸਥਾਪਨਾ ਕੀਤੀ। ਜਿੱਥੇ ਦੇਸ਼ ਦਾ ਕੋਈ ਕੌਮੀ ਧਰਮ ਨਹੀਂ ਹੋਵੇਗਾ ਬਲਕਿ ਸਾਰੇ ਧਰਮਾਂ ਦਾ ਸਮਾਨ ਰੂਪ ਵਿਚ ਸਤਿਕਾਰ ਕੀਤਾ ਜਾਵੇਗਾ ਅਤੇ ਕਾਨੂੰਨ ਦੇਸ ਦੇ ਹਰ ਧਰਮ, ਫਿਰਕੇ, ਅਮੀਰ ਅਤੇ ਗਰੀਬ ਲਈ ਨਿਆਂ ਦੇਣ ਵਾਲਾ ਹੋਵੇਗਾ।

ਸ਼ੁਰੂਆਤੀ ਸਮਿਆਂ ਵਿਚ ਇਹ ਸਿਲਸਿਲਾ ਕੁੱਝ ਹੱਦ ਤੱਕ ਠੀਕ-ਠਾਕ ਚੱਲਦਾ ਰਿਹਾ, ਪਰ ਜਦੋਂ ਦੇਸ਼ ਦੇ ਰਾਜਨੀਤਕ ਢਾਂਚੇ ਵਿਚ ਗਿਰਾਵਟ ਆਉਣੀ ਸ਼ੁਰੂ ਹੋਈ ਅਤੇ ਸਿਆਸੀ ਨੇਤਾਵਾਂ ਨੇ ਕਦਰਾਂ-ਕੀਮਤਾਂ ਛਿੱਕੇ ਟੰਗ ਕੇ ਰਾਸ਼ਟਰਵਾਦੀ ਸੋਚ ਤੋਂ ਲਾਂਭੇ ਹੋ ਕੇ ਆਪਣੀ ਨਿੱਜਤਾ ਨੂੰ ਪਹਿਲ ਦੇਣੀ ਸ਼ੁਰੂ ਕਰ ਦਿੱਤੀ ਤਾਂ ਦੇਸ਼ ਦੀਆਂ ਰਾਜਨੀਤਕ ਪਾਰਟੀਆਂ ਨੇ ਆਪਣੀ ਹੋਂਦ ਨੂੰ ਬਰਕਰਾਰ ਰੱਖਣ ਲਈ ਧਾਰਮਿਕ ਕੱਟੜਤਾ ਅਤੇ ਖੇਤਰਵਾਦ ਨੂੰ ਹੱਲਾਸ਼ੇਰੀ ਦੇਣੀ ਸ਼ੁਰੂ ਕਰ ਦਿੱਤੀ। ਹਿੰਦੂ, ਇਸਲਾਮ, ਸਿੱਖ, ਇਸਾਈ, ਜੈਨ ਅਤੇ ਹੋਰ ਧਰਮ ਅਤੇ ਜਾਤਾਂ ਅਪ੍ਰਤੱਖ ਰੂਪ ਵਿਚ ਸਿਆਸੀ ਲੀਡਰਾਂ ਅਤੇ ਪਾਰਟੀਆਂ ਦੇ ਏਜੰਡੇ ’ਤੇ ਆ ਗਈਆਂ। ਨਸਲਵਾਦ, ਖੇਤਰਵਾਦ ਅਤੇ ਧਾਰਮਿਕ ਕੱਟੜਤਾ ਨੂੰ ਤਾਕਤ ਮਿਲਣੀ ਸ਼ੁਰੂ ਹੋ ਗਈ। ਧਾਰਮਿਕ ਅਤੇ ਫਿਰਕਾਪ੍ਰਸਤ ਆਗੂ ਹੋਰ ਮਜ਼ਬੂਤ ਹੋ ਕੇ ਦੇਸ਼ ਅਤੇ ਸਮਾਜ ਵਿਚ ਵਿਚਰਨ ਲੱਗ ਪਏ।

ਸਮੇਂ-ਸਮੇਂ ’ਤੇ ਇਹਨਾਂ ਆਗੂਆਂ ਨੇ ਦੇਸ਼ ਵਿਚ ਭਾਈਚਾਰਕ ਸਾਂਝ ਨੂੰ ਲਾਂਬੂ ਲਾਏ ਅਤੇ ਆਪ ‘ਡੱਬੂ ਕੰਧ’ ’ਤੇ ਬੈਠ ਫਿਰਕਾਪ੍ਰਸਤੀ ਦੀ ਅੱਗ ਵਿਚ ਝੁਲਸਦੇ ਮਜ਼ਲੂਮਾਂ ਦਾ ਤਮਾਸ਼ਾ ਦੇਖਦੇ ਰਹੇ। ਉਹਨਾਂ ਨੂੰ ਨਿਰਦੋਸ਼ ਲੋਕਾਂ ਨੂੰ ਫਿਰਕਾਪ੍ਰਸਤੀ ਦੀ ਅੱਗ ਵਿਚ ਸੜਦਿਆਂ ਨੂੰ ਦੇਖ ਕੇ ਰਤਾ ਵੀ ਰਹਿਮ ਨਹੀਂ ਆਇਆ, ਬਲਕਿ ਉਹਨਾਂ ਆਪਣੇ ਵੋਟ ਬੈਂਕ ਨੂੰ ਸੁਰੱਖਿਅਤ ਰਹਿਣ ਦੀ ਜ਼ਿਆਦਾ ਚਿੰਤਾ ਸੀ। ਇਹ ਸਿਲਸਿਲਾ ਹੁਣ ਤੋਂ ਪਹਿਲੀਆਂ ਸਰਕਾਰਾਂ ਵਿਚ ਮੁਸੱਲਸਲ ਚੱਲਦਾ ਰਿਹਾ ਅਤੇ ਹੁਣ ਵਾਲੀ ਸਰਕਾਰ ਵਿਚ ਵੀ ਬਾਦਸਤੂਰ ਜਾਰੀ ਹੈ, ਬਲਕਿ ਇਸ ਨੂੰ ਸਿਆਸੀ ਅਤੇ ਰਾਜਸੀ ਸਰਪ੍ਰਸਤੀ ਹਾਸਲ ਹੈ। ਦੇਸ਼ ਦੇ ਲੋਕ ਪ੍ਰਤੀਨਿਧ ਐਕਟ-1951 ਮੁਤਾਬਿਕ ਦੇਸ਼ ਦੀ ਕੋਈ ਵੀ ਰਾਜਨੀਤਕ ਪਾਰਟੀ ਜਾਂ ਦਲ ਧਰਮ ਅਤੇ ਜਾਤ ਅਧਾਰਿਤ ਨਹੀਂ ਹੋ ਸਕਦਾ। ਮਹਾਤਮਾ ਗਾਂਧੀ ਜੀ ਦਾ ਵਿਚਾਰ ਹੈ ਕਿ ਧਰਮ ਨੂੰ ਕਦੇ ਵੀ ਰਾਜਨੀਤੀ ਤੋਂ ਵੱਖ ਨਹੀਂ ਕੀਤਾ ਜਾ ਸਕਦਾ। ਉਹਨਾਂ ਦਾ ਮਤਲਬ ਹਿੰਦੂ ਜਾਂ ਇਸਲਾਮ ਤੋਂ ਨਾ ਹੋ ਕੇ ਨੈਤਿਕ ਕਦਰਾਂ-ਕੀਮਤਾਂ ਦੁਆਰਾ ਨਿਰਦੇਸ਼ਿਤ ਰਾਜਨੀਤੀ ਤੋਂ ਸੀ। ਧਰਮ ਅਤੇ ਜਾਤੀਗਤ ਪਛਾਣ ਵਾਲੀ ਰਾਜਨੀਤੀ ਗਰੀਬੀ, ਵਿਕਾਸ ਅਤੇ ਭ੍ਰਿਸ਼ਟਾਚਾਰ ਵਰਗੇ ਅਹਿਮ ਮੁੱਦਿਆਂ ਤੋਂ ਆਮ ਲੋਕਾਂ ਦਾ ਧਿਆਨ ਭਟਕਾਉਂਦੀ ਹੈ।

ਮੌਜੂਦਾ ਰਾਜਨੀਤਕ ਪਾਰਟੀ ਭਾਜਪਾ ਜਦੋਂ 2014 ਤੋਂ ਸੱਤਾ ਵਿਚ ਆਈ ਹੈ, ਇਸ ਨੇ ਭਾਰਤ ਦੇ ਲੋਕਾਂ ਦਾ ਧਿਆਨ ਸਿੱਖਿਆ, ਸਿਹਤ, ਵਿਕਾਸ, ਗਰੀਬੀ ਅਤੇ ਭ੍ਰਿਸ਼ਟਾਚਾਰ ਤੋਂ ਹਟਾ ਕੇ ਭਗਵਾਂਕਰਨ ਵੱਲ ਨੂੰ ਮੋੜਿਆ ਹੈ। ਲੋਕਾਂ ਨੂੰ ਸਿਰਫ ਧਰਮ ਦੀ ਰੱਖਿਆ ਕਰਨਾ ਹੀ ਚੇਤੇ ਹੈ, ਜਦਕਿ ਸਿੱਖਿਆ ਅਤੇ ਸਿਹਤ ਵਰਗੇ ਮੁੱਦੇ ਗੌਣ ਹੋ ਗਏ ਹਨ। ਇਹੋ ਕਾਰਨ ਹੈ ਕਿ ਦੇਸ਼ ਵਿਚ ਗਰੀਬੀ ਅਤੇ ਬੇਰੋਜ਼ਗਾਰੀ ਸਿਖਰਾਂ ’ਤੇ ਹੈ। ਇਸ ਭਗਵਾਂਕਰਣ ਦੀ ਰਾਜਨੀਤੀ ਨੇ ਦੇਸ਼ ਵਿਚ ਫਿਰਕਾਪ੍ਰਸਤੀ ਦੀਆਂ ਜੜ੍ਹਾਂ ਮਜ਼ਬੂਤ ਕਰ ਦਿੱਤੀਆਂ ਹਨ। ਇਸਲਾਮ ਧਰਮ ਨੂੰ ਮੰਨਣ ਵਾਲਿਆਂ ’ਤੇ ਹਮਲੇ ਅਤੇ ਫਿਰਕੂ ਫਸਾਦਾਂ ਕਾਰਨ ਦੇਸ਼ ਦਾ ਮੁਸਲਮਾਨ ਆਪਣੇ-ਆਪ ਨੂੰ ਆਪਣੇ ਹੀ ਦੇਸ਼ ਵਿਚ ਅਸੁਰੱਖਿਅਤ ਮਹਿਸੂਸ ਕਰਨ ਲੱਗ ਪਿਆ ਹੈ। ਇਸੇ ਤਰ੍ਹਾਂ ਮਸੀਹ ਭਾਈਚਾਰੇ ਅਤੇ ਸਿੱਖ ਧਰਮ ਵਿਚ ਬੈਠੀਆਂ ਕੱਟੜਪੰਥੀ ਤਾਕਤਾਂ, ਵਿਦੇਸ਼ਾਂ ਵਿਚ ਬੈਠੇ ਵੱਖਵਾਦੀ ਅਨਸਰ ਦੇਸ਼ ਦੇ ਸਿੱਖਾਂ ਨੂੰ ਗੁੰਮਰਾਹ ਕਰਨ ਲੱਗ ਪਏ ਹਨ। ਉਹ ਦੇਸ਼ ਵਿਚ ਸਿੱਖ ਧਰਮ ਨੂੰ ਖਤਰਾ ਦੱਸ ਕੇ ਖਾਲਿਸਤਾਨ ਦਾ ਰਾਗ ਅਲਾਪਣ ਲੱਗ ਪਏ ਹਨ, ਜਦਕਿ ਸਿੱਖਾਂ ਦਾ ਬਹੁਮਤ ਇਸ ਖਾਲਿਸਤਾਨੀ ਧਾਰਨਾ ਦਾ ਵਿਰੋਧ ਕਰ ਰਿਹਾ ਹੈ। ਭਾਜਪਾ ਦੇਸ਼ ਦੀਆਂ ਬਾਕੀ ਰਾਜਨੀਤਕ ਪਾਰਟੀਆਂ ਨਾਲੋਂ ਧਾਰਮਿਕ ਮੁੱਦਿਆਂ ’ਤੇ ਜ਼ਿਆਦਾ ਦੂਰਅੰਦੇਸ਼ੀ ਪਾਰਟੀ ਲਗਦੀ ਹੈ। ਉਹ ਲੰਮੀ ਯੋਜਨਾ ਤਹਿਤ ਇਹ ਪਲਾਨ ਕਰਦੀ ਹੈ ਕਿ ਕਦੋਂ ਚੋਣਾਂ ਨੇੜੇ ਕਿਹੜਾ ਧਾਰਮਿਕ ਪੱਤਾ ਖੇਡਣਾ ਹੈ। 2024 ਦੀਆਂ ਲੋਕ ਸਭਾ ਚੋਣਾਂ ਤੋਂ ਐਨ ਪਹਿਲਾਂ ਰਾਮ ਮੰਦਰ ਵਿਚ ‘ਪ੍ਰਾਣ ਪ੍ਰਤਿਸ਼ਠਾ’ ਉਹਨਾਂ ਦੀ ਸੋਚੀ-ਸਮਝੀ ਵਿਉਂਤਬੰਦ ਚਾਲ ਹੈ, ਜਿਸ ਦੇ ਤਹਿਤ ਦੇਸ਼ ਵਿਚ ਇੱਕ ਅਜਿਹਾ ਮਾਹੌਲ ਤਿਆਰ ਕੀਤਾ ਜਾਵੇ ਕਿ ਜਿਸ ਤੋਂ ਆਮ ਜਨ ਨੂੰ ਲੱਗੇ ਕਿ ਮਹਿਜ਼ ਭਾਜਪਾ ਹੀ ਹਿੰਦੂ ਧਰਮ ਦੀ ਪ੍ਰਾਣ ਦਾਇਨੀ ਸ਼ਕਤੀ ਹੈ। ਭਾਜਪਾ ਇਸ ਸਾਰੇ ਐਪੀਸੋਡ ਤੋਂ ਲੋਕ ਸਭਾ ਚੋਣਾਂ ਵਿਚ ਪੂਰਾ ਲਾਹਾ ਲੈਣ ਦੀ ਫਿਰਾਕ ਵਿਚ ਹੈ। ਇਸੇ ਤਰ੍ਹਾਂ ਦੇਸ਼ ਦਾ ਪ੍ਰਧਾਨ ਮੰਤਰੀ ਅਤੇ ਹੋਰ ਕੈਬਨਿਟ ਮੰਤਰੀ ਆਪਣੀ ਸਰਕਾਰੀ ਹੈਸੀਅਤ ਵਿਚ ਇਸ ਸਾਰੇ ਧਾਰਮਿਕ ਅਨੁਸ਼ਠਾਨ ਵਿਚ ਹਿੱਸਾ ਲੈ ਰਹੇ ਹਨ, ਜਦਕਿ ਕਿਸੇ ਵੀ ਸਰਕਾਰੀ ਅਹੁਦੇ ’ਤੇ ਬੈਠਾ ਵਿਅਕਤੀ ਅਜਿਹਾ ਕੁੱਝ ਨਹੀਂ ਕਰ ਸਕਦਾ, ਕਿਉਂਕਿ ਉਹ ਕਿਸੇ ਇੱਕ ਫਿਰਕੇ ਦਾ ਪ੍ਰਧਾਨ ਮੰਤਰੀ ਜਾਂ ਮਨਿਸਟਰ ਨਹੀਂ, ਬਲਕਿ ਉਹ ਪੂਰੇ ਦੇਸ਼ ਦੇ ਲੋਕਾਂ ਦਾ ਪ੍ਰਤੀਨਿਧੀ ਹੈ। ਰਾਮ ਮੰਦਰ ਵਿਚ ‘ਪ੍ਰਾਣ ਪ੍ਰਤਿਸਠਾ’ ਨੂੰ ਲੈ ਕੇ ਸਾਰੇ ਦੇਸ਼ ਦੇ ਸ਼ਹਿਰਾਂ ਅਤੇ ਕਸਬਿਆਂ ਵਿਚ ਨਗਰ ਕੀਰਤਨ ਅਤੇ ਸ਼ੋਭਾ ਯਾਤਰਾਵਾਂ ਕੱਢੀਆਂ ਗਈਆਂ। ਇਸ ਵਿਚ ਧਰਮ ਨਿਰਪੇਖ ਰਾਜਨੀਤਕ ਪਾਰਟੀਆਂ ਵੀ ਪਿੱਛੇ ਨਹੀਂ । ਉਹਨਾਂ ਨੂੰ ਡਰ ਹੈ ਕਿ ਕਿਤੇ ਭਾਜਪਾ ਵੱਲੋਂ ਚਲਾਈ ਧਰਮ ਦੀ ਹਨੇਰੀ ਵਿਚ ਉਹ ਲੋਕਾਂ ਤੋਂ ਪੱਛੜ ਨਾ ਜਾਣ। ਲਿਹਾਜ਼ਾ ਉਹ ਵੀ ਆਪਣਾ ਪੂਰਾ ਤਾਣ ਲਾ ਕੇ ਮੰਦਰ ਪ੍ਰਚਾਰ ਵਿਚ ਜੁਟੇ ਹੋਏ ਹਨ। ਇੱਥੇ ਇਹ ਕਹਿਣਾ ਗੈਰ ਵਾਜਿਬ ਨਹੀਂ ਹੋਵੇਗਾ ਕਿ ਭਾਜਪਾ ਨੇ ਦੇਸ਼ ਵਿਚ ਪ੍ਰਿੰਟ ਅਤੇ ਵਿਜ਼ੁਅਲ ਮੀਡੀਆ ਨੂੰ ਗ੍ਰਹਿਣ ਲਾ ਦਿੱਤਾ ਹੈ। ਉਹ ਭਾਵੇਂ ਲਾਲਚਵਸ ਹੋਵੇ ਜਾਂ ਡਰ ਕਾਰਨ। ਮੀਡੀਆ ਭਾਜਪਾ ਵੱਲੋਂ ਨਿਰਧਾਰਤ ਨਿਰਦੇਸ਼ਾਂ ’ਤੇ ਹੀ ਕੰਮ ਕਰ ਰਿਹਾ ਹੈ। ਇਸ ਕਾਰਜ ਵਿਚ ਸੁਤੰਤਰ ਪੱਤਰਕਾਰੀ ਨੂੰ ਪ੍ਰਣਾਏ ਪੱਤਰਕਾਰਾਂ ਨੂੰ ਆਪਣੀਆਂ ਨੌਕਰੀਆਂ ਗੁਆ ਕੇ ਭਾਰੀ ਨੁਕਸਾਨ ਉਠਾਉਣਾ ਪਿਆ, ਜਦਕਿ ਆਪਣੇ ‘ਆਕਾ’ ਦਾ ਹੁਕਮ ਮੰਨਣ ਵਾਲੇ ਪੱਤਰਕਾਰ ਬੇਸ਼ੱਕ ਵਕਤੀ ਤੌਰ ’ਤੇ ਖੱਟ ਗਏ, ਪਰ ਉਹ ਲੋਕਾਂ ਦੀਆਂ ਨਜ਼ਰਾਂ ਤੋਂ ਬੁਰੀ ਤਰ੍ਹਾਂ ਗਿਰ ਗਏ। ਧਰਮ ਅਧਾਰਿਤ ਸਿਆਸੀ ਪਾਰਟੀਆਂ ਧਾਰਮਿਕ ਅਸਥਾਨਾਂ ਦੀ ਦੁਰਵਰਤੋਂ ਸਿਆਸੀ ਮੰਤਵਾਂ ਲਈ ਤਾਂ ਕਰਦੀਆਂ ਹੀ ਹਨ, ਨਾਲ ਹੀ ਉਹਨਾਂ ਦੇ ਫੰਡਾਂ ਦੀ ਵੀ ਸਿਆਸੀ ਮੰਤਵਾਂ ਲਈ ਦੁਰਵਰਤੋਂ ਕਰਦੀਆਂ ਹਨ। ਪੰਜਾਬ ਵਿਚ ਅਕਾਲੀ ਦਲ ਤੇ ਐੱਸ ਜੀ ਪੀ ਸੀ ਦੇ ਫੰਡਾਂ ਦੀ ਸਿਆਸਤ ਲਈ ਵਰਤੋਂ ਕਰਨ ਦੇ ਦੋਸ਼ ਲੱਗਦੇ ਰਹੇ ਹਨ। ਹੋਰ ਵੀ ਧਰਮ ਅਧਾਰਤ ਪਾਰਟੀਆਂ ਅਜਿਹੇ ਕੰਮਾਂ ਵਿਚ ਪਿੱਛੇ ਨਹੀਂ ਹਨ। ਕੁੱਲ ਮਿਲਾ ਕੇ ਇਹ ਕਿਹਾ ਜਾ ਸਕਦਾ ਹੈ ਕਿ ਜਿਸ ਢੰਗ ਨਾਲ ਭਾਜਪਾ ਦੇਸ਼ ਦੇ ਲੋਕਾਂ ਨੂੰ ਧਰਮ ਦੀ ਰਾਜਨੀਤੀ ਵਿਚ ਗਲਤਾਨ ਕਰ ਰਹੀ ਹੈ, ਉਸ ਤੋਂ ਦੇਸ਼ ਵਿਚ ਫਿਰਕੂ ਤਣਾਅ ਵਧਣ ਦੇ ਅਸਾਰ ਨਜ਼ਰ ਆ ਰਹੇ ਹਨ। ਜਿਸ ਨਾਲ ਜਿੱਥੇ ਵੱਖ-ਵੱਖ ਫਿਰਕਿਆਂ ਵਿਚ ਆਪਸੀ ਬੇਵਸਾਹੀ ਵਧੇਗੀ ਅਤੇ ਖੇਤਰਵਾਦ ਦੀ ਮਨਸਿਕਤਾ ਨੂੰ ਤਾਕਤ ਮਿਲੇਗੀ। ਹੁਣ ਇਹ ਦੇਸ਼ ਦੇ ਲੋਕਾਂ ’ਤੇ ਨਿਰਭਰ ਕਰਦਾ ਹੈ ਕਿ ਉਹ ਭਾਜਪਾ ਦੇ ਜਨੂੰਨੀ ਏਜੰਡੇ ਦੇ ਸ਼ਿਕਾਰ ਹੁੰਦੇ ਹਨ ਜਾਂ ਆਪਣਾ ਜੀਵਨ ਪੱਧਰ ਉੱਚਾ ਚੁਕਣ ਲਈ ਸਿਹਤ, ਸਿੱਖਿਆ ਅਤੇ ਰੋਜ਼ਗਾਰ ਨੂੰ ਪਹਿਲ ਦਿੰਦੇ ਹਨ।

# ਸੰਪਰਕ : 98154-61301

# ਖੇਤੀਬਾੜੀ ਮੁਲਾਜ਼ਮਾਂ ਵੱਲੋਂ ਨੋਟਿਸਾਂ ਦੇ ਵਿਰੋਧ 'ਚ ਧਰਨਾ ਦੂਜੇ ਦਿਨ ਵੀ ਜਾਰੀ





**ਬਠਿੰਡਾ (ਬਖਤੌਰ ਢਿੱਲੋਂ)-** ਖੇਤੀਬਾੜੀ ਮੁਲਾਜ਼ਮ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਕਰੀਬ ਨੌਂ ਸੌ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਪਰਾਲੀ ਦੀ ਸਾਂਭ ਸੰਭਾਲ ਲਈ ਕਿਸਾਨਾਂ ਨੂੰ ਸਬਸਿਡੀ 'ਤੇ ਦਿੱਤੀਆਂ ਮਸ਼ੀਨਾਂ ਦੀ ਨਿਗਰਾਨੀ ਨਾ ਰੱਖਣ ਸਬੰਧੀ ਜਾਰੀ ਕੀਤੇ ਨੋਟਿਸ ਦੇ ਵਿਰੋਧ ਵਿੱਚ ਸਮੂਹ ਸਟਾਫ਼ ਵੱਲੋਂ ਸਥਾਨਕ ਦਫ਼ਤਰ ਮੂਹਰੇ ਦਿੱਤਾ ਧਰਨਾ ਦੂਜੇ ਦਿਨ ਵੀ ਜਾਰੀ ਰਿਹਾ। ਪੰਜਾਬ ਸਰਕਾਰ ਵੱਲੋਂ ਕਰੀਬ ਚਾਰ ਸਾਲ ਪਹਿਲਾਂ ਪਰਾਲੀ ਦੀ ਸਾਂਭ ਸੰਭਾਲ ਲਈ ਕਿਸਾਨਾਂ ਨੂੰ ਸਬਸਿਡੀ 'ਤੇ ਮਸ਼ੀਨਾਂ ਦਿੱਤੀਆਂ ਗਈਆਂ ਸਨ। ਇਹ ਮਸ਼ੀਨਾਂ ਲੈਣ ਲਈ ਕਿਸਾਨਾਂ ਨੇ ਆਨਲਾਈਨ ਅਰਜ਼ੀਆਂ ਭੇਜੀਆਂ, ਜਿਨ੍ਹਾਂ ਦੀ ਮੁਕੰਮਲ ਪੜਤਾਲ ਕਰਨ ਉਪਰੰਤ ਇਹ ਮਸ਼ੀਨਾਂ ਦਿੱਤੀਆਂ ਗਈਆਂ ਅਤੇ ਸਬਸਿਡੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਗਈ ਸੀ। ਵਿਭਾਗ ਦੇ ਮੁਲਾਜ਼ਮਾਂ ਨੇ ਹਰ ਪਿੰਡ ਵਿੱਚ ਜਾ ਕੇ ਸਰਪੰਚ, ਨੰਬਰਦਾਰ ਜਾਂ ਐੱਮ ਸੀ ਦੀ ਹਾਜ਼ਰੀ ਵਿੱਚ ਮਸ਼ੀਨਾਂ ਖਰੀਦੇ ਜਾਣ ਦੀ ਪੜਤਾਲ ਕੀਤੀ, ਜੀ ਪੀ ਐੱਸ ਲੋਕੇਸ਼ਨ ਵਾਲੀ ਫੋਟੋ ਹਾਸਲ ਕਰਕੇ ਕਿਸਾਨ ਅਤੇ ਪਿੰਡ ਦੇ ਮੋਹਤਬਰਾਂ ਤੋਂ ਤਸਦੀਕ ਕਰਵਾਉਣ ਤੋਂ ਬਾਅਦ ਹੀ ਸਬਸਿਡੀ ਲਈ ਸਿਫ਼ਾਰਸ਼ ਕੀਤੀ ਗਈ ਸੀ ਅਤੇ ਮੌਕੇ 'ਤੇ ਖਰੀਦਦਾਰ ਕਿਸਾਨ ਤੋਂ ਮਸ਼ੀਨ ਪੰਜ ਸਾਲ ਨਾ ਵੇਚੇ ਜਾਣ ਸਬੰਧੀ ਹਲਫਨਾਮਾ ਵੀ ਲਿਆ ਗਿਆ ਸੀ। ਹੁਣ ਚਾਰ ਸਾਲਾਂ ਬਾਅਦ ਇਨ੍ਹਾਂ ਮਸ਼ੀਨਾਂ ਦੀ ਮੁੜ ਵੈਰੀਫਿਕੇਸ਼ਨ ਕੀਤੀ ਗਈ ਤਾਂ 90 ਫੀਸਦੀ ਮਸ਼ੀਨਾਂ ਉਪਲੱਬਧ ਪਾਈਆਂ ਗਈਆਂ, ਜਦੋਂ ਕਿ ਸਿਰਫ 10 ਫੀਸਦੀ ਮਸ਼ੀਨਾਂ ਮੌਕੇ 'ਤੇ ਨਹੀਂ ਮਿਲੀਆਂ। ਇਹ ਸਾਰੀ ਪੜਤਾਲ ਕਰਕੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਵਿਭਾਗ ਨੂੰ ਰਿਪੋਰਟ ਭੇਜੀ ਤਾਂ ਮਹਿਕਮੇ ਦੇ ਵਿਸ਼ੇਸ਼ ਸਕੱਤਰ ਖੇਤੀਬਾੜੀ ਪੰਜਾਬ ਅਤੇ ਡਾਇਰੈਕਟਰ ਖੇਤੀਬਾੜੀ ਪੰਜਾਬ ਵੱਲੋਂ ਆਪਣੇ ਹੀ ਵਿਭਾਗ ਦੇ ਕਰੀਬ 900 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਨੋਟਿਸ ਜਾਰੀ ਕਰ ਦਿੱਤੇ ਹਨ ਕਿ ਉਨ੍ਹਾਂ ਮਸ਼ੀਨਾਂ ਤੇ ਪੁਲਸੀਆ ਨਜ਼ਰ ਕਿਉਂ ਨਹੀਂ ਰੱਖੀ? ਧਰਨੇ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਇਸ ਤਰ੍ਹਾਂ ਉੱਚ ਅਧਿਕਾਰੀਆਂ ਨੇ ਗੈਰ-ਕਾਨੂੰਨੀ ਤੌਰ 'ਤੇ ਵਿਭਾਗ ਦੇ ਹੀ 80 ਫੀਸਦੀ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਦੋਸ਼ੀ ਗਰਦਾਨ ਦਿੱਤਾ ਹੈ, ਜੋ ਸਰੇਆਮ ਧੱਕੇਸ਼ਾਹੀ ਹੈ। ਵਿਭਾਗ ਵੱਲੋਂ ਕਦੇ ਵੀ ਮਸ਼ੀਨਾਂ ਦੀ ਥੋੜ੍ਹੇ ਥੋੜ੍ਹੇ ਸਮੇਂ ਬਾਅਦ ਰੀਵੈਰੀਫਿਕੇਸ਼ਨ ਕਰਨ ਲਈ ਕੋਈ ਵੀ ਹੁਕਮ ਪ੍ਰਾਪਤ ਨਹੀਂ ਹੋਇਆ, ਜਿਸ ਦੇ ਆਧਾਰ 'ਤੇ ਇਹ ਬੇਬੁਨਿਆਦ ਨੋਟਿਸ ਜਾਰੀ ਕੀਤੇ ਗਏ ਹਨ। ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਵਿਭਾਗ ਦੇ ਅਧਿਕਾਰੀਆਂ ਕਰਮਚਾਰੀਆਂ ਨੇ ਪਰਾਲੀ ਦੀ ਸੰਭਾਲ ਲਈ ਦਿੱਤੀਆਂ ਮਸ਼ੀਨਾਂ ਵਿੱਚੋਂ ਕੁਝ ਮੌਕੇ 'ਤੇ ਮੌਜੂਦ ਨਾ ਹੋਣ ਸਬੰਧੀ ਸੱਚ ਵਿਭਾਗ ਦੇ ਸਾਹਮਣੇ ਲਿਆਂਦਾ ਸੀ ਕਿ ਕੁਝ ਕਿਸਾਨਾਂ ਵੱਲੋਂ ਪੁਰਾਣੀਆਂ ਮਸ਼ੀਨਾਂ ਵੇਚ ਕੇ ਸਰਕਾਰ ਵੱਲੋਂ ਸਮੇਂ ਸਮੇਂ 'ਤੇ ਸਿਫਾਰਸ਼ ਕੀਤੀਆਂ ਉੱਤਮ ਤਕਨੀਕ ਵਾਲੀਆਂ ਮਸ਼ੀਨਾਂ ਦੀ ਸਬਸਿਡੀ 'ਤੇ ਖਰੀਦ ਕੀਤੀ ਸੀ ਅਤੇ ਕੁਝ ਕਿਸਾਨ ਇਹ ਮਸ਼ੀਨਾਂ ਹੋਰਨਾਂ ਕਿਸਾਨਾਂ ਨੂੰ ਵਰਤੋਂ ਲਈ ਦਿੱਤੀਆਂ ਹੋਣ ਕਾਰਨ ਮੌਕੇ 'ਤੇ ਘਰ ਨਹੀਂ ਦਿਖਾ ਸਕੇ। ਮਸ਼ੀਨਾਂ ਮੌਕੇ 'ਤੇ ਨਾ ਮੌਜੂਦ ਹੋਣ ਸਬੰਧੀ ਉਚ ਅਧਿਕਾਰੀਆਂ ਤੋਂ ਲੋੜੀਂਦੇ ਦਿਸ਼ਾ ਨਿਰਦੇਸ਼ਾਂ ਦੀ ਮੰਗ ਕੀਤੀ ਗਈ ਸੀ, ਪਰੰਤੂ ਹਾਲੇ ਤੱਕ ਇਸ ਬਾਰੇ ਕੋਈ ਵੀ ਹਦਾਇਤ ਜਾਰੀ ਨਹੀਂ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਜਿੱਥੇ ਖੇਤੀਬਾੜੀ ਵਿਭਾਗ ਦੇ ਮੁਲਾਜ਼ਮਾਂ ਨੇ ਦਿਨ ਰਾਤ ਇਕ ਕਰਕੇ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਵਿੱਚ ਰਿਕਾਰਡਤੋੜ ਕਮੀ ਲਿਆਂਦੀ ਹੈ, ਉੱਥੇ ਨੋਟਿਸ ਕੱਢਣੇ ਪੰਜਾਬ ਦੀ ਕਿਸਾਨੀ ਨੂੰ ਬਦਨਾਮ ਕਰਨ ਦੀ ਇੱਕ ਕੋਝੀ ਸਾਜਿਸ਼ ਹੈ ਅਤੇ ਅਧਿਕਾਰੀਆਂ ਨਾਲ ਧੱਕੇਸ਼ਾਹੀ ਹੈ, ਜਦੋਂ ਕਿ ਉਨ੍ਹਾਂ ਦਾ ਕੋਈ ਕਸੂਰ ਨਹੀਂ ਹੈ। ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਇਹ ਨੋਟਿਸ ਤੁਰੰਤ ਰੱਦ ਕੀਤੇ ਜਾਣ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਆਉਂਦੇ ਦਿਨਾਂ ਵਿੱਚ ਜਥੇਬੰਦੀ ਵੱਲੋਂ ਵੱਡਾ ਐਕਸ਼ਨ ਉਲੀਕ ਕੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## ਰਾਜਾ ਵੜਿੰਗ ਨੂੰ ਇਲੈਕਸ਼ਨ ਕਮੇਟੀ ਦਾ ਚੇਅਰਮੈਨ ਨਿਯੁਕਤ ਕਰਨ 'ਤੇ ਕਾਕੂ ਸੀਰਵਾਲੀ ਨੇ ਪ੍ਰਗਟਾਈ ਖੁਸ਼ੀ



**ਸ੍ਰੀ ਮੁਕਤਸਰ ਸਾਹਿਬ(ਸ਼ਮਿੰਦਰਪਾਲ /ਪੂਜਾ )-**ਕਾਂਗਰਸ ਦੇ ਪੰਜਾਬ ਪ੍ਰਧਾਨ ਅਤੇ ਗਿੱਦੜਬਾਹਾ ਤੋਂ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਇਲੈਕਸ਼ਨ ਕਮੇਟੀ ਦਾ ਚੇਅਰਮੈਨ ਨਿਯੁਕਤ ਕਰਨ 'ਤੇ ਕਾਂਗਰਸੀ ਆਗੂਆਂ ਅਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਗੁਰਵੀਰ ਸਿੰਘ ਬਰਾੜ ਕਾਕੂ ਸੀਰਵਾਲੀ ਕਾਂਗਰਸੀ ਆਗੂ ਹਲਕਾ ਸ੍ਰੀ ਮੁਕਤਸਰ ਸਾਹਿਬ ਨੇ ਕੀਤਾ। ਉਨ੍ਹਾ ਕਾਂਗਰਸ ਪਾਰਟੀ ਦੀ ਹਾਈਕਮਾਂਡ ਦਾ ਧੰਨਵਾਦ ਕੀਤਾ ਜਿਨ੍ਹਾ ਨੇ ਸਾਡੇ ਵੱਡੇ ਭਰਾ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਬਣਾਈ ਕਮੇਟੀ ਦਾ ਚੇਅਰਮੈਨ ਥਾਪਿਆ। ਉਨ੍ਹਾਂ ਸਾਰੀ ਕਾਂਗਰਸੀ ਲੀਡਰਸ਼ਿਪ ਅਤੇ ਵਰਕਰਾਂ ਨੂੰ ਸੱਦਾ ਦਿੱਤਾ ਕਿ ਆਓ ਇਕੱਠੇ ਹੋ ਕੇ ਹੰਭਲਾ ਮਾਰੀਏ ਅਤੇ ਅਗਾਮੀ ਲੋਕ ਸਭਾ ਚੋਣਾਂ 'ਚ 13 ਦੀਆਂ 13 ਸੀਟਾਂ 'ਤੇ ਵਧੀਆ ਜਿੱਤ ਪ੍ਰਾਪਤ ਕਰੀਏ। ਸਾਰੇ ਪੰਜਾਬੀਆਂ ਨੂੰ ਇਕੱਠੇ ਹੋ ਕੇ ਕਾਂਗਰਸ ਪਾਰਟੀ ਦਾ ਸਾਥ ਦੇਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਮੈਂ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਦਿਲੋਂ ਵਧਾਈ ਦਿੰਦਾ ਹਾਂ ਜੋ ਲੋਕਾਂ ਦੇ ਮਸਲੇ ਅੱਗੇ ਹੋ ਕੇ ਚੁੱਕ ਰਹੇ ਹਨ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੇ ਹਨ।

## ਸਹਿਕਾਰੀ ਸੁਸਾਇਟੀ 'ਚੋਂ 70 ਥੈਲੇ ਖਾਦ ਚੋਰੀ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-** ਪਿੰਡ ਮੌਲਵੀਵਾਲਾ ਦੀ ਸਹਿਕਾਰੀ ਸੁਸਾਇਟੀ ਦੇ ਗੁਦਾਮ 'ਚੋਂ ਯੂਰੀਆ ਅਤੇ ਡੀ.ਏ.ਪੀ ਖਾਦ ਦੇ ਕਈ ਥੈਲੇ ਚੋਰੀ ਹੋ ਗਏ। ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਪੜਤਾਲ ਸ਼ੁਰੂ ਕਰ ਦਿੱਤੀ ਹੈ।ਉਮਰਾਓ ਸਿੰਘ ਵਾਸੀ ਮੌਲਵੀਵਾਲਾ ਥਾਣਾ ਪਾਤੜਾਂ ਨੇ ਪੁਲਸ ਨੂੰ ਲਿਖਵਾਏ ਬਿਆਨਾਂ 'ਚ ਕਿਹਾ ਹੈ ਕਿ ਉਹ ਬਹੁਮੰਤਵੀ ਸਹਿਕਾਰੀ ਸਭਾ ਲਿਮ: ਮੌਲਵੀਵਾਲਾ ਵਿਖੇ ਸੇਲਜ਼ਮੈਨ ਹੈ। ਡਿਊਟੀ ਤੋਂ ਘਰ ਜਾਣ ਸਮੇ ਸੁਸਾਇਟੀ ਦੇ ਗੁਦਾਮ ਨੂੰ ਜਿੰਦਰਾ ਲਾ ਕੇ ਗਿਆ ਸੀ ਪਰ ਜਦੋਂ ਸਵੇਰੇ ਡਿਊਟੀ 'ਤੇ ਆਏ ਤਾਂ ਗੁਦਾਮ ਦੇ ਮੁੱਖ ਦਰਵਾਜ਼ੇ ਦਾ ਜਿੰਦਰਾ ਟੁੱਟਿਆ ਹੋਇਆ ਸੀ ਅਤੇ 40 ਥੈਲੇ ਯੂਰੀਆ ਅਤੇ 30 ਥੈਲੇ ਡੀ.ਏ.ਪੀ ਖਾਦ ਦੇ ਚੋਰੀ ਹੋ ਚੁੱਕੇ ਸਨ। ਇਸ ਦੀ ਪੁਲਸ ਨੂੰ ਜਾਣਕਾਰੀ ਦਿੱਤੀ ਗਈ ਹੈ। ਪੜਤਾਲੀਆ ਅਫ਼ਸਰ ਸਾਹਿਬ ਸਿੰਘ ਨੇ ਦੱਸਿਆ ਕਿ ਅਣਪਛਾਤੇ ਵਿਅਕਤੀ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।

# ਫੱਤਣਵਾਲਾ ਦੇ ਗ੍ਰਹਿ ਪੁੱਜੇ ਮਨਰੇਗਾ ਮਜ਼ਦੂਰਾਂ ਨੇ ਸਮੱਸਿਆਵਾਂ ਨੂੰ ਲੈ ਕੇ ਸੌਂਪਿਆ ਮੰਗ ਪੱਤਰ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ )-** ਪਿੰਡ ਮਰਾੜ੍ਹ ਕਲਾਂ ਤੋਂ ਇੱਕ ਮਨਰੇਗਾ ਮਜ਼ਦੂਰਾਂ ਦਾ ਵਫ਼ਦ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜਨਰਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੂੰ ਮਿਲਿਆ, ਜਿਸ ਵਿੱਚ ਵੱਡੀ ਗਿਣਤੀ 'ਚ ਔਰਤਾਂ ਸ਼ਾਮਲ ਸਨ। ਹਨੀ ਫੱਤਣਵਾਲਾ ਨਾਲ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰਦੇ ਹੋਏ ਮਜ਼ਦੂਰਾਂ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦੇ ਹੀ 3-4 ਵਿਅਕਤੀਆਂ ਦੀ ਫੋਕੀ ਚੌਧਰ ਕਾਰਨ ਮਨਰੇਗਾ ਦਾ ਕੰਮ ਪਿਛਲੇ ਕਰੀਬ 3-4 ਮਹੀਨਿਆਂ ਤੋਂ ਬੰਦ ਪਿਆ ਹੈ। ਜਦੋਂ ਵੀ ਮਨਰੇਗਾ ਮਜ਼ਦੂਰਾਂ ਵੱਲੋਂ ਕੰਮ ਚਲਾਉਣ ਲਈ ਮਸਟਰੋਲ ਕਢਵਾਇਆ ਜਾਂਦਾ ਹੈ, ਇੱਕ ਮਸਟਰੋਲ ਤੋਂ ਬਾਅਦ ਕੰਮ ਬੰਦ ਕਰਵਾ ਦਿੱਤਾ ਜਾਂਦਾ ਹੈ।

ਮਜ਼ਦੂਰਾਂ ਨੇ ਦੱਸਿਆ ਕਿ ਉਹ ਦਿਹਾੜੀ ਮਜ਼ਦੂਰੀ ਕਰਕੇ ਆਪਣੇ ਪਰਵਾਰਾਂ ਦਾ ਪਾਲਣ ਪੋਸ਼ਣ ਕਰਦੇ ਹਨ ਤੇ ਇਨ੍ਹੀਂ ਦਿਨੀਂ ਅੱਤ ਦੀ ਸਰਦੀ ਕਾਰਨ ਹੋਰ ਕੰਮਕਾਜ ਠੱਪ ਹੋਣ ਕਾਰਨ ਉਨ੍ਹਾਂ ਦੀਆਂ ਉਮੀਦਾਂ ਸਿਰਫ਼ ਮਨਰੇਗਾ ਦੇ ਕੰਮ 'ਤੇ ਹੀ ਦਾਰਮਦਾਰ ਹੁੰਦੀਆਂ ਹਨ, ਪਰ ਸਿਆਸੀ ਲੋਕਾਂ ਵੱਲੋਂ ਕੋਝੀਆਂ ਚਾਲਾਂ ਚੱਲ ਕੇ ਮਜ਼ਦੂਰਾਂ ਦੇ ਕੰਮ 'ਤੇ ਸਿਆਸਤ ਕੀਤੀ ਜਾ ਰਹੀ ਹੈ। ਇਸ ਮੌਕੇ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਮਨਰੇਗਾ ਮਜ਼ਦੂਰਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਏ ਡੀ ਸੀ ਸੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ, ਜਿਸ ਤੋਂ ਬਾਅਦ ਉਨ੍ਹਾਂ ਨੇ ਵਿਸ਼ਵਾਸ ਦੁਆਇਆ ਕਿ ਉਹ ਜਲਦੀ ਤੋਂ ਜਲਦੀ ਮਨਰੇਗਾ ਦਾ ਕੰਮ ਪਿੰਡ ਮਰਾੜ੍ਹ ਕਲਾਂ 'ਚ ਸ਼ੁਰੂ ਕਰਵਾ ਦੇਣਗੇ ਤੇ ਕਿਸੇ ਵੀ ਤਰ੍ਹਾਂ ਦਾ ਪੱਖਪਾਤ ਨਹੀਂ ਹੋਵੇਗਾ। ਇਸ ਮੌਕੇ ਹਨੀ ਫੱਤਣਵਾਲਾ ਨੇ ਸੂਬਾ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਆਮ ਆਦਮੀ ਲੋਕਾਂ ਦੀ ਸਰਕਾਰ ਕਹਾਉਣ ਵਾਲੀ 'ਆਪ' ਦੀ ਸਰਕਾਰ ਸਭ ਤੋਂ ਵੱਧ ਧੱਕਾ ਆਮ ਲੋਕਾਂ ਨਾਲ ਹੀ ਕਰ ਰਹੀ ਹੈ।

ਪਿੰਡ ਮਰਾੜ੍ਹ ਕਲਾਂ 'ਚ ਬੰਦ ਪਏ ਮਨਰੇਗਾ ਦੇ ਕੰਮ ਕਾਰਨ ਮਜ਼ਦੂਰ ਪ੍ਰੇਸ਼ਾਨ ਹਨ ਤੇ ਆਪਣੇ ਪਰਵਾਰਾਂ ਦਾ ਪਾਲਣ ਪੋਸ਼ਣ ਕਰਨ ਤੋਂ ਅਸਮਰੱਥ ਹਨ। ਇਸ ਮੌਕੇ ਮਨਰੇਗਾ ਮਜ਼ਦੂਰ ਮਹਿੰਦਰ ਕੌਰ, ਮੁਖਤਿਆਰ ਕੌਰ, ਰਾਣੀ, ਮਨਜੀਤ ਕੌਰ, ਸੀਤਾ ਰਾਣੀ, ਹਰਬੰਸ ਕੌਰ, ਸਰਬਜੀਤ ਕੌਰ, ਸੰਜੂ ਕੌਰ, ਜਗਮੀਤ ਕੌਰ, ਜਸਪਾਲ ਕੌਰ, ਕੁਲਦੀਪ ਕੌਰ, ਕਰਮਜੀਤ ਕੌਰ, ਸਰਜੀਤ ਸਿੰਘ, ਜੀਤ ਰਾਮ, ਸੰਜੀਵ, ਗੁਰਸੇਵਕ ਸਿੰਘ, ਹਰਜੀਤ ਸਿੰਘ, ਸੁਖਵਿੰਦਰ ਕੌਰ, ਗੁਰਮੀਤ ਕੌਰ, ਨਿਰਮਲਾ ਦੇਵੀ ਤੋਂ ਇਲਾਵਾ ਵੱਡੀ ਗਿਣਤੀ 'ਚ ਮਜ਼ਦੂਰ ਹਾਜ਼ਰ ਸਨ।

## ਕਾਤਰਾਂ

### ਠੁਕਰਾਲ ਪਰਵਾਰ ਨੂੰ ਸਦਮਾ, ਕ੍ਰਿਸ਼ਨਾ ਰਾਣੀ ਦਾ ਦੇਹਾਂਤ



**ਮੱਖੂ (ਰਛਪਾਲ ਸਿੰਘ ਸੰਧੂ)** ਠੁਕਰਾਲ ਪਰਵਾਰ ਨੂੰ ਉਸ ਵਕਤ ਭਾਰੀ ਸਦਮਾ ਪਹੁੰਚਿਆ, ਜਦ ਦਾਣਾ ਮੰਡੀ ਮਖੂ ਦੇ ਆੜ੍ਹਤੀਆਂ ਅਸ਼ੋਕ ਠੁਕਰਾਲ, ਧਾਰਮਿਕ ਸਮਾਗਮਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਵਿਜੇ ਠੁਕਰਾਲ, ਸੁਨੀਲ ਠੁਕਰਾਲ ਦੇ ਮਾਤਾ ਤੇ ਕਾਂਗਰਸੀ ਆਗੂ ਵੀਨੂੰ ਸ਼ਾਹ ਦੀ ਦਾਦੀ ਸ਼੍ਰੀਮਤੀ ਕ੍ਰਿਸ਼ਨਾ ਰਾਣੀ (82) ਪਤਨੀ ਸ਼ਾਮ ਲਾਲ ਠੁਕਰਾਲ ਦਾ ਅਚਨਚੇਤ ਦੇਹਾਂਤ ਹੋ ਗਿਆ। ਸ਼੍ਰੀਮਤੀ ਕ੍ਰਿਸ਼ਨਾ ਰਾਣੀ ਦਾ ਅੰਤਿਮ ਸਸਕਾਰ ਸ਼ਮਸ਼ਾਨ ਘਾਟ ਵਿਖੇ ਕੀਤਾ ਗਿਆ।ਸ਼੍ਰੀਮਤੀ ਕ੍ਰਿਸ਼ਨਾ ਰਾਣੀ ਦੇ ਹੋਏ ਅਚਨਚੇਤ ਦੇਹਾਂਤ ਤੇ ਵੱਖ-ਵੱਖ ਸਿਆਸੀ, ਸਮਾਜਿਕ ਤੇ ਧਾਰਮਿਕ ਸੰਸਥਾਵਾਂ, ਸ਼ਹਿਰ, ਇਲਾਕਾ ਨਿਵਾਸੀਆਂ, ਮੋਹਤਬਰਾਂ ਅਤੇ ਹੋਰ ਜਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਾਮ ਲਾਲ ਠੁਕਰਾਲ, ਅਸ਼ੋਕ ਠੁਕਰਾਲ, ਵਿਜੇ ਠੁਕਰਾਲ, ਸੁਨੀਲ ਠੁਕਰਾਲ ਤੇ ਵੀਨੂੰ ਸ਼ਾਹ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

### ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਾਕਸੋ ਐਕਟ ਤਹਿਤ ਜਾਗਰੂਕਤਾ ਸੈਮੀਨਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ )-** ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ (ਮੋਹਾਲੀ) ਦੀਆਂ ਹਦਾਇਤਾਂ ਅਨੁਸਾਰ ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ- ਕਮ- ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ ਦੀ ਰਹਿਨੁਮਾਈ ਹੇਠ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਜ਼ਿਲ੍ਹਾ ਸਿੱਖਿਆ ਦਫ਼ਤਰ, ਸ੍ਰੀ ਮੁਕਤਸਰ ਸਾਹਿਬ ਵਿਖੇ ਪਾਕਸੋ ਐਕਟ ਸਬੰਧੀ ਦੋ ਦਿਨਾ ਸੈਮੀਨਾਰ/ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਵੱਖ ਵੱਖ ਸਕੂਲਾਂ ਦੇ 70 ਪ੍ਰਿੰਸੀਪਲਾਂ ਨੇ ਭਾਗ ਲਿਆ ।ਇਸ ਕੈਂਪ ਦੀ ਸਮਾਪਤੀ ਸਮਾਰੋਹ ਵਿਚ ਮਿਸ: ਹਰਪ੍ਰੀਤ ਕੌਰ, ਅਥਾਰਟੀ ਦੇ ਸਕੱਤਰ ਨੇ ਪਾਕਸੋ ਐਕਟ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਸਕੀਮਾਂ ਸਬੰਧੀ ਵੀ ਵਿਸਥਾਪਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਉਨ੍ਹਾ ਦੱਸਿਆ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਨਾਲਸਾ ਦੇ ਟੋਲ ਫ੍ਰੀ ਹੈਲਪਲਾਈਨ ਨੰਬਰ 15100 'ਤੇ ਜਾਂ ਸਿੱਧੇ ਤੌਰ 'ਤੇ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੀਵ ਛਾਬੜਾ, ਮਿਸ ਰਜਨੀ ਤਨੇਜਾ, ਇੰਚਾਰਜ ਨੇ ਵੀ ਭਾਗ ਲਿਆ।

### ਯੂ ਕੇ ਇੰਟਰਨੈਸ਼ਨਲ ਸਕੂਲ 'ਚ ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ ਦਿਨ ਮਨਾਇਆ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)-**ਇਲਾਕੇ ਦੀ ਨਾਮਵਰ ਸੰਸਥਾ ਯੂ ਕੇ ਇੰਟਰਨੈਸ਼ਨਲ ਸਕੂਲ 'ਚ ਅੱਜ ਅਜ਼ਾਦ ਹਿੰਦ ਫੌਜ ਦੇ ਬਾਨੀ ਸੁਭਾਸ਼ ਚੰਦਰ ਬੋਸ ਦਾ ਜਨਮ ਦਿਨ ਬੜੀ ਹੀ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਬੱਚਿਆਂ ਨੇ ਕੁਇਜ਼ ਕੰਪੀਟੀਸ਼ਨ, ਕਵਿਤਾਵਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸੁਭਾਸ਼ ਚੰਦਰ ਬੋਸ ਦੇ ਜੀਵਨ ਨਾਲ ਸੰਬੰਧਤ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਦੱਸਿਆ ਗਿਆ ਕਿ ਉਨ੍ਹਾਂ ਦਾ ਜਨਮ ਦਿਨ ਬਹਾਦਰੀ ਦਿਵਸ ਵਜੋਂ ਮਨਾਇਆ ਜਾਂਦਾ ਹੈ ਜਿਨ੍ਹਾਂ ਨੇ ਅੰਗਰੇਜ਼ਾਂ ਦੀ ਗੁਲਾਮੀ ਨੂੰ ਸਵੀਕਾਰ ਨਾ ਕਰਦੇ ਹੋਏ ਦੇਸ਼ ਨੂੰ ਅਜ਼ਾਦ ਕਰਾਉਣ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਕੋਮਲ ਅਗਰਵਾਲ ਅਤੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ ਤੇ ਬਲਕਾਰ ਸਿੰਘ ਨੇ ਬੱਚਿਆਂ ਨੂੰ ਉਨ੍ਹਾਂ ਦੇ ਜੀਵਨ ਨਾਲ ਸੰਬੰਧਤ ਅਤੇ ਘਟਨਾਵਾਂ ਦੀ ਜਾਣਕਾਰੀ ਦਿੱਤੀ।

## ਗੁਰਦੁਆਰਾ ਗੁਰੂਸਰ ਸਾਹਿਬ ਦੇ ਹਰਭਜਨ ਸਿੰਘ ਪ੍ਰਧਾਨ ਚੁਣੇ

**ਦੋਰਾਹਾ (ਹਰਮਿੰਦਰ ਸੇਠ)** ਪਿੰਡ ਬੇਗੋਵਾਲ ਵਿਖੇ ਗੁਰਦੁਆਰਾ ਗੁਰੂਸਰ ਸਾਹਿਬ ਰਵੀਦਾਸ ਪੱਤੀ ਦੀ ਪ੍ਰਬੰਧਕ ਕਮੇਟੀ ਦੀ ਚੋਣ ਹੋਈ, ਜਿਸ ਵਿੱਚ ਸ੍ਰੀ ਹਰਭਜਨ ਸਿੰਘ ਪ੍ਰਧਾਨ ਚੁਣੇ ਗਏ। ਖ਼ਜ਼ਾਨਚੀ ਵਜੋਂ ਮਨਿੰਦਰ ਸਿੰਘ, ਸਹਾਇਕ ਖ਼ਜ਼ਾਨਚੀ ਪਰਮਜੀਤ ਸਿੰਘ ਪੰਮੀ, ਸਕੱਤਰ ਹਰਜੀਤ ਸਿੰਘ, ਜਸਵੀਰ ਸਿੰਘ, ਮੇਜਰ ਸਿੰਘ, ਸਰਪ ਸਿੰਘ, ਵਰਿੰਦਰ ਸਿੰਘ, ਕੁਲਵਿੰਦਰ ਸਿੰਘ, ਚਰਨਜੀਤ ਸਿੰਘ ਚੁਣੇ ਗਏ। ਉਪਰੰਤ ਨਵੀਂ ਚੁਣੀ ਗਈ ਕਮੇਟੀ ਨੇ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਾਏ ਤੇ ਚਾਹ-ਪਾਣੀ ਦਾ ਲੰਗਰ ਵਰਤਾਇਆ ਗਿਆ। ਨਵਨਿਯੁਕਤ ਹਰਭਜਨ ਸਿੰਘ ਨੇ ਕਿਹਾ ਕਿ ਗੁਰੂ ਘਰ ਦਾ ਪ੍ਰਬੰਧ ਗੁਰਮਰਿਆਦਾ ਅਨੁਸਾਰ ਚਲਾਇਆ ਜਾਵੇਗਾ, ਨੌਜਵਾਨਾਂ ਨੂੰ ਗੁਰਮਤਿ ਨਾਲ ਜੋੜਨ ਲਈ ਖਾਸ ਉਪਰਾਲੇ ਕੀਤੇ ਜਾਣਗੇ। ਉਨ੍ਹਾ ਦੱਸਿਆ ਕਿ ਅਗਾਮੀ ਗੁਰੂ ਰਵੀਦਾਸ ਜੀ ਦਾ ਗੁਰਪੁਰਬ ਸੰਗਤਾਂ ਦੇ ਸਹਿਯੋਗ ਸਦਕਾ ਨਿਵੇਕਲਾ ਅਤੇ ਵਿਲੱਖਣ ਢੰਗ ਨਾਲ ਮਨਾਇਆ ਜਾਵੇਗਾ। ਪ੍ਰਬੰਧਕਾਂ ਨੇ ਹੋਰ ਦੱਸਿਆ ਕਿ ਨਗਰ ਕੀਰਤਨ ਦੀਆ ਤਿਆਰੀਆਂ ਨੂੰ ਅੰਤਿਮ ਛੋਹਾ ਦੇਣ ਲਈ ਸੰਗਤਾਂ ਦੇ ਸਹਿਯੋਗ ਨਾਲ ਪ੍ਰੋਗਰਾਮ ਉਲੀਕੇ ਜਾ ਰਹੇ ਹਨ। ਗੁਰਪੁਰਬ ਨੂੰ ਸਮਰਪਤ ਪ੍ਰਭਾਤ ਫੇਰੀਆਂ ਦਾ ਅਯੋਜਨ ਕਰਨ ਲਈ ਨਵੀ ਪਾਲਕੀ ਬਣਾਈ ਗਈ ਹੈ। ਇਸ ਮੌਕੇ ਪ੍ਰਧਾਨ ਹਰਭਜਨ ਸਿੰਘ, ਖਜਾਨਚੀ ਮਨਿੰਦਰ ਸਿੰਘ, ਸਹਾਇਕ ਪਰਮਜੀਤ ਸਿੰਘ ਪੰਮੀ, ਸਕੱਤਰ ਹਰਜੀਤ ਸਿੰਘ, ਜਸਵੀਰ ਸਿੰਘ, ਮੇਜਰ ਸਿੰਘ, ਸਰਪ ਸਿੰਘ, ਵਰਿੰਦਰ ਸਿੰਘ, ਕੁਲਵਿੰਦਰ ਸਿੰਘ, ਚਰਨਜੀਤ ਸਿੰਘ ਤੋਂ ਇਲਾਵਾ ਗੁਰਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਤਰਲੋਚਨ ਸਿੰਘ, ਗੁਰਿੰਦਰ ਸਿੰਘ, ਹਰਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਪਰਮਜੀਤ ਸਿੰਘ, ਜੋਰਾ ਸਿੰਘ, ਸੁਖਬੀਰ ਸਿੰਘ, ਸੁਖਚੈਨ ਸਿੰਘ, ਗੁਰਦੀਪ ਸਿੰਘ, ਜੀਤ ਸਿੰਘ, ਰਵਿੰਦਰ ਸਿੰਘ, ਕਾਕਾ ਸਿੰਘ ਆਦਿ ਹਾਜ਼ਰ ਸਨ।

## ਲੋਕਾਂ ਦੀ ਸਹੂਲਤ ਲਈ ਲਾਡਬੰਜਾਰਾ ਕਲਾਂ ਦੀਆਂ ਜਨਤਕ ਥਾਂਵਾਂ 'ਤੇ 20 ਬੈਂਚ ਰਖਵਾਏ

**ਸੰਗਰੂਰ, (ਪ੍ਰਵੀਨ ਸਿੰਘ)** ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਸਰ) ਦੇ ਪ੍ਰਧਾਨ ਤੇ ਲੋਕ ਸਭਾ ਹਲਕਾ ਸੰਗਰੂਰ ਦੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਵੱਲੋਂ ਪਿੰਡ ਲਾਡਬੰਜਾਰਾ ਕਲਾਂ ਦੇ ਲੋਕਾਂ ਦੀ ਸਹੂਲਤ ਲਈ 20 ਬੈਂਚ ਭੇਜੇ ਗਏ ਹਨ, ਜੋ ਪਾਰਟੀ ਆਗੂਆਂ ਤੇ ਪਿੰਡ ਦੇ ਪਤਵੰਤਿਆਂ ਦੀ ਹਾਜ਼ਰੀ ਵਿੱਚ ਪਿੰਡ ਦੀ ਵੱਖ-ਵੱਖ ਜਨਤਕ ਥਾਂਵਾਂ 'ਤੇ ਰਖਵਾਏ ਗਏ। ਸ਼੍ਰੋਮਣੀ ਅਕਾਲੀ ਦਲ (ਅ) ਸਰਗਰਮ ਆਗੂ ਗੁਰਪ੍ਰੀਤ ਸਿੰਘ ਲਾਡਬੰਜਾਰਾ ਨੇ ਦੱਸਿਆ ਕਿ ਪਿੰਡ ਦੇ ਲੋਕਾਂ ਵੱਲੋਂ ਵੱਖ-ਵੱਖ ਜਨਤਕ ਥਾਂਵਾਂ 'ਤੇ ਬੈਠਣ ਦੀ ਸਹੂਲਤ ਲਈ ਐਮ.ਪੀ. ਸੰਗਰੂਰ ਸਿਮਰਨਜੀਤ ਸਿੰਘ ਨੂੰ ਬੈਂਚਾਂ ਦੀ ਮੰਗ ਕੀਤੀ ਗਈ ਸੀ, ਜਿਸ ਨੂੰ ਪੂਰਾ ਕਰਦੇ ਹੋਏ ਮਾਨ ਵੱਲੋਂ ਪਿੰਡ ਦੀਆਂ ਵੱਖ-ਵੱਖ ਜਨਤਕ ਥਾਵਾਂ ਲਈ 20 ਬੈਂਚ ਭੇਜੇ ਗਏ ਹਨ, ਜਿਸਦੇ ਲਈ ਹਾਜ਼ਰ ਪਿੰਡ ਵਾਸੀਆਂ ਵੱਲੋਂ ਐਮ.ਪੀ. ਮਾਨ ਦਾ ਧੰਨਵਾਦ ਕੀਤਾ ਗਿਆ।ਗੁਰਪ੍ਰੀਤ ਸਿੰਘ ਲਾਡਬੰਜਾਰਾ ਨੇ ਕਿਹਾ ਕਿ ਸਿਮਰਨਜੀਤ ਸਿੰਘ ਮਾਨ ਇਕੱਲੇ ਅਜਿਹੇ ਐਮ.ਪੀ. ਹਨ, ਜਿਨ੍ਹਾਂ ਨੇ ਬਿਨਾਂ ਵਕਤ ਗਵਾਏ ਆਪਣੇ ਫੰਡ ਦਾ ਇੱਕ-ਇੱਕ ਪੈਸਾ ਲੋਕ ਭਲਾਈ ਲਈ ਖਰਚ ਕੀਤਾ ਹੈ, ਜਿਸ ਤੋਂ ਖੁਸ਼ ਹੋ ਕੇ ਉਨ੍ਹਾਂ ਨੂੰ ਆਪਣੇ ਹਲਕੇ ਦੀ ਭਲਾਈ ਲਈ ਕਰੀਬ 2 ਕਰੋੜ 35 ਲੱਖ ਰੁਪਏ ਦੀ ਵਾਧੂ ਗ੍ਰਾਂਟ ਵੀ ਮਿਲੀ ਹੈ, ਜਦੋਂਕਿ ਜਿਆਦਾਤਰ ਐਮ.ਪੀ. ਆਪਣੇ ਨਿਰਧਾਰਤ ਫੰਡ ਵੀ ਵਿਕਾਸ ਕਾਰਜਾਂ ਲਈ ਸਮੇਂ ਰਹਿੰਦੇ ਵੰਡ ਨਹੀਂ ਪਾਉਂਦੇ ਤੇ ਵਿਕਾਸ ਕਾਰਜਾਂ ਲਈ ਉਨ੍ਹਾਂ ਦੇ ਕੋਟੇ ਵਿੱਚ ਆਉਣ ਵਾਲੀਆਂ ਗ੍ਰਾਂਟਾਂ ਵਾਪਸ ਚਲੀਆਂ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਸਮਾਨ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸਮੁੱਚੇ ਹਲਕੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਨਿਰੰਤਰ ਕੰਮ ਕਰ ਰਹੇ ਹਨ।

## ਡਿਪਟੀ ਕਮਿਸ਼ਨਰ ਨੇ ਫੁੱਲ ਡਰੈੱਸ ਰਿਹਰਸਲ ਦਾ ਲਿਆ ਜਾਇਜ਼ਾ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ )-**ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੇ 26 ਜਨਵਰੀ ਨੂੰ ਗਣਤੰਤਰਤਾ ਦਿਵਸ ਸਮਾਗਮ ਮੌਕੇ ਪੇਸ਼ ਕੀਤੇ ਜਾਣ ਵਾਲੇ ਪ੍ਰੋਗਰਾਮ ਦਾ ਨਿਰੀਖਣ ਕੀਤਾ, ਖੇਡ ਸਟੇਡੀਅਮ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਪਰੇਡ ਤੋਂ ਸਲਾਮੀ ਲਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਗੀਰਥ ਸਿੰਘ ਮੀਨਾ ਐਸ ਐਸ ਪੀ, ਡਾ.ਨਯਨ ਵਧੀਕ ਡਿਪਟੀ ਕਮਿਸ਼ਨਰ, ਸੁਰਿੰਦਰ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ ( ਵਿਕਾਸ) ਕੰਵਰਜੀਤ ਸਿੰਘ ਐਸ ਡੀ ਐਮ, ਸਰੋਜ ਰਾਣੀ ਸਹਾਇਕ ਕਮਿਸ਼ਨਰ, ਸੁਖਬੀਰ ਸਿੰਘ ਬਰਾੜ ਤਹਿਸੀਲਦਾਰ, ਰਾਜੀਵ ਛਾਬੜਾ ਜ਼ਿਲ੍ਹਾ ਸਿੱਖਿਆ ਅਫਸਰ, ਜਗਮੋਹਨ ਸਿੰਘ ਮਾਨ ਜ਼ਿਲ੍ਹਾ ਸਮਾਜਿਕ ਨਿਆਂ ਅਧਿਕਾਰਤਾ ਅਫਸਰ, ਅਨਿੰਦਰਵੀਰ ਕੌਰ ਜ਼ਿਲ੍ਹਾ ਖੇਡ ਅਫਸਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਗਣਤੰਤਰਤਾ ਦਿਵਸ ਮੌਕੇ ਪੇਸ਼ ਕੀਤੇ ਜਾਣ ਵਾਲੇ ਪ੍ਰੋਗਰਾਮ ਦੀ ਫੁੱਲ ਡਰੈਸ ਰਿਹਰਸਲ ਪੰਜਾਬ ਪੁਲਸ ਦੇ ਪਰੇਡ ਕਮਾਂਡਰ ਫਤਿਹ ਸਿੰਘ ਬਰਾੜ ਡੀ ਐਸ ਪੀ ਦੀ ਅਗਵਾਈ ਵਿੱਚ ਪੰਜਾਬ ਪੁਲਸ, ਪੰਜਾਬ ਪੁਲਸ (ਮਹਿਲਾ), ਪੰਜਾਬ ਹੋਮਗਾਰਡਜ਼, ਐਨ ਸੀ ਸੀ ਅਤੇ ਸਕਾਊਟ ਦੀਆਂ ਟੁਕੜੀਆਂ ਵਲੋਂ ਰਾਸ਼ਟਰੀ ਝੰਡੇ ਨੂੰ ਸਲਾਮੀ ਦਿੱਤੀ ਗਈ ਅਤੇ ਮਾਰਚ ਪਾਸਟ ਪੇਸ਼ ਕੀਤਾ ਗਿਆ। ਪੰਜਾਬ ਪੁਲਸ ਦੇ ਬੈਂਡ ਵਲੋਂ ਰਾਸ਼ਟਰੀ ਧੁਨ ਵਜਾਈ ਗਈ ਅਤੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ।ਇਸ ਮੌਕੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 26 ਜਨਵਰੀ ਨੂੰ ਗਣਤੰਤਰਤਾ ਦਿਵਸ ਸਮਾਗਮ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਸ੍ਰੀ ਮੁਕਤਸਰ ਸਾਹਿਬ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਉਨ੍ਹਾ ਇਲਾਕਾ ਨਿਵਾਸੀਆਂ ਨੂੰ ਇਸ ਰਾਸ਼ਟਰੀ ਸਮਾਗਮ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ।

## ਡਿਪਟੀ ਕਮਿਸ਼ਨਰ ਨੇ ਸਰਕਾਰੀ ਗਊਸ਼ਾਲਾ ਲਈ ਦਾਨ ਦੇਣ ਲਈ ਕਿਊ ਆਰ ਕੋਡ ਕੀਤਾ ਜਾਰੀ

**ਫਾਜ਼ਿਲਕਾ ( ਨਿਸ਼ਾ ਸ਼ਰਮਾ )-**ਫਾਜ਼ਿਲਕਾ ਜ਼ਿਲ੍ਹੇ ਦੀ ਸਰਕਾਰੀ ਗਊਸ਼ਾਲਾ (ਕੈਟਲ ਪੌਂਡ) ਸਲੇਮਸ਼ਾਹ ਵਿਖੇ ਬੇਸਹਾਰਾ ਗਾਂਵਾਂ ਦੀ ਸੰਭਾਲ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇੱਥੇ ਗਾਂਵਾਂ ਦੀ ਹੋਰ ਬਿਹਤਰ ਸੰਭਾਲ ਹੋ ਸਕੇ ਅਤੇ ਹੋਰ ਗਊਵੰਸ਼ ਨੂੰ ਇੱਥੇ ਲਿਆਂਦਾ ਜਾ ਸਕੇ ਇਸ ਲਈ ਦਾਨੀ ਸੱਜਣਾਂ ਦਾ ਸਹਿਯੋਗ ਬਹੁਤ ਮਹੱਤਵਪੂਰਨ ਹੁੰਦਾ ਹੈ। ਇਸੇ ਲੜੀ ਵਿਚ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਵੱਲੋਂ ਸਰਕਾਰੀ ਗਊਸ਼ਾਲਾ ਦੇ ਬੈਂਕ ਖਾਤੇ ਦਾ ਕਿਊ ਆਰ ਕੋਡ ਜਾਰੀ ਕੀਤਾ ਗਿਆ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਕਿਊ ਆਰ ਕੋਡ ਦਾ ਸਟੈਂਡ ਸਰਕਾਰੀ ਦਫ਼ਤਰਾਂ ਵਿਚ ਪ੍ਰਦਰਸ਼ਤ ਕੀਤਾ ਗਿਆ। ਉਨ੍ਹਾ ਕਿਹਾ ਕਿ 200 ਕਿਊ ਆਰ ਕੋਡ ਸਟੈਂਡ (ਪੀ ਐਨ ਬੀ ਬੈਂਕ) ਬਣਾਏ ਗਏ ਹਨ। ਉਨ੍ਹਾ ਕਿਹਾ ਕਿ ਇਹ ਕਿਊ ਆਰ ਕੋਡ ਸਮੂਹ ਸਰਕਾਰੀ ਦਫਤਰਾਂ 'ਚ ਪ੍ਰਦਰਸ਼ਿਤ ਕੀਤੇ ਗਏ ਹਨ ਤਾਂ ਜੋ ਕੋਈ ਵੀ ਸਰਕਾਰੀ ਅਧਿਕਾਰੀ/ਕਰਮਚਾਰੀ ਇਸ ਕਿਊ ਆਰ ਕੋਡ ਤੋਂ ਸਿੱਧੇ ਗਊਸ਼ਾਲਾ ਦੇ ਬੈਂਕ ਖਾਤੇ ਵਿਚ ਦਾਨ ਕਰ ਸਕਦੇ ਹਨ। ਉਨ੍ਹਾ ਕਿਹਾ ਕਿ ਕਿਊ ਆਰ ਸਥਾਪਤ ਹੋਣ ਨਾਲ ਅਧਿਕਾਰੀ/ਕਰਮਚਾਰੀ ਨੂੰ ਕਿਤੇ ਜਾਣ ਦੀ ਜ਼ਰੂਰਤ ਨਹੀਂ। ਆਪਣੀ ਸ਼ਰਧਾ ਅਨੁਸਾਰ ਦਫਤਰ ਬੈਠੇ ਹੀ ਕਿਊ ਆਰ ਕੋਡ ਰਾਹੀਂ ਗਊਸ਼ਾਲਾ ਨੂੰ ਦਾਨ ਦੇ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਗਊਸ਼ਾਲਾ ਨੂੰ ਵੱਧ ਤੋਂ ਵੱਧ ਦਾਨ ਦੇਣ ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਗਊਆਂ ਦੀ ਸੰਭਾਲ ਕੀਤੀ ਜਾ ਸਕੇ। ਉਨ੍ਹਾ ਕਿਹਾ ਕਿ ਜ਼ਿਲ੍ਹਾ ਵਾਸੀ ਕਿਸੇ ਨਾ ਕਿਸੇ ਰੂਪ ਵਿਚ ਆਪਣੀ ਇੱਛਾ ਅਨੁਸਾਰ ਗਊਸ਼ਾਲਾ ਨੂੰ ਦਾਨ ਦੇ ਸਕਦੇ ਹਨ।ਇਸ ਮੌਕੇ ਪੀ ਐਨ ਬੀ ਚੀਫ ਮੈਨੇਜਰ ਅੰਕੁਰ ਚੌਧਰੀ, ਅਮਿਤ ਆਨੰਦ ਡਿਪਟੀ ਸਰਕਲ ਹੈਡ, ਮੈਂਬਰ ਦਿਨੇਸ਼ ਮੋਦੀ ਆਦਿ ਮੌਜੂਦ ਸਨ।

# ਕ੍ਰਿਸ਼ਨਾ ਸੇਵਾ ਮੰਡਲ ਵੱਲੋਂ ਸ੍ਰੀ ਸ਼ਿਆਮ ਸੰਕੀਰਤਨ ਉਤਸਵ



**ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ)-** ਕ੍ਰਿਸ਼ਨਾ ਸੇਵਾ ਮੰਡਲ ਨਾਭਾ ਪ੍ਰਧਾਨ ਵਿਕਾਸ ਮਿੱਤਲ ਦੀ ਅਗਵਾਈ ਹੇਠ ਵਿਸ਼ਾਲ ਸ੍ਰੀ ਸ਼ਿਆਮ ਸੰਕੀਰਤਨ ਉਤਸਵ ਅਗਰਵਾਲ ਸਭਾ, ਮਹਾਰਾਜਾ ਅਗਰਸੈਨ ਪਾਰਕ ਪਟਿਆਲਾ ਗੇਟ ਵਿਖੇ ਕਰਵਾਇਆ ਜਾ ਰਿਹਾ ਹੈ। ਮੰਡਲ ਦੇ ਪ੍ਰੈਸ ਸਕੱਤਰ ਵਰਿੰਦਰ ਵਰਮਾ ਨੇ ਦੱਸਿਆ ਕਿ ਵਿਸ਼ਾਲ ਸ੍ਰੀ ਸ਼ਿਆਮ ਸੰਕੀਰਤਨ ਉਤਸਵ ਅੱਜ 25 ਜਨਵਰੀ ਨੂੰ ਸ਼ਾਮ 6 ਵਜੇ ਤੱਕ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਭਜਨ ਗਾਇਕਾਂ ਵੱਲੋਂ ਸ਼ਾਮ ਬਾਬਾ ਦੇ ਭਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ: ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵਮਾਨ ਵਿਸ਼ੇਸ਼ ਮਹਿਮਾਨ, ਮਲਕੀਤ ਸਿੰਘ ਐਮ ਡੀ, ਮਲਕੀਤ ਗਰੁੱਪ ਅਤੇ ਐਸ ਐਮ ਓ ਡਾ. ਸੰਜੇ ਗੋਇਲ ਅਤੇ ਡਾ. ਵੀਨੂੰ ਗੋਇਲ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਨ੍ਹਾ ਕਿਹਾ ਕਿ ਪੂਜਾ ਤੇ ਜੋਤੀ ਪ੍ਰਚੰਡ ਦੀ ਰਸਮ ਸਾਹਿਲ ਕੁਮਾਰ ਬਾਂਸਲ ਅਤੇ ਡਾਕਟਰ ਨੇਹਾ ਬਾਂਸਲ, ਸ਼ਿੰਗਾਰ ਦੀ ਸੇਵਾ ਅਜੇ ਸਿੰਗਲਾ ਪਟਿਆਲਾ ਅਤੇ ਨਿਤੀਸ਼ ਸਿੰਗਲਾ ਨਾਭਾ, ਝੰਡੇ ਦੀ ਰਸਮ ਰੋਹਿਤ ਕੁਮਾਰ ਬਾਂਸਲ ਅਤੇ ਪ੍ਰੀਆ ਬਾਂਸਲ, ਆਰਤੀ ਦੀ ਰਸਮ ਚੰਚਲ ਦਨੇਜਾ ਅਤੇ ਸਚਿਨ ਦਨੇਜਾ, ਚੂਰਮਾ ਭੋਗ ਸੰਧਿਆ ਰਾਣੀ ਅਤੇ ਦਿਨੇਸ਼ ਕੁਮਾਰ ਸ਼ਰਮਾ ਅਤੇ ਛੱਪਣ ਭੋਗ ਮਧੂ ਗੋਇਲ ਅਤੇ ਸਾਬਕਾ ਸਿਵਲ ਸਰਜਨ ਡਾਕਟਰ ਆਈ ਡੀ ਗੋਇਲ ਵੱਲੋਂ ਅਦਾ ਕੀਤੀ ਜਾਵੇਗੀ। ਇਸ ਮੌਕੇ ਅਟੁੱਟ ਲੰਗਰ ਵਰਤਾਇਆ ਜਾਵੇਗਾ। ਇਸ ਮੌਕੇ ਵਿਕਾਸ, ਵਰਿੰਦਰ ਵਰਮਾ, ਮਨੋਜ ਗਰਗ, ਵਿਪਨ ਬਾਂਸਲ, ਰਜਨੀਸ਼ ਗਰਗ ਨਿਸ਼ੂ, ਅਮਨ ਭਾਟੀਆ, ਰਾਹੁਲ ਸਿੰਗਲਾ, ਰਾਜੇਸ਼ ਕੁਮਾਰ ਅਰੋੜਾ, ਅਖਿਲ ਬਾਂਸਲ, ਅਜੇ ਗਰਗ, ਅਮਿਤ ਮੰਗਲਾ, ਸ਼ਿਵਮ ਗਰਗ, ਨਰਿੰਦਰ ਗਰਗ, ਰੋਹਿਤ ਬਾਂਸਲ, ਕ੍ਰਾਂਤੀ ਪਹੁਜਾ, ਰੋਹਿਤ ਛਾਬੜਾ, ਦੀਪਕ ਗੋਇਲ, ਦੀਪਕ ਜੌਲੀ ਆਦਿ ਮੈਂਬਰ ਹਾਜ਼ਰ ਸਨ।

## ਕੁਲਰੀਆਂ ਦੇ ਆਬਾਦਕਾਰਾਂ ਨੂੰ ਜ਼ਮੀਨੀ ਹੱਕ ਦਬਾਉਣ ਲਈ ਚੱਲ ਰਿਹਾ ਪੱਕਾ ਮੋਰਚਾ 19ਵੇਂ ਦਿਨ 'ਚ ਸ਼ਾਮਲ



**ਬੁਢਲਾਡਾ ( ਅਸ਼ੋਕ ਲਾਕੜਾ)-** ਪਿੰਡ ਕੁੱਲਰੀਆਂ ਦੇ ਆਬਾਦਕਾਰਾਂ ਨੂੰ ਜ਼ਮੀਨੀ ਹੱਕ ਦਿਵਾਉਣ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਪੱਕਾ ਮੋਰਚਾ 19ਵੇਂ ਦਿਨ 'ਚ ਸ਼ਾਮਲ ਹੋ ਗਿਆ। ਕੜਾਕੇ ਦੀ ਠੰਢ ਵਿੱਚ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਬਰਨਾਲਾ ਜ਼ਿਲ੍ਹੇ ਦੇ ਆਗੂ ਕੁਲਵੰਤ ਸਿੰਘ ਮਾਨ ਭਦੌੜ ਨੇ ਕਿਹਾ ਕਿ ਸਰਕਾਰ ਢੀਠਤਾਈ 'ਤੇ ਉੱਤਰ ਆਈ ਹੈ, 19 ਦਿਨਾਂ ਤੋਂ ਕਿਸਾਨ ਆਪਣੀਆਂ ਮੰਗਾਂ ਨੂੰ ਲੈ ਕੇ ਡੀ ਐਸ ਪੀ ਬੁਢਲਾਡੇ ਦੇ ਦਫਤਰ ਅੱਗੇ ਰੋਸ ਪ੍ਰਦਰਸ਼ਨ ਕਰ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਹਲਕਾ ਵਿਧਾਇਕ ਦੇ ਦਬਾਅ ਅਧੀਨ ਮੂੰਹ ਖੋਲ੍ਹਣ ਤੋਂ ਪਾਸਾ ਵੱਟ ਰਿਹਾ ਹੈ। ਇਸ ਸਮੇਂ ਜਗਰਾਜ ਹਰਦਾਸਪੁਰਾ ਨੇ ਕਿਹਾ ਕਿ ਸਰਕਾਰ ਬਦਲਣ ਨਾਲ ਸਿਰਫ ਪੱਗਾਂ ਦਾ ਰੰਗ ਹੀ ਬਦਲਿਆ ਹੈ, ਸਰਕਾਰੀ ਮਸ਼ੀਨਰੀ ਪੁਰਾਣੀਆਂ ਸਰਕਾਰਾਂ ਵਾਂਗ ਹੀ ਧੱਕੇਸ਼ਾਹੀ ਕਰਨ ਲਈ ਵਰਤੀ ਜਾ ਰਹੀ ਹੈ। ਕਾਨੂੰਨ ਦੋਸ਼ੀਆਂ ਦੀ ਖੁੱਲ੍ਹ ਕੇ ਮਦਦ ਕਰ ਰਿਹਾ ਹੈ। ਪੀੜਤ ਇਨਸਾਫ ਲੈਣ ਲਈ ਕੜਾਕੇ ਦੀ ਠੰਢ 'ਚ ਸਰਕਾਰ ਦਾ ਪਿੱਟ ਸਿਆਪਾ ਕਰ ਰਹੇ ਹਨ। ਸਾਹਿਬ ਸਿੰਘ ਬੜਵਰ ਨੇ ਕਿਹਾ ਕਿ ਦੇਸ਼ 26 ਜਨਵਰੀ ਨੂੰ ਅਜ਼ਾਦੀ ਦਿਵਸ ਮਨਾ ਰਿਹਾ ਹੈ ਪਰ ਦੇਸ਼ ਦੇ ਨਾਗਰਿਕਾਂ ਨਾਲ ਗੁਲਾਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ। ਕਿਸਾਨ ਸੀਤਾ ਸਿੰਘ ਨੂੰ ਜ਼ਖਮੀ ਕਰਨ ਵਾਲੇ ਦੋਸ਼ੀ ਸਰੇਆਮ ਘੁੰਮ ਰਹੇ ਹਨ। ਉਨ੍ਹਾ ਕਿਹਾ ਕਿ ਜ਼ਮੀਨੀ ਹੱਕ ਲੈਣ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਸਮੇਂ ਆਗੂ ਬਾਬੂ ਸਿੰਘ ਖੁੱਡੀ ਕਲਾਂ, ਕਾਲਾ ਜੈਦ, ਭੋਲਾ ਸਿੰਘ ਛੰਨਾ, ਕੁਲ ਹਿੰਦ ਕਿਸਾਨ ਸਭਾ ਦੇ ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਨਾਨਕ ਸਿੰਘ, ਬਲਾਕ ਪ੍ਰਧਾਨ ਸੁਖਦੇਵ ਸਿੰਘ ਘਰਾਚੋਂ, ਰਣਜੀਤ ਸਿੰਘ ਭੱਟੀ ਵਾਲਾ, ਬਲਵਿੰਦਰ ਸ਼ਰਮਾ ਖਿਆਲਾਂ, ਬਲਜੀਤ ਸਿੰਘ ਭੈਣੀਬਾਘਾ, ਸੱਤਪਾਲ ਸਿੰਘ ਬਰੇ, ਜਗਜੀਵਨ ਸਿੰਘ ਹਸਨਪੁਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਵਿਦਿਆਰਥੀਆਂ ਕਾਰਵਾਂ-ਏ-ਹੁਨਰ ਪ੍ਰਤੀਯੋਗਤਾ 'ਚ ਹੁਨਰ ਦਿਖਾਇਆ

**ਜਗਰਾਉਂ ( ਅਮਿਤ ਖੰਨਾ )-** ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਉਂ ਦੇ ਵਿਦਿਆਰਥੀਆਂ ਨੇ ਸਵਾਮੀ ਵਿਵੇਕਾਨੰਦ ਦੇ ਜਨਮ ਦਿਹਾੜੇ ਨੂੰ ਸਮਰਪਤ ਡੀ ਏ ਵੀ ਕਾਲਜ ਵੱਲੋਂ ਆਯੋਜਿਤ ਅੰਡਰ -ਸਕੂਲ ਪ੍ਰਤੀਯੋਗਤਾ ਅਧੀਨ ਕਾਰਵਾਂ-ਏ - ਹੁਨਰ ਸਮਾਗਮ 'ਚ ਆਪਣੀ ਜਿੱਤ ਦੇ ਝੰਡੇ ਗੱਡੇ । ਇਨ੍ਹਾਂ ਮੁਕਾਬਲਿਆਂ 'ਚ ਜਗਰਾਉਂ ਦੇ ਸਾਰੇ ਸਕੂਲਾਂ ਨੇ ਭਾਗ ਲਿਆ। ਪੋਸਟਰ ਮੇਕਿੰਗ ਮੁਕਾਬਲੇ 'ਚ ਗਿਆਰ੍ਹਵੀਂ ਜਮਾਤ ਦੇ ਕਾਮਰਸ ਗਰੁੱਪ ਦੇ ਵਿਦਿਆਰਥੀਆਂ ਰਿਪਨਜੋਤ ਸਿੰਘ ਨੇ ਪਹਿਲਾ, ਹਰਸ਼ਪ੍ਰੀਤ ਸਿੰਘ ਭੁੱਲਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ ।ਅੰਗਰੇਜ਼ੀ ਸੁੰਦਰ ਲਿਖਾਈ 'ਚ ਨੌਵੀਂ ਜਮਾਤ ਦੀ ਹਰਨੂਰਜੋਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਪੰਜਾਬੀ ਸੁੰਦਰ ਲਿਖਾਈ 'ਚ ਨੌਵੀਂ ਜਮਾਤ ਦੀ ਵਿਦਿਆਰਥਣ ਗੀਧਿਮਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਪਹੁੰਚਣ 'ਤੇ ਡਾਇਰੈਕਟਰ ਸ਼ਸ਼ੀ ਜੈਨ ਅਤੇ ਪ੍ਰਿੰਸੀਪਲ ਸੁਪ੍ਰਿਆ ਖੁਰਾਨਾ ਨੇ ਬੱਚਿਆਂ ਦਾ ਨਿੱਘਾ ਸਵਾਗਤ ਕਰਦਿਆਂ ਜੇਤੂ ਬੱਚਿਆਂ ਅਤੇ ਸੰਬੰਧਤ ਸਟਾਫ ਨੂੰ ਵਧਾਈ ਦਿੱਤੀ ਅਤੇ ਕਾਲਜ ਵੱਲੋਂ ਅਜਿਹੇ ਉਪਰਾਲੇ ਕਰਵਾਉਣ 'ਤੇ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਆਪਣੇ ਪਾਠ-ਕ੍ਰਮ ਤੋਂ ਇਲਾਵਾ ਮਹਾਨ ਵਿਅਕਤੀਆਂ ਦੀਆਂ ਜੀਵਨੀਆਂ ਅਤੇ ਸਵੈ- ਜੀਵਨੀਆਂ ਪੜ੍ਹਨ ਲਈ ਪ੍ਰੇਰਿਤ ਕੀਤਾ ।

# ਕਬੱਡੀ ਕੋਚ ਦੇਵੀ ਦਿਆਲ ਦੇ ਅਕਾਲ ਚਲਾਣੇ 'ਤੇ ਵੱਖ-ਵੱਖ ਸੰਸਥਾਵਾਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ



**ਸਮਰਾਲਾ (ਸੁਰਜੀਤ ਸਿੰਘ)-**ਬੀਤੇ ਦਿਨੀਂ ਪੰਜਾਬੀਆਂ ਦੀ ਮਾਂ ਖੇਡ ਕਬੱਡੀ ਨੂੰ ਪ੍ਰਣਾਈ ਸ਼ਖ਼ਸੀਅਤ ਕੋਚ ਦੇਵੀ ਦਿਆਲ ਸ਼ਰਮਾ ਜੋ ਅਚਾਨਕ ਵਿਛੋੜਾ ਦੇ ਗਏ ਸਨ, ਸਬੰਧੀ ਵੱਖ ਵੱਖ ਜਥੇਬੰਦੀਆਂ ਦੀ ਸਾਂਝੇ ਤੌਰ 'ਤੇ ਮੀਟਿੰਗ ਹੋਈ। ਵੱਖ ਵੱਖ ਬੁਲਾਰਿਆਂ ਨੇ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਦੇਵੀ ਦਿਆਲ ਸ਼ਰਮਾ ਖੁਦ ਇੱਕ ਸੰਸਥਾ ਸਨ, ਜਿਨ੍ਹਾਂ ਦੀ ਰਹਿਨੁਮਾਈ ਹੇਠ ਹਜ਼ਾਰਾਂ ਹੀ ਖਿਡਾਰੀਆਂ ਨੇ ਸਿੱਖਿਆ ਪ੍ਰਾਪਤ ਕੀਤੀ ਅਤੇ ਉੱਚੇ ਮੁਕਾਮ ਹਾਸਲ ਕੀਤੇ। ਜਿਨ੍ਹਾਂ ਦੁਆਰਾ ਚੰਡੇ ਨੌਜਵਾਨ ਅੱਜ ਦੇਸ਼ਾਂ, ਵਿਦੇਸ਼ਾਂ ਵਿੱਚ ਉੱਚ ਅਹੁਦਿਆਂ 'ਤੇ ਬਿਰਾਜਮਾਨ ਹੋ ਕੇ ਨਾਮਣਾ ਖੱਟ ਰਹੇ ਹਨ। ਮਾਲਵਾ ਕਾਲਜ ਬੌਂਦਲੀ ਨੂੰ ਦਿੱਤੀ ਅਦੁੱਤੀ ਦੇਣ ਕਦੀ ਵੀ ਨਹੀਂ ਭੁਲਾਈ ਜਾ ਸਕਦੀ।

ਮਾਲਵਾ ਕਾਲਜ ਬੌਂਦਲੀ ਖੇਡ ਸਟੇਡੀਅਮ ਦਾ ਕਣ ਕਣ ਕੋਚ ਦੇਵੀ ਦਿਆਲ ਦਾ ਰਿਣੀ ਹੈ, ਜਿਨ੍ਹਾਂ ਦੀ ਬਦੌਲਤ ਮਾਲਵਾ ਕਾਲਜ ਅਤੇ ਸਮਰਾਲਾ ਇਲਾਕੇ ਦਾ ਨਾਂਅ ਪੂਰੇ ਸੰਸਾਰ ਭਰ 'ਚ ਪ੍ਰਸਿੱਧ ਹੋ ਗਿਆ। ਉਨ੍ਹਾ ਦੀ ਮੌਤ ਨਾਲ ਨਾ ਪੂਰਿਆ ਜਾਣ ਵਾਲਾ ਘਾਟਾ ਸਦਾ ਇੱਕ ਟੀਸ ਬਣ ਕੇ ਰੜਕਦਾ ਰਹੇਗਾ। ਮੀਟਿੰਗ 'ਚ ਭਾਗ ਲੈਣ ਵਾਲਿਆਂ 'ਚ ਪ੍ਰਮੁੱਖ ਪ੍ਰਮੁੱਖ ਸੰਸਥਾਵਾਂ ਦੇ ਮੁਖੀ ਜਿਨ੍ਹਾਂ 'ਚ ਸ੍ਰੀ ਬ੍ਰਾਹਮਣ ਸਭਾ ਪੰਜਾਬ ਦੇ ਜਨਰਲ ਸਕੱਤਰ, ਪੰਜਾਬੀ ਸਾਹਿਤ ਸਭਾ (ਰਜਿ:) ਸਮਰਾਲਾ ਦੇ ਸਰਪ੍ਰਸਤ ਬਿਹਾਰੀ ਲਾਲ ਸੱਦੀ, ਸਾਹਿਤ ਸਭਾ ਸਮਰਾਲਾ ਦੇ ਚੇਅਰਮੈਨ ਕਹਾਣੀਕਾਰ ਸੁਖਜੀਤ, ਪ੍ਰਧਾਨ ਐਡਵੋਕੇਟ ਨਰਿੰਦਰ ਸ਼ਰਮਾ, ਅਧਿਆਪਕ ਚੇਤਨਾ ਮੰਚ ਦੇ ਪ੍ਰਧਾਨ ਲੈਕ: ਵਿਜੇ ਕੁਮਾਰ ਸ਼ਰਮਾ, ਪੈਨਸ਼ਨਰਜ਼ ਕਲਿਆਣ ਸੰਗਠਨ ਦੇ ਪ੍ਰਧਾਨ ਮੇਘ ਸਿੰਘ ਜਵੰਦ (ਰਿਟਾ: ਹੈੱਡਮਾਸਟਰ), ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਸਰਪ੍ਰਸਤ ਕਮਾਂਡੈਂਟ ਰਸ਼ਪਾਲ ਸਿੰਘ, ਪ੍ਰਧਾਨ ਅਮਰਜੀਤ ਸਿੰਘ ਬਾਲਿਓਂ, ਸਮਰਾਲਾ ਸੋਸ਼ਲ ਵੈਲਫੇਅਰ ਸੁਸਾਇਟੀ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸ਼ਰਮਾ, ਪ੍ਰਧਾਨ ਨੀਰਜ ਸਿਹਾਲਾ, ਪ੍ਰੋ. ਹਮਦਰਦਵੀਰ ਨੌਸ਼ਹਿਰਵੀ ਯਾਦਗਾਰੀ ਕਮੇਟੀ ਦੇ ਪ੍ਰਧਾਨ ਪ੍ਰੋ. (ਡਾ.) ਪਰਮਿੰਦਰ ਸਿੰਘ ਬੈਨੀਪਾਲ ਤੋਂ ਇਲਾਵਾ ਉੱਘੇ ਰੰਗਕਰਮੀ ਰਾਜਵਿੰਦਰ ਸਮਰਾਲਾ, ਮਾ. ਪੁਖਰਾਜ ਸਿੰਘ ਘੁਲਾਲ, ਇੰਦਰਜੀਤ ਸਿੰਘ ਕੰਗ, ਅਮਨਦੀਪ ਕੌਸ਼ਲ, ਸੰਦੀਪ ਸਮਰਾਲਾ, ਯਤਿੰਦਰ ਕੌਰ ਮਾਹਲ, ਡਾ. ਸੁਖਪਾਲ ਕੌਰ, ਲਖਵਿੰਦਰਪਾਲ ਸਿੰਘ, ਗੁਰਦੀਪ ਮਹੌਣ, ਹੁਸ਼ਿਆਰ ਸਿੰਘ, ਸਤਿੰਦਰ ਸਿੰਘ ਸਮਰਾਲਾ, ਜਸਵਿੰਦਰ ਸਿੰਘ ਆਦਿ ਤੋਂ ਇਲਾਵਾ ਵੱਖ ਵੱਖ ਸੰਸਥਾਵਾਂ ਦੇ ਅਹੁਦੇਦਾਰ ਅਤੇ ਕਾਰਜਕਾਰੀ ਮੈਂਬਰ ਹਾਜ਼ਰ ਸਨ।

# ਮਸ਼ੀਨਰੀ ਘੁਟਾਲੇ 'ਚ ਦੋਸ਼ੀ ਕੌਣ, ਕਿਸਾਨ ਜਾਂ ਅਧਿਕਾਰੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਕੇਂਦਰ ਸਰਕਾਰ ਵੱਲੋਂ ਪਰਾਲੀ ਦੀ ਸਾਂਭ ਸੰਭਾਲ ਲਈ ਸਬਸਿਡੀ ਉੱਪਰ ਮਸ਼ੀਨਾਂ ਦਿੱਤੀਆਂ ਗਈਆਂ ਸਨ, ਜਿਨ੍ਹਾਂ ਦੀ ਦੁਬਾਰਾ ਜਾਂਚ ਕਰਨ ਤੇ ਕਈ ਮਸ਼ੀਨਾਂ ਨਹੀਂ ਪਾਈਆਂ ਗਈਆਂ।ਇਸ ਲਈ ਵਿਸ਼ੇਸ਼ ਮੁੱਖ ਸਕੱਤਰ ਖੇਤੀਬਾੜੀ ਤੇ ਡਾਇਰੈਕਟਰ ਖੇਤੀਬਾੜੀ ਵੱਲੋਂ ਤਕਰੀਬਨ 900 ਅਧਿਕਾਰੀਆਂ ਅਤੇ ਕ੍ਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਤੇ ਉਨ੍ਹਾਂ ਨੂੰ ਚਾਰਜਸ਼ੀਟ ਕਰਨ ਦੀ ਤਿਆਰੀ ਹੈ।

ਸਰਕਾਰ ਅਨੁਸਾਰ ਇਨ੍ਹਾਂ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੇ ਸਮੇਂ-ਸਮੇਂ ਤੇ ਮਸ਼ੀਨਾਂ ਦੀ ਵੈਰੀਫਿਕੇਸ਼ਨ ਨਹੀਂ ਕੀਤੀ, ਜਿਸ ਕਾਰਨ ਇਹ ਮਸ਼ੀਨਾਂ ਗਾਇਬ ਹੋ ਗਈਆਂ ਹਨ।ਮੀਡੀਆ ਵੱਲੋਂ ਇਕਪਾਸੜ ਤੇ ਕਈ ਤੱਥਾਂ ਤੋਂ ਊਣੀ ਜਾਣਕਾਰੀ ਬੜੇ ਸਮੇਂ ਤੋਂ ਫੈਲਾਈ ਜਾ ਰਹੀ ਹੈ, ਪਰ ਕੀ ਸਾਰੇ ਅਧਿਕਾਰੀ ਜਾਂ ਕ੍ਰਮਚਾਰੀ ਦੋਸ਼ੀ ਹਨ? ਜਾਂ ਫਿਰ ਖੇਤੀਬਾੜੀ ਮਹਿਕਮੇਂ ਦੇ ਅਧਿਕਾਰੀਆਂ ਦੀ ਬਲੀ ਲੈ ਕੇ ਅਸਲ ਦੋਸ਼ੀ ਨੂੰ ਬਚਾਇਆ ਜਾ ਰਿਹਾ ਹੈ।

ਪਹਿਲਾਂ ਤੱਥਾਂ ਦੀ ਗੱਲ ਕਰੀਏ ਤਾਂ ਕਿਸਾਨਾਂ ਵੱਲੋਂ ਮਸ਼ੀਨ ਲੈਣ ਲਈ ਮਹਿਕਮੇ ਨੂੰ ਅਰਜ਼ੀ ਦਿੱਤੀ ਜਾਂਦੀ ਹੈ, ਹੁਣ ਪੋਰਟਲ 'ਤੇ ਅਪਲਾਈ ਕੀਤਾ ਜਾਂਦਾ ਹੈ।ਫਿਰ ਡੀ ਸੀ ਅਤੇ ਮੁੱਖ ਖੇਤੀਬਾੜੀ ਅਫ਼ਸਰ ਅਰਜ਼ੀਆਂ ਵਿੱਚੋਂ ਚੋਣ ਕਰਦੇ ਅਤੇ ਇੱਕ ਕੋਡ ਕਿਸਾਨ ਨੂੰ ਜਾਰੀ ਕਰਦੇ ਜਿਸ ਤੋਂ ਬਾਅਦ ਕਿਸਾਨ ਮਸ਼ੀਨ ਦੀ ਖਰੀਦ ਕਰਦੇ । ਮਸ਼ੀਨ ਖਰੀਦਣ ਤੋਂ ਬਾਅਦ ਮਸ਼ੀਨ ਦੀ ਭੌਤਿਕੀ ਪੜਤਾਲ ਮਹਿਕਮੇ ਦੇ ਅਧਿਕਾਰੀ ਕ੍ਰਮਚਾਰੀਆਂ ਵੱਲੋਂ ਕੀਤੀ ਜਾਂਦੀ ਤਾਂ ਜੁ ਇਹ ਯਕੀਨੀ ਬਣਾਇਆ ਜਾ ਸਕੇ ਕਿ ਕਿਸਾਨ ਨੇ ਵਾਕਿਆ ਹੀ ਮਸ਼ੀਨ ਖਰੀਦੀ ਹੈ।ਵੈਰੀਫ਼ਿਕੇਸ਼ਨ ਸਮੇਂ ਕਿਸਾਨ ਤੇ ਮਸ਼ੀਨ ਦੀ ਜੀ ਪੀ ਐਸ ਲੋਕੇਸ਼ਨ ਨਾਲ ਫੋਟੋ ਕੀਤੀ ਜਾਂਦੀ ਤੇ ਫਿਰ ਕਿਸਾਨ ਕੋਲੋਂ ਤਸਦੀਕੀ ਫਾਰਮ ਜਿਸ 'ਤੇ ਉਹ ਇਹ ਗੱਲ ਮੰਨਦਾ ਹੈ ਕਿ ਉਸਨੇ ਮਸ਼ੀਨ ਦੀ ਖਰੀਦ ਕਰ ਲਈ ਹੈ ਅਤੇ ਇਸ ਦੀ ਸਬਸਿਡੀ ਜਾਰੀ ਕਰ ਦਿੱਤੀ ਜਾਵੇ ਤੇ ਦਸਤਖਤ ਕਰਾਏ ਜਾਂਦੇ।ਇਸ ਤੋਂ ਬਿਨਾਂ ਬਿੱਲ 'ਤੇ ਵੀ ਕਿਸਾਨ ਅਤੇ ਮਸ਼ੀਨ ਡੀਲਰ ਦੇ ਦਸਤਖਤ ਕਰਾਏ ਜਾਂਦੇ ਤੇ ਫਿਰ ਸਬਸਿਡੀ ਜਾਰੀ ਕਰਨ ਲਈ ਸਿਫ਼ਾਰਿਸ਼ ਕੀਤੀ ਜਾਂਦੀ।ਇਹ ਸਬਸਿਡੀ ਸਿੱਧੀ ਕਿਸਾਨ ਦੇ ਬੈਂਕ ਖਾਤੇ ਵਿੱਚ ਜਾਂਦੀ ਜਾਂ ਫਿਰ ਕਿਸਾਨ ਵੱਲੋਂ ਇਹ ਹਲਫ਼ੀਆ ਬਿਆਨ ਦੇਣ ਤੇ ਉਸਨੇ ਮਸ਼ੀਨ ਦੇ ਬਣਦਾ ਆਪਣਾ ਹਿੱਸਾ ਦੇ ਦਿੱਤਾ ਹੈ ਅਤੇ ਸਬਸਿਡੀ ਫਰਮ ਦੇ ਖਾਤੇ ਪਾ ਦਿੱਤੀ ਜਾਵੇ। ਰਾਸ਼ੀ ਫਰਮ ਦੇ ਖਾਤੇ ਪਾ ਦਿੱਤੀ ਜਾਂਦੀ ।

ਅਰਜ਼ੀ ਦੇਣ ਲੱਗੇ ਕਿਸਾਨ ਇਹ ਹਲਫਨਾਮਾ ਦਿੰਦਾ ਹੈ ਕਿ ਉਹ 5 ਸਾਲ ਮਸ਼ੀਨ ਵੇਚੇਗਾ ਨਹੀਂ ਅਤੇ ਸਕੀਮ ਦੀਆਂ ਹਦਾਇਤਾਂ ਵਿੱਚ ਵੀ ਦਰਜ ਹੈ ਕਿ ਕਿਸਾਨ 5 ਸਾਲ ਤੱਕ ਮਸ਼ੀਨ ਨਹੀਂ ਵੇਚ ਸਕਦਾ। ਹੁਣ ਜਦੋਂ ਦੁਬਾਰਾ ਵੈਰੀਫਿਕੇਸ਼ਨ ਹੋਈ ਤਾਂ ਉਨ੍ਹਾਂ ਅਧਿਕਾਰੀਆਂ ਨੇ ਹੀ ਸਰਕਾਰ ਦੇ ਧਿਆਨ ਵਿੱਚ ਇਹ ਗੱਲ ਲਿਆਂਦੀ ਕਿ ਕਿਸਾਨ ਨੇ ਮਸ਼ੀਨ ਵੇਚ ਦਿੱਤੀ ਹੈ ਤਾਂ ਫਿਰ ਦੋਸ਼ੀ ਕੌਣ ਹੋਇਆ?

ਸਾਫ਼ ਹੈ ਕਿ ਸਰਕਾਰ ਕਾਰਵਾਈ ਦਾ ਰੁਖ ਕਿਸਾਨਾਂ ਦੀ ਬਜਾਏ ਆਪਣੇ ਕ੍ਰਮਚਾਰੀਆਂ ਵੱਲ ਕਰਕੇ ਦੁੱਧ ਧੋਤੀ ਬਣਨਾ ਚਾਹੁੰਦੀ ਹੈ ਤਾਂ ਜੁ ਕੇਂਦਰ ਸਰਕਾਰ ਵੱਲੋਂ ਫੰਡ ਹਾਸਲ ਕਰ ਸਕੇ।ਮਸ਼ੀਨ ਦਾ ਅਸਲ ਘੁਟਾਲਾ ਤਾਂ ਇਨ੍ਹਾਂ ਦੀ ਕੀਮਤ ਹੈ, ਜੋ ਸਬਸਿਡੀ 'ਤੇ ਆਉਣ ਤੇ ਕਈ ਗੁਣਾ ਵਧ ਗਈ ਹੈ।ਇਹ ਕੀਮਤ ਇਹ ਉੱਚ ਅਧਿਕਾਰੀ ਹੀ ਮਸ਼ੀਨ ਨਿਰਮਾਤਾ ਨਾਲ ਮਿਲ ਕੇ ਤਹਿ ਕਰਦੇ ਹਨ।ਅਸਲ ਦੋਸ਼ ਤਾਂ ਉਹ ਸਿਫ਼ਾਰਸ਼ਾਂ ਹਨ, ਜੋ ਹਰ ਸਾਲ ਨਵੀਂ ਮਸ਼ੀਨ ਦੇ ਨਾਂਅ 'ਤੇ ਕਈ ਟਨ ਲੋਹਾ ਕਿਸਾਨ ਦੇ ਸਿਰ ਮੜ ਦਿੰਦੇ ਹਨ।2018 ਵਿੱਚ ਹੈਪੀ ਸੀਡਰ ਆਇਆ ਲੋਕਾਂ ਵਰਤਿਆ, ਬਹੁਤਿਆਂ ਦੇ ਮਨ ਨੂੰ ਨਹੀਂ ਲੱਗਾ। ਅਗਲੇ ਸਾਲ ਹੀ ਸੁਪਰ ਸੀਡਰ ਆ ਗਿਆ। ਹੈਪੀ ਸੀਡਰ ਨਾਲ ਲੋਕਾਂ ਨੇ ਡੰਗਰ ਬੰਨ ਲਏ। ਸੁਪਰ ਸੀਡਰ ਖਰੀਦ ਕੇ ਫਿਰ ਅਗਲੇ ਸਾਲ ਸਮਾਰਟ ਸੀਡਰ ਸਰਫੇਸ ਸੀਡਰ ਤੇ ਪਤਾ ਨਹੀਂ ਕੀ-ਕੀ ਛੋਟੇ ਕਿਸਾਨ ਕੋਲ ਤਾਂ ਇਨ੍ਹਾਂ ਨੂੰ ਖੜਾ ਕਰਨ ਜਗ੍ਹਾ ਦੀ ਵੀ ਕਮੀ ਪੈ ਗਈ, ਮਜਬੂਰੀ ਨੂੰ ਵੇਚ ਦਿੱਤੇ।

ਕਿਸਾਨਾਂ ਤਾਂ ਏਸੇ ਸਾਲ ਲਏ ਸੰਦ/ਮਸ਼ੀਨਾਂ ਵੀ ਵੇਚਣ 'ਤੇ ਲਾਈਆਂ ਹੋਈਆਂ। ਵੈਰੀਫਿਕੇਸ਼ਨ ਕਰਨ ਵਾਲਾ ਉਨ੍ਹਾਂ ਦੀ ਰਾਖੀ ਕਿੱਦਾਂ ਬੈਠਾ ਰਹੇ।ਜ਼ਾਹਰ ਹੈ ਕਿ ਇਹ ਮਸ਼ੀਨਾਂ ਆਖਰੀ ਵਾਰ ਨਹੀਂ ਆ ਰਹੀਆਂ, ਪਰ ਜਿਸ ਤਰ੍ਹਾਂ ਫੀਲਡ ਅਧਿਕਾਰੀਆਂ ਨੂੰ ਜਲੀਲ ਕੀਤਾ ਜਾ ਰਿਹਾ ਹੈ, ਇਸਦੀ ਵੈਰੀਫਿਕੇਸ਼ਨ ਕੌਣ ਕਰੇਗਾ ।

## ਭਾਰਤੀ ਮਿਆਰ ਬਿਊਰੋ ਨੇ ਮੋਗਾ 'ਚ ਲਾਇਆ ਜਾਗਰੂਕਤਾ ਕੈਂਪ



**ਕੋਟ ਈਸੇ ਖਾਂ (ਅਰੋੜਾ)-** ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ, ਅਨੀਤਾ ਦਰਸ਼ੀ ਵਧੀਕ ਡਿਪਟੀ ਕਮਿਸ਼ਨਰ, ਹਰਜਿੰਦਰ ਸਿੰਘ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਮੋਗਾ ਦੇ ਸਹਿਯੋਗ ਨਾਲ ਭਾਰਤੀ ਮਿਆਰ ਬਿਊਰੋ (ਖਪਤਕਾਰ ਮਾਮਲੇ ਖੁਰਾਕ ਅਤੇ ਜਨਤਕ ਵੰਡ ਮੰਤਰਾਲਿਆ ਭਾਰਤ ਸਰਕਾਰ) ਚੰਡੀਗੜ੍ਹ ਸ਼ਾਖਾ ਦਫਤਰ ਸੀ.ਐਚ.ਬੀ.ਓ. ਵੱਲੋਂ ਅੱਜ ਕੋਟ ਈਸੇ ਖਾਂ ਵਿਖੇ ਬੀ.ਡੀ.ਪੀ.ਓ. ਸਿਤਾਰਾ ਸਿੰਘ ਦੀ ਅਗਵਾਈ 'ਚ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿੱਚ 60 ਸਰਪੰਚਾਂ ਪੰਚਾਂ ਅਤੇ ਸੰਮਤੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪਿੰਡਾਂ ਲਈ ਬੀ.ਆਈ.ਐੱਸ.ਮਿਆਰਾਂ ਦੇ ਵਿਕਾਸ ਬਾਰੇ ਕਿਤਾਬਚਾ, ਫਲਾਇਰ ਅਤੇ ਖੇਤੀਬਾੜੀ ਨਾਲ ਸਬੰਧਤ ਜਾਣਕਾਰੀ ਭਾਗੀਦਾਰਾਂ 'ਚ ਵੰਡੀ ਗਈ ਤਾਂ ਜੋ ਉਨ੍ਹਾਂ ਦੇ ਰੋਜ਼ਾਨਾ ਜੀਵਨ ਦੇ ਨਾਲ ਨਾਲ ਖੇਤੀ ਸੈਕਟਰ ਦੇ ਗਿਆਨ 'ਚ ਵਾਧਾ ਕੀਤਾ ਜਾ ਸਕੇ। ਇਸ ਸਮਾਗਮ ਦੌਰਾਨ ਭਾਗੀਦਾਰਾਂ ਨੂੰ ਵਿਕਾਸ ਗਤੀਵਿਧੀ, ਨਿੱਜੀ ਲੋੜਾਂ ਜਾਂ ਖੇਤਾਂ 'ਚ ਸਿੰਚਾਈ ਸਰੋਤ ਬਣਾਉਣ ਸਮੇਂ ਮਿਆਰੀ ਸਮਾਨ ਖਰੀਦਣ ਲਈ ਮਿਆਰਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਭਾਗੀਦਾਰਾਂ ਨੇ ਬੀ ਆਈ ਐੱਸ ਕੇਅਰ ਐਪ ਨੂੰ ਵੀ ਡਾਊਨਲੋਡ ਕੀਤਾ ਅਤੇ ਅਸਲ ਆਈ ਐੱਸ ਆਈ ਮਾਰਕ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਇਸ ਐਪ ਦੀ ਵਰਤੋਂ ਕਰਨਾ ਸਿੱਖਿਆ ।ਪ੍ਰੋਗਰਾਮ ਦੌਰਾਨ ਵੱਡੀ ਗਿਣਤੀ 'ਚ ਮਹਿਲਾ ਪੰਚਾਇਤ ਮੈਂਬਰਾਂ ਨੇ ਹਾਲ ਮਾਰਕਿੰਗ ਅਤੇ ਬੀ ਆਈ ਐੱਸ ਕੇਅਰ ਐਪ ਤੇ ਚਰਚਾ 'ਚ ਹਿੱਸਾ ਲਿਆ। ਭਾਗੀਦਾਰਾਂ ਨੇ ਵਰਕਸ਼ਾਪ ਦੌਰਾਨ ਪ੍ਰਾਪਤ ਕੀਤੀ ਜਾਣਕਾਰੀ ਦੀ ਪ੍ਰਭਾਵੀ ਵਰਤੋਂ ਕਰਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਕਿ ਉਹ ਬੀ ਆਈ ਐੱਸ ਕੇਅਰ ਐਪ 'ਤੇ ਸਿੱਧੇ ਤੌਰ 'ਤੇ ਸ਼ਿਕਾਇਤ ਕਰ ਸਕਦੇ ਹਨ ਅਤੇ ਸਟੈਂਡਰਡ ਮਾਰਕ ਦੀ ਦੁਰਵਰਤੋਂ ਦੀ ਜਾਂਚ ਕਰ ਸਕਦੇ ਹਨ। ਹਾਜ਼ਰੀਨ ਨੇ ਬੀ ਆਈ ਐੱਸ ਮਾਰਕਿੰਗ ਅਤੇ ਪ੍ਰਮਾਣਿਕਤਾ ਦੀ ਜਾਂਚ ਕਰਨ ਦੇ ਸਾਧਨਾਂ ਤੇ ਪ੍ਰਾਪਤ ਕੀਤੇ ਨਵੇਂ ਗਿਆਨ ਬਾਰੇ ਚਾਨਣਾ ਪਾਉਣ ਲਈ ਧੰਨਵਾਦ ਕੀਤਾ ਅਤੇ ਆਪਣੇ ਆਪਣੇ ਪਿੰਡਾਂ ਵਿਚ ਅਜਿਹੇ ਹੋਰ ਪ੍ਰੋਗਰਾਮ ਕਰਵਾਉਣ ਦੀ ਮੰਗ ਕੀਤੀ। ਇਸ ਮੌਕੇ ਹਰੀ ਸਿੰਘ ਐਸ ਈ ਪੀ ਓ ਬਾਲਕ ਰਾਮ ਲੇਖਾਕਾਰ ਅਤੇ ਰਾਣਾ ਰਣਜੀਤ ਸਿੰਘ ਕਲਰਕ ਪੰਚਾਇਤ ਸੰਮਤੀ ਕੋਟ ਈਸੇ ਖਾਂ ਨੇ ਇਸ ਵਰਕਸ਼ਾਪ ਨੂੰ ਸਫਲਤਾਪੂਰਵਕ ਕਰਵਾਉਣ 'ਚ ਅਹਿਮ ਯੋਗਦਾਨ ਦਿੱਤਾ। ਇਸ ਮੌਕੇ ਆਏ ਹੋਏ ਪੰਚਾਂ ਅਤੇ ਸਰਪੰਚਾਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ। ਇਸ ਮੌਕੇ ਬੀ ਡੀ ਪੀ ਓ ਸਿਤਾਰਾ ਸਿੰਘ ਨੇ ਬੀ ਆਈ ਐਸ ਤੋਂ ਆਏ ਹੋਏ ਦਲਬੀਰ ਸਿੰਘ (ਸਲਾਹਕਾਰ ਬੀ ਆਈ ਐਸ) ਸੁਰੇਸ਼ ਜੈਨ (ਰਿਸੋਰਸ ਪਰਸਨ) ਦਾ ਧੰਨਵਾਦ ਕੀਤਾ।

# ਬੀ ਐੱਡ ਤੀਜੇ ਸਮੈਸਟਰ ਦੇ ਵਿਦਿਆਰਥੀਆਂ ਦਾ ਪ੍ਰੈਕਟੀਕਲ ਵਾਇਵਾ ਲਿਆ



**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਦੇਸ਼ ਭਗਤ ਯੂਨੀਵਰਸਿਟੀ ਦੇ ਬੀ. ਐੱਡ ਤੀਜੇ ਸਮੈਸਟਰ ਦੇ ਵਿਦਿਆਰਥੀ ਛੇ ਮਹੀਨੇ ਦੀ ਟੀਚਰ ਟ੍ਰੇਨਿੰਗ ਪੂਰੀ ਕਰਨ ਉਪਰੰਤ ਯੂਨੀਵਰਸਿਟੀ ਵਿੱਚ ਵਾਪਸ ਹਾਜ਼ਰ ਹੋਏ।ਬੀ.ਐੱਡ ਦੇ ਵਿਦਿਆਰਥੀਆਂ ਵੱਲੋਂ ਯੂਨੀਵਰਸਿਟੀ ਦੇ ਸਿਲੇਬਸ, ਆਧੁਨਿਕ ਟੀਚਿੰਗ ਤੇ ਆਰ.ਸੀ.ਐਮ. ਅਪਰੋਚ ਅਨੁਸਾਰ ਵਧੀਆ ਤਰੀਕੇ ਨਾਲ ਆਪਣੀਆਂ-ਆਪਣੀਆਂ ਪਾਠ-ਯੋਜਨਾਵਾਂ ਤਿਆਰ ਕੀਤੀਆਂ ਗਈਆਂ।

ਇਨ੍ਹਾਂ ਦੇ ਨਾਲ ਵਿਦਿਆਰਥੀਆਂ ਵੱਲੋਂ ਪ੍ਰੀ-ਇੰਟਰਨਸ਼ਿਪ ਸਰਟੀਫਿਕੇਟ (ਦੋ ਹਫਤੇ), ਇੰਟਰਨਸ਼ੀਪ ਸਰਟੀਫਿਕੇਟ ਤੇ ਪੋਸਟ- ਇੰਟਰਨਸ਼ੀਪ ਸਰਟੀਫਿਕੇਟ (ਅਠਾਰਾਂ ਹਫਤੇ) ਵੀ ਨਾਲ ਨੱਥੀ ਕੀਤੇ ਗਏ ਸਨ।

ਯੂਨੀਵਰਸਿਟੀ ਦੇ ਐਜੂਕੇਸ਼ਨ ਡਿਪਾਰਟਮੈਂਟ ਵੱਲੋਂ 22 ਤੇ 23 ਜਨਵਰੀ ਨੂੰ ਇਨ੍ਹਾਂ ਵਿਦਿਆਰਥੀਆਂ ਦਾ ਅਧਿਆਪਕ ਪਾਠ-ਯੋਜਨਾਵਾਂ ਦਾ ਪ੍ਰੈਕਟੀਕਲ ਵਾਇਵਾ ਲਿਆ ਗਿਆ, ਜਿਸ ਵਿੱਚ ਬਾਹਰ ਤੋਂ ਆਏ ਹੋਏ ਐਗਜ਼ਾਮੀਨਰ ਸ਼ਾਮਲ ਸਨ।ਇਸ ਦੌਰਾਨ ਐਜੂਕੇਸ਼ਨ ਡਿਪਾਰਟਮੈਂਟ ਦੀ ਹੈੱਡ ਡਾਕਟਰ ਪ੍ਰੀਸੀਅਸ ਸ਼ੈਰੋਨ, ਫੈਕਲਟੀ ਆਫ ਐਜੂਕੇਸ਼ਨ ਡਾਕਟਰ ਕਿਰਨ ਰਾਣੀ ਤੇ ਸ਼੍ਰੀ ਸ਼ਤੀਸ਼ ਕੁਮਾਰ ਮੌਕੇ 'ਤੇ ਹਾਜ਼ਰ ਸਨ ਅਤੇ ਵਿਦਿਆਰਥੀਆਂ ਨੂੰ ਯੂ.ਜੀ.ਸੀ. ਨੈਟ ਅਤੇ ਮਾਸਟਰ ਕੇਡਰ ਦੇ ਟੈਸਟਾਂ ਬਾਰੇ ਜਾਣੂ ਕਰਾਇਆ ਅਤੇ ਇਸ ਟੈਸਟ ਨੂੰ ਪਾਸ ਕਰਨ ਲਈ ਉਤਸ਼ਾਹਤ ਕੀਤਾ।

ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜੋਰਾ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਵਿਦਿਅਕ ਢਾਂਚੇ ਦੇ ਆਧੁਨਿਕੀਕਰਨ ਅਤੇ ਸਿੱਖਣ ਪ੍ਰਕਿਰਿਆ ਦੇ ਪੱਧਰ ਨੂੰ ਆਧੁਨਿਕ ਤਰੀਕੇ ਨਾਲ ਉੱਚਾ ਚੁੱਕਣ ਲਈ ਜਾਣਕਾਰੀ ਦਿੰਦੇ ਹੋਏ ਚੰਗੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

# ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਰੋੜਾਂਵਾਲੀ 'ਚ ਕੀਤੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਪਿੰਡ ਰੋੜਾਂਵਾਲੀ ਵਿਖੇ ਮੀਟਿੰਗ ਕੀਤੀ ਗਈ, ਜਿਸ ਦੌਰਾਨ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਦੌਰਾਨ 4 ਫਰਵਰੀ ਨੂੰ ਮਲੋਟ ਵਿਖੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਦੇ ਬੂਹੇ ਅੱਗੇ ਦਿੱਤੇ ਜਾਣ ਵਾਲੇ ਧਰਨੇ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ।ਮੀਟਿੰਗ ਵਿੱਚ ਪੁੱਜੀਆਂ ਆਗੂਆਂ ਨੂੰ ਸੰਬੋਧਨ ਕਰਦਿਆਂ ਹਰਗੋਬਿੰਦ ਕੌਰ ਨੇ ਕਿਹਾ ਕਿ ਪੰਜਾਬ ਦੀਆਂ 54 ਹਜ਼ਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਪੰਜਾਬ ਸਰਕਾਰ ਦੇ ਮਾੜੇ ਵਤੀਰੇ ਕਾਰਨ ਤੰਗ-ਪ੍ਰੇਸ਼ਾਨ ਹਨ, ਕਿਉਂਕਿ ਉਨ੍ਹਾਂ ਨੂੰ ਤਨਖਾਹਾਂ ਸਮੇਂ ਸਿਰ ਨਹੀਂ ਮਿਲ ਰਹੀਆਂ। ਉਨ੍ਹਾਂ ਕਿਹਾ ਕਿ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਜਥੇਬੰਦੀ ਵੱਲੋਂ 4 ਫਰਵਰੀ ਨੂੰ ਮਲੋਟ ਵਿਖੇ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ, ਜਿਨ੍ਹਾਂ ਕੋਲ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਹੈ ਦੇ ਬੂਹੇ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਪੁੱਜਣਗੀਆਂ।ਉਨ੍ਹਾਂ ਕਿਹਾ ਕਿ ਐਨ ਜੀ ਓ ਬਲਾਕਾਂ ਵਿੱਚ ਕੰਮ ਕਰਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ (ਖਾਸ ਕਰਕੇ ਬਾਲ ਭਲਾਈ ਕੌਂਸਲ) ਦਾ 1 ਸਾਲ ਦਾ ਸਟੇਟ ਫੰਡ ਦਾ ਮਾਣਭੱਤਾ ਬਕਾਇਆ ਖੜ੍ਹਾ ਹੈ।ਸਮਾਜ ਭਲਾਈ ਬੋਰਡ ਦੀਆਂ ਵਰਕਰਾਂ ਹੈਲਪਰਾਂ ਦਾ ਸਟੇਟ ਅਤੇ ਸੈਂਟਰ ਦਾ ਫੰਡ ਚਾਰ ਮਹੀਨਿਆਂ ਦਾ ਬਕਾਇਆ ਖੜ੍ਹਾ ਹੈ।ਇਨ੍ਹਾਂ ਦਾ ਮਾਣਭੱਤਾ ਦਿੱਤਾ ਜਾਵੇ ਅਤੇ ਇਨ੍ਹਾਂ ਨੂੰ ਸਟੇਟ ਵੱਲੋਂ ਕੱਟੇ ਗਏ 18 ਮਹੀਨਿਆਂ ਦਾ ਏਰੀਅਰ ਜੋ ਦੂਜੀਆਂ ਵਰਕਰਾਂ ਤੇ ਹੈਲਪਰਾਂ ਨੂੰ ਦਿੱਤਾ ਗਿਆ ਹੈ, ਉਹ ਵੀ ਤੁਰੰਤ ਦਿੱਤਾ ਜਾਵੇ ਅਤੇ ਅੱਗੇ ਤੋਂ ਇਹਨਾਂ ਦਾ ਮਾਣਭੱਤਾ ਹਰ ਮਹੀਨੇ ਦੀ ਸੱਤ ਤਰੀਕ ਤੱਕ ਦੇਣਾ ਯਕੀਨੀ ਬਣਾਇਆ ਜਾਵੇ ਅਤੇ ਇਹ ਅੱਠੇ ਬਲਾਕ ਐਨ ਜੀ ਓ ਤੋਂ ਵਾਪਸ ਲੈ ਕੇ ਵਿਭਾਗ ਵਿੱਚ ਮਰਜ਼ ਕੀਤੇ ਜਾਣ ।

ਉਨ੍ਹਾਂ ਨੇ ਸੂਬੇ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਅਪੀਲ ਕੀਤੀ ਹੈ ਕਿ 4 ਫਰਵਰੀ ਨੂੰ ਵੱਡੀ ਗਿਣਤੀ ਵਿੱਚ ਮਲੋਟ ਵਿਖੇ ਪੁੱਜੋ ਤਾਂ ਜੁ ਆਪਣੀਆਂ ਹੱਕੀ ਮੰਗਾਂ ਲਈ ਸਰਕਾਰ ਤੇ ਦਬਾਅ ਬਣਾਇਆ ਜਾ ਸਕੇ ।

# ਜੁਆਇੰਟ ਫੋਰਮ ਨੇ ਮੰਗਾਂ ਨੂੰ ਲੈ ਕੇ ਓ ਐੱਸ ਡੀ ਸਿੱਧੂ ਨੂੰ ਦਿੱਤਾ ਮੰਗ ਪੱਤਰ



**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**- ਜੁਆਇੰਟ ਫੋਰਮ ਪਾਵਰਕਾਮ ਪੰਜਾਬ ਦੇ ਸੱਦੇ 'ਤੇ ਮੰਡਲ ਧੂਰੀ ਦੇ ਆਗੂਆ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਧੂਰੀ ਸਥਿਤ ਕੈਂਪ ਦਫ਼ਤਰ ਵਿਖੇ ਓ.ਐਸ.ਡੀ. ਪ੍ਰੋਫੈਸਰ ਓਂਕਾਰ ਸਿੰਘ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ।

ਫੋਰਮ ਦੇ ਆਗੂ ਬਲਵੀਰ ਸਿੰਘ ਜੈਨਪੁਰ ਨੇ ਦੱਸਿਆ ਕਿ ਮੰਗ ਪੱਤਰ ਰਾਹੀਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਸੀ.ਆਰ.ਏ. 295/19 ਅਧੀਨ ਭਰਤੀ ਸਹਾਇਕ ਲਾਇਨਮੈਨ ਸਾਥੀਆਂ ਨੂੰ ਪਰਖ ਕਾਲ ਸਮਾਂ ਪੂਰਾ ਕਰਨ ਦੇ ਬਾਵਜੂਦ ਵੀ ਪੂਰੀਆਂ ਤਨਖਾਹਾਂ ਸਮੇਤ ਭੱਤੇ ਨਹੀ ਦਿੱਤੀਆਂ ਜਾ ਰਹੀਆਂ ਸਗੋਂ ਕੋਰਟਾਂ ਰਾਹੀ ਤੰਗ ਪ੍ਰੇਸਾਨ ਕੀਤਾ ਜਾ ਰਿਹਾ ਹੈ, ਜਿਸਦੀ ਬਦੌਲਤ ਕੋਰਟ ਵੱਲੋਂ ਸਟੇਟਸ ਕੋ ਲਗਾਏ ਜਾਣ ਦੇ ਬਾਅਦ ਵੀ 25 ਸਹਾਇਕ ਲਾਇਨਮੈਨ ਸਾਥੀਆਂ ਨੂੰ ਨੌਕਰੀ ਤੋਂ ਬਰਖਾਸਤ ਕੀਤਾ ਗਿਆ ਹੈ, ਉਨ੍ਹਾਂ ਨੂੰ ਤੁਰੰਤ ਪ੍ਰਭਾਵ ਤੋਂ ਬਹਾਲ ਕੀਤਾ ਜਾਵੇ ਬਿਜਲੀ ਮੰਤਰੀ ਅਤੇ ਪਾਵਰਕਾਮ ਦੀ ਮੈਨੇਜਮੈਂਟ ਦੀਆਂ ਜੁਆਇੰਟ ਫੋਰਮ ਪੰਜਾਬ ਨਾਲ ਮੀਟਿੰਗਾਂ ਦੌਰਾਨ ਹੋਈਆਂ ਸਹਿਮਤੀਆਂ ਲਾਗੂ ਨਹੀ ਕੀਤੀਆਂ ਜਾ ਰਹੀਆਂ।

ਉਨ੍ਹਾਂ ਦੱਸਿਆ ਕਿ ਮੰਗਾਂ ਦੀ ਪੂਰਤੀ ਨਾ ਹੋਣ 'ਤੇ 30 ਜਨਵਰੀ ਨੂੰ ਪੰਜਾਬ ਦੇ ਸਮੂਹ ਮੰਡਲਾਂ ਵਿੱਚ ਪਾਵਰ ਕਾਮ ਦੀ ਮਨੇਜਮੈਂਟ ਵਿਰੁੱਧ ਅਰਥੀ ਫੂਕ ਮੁਜਾਹਰੇ ਕੀਤੇ ਜਾਣਗੇ ਤੇ 6 ਫ਼ਰਵਰੀ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ 'ਤੇ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ।

# ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਸਪੈਸ਼ਲ ਮੋਨੀਟਰ ਨੇ ਸਿਵਲ ਹਸਪਤਾਲ ਦੀ ਕੀਤੀ ਚੈਕਿੰਗ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** -ਭਾਰਤ ਸਰਕਾਰ ਦੇ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਸਪੈਸ਼ਲ ਮੋਨੀਟਰ ਸ਼੍ਰੀ ਬਾਲ ਕ੍ਰਿਸ਼ਨ ਗੋਇਲ ਨੇ ਸਿਵਲ ਹਸਪਤਾਲ ਦੀ ਅਚਨਚੇਤ ਚੈਕਿੰਗ ਕੀਤੀ ਅਤੇ ਹਸਪਤਾਲ ਅੰਦਰ ਮਰੀਜਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵਿਸਥਾਰ ਸਹਿਤ ਜਾਇਜ਼ਾ ਲਿਆ।

ਸ਼੍ਰੀ ਗੋਇਲ ਨੇ ਕਿਹਾ ਕਿ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਦੇਸ਼ ਅੰਦਰ ਮਾਨਵੀ ਹੱਕਾਂ ਦੀ ਉਲੰਘਣਾ ਰੋਕਣ ਲਈ ਵੱਡੀ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੁ ਕਿਸੇ ਵੀ ਸਰਕਾਰੀ ਜਾਂ ਗੈਰ ਸਰਕਾਰੀ ਸੰਸਥਾ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੁਨੀਆਂ ਦਾ ਸਭ ਤੋਂ ਵੱਡਾ ਕਮਿਸ਼ਨ ਹੈ, ਜਿਸ ਨੂੰ ਕਿ ਯੂਨਾਈਟਿਡ ਨੇਸ਼ਨ ਵੱਲੋਂ 'ਏ' ਦਰਜਾ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਕਈ ਵਾਰ ਜਾਣੇ-ਅਣਜਾਣੇ ਵਿੱਚ ਹੀ ਸਰਕਾਰੀ ਸੰਸਥਾਵਾਂ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰ ਦਿੱਤੀ ਜਾਂਦੀ ਹੈ, ਜਿਸ ਨਾਲ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਝੱਲਣੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕ ਹੋਣਾ ਚਾਹੀਦਾ ਹੈ, ਕਿਉਂਕਿ ਸਾਡੇ ਸੰਵਿਧਾਨ ਨੇ ਦੇਸ਼ ਦੇ ਹਰੇਕ ਨਾਗਰਿਕ ਨੂੰ ਜੋ ਹੱਕ ਦਿੱਤੇ ਹਨ ਉਨ੍ਹਾਂ ਦੀ ਪਾਲਣਾ ਬਹੁਤ ਜ਼ਰੂਰੀ ਹੈ। ਸ਼੍ਰੀ ਗੋਇਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਸਮੇਂ-ਸਮੇਂ ਵੱਖ-ਵੱਖ ਰਾਜਾਂ ਅੰਦਰ ਚੈਕਿੰਗ ਕੀਤੀ ਜਾਂਦੀ ਹੈ ਤਾਂ ਜੋ ਕੇਂਦਰ ਤੇ ਰਾਜ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਹੇਠਲੇ ਪੱਧਰ ਤੱਕ ਯਕੀਨੀ ਲਾਭ ਪਹੁੰਚਾਇਆ ਜਾ ਸਕੇ। ਉਨ੍ਹਾਂ ਹੋਰ ਦੱਸਿਆ ਕਿ ਉਨ੍ਹਾਂ ਵੱਲੋਂ ਮਾਨਸਾ, ਲੁਧਿਆਣਾ ਤੇ ਜਲੰਧਰ ਜ਼ਿਲ੍ਹਿਆਂ ਦਾ ਵੀ ਦੌਰਾ ਕੀਤਾ ਜਾਵੇਗਾ। ਉਨ੍ਹਾਂ ਇਸ ਮੌਕੇ ਹਸਪਤਾਲ ਅੰਦਰ ਦਾਖਲ ਮਰੀਜਾਂ ਨਾਲ ਗੱਲਬਾਤ ਕਰਕੇ ਮਿਲ ਰਹੀਆਂ ਸਹੂਲਤਾਂ ਦਾ ਜਾਇਜ਼ਾ ਵੀ ਲਿਆ ਅਤੇ ਹਸਪਤਾਲ ਅੰਦਰ ਮਰੀਜਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ।

ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਸਪੈਸ਼ਲ ਮੋਨੀਟਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਤੇ ਹਸਪਤਾਲ ਅੰਦਰ ਇਲਾਜ ਲਈ ਆਉਣ ਵਾਲੇ ਲੋਕਾਂ ਦੇ ਮਨੁੱਖੀ ਅਧਿਕਾਰਾਂ ਦੀ ਪਾਲਣਾ ਕਰਨ ਲਈ ਦਿਸ਼ਾ ਨਿਰਦੇਸ਼ ਵੀ ਦਿੱਤੇ।

## ਕਾਤਰਾਂ

### ਮਨੀਸ ਸਿੰਗਲਾ ਲਲੌਛੀ ਵਾਲੇ ਦਾ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਸ੍ਰੀ ਮਨੀਸ਼ ਸਿੰਗਲਾ ਲਲੌਛੀ ਵਾਲੇ, ਜੋ ਸ੍ਰੀ ਰਜਿੰਦਰ ਸਿੰਗਲਾ ਤੇ ਸ੍ਰੀ ਵਿਨੋਦ ਸਿੰਗਲਾ ਵਾਲੇ ਦਾ ਭਤੀਜਾ ਸੀ, ਜਿਸਦਾ ਭਾਰਤ ਜਵਾਨੀ ਵਿੱਚ ਪਿਛਲੇ ਦਿਨੀਂ ਵਿਦੇਸ਼ ਵਿੱਚ ਦਿਲ ਦਾ ਦੌਰਾ ਪੈਣ ਨਾਲ ਦੇਹਾਂਤ ਹੋ ਗਿਆ ਸੀ, ਜਿਸ ਦੀ ਮ੍ਰਿਤਕ ਦੇਹ ਆਉਣ ਉਪਰੰਤ ਪਰਵਾਰਕ ਰੀਤੀ ਰਿਵਾਜਾਂ ਮੁਤਾਬਕ ਸਵ: ਧਾਮ ਸਤੀ ਮੰਦਰ ਵਿਖੇ ਅੰਤਿਮ ਸਸਕਾਰ ਕਰ ਦਿੱਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਅਗਰਵਾਲ ਗਊਸਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਮਦਨ ਲਾਲ ਮਿੱਤਲ, ਸਾਬਕਾ ਪ੍ਰਧਾਨ ਨਗਰ ਕੌਂਸਲ ਕਪੂਰ ਚੰਦ ਬਾਂਸਲ, ਆਮ ਆਦਮੀ ਪਾਰਟੀ ਜ਼ੋਨ ਵਿੰਗ ਸਮਾਣਾ ਦੇ ਪ੍ਰਧਾਨ ਪਾਰਸ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰਾਜਨੀਤਕ ਸਮਾਜਿਕ ਤੇ ਧਾਰਮਿਕ ਆਗੂਆਂ ਵੱਲੋਂ ਨਮ ਅੱਖਾਂ ਨਾਲ ਵਿਛੜੀ ਆਤਮਾ ਨੂੰ ਅੰਤਮ ਵਿਦਾਇਗੀ ਦਿੱਤੀ।

### ਪੰਜਾਬ ਮਹਿਲਾ ਕਾਂਗਰਸ ਦੀ ਮੀਟਿੰਗ

**ਪਟਿਆਲਾ (ਇਕਬਾਲ ਸਿੰਘ ਬੱਲ)** ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਵੱਲੋਂ ਪੰਜਾਬ ਦੀ ਕਾਰਜਕਾਰਨੀ ਦੀ ਮੀਟਿੰਗ ਸੱਦੀ ਗਈ ਹੈ, ਜਿਸ ਵਿੱਚ ਨਵਨਿਯੁਕਤ ਅਬਜ਼ਰਵਰ ਸ੍ਰੀਮਤੀ ਨਤਾਸ਼ਾ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ। ਇਹ ਮੀਟਿੰਗ ਆਲ ਇੰਡੀਆ ਮਹਿਲਾ ਕਾਂਗਰਸ ਦੇ ਨਵੇਂ ਪ੍ਰਧਾਨ ਸ੍ਰੀਮਤੀ ਅਲਕਾ ਲਾਂਬਾ ਦੀ ਪੰਜਾਬ ਆਮਦ ਨੂੰ ਲੈ ਕੇ ਰੱਖੀ ਗਈ ਹੈ। ਜ਼ਿਕਰਯੋਗ ਹੈ ਕਿ ਅਲਕਾ ਲਾਂਬਾ 8 ਫਰਵਰੀ ਨੂੰ ਪੰਜਾਬ ਮਹਿਲਾ ਕਾਂਗਰਸ ਦੇ ਸਮੂਹ ਅਹੁਦੇਦਾਰ, ਜ਼ਿਲ੍ਹਾ ਪ੍ਰਧਾਨ ਤੇ ਬਲਾਕ ਪ੍ਰਧਾਨ ਸਾਹਿਬਾਨ ਨੂੰ ਸੰਬੋਧਨ ਕਰਨਗੇ ਤੇ ਲੋਕ ਸਭਾ ਚੋਣਾਂ ਦੀ ਤਿਆਰੀਆਂ ਲਈ ਦਿਸ਼ਾ-ਨਿਰਦੇਸ਼ ਜਾਰੀ ਕਰਨਗੇ।

### ਟਰੈਕਟਰ ਮਾਰਚ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਫ਼ੈਸਲਾ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਭਾਕਿਯੂ ਉਗਰਾਹਾਂ ਬਲਾਕ ਮਹਿਲ ਕਲਾਂ ਦੀ ਮੀਟਿੰਗ ਗੁਰਦੁਆਰਾ ਸਾਹਿਬ ਪਾਤਸ਼ਾਹੀ ਵਿਖੇ ਹੋਈ, ਜਿਸ ਵਿੱਚ 26 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕੀਤੇ ਜਾ ਰਹੇ ਟਰੈਕਟਰ ਮਾਰਚ ਸਬੰਧੀ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਤਿਆਰੀਆਂ ਦੀ ਡਿਊਟੀਆਂ ਵੰਡ ਕੇ ਜ਼ਿੰਮੇਵਾਰੀ ਸੌਂਪੀ ਗਈ। ਟਰੈਕਟਰ ਮਾਰਚ ਤਿੰਨ ਜ਼ੋਨਾਂ 'ਚ ਵੰਡ ਕੇ ਮਹਿਲ ਕਲਾਂ ਦੇ ਵੱਖ-ਵੱਖ ਪਿੰਡਾਂ ਵਿੱਚ ਦੀ ਹੁੰਦਾ ਹੋਇਆ ਸ਼ਾਮ ਨੂੰ ਸਮਾਪਤ ਕੀਤਾ ਜਾਵੇਗਾ।ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਜ਼ਿਲ੍ਹਾ ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ, ਜਨਰਲ ਸਕੱਤਰ ਜਰਨੈਲ ਸਿੰਘ ਬਦਰਾ ਨੇ ਦੱਸਿਆ ਕਿ ਹੱਕੀ ਮੰਗਾਂ ਲਈ ਡਿਪਟੀ ਕਮਿਸ਼ਨਰ ਦਫਤਰ ਬਰਨਾਲਾ ਮੂਹਰੇ 22 ਤੋਂ 26 ਜਨਵਰੀ ਤੱਕ ਲਾਏ ਜਾਣ ਵਾਲਾ ਧਰਨਾ ਕੜਾਕੇ ਠੰਢ ਦੇ ਮੌਸਮ ਦੇ ਮੱਦੇਨਜ਼ਰ ਹੁਣ 6 ਤੋਂ 10, ਫਰਵਰੀ ਤੱਕ ਲਾਇਆ ਜਾਵੇਗਾ।

ਕਿਸਾਨੀ ਨਾਲ ਸਬੰਧਤ ਮੰਗਾਂ ਫੌਰੀ ਤੇ ਬੁਨਿਆਦੀ, ਨਵੀਂ ਖੇਤੀ ਲਾਗੂ ਕਰਾਉਣ ਲਈ 10 ਫਰਵਰੀ ਨੂੰ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ਅਤੇ ਤਿੰਨ ਟੀਮਾਂ ਬਣਾ ਕੇ ਤਿਆਰੀ ਕੀਤੀ ਜਾਵੇਗੀ।

### ਡੀ ਟੀ ਐੱਫ ਨੇ ਕੀਤੀ ਪੁਰਾਣੀ ਪੈਨਸ਼ਨ ਤੇ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨ ਦੀ ਮੰਗ

**ਤਲਵੰਡੀ ਸਾਬੋ, ( ਜਗਦੀਪ ਗਿੱਲ )**-ਅੱਜ ਇੱਥੇ ਡੈਮੋਕ੍ਰੇਟਿਕ ਟੀਚਰਜ਼ ਫਰੰਟ, ਬਲਾਕ ਤਲਵੰਡੀ ਸਾਬੋ ਵੱਲੋਂ ਆਪਣਾ ਸਲਾਨਾ ਕੈਲੰਡਰ ਜਾਰੀ ਕਰਦਿਆਂ ਬਲਾਕ ਦੇ ਪ੍ਰਧਾਨ ਭੋਲਾ ਰਾਮ ਤਲਵੰਡੀ ਅਤੇ ਸਕੱਤਰ ਗੁਰਜਿੰਦਰ ਸਿੰਘ ਨੇ ਪੰਜਾਬ ਦੀ ਆਪ ਸਰਕਾਰ ਵੱਲੋਂ ਮੰਗ ਕੀਤੀ ਗਈ ਕਿ ਆਪ ਸਰਕਾਰ ਦੇ ਸਰਕਾਰ ਵਿੱਚ ਆਉਣ ਤੋਂ ਪਹਿਲਾਂ ਸੂਬੇ ਦੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਮੁਤਾਬਕ ਸੂਬੇ ਦੇ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਅਤੇ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕੀਤੇ ਜਾਣ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਆਗੂ ਰਣਦੀਪ ਕੌਰ ਖਾਲਸਾ, ਪ੍ਰੈੱਸ ਸਕੱਤਰ ਰਾਜੇਸ਼ ਕੁਮਾਰ, ਵਿੱਤ ਸਕੱਤਰ ਜਸਵਿੰਦਰ ਸੰਦੋਹਾ, ਜਥੇਬੰਦਕ ਸਕੱਤਰ ਸਰਬਜੀਤ ਸਿੰਘ ਨੇ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਾਇਮਰੀ ਕੇਡਰ ਤੋਂ ਮਾਸਟਰ ਕੇਡਰ ਦੀਆਂ ਪ੍ਰਮੋਸ਼ਨਾਂ ਲੰਬੇ ਸਮੇਂ ਤੋਂ ਲਟਕ ਰਹੀਆਂ ਹਨ। ਪ੍ਰਾਇਮਰੀ ਕੇਡਰ ਤੋਂ ਮਾਸਟਰ ਕੇਡਰ ਦੀਆਂ ਪ੍ਰਮੋਸ਼ਨਾਂ ਜਲਦੀ ਕੀਤੀਆਂ ਜਾਣ। ਅਧਿਆਪਕ ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਆਪਣੇ ਘਰਾਂ ਤੋਂ ਦੂਰ ਦੁਰਾਡੇ ਬੈਠੇ ਅਧਿਆਪਕਾਂ ਨੂੰ ਬਦਲੀ ਦਾ ਮੌਕਾ ਦੇ ਕੇ ਉਨ੍ਹਾਂ ਨੂੰ ਘਰਾਂ ਦੇ ਨੇੜੇ ਲਿਆਂਦਾ ਜਾਵੇ।ਇਸ ਮੌਕੇ ਜਗਤਾਰ ਸਿੰਘ ਗਿਆਨਾ, ਹਰਮੇਸ਼ ਕੁਮਾਰ, ਜਸਕਰਨ ਸਿੰਘ, ਗੁਰਬਾਜ ਸਿੰਘ, ਹਰਸ਼ਰਨ ਸਿੰਘ, ਪਰਮਜੀਤ ਸੰਗਤ, ਰੂਪ ਸਿੰਘ, ਦਰਸ਼ਨ ਸਿੰਘ, ਮੇਂਗਲ ਸਿੰਘ, ਸਵਰਨ ਸਿੰਘ ਆਦਿ ਆਗੂ ਮੌਜੂਦ ਸਨ।

# ਗਰੀਬ ਸਿੱਖਾਂ ਨੂੰ ਸੱਤਾ ਦਾ ਮਾਲਕ ਬਣਾਉਣਾ ਬਸਪਾ ਦਾ ਮੁੱਖ ਟੀਚਾ : ਜਸਵੀਰ ਸਿੰਘ ਗੜ੍ਹੀ



**ਲੌਂਗੋਵਾਲ ( ਪ੍ਰਦੀਪ ਸਿੰਘ ਸੱਪਲ)**-ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਸੁਨਾਮ ਊਧਮ ਸਿੰਘ ਵਾਲਾ ਦਾ ਕੈਡਰ ਕੈਂਪ ਹਲਕੇ ਦੇ ਵੱਡੇ ਪਿੰਡ ਸ਼ੇਰੋਂ ਵਿਖੇ ਬਾਬਾ ਜੀਵਨ ਸਿੰਘ ਗੁਰਦੁਆਰੇ ਨੇੜੇ ਬਣੇ ਸ਼ੈਡ ਹੇਠ ਲੱਗਿਆ ਤੇ ਮੁੱਖ ਮਹਿਮਾਨ ਜਸਵੀਰ ਸਿੰਘ ਗੜ੍ਹੀ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ ਪਹੁੰਚੇ ਤੇ ਵਿਸ਼ੇਸ਼ ਮਹਿਮਾਨ ਡਾ. ਮੱਖਣ ਸਿੰਘ ਸਾਬਕਾ ਡਿਪਟੀ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਤੇ ਜਨਰਲ ਸਕੱਤਰ ਬਸਪਾ ਪੰਜਾਬ ਪਹੁੰਚ। ਕੇਡਰ ਕੈਂਪ ਨੂੰ ਸਬੋਧਨ ਕਰਦੇ ਗੜ੍ਹੀ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਦਾ ਮੁੱਖ ਉਦੇਸ਼ ਸਦੀਆਂ ਤੋਂ ਦੱਬੇ ਕੁਚਲੇ ਅਣਗੌਲੇ ਦਲਿਤ, ਪਛੜੇ ਵਰਗਾਂ ਅਤੇ ਧਾਰਮਿਕ ਘੱਟ ਗਿਣਤੀਆਂ ਸਮਾਜ ਨੂੰ ਸੱਤਾ ਦਾ ਭਾਗੀਦਾਰ ਬਣਾਉਣਾ ਹੈ। ਜੋ ਸੁਪਨਾ ਗੁਰੂ ਸਾਹਿਬਾਨਾਂ ਇਨ ਗਰੀਬ ਸਿਖਨ ਕੋ ਦੇਹੁ ਪਾਤਸ਼ਾਹੀ ਲਿਆ ਸੀ ਉਹ ਸੁਪਨਾ ਬਹੁਜਨ ਸਮਾਜ ਪਾਰਟੀ ਪੂਰਾ ਕਰੇਗੀ। ਪਾਰਟੀ ਦੇ ਬਾਨੀ ਸਾਹਿਬ ਕਾਂਸ਼ੀ ਰਾਮ ਨੇ ਪਾਰਲੀਮੈਂਟ 'ਚ ਕਿਹਾ ਸੀ ਕਿ ਮੇਰਾ ਚੋਣ ਮੈਨੀਫੈਸਟੋ ਸ੍ਰੀ ਗੁਰੂ ਗ੍ਰੰਥ ਸਾਹਿਬ ਹੈ। ਅੱਗੇ ਬੋਲਦਿਆਂ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਅੱਜ ਇੱਕ ਪਾਸੇ ਮਨੂੰ ਸਮ੍ਰਿਤੀ ਤੇ ਹਿੰਦੂ ਰਾਜ ਆ, ਦੂਜੇ ਪਾਸੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਰਬੱਤ ਦੇ ਭਲੇ ਦੀ ਸਰਕਾਰ ਅਤੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੇ ਸੰਵਿਧਾਨ ਨੂੰ ਬਚਾਉਣ ਦੀ ਮੁੱਖ ਲੜਾਈ ਹੈ। ਉਨ੍ਹਾਂ ਕਿਹਾ ਕਿ 2024 ਦੀਆਂ ਚੋਣਾਂ ਨੂੰ ਜਿੱਤਣ ਲਈ ਪੰਜਾਬ ਭਰ ਦੇ ਹਰ ਵਿਧਾਨ ਸਭਾ ਵਾਈਜ਼ ਵਰਕਰ ਸੰਮੇਲਨ ਪੂਰੇ ਸਫ਼ਲ ਹੋ ਰਹੇ ਹਨ। ਪਾਰਟੀ ਦੀ ਮਜ਼ਬੂਤੀ ਲਈ ਇਕ ਵੋਟ ਇੱਕ ਨੋਟ ਤਹਿਤ ਵਰਕਰ ਨੂੰ ਜਿੱਤ ਲਈ ਲਾਮਬੰਦ ਕੀਤਾ ਜਾ ਰਿਹਾ ਹੈ। ਡਾ. ਮੱਖਣ ਸਿੰਘ ਮੱਖਣ ਸੂਬਾ ਜਨਰਲ ਸਕੱਤਰ ਤੇ ਲੋਕ ਸਭਾ ਇੰਚਾਰਜ ਨੇ ਕਿਹਾ ਕਿ ਦੇਸ਼ ਦੀਆਂ ਫਿਰਕਾਪ੍ਰਸਤ ਪਾਰਟੀਆਂ ਨੂੰ ਬਹੁਜਨ ਸਮਾਜ ਪਾਰਟੀ ਮੂੰਹ ਤੋੜ ਜਵਾਬ ਦੇਵੇਗੀ ਅਤੇ ਦੱਬੇ ਕੁਚਲੇ ਸਮਾਜ ਵਿਚੋਂ ਪੈਦਾ ਹੋਈ ਭੈਣ ਕੁਮਾਰੀ ਮਾਇਆਵਤੀ ਨੂੰ ਦੇਸ਼ ਦਾ ਅਗਲਾ ਪ੍ਰਧਾਨ ਮੰਤਰੀ ਬਣਾਉਣ ਦੀਆਂ ਹੁਣ ਤੋਂ ਹੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸ ਮੌਕੇ ਹਲਕਾ ਪ੍ਰਧਾਨ ਸ਼ੇਰ ਸਿੰਘ ਝਾੜੋਂ, ਹਲਕਾ ਇੰਚਾਰਜ ਪਵਿੱਤਰ ਸਿੰਘ, ਮੀਤ ਪ੍ਰਧਾਨ ਅਜੈਬ ਸਿੰਘ ਦੁੱਗਾ, ਹਲਕਾ ਜਨਰਲ ਸਕੱਤਰ ਜਸਵੰਤ ਸਿੰਘ ਸ਼ੇਰੋਂ, ਰਾਮ ਸਿੰਘ ਲੌਂਗੋਵਾਲ, ਕਸ਼ਮੀਰਾ ਸਿੰਘ, ਪ੍ਰੇਮ ਸਿੰਘ, ਜ਼ਿਲ੍ਹਾ ਸਕੱਤਰ ਗੁਰਚਰਨ ਸਿੰਘ ਸੁਨਾਮ, ਦੇਸ਼ ਰਾਜ ਬਾਬਾ, ਭੋਲਾ ਰਾਮ ਸੁਨਾਮ, ਨਾਹਰ ਸਿੰਘ, ਲਾਲ ਸਿੰਘ ਬਹਾਦਰਪੁਰ, ਦਰਸ਼ਨ ਸਿੰਘ ਦੁੱਗਾ, ਹਰਬੰਸ ਸਿੰਘ, ਬਲੌਰ ਸਿੰਘ, ਗੋਬਿੰਦ ਦਾਸ ਤੇ ਮਹਿਲਾ ਵਿੰਗ ਦੀ ਪ੍ਰਧਾਨ ਬੀਬੀ ਕਿਰਨਪਾਲ ਕੌਰ ਸਾਬਕਾ ਮੈਂਬਰ ਝਾੜੋਂ, ਭੀਮ ਸਿੰਘ, ਕਰਨਵੀਰ ਸਿੰਘ, ਜਸਵੰਤ ਸਿੰਘ ਫੌਜੀ ਤੇ ਨਾਜ਼ਰ ਸਿੰਘ, ਸੁਖਦੇਵ ਸਿੰਘ, ਡਾ. ਭੁੱਕਲ ਚੀਮਾ ਮੰਡੀ, ਤਰਸੇਮ ਸਿੰਘ ਤੇ ਸਤਿਗੁਰੂ ਸਿੰਘ, ਸਤਨਾਮ ਸਿੰਘ ਬੱਬੀ ਕਿਲਾ ਭਰੀਆਂ ਆਦਿ ਮੌਜੂਦ ਸਨ।

# ਐੱਲ ਡੀ ਐੱਮ ਗੁਰਚਰਨ ਸਿੰਘ ਨੇ ਕੀਤਾ ਸੰਕਲਪ ਸੁਸਾਇਟੀ ਦੇ ਦਫ਼ਤਰ ਦਾ ਦੌਰਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸਟੇਟ ਬੈਂਕ ਆਫ਼ ਇੰਡੀਆ ਦੇ ਐੱਲ.ਡੀ.ਐੱਮ ਗੁਰਚਰਨ ਸਿੰਘ ਨੇ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ.) ਦੇ ਦਫ਼ਤਰ ਦਾ ਦੌਰਾ ਕੀਤਾ। ਸੰਸਥਾ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਮੌਕੇ ਉਨ੍ਹਾਂ ਨੂੰ ਸੰਸਥਾ ਦੀਆਂ ਗਤੀਵਿਧੀਆਂ ਤੋਂ ਜਾਣੂ ਕਰਾਇਆ ਗਿਆ। ਉਨ੍ਹਾਂ ਕਿਹਾ ਕਿ ਚੇਅਰਪਰਸਨ ਕੁਲਵਿੰਦਰ ਕੌਰ ਦੀ ਅਗਵਾਈ ਹੇਠ ਸੰਸਥਾ ਦੁਆਰਾ ਸਿਹਤ ਸਿੱਖਿਆ,ਵਾਤਾਵਰਨ, ਸੜਕ ਸੁਰੱਖਿਆ, ਕੁਦਰਤੀ ਸੋਮਿਆਂ ਅਤੇ ਸਰਕਾਰੀ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪੁੱਜਦਾ ਕਰਨ ਲਈ ਪਿਛਲੇ ਤੇਰਾਂ ਸਾਲਾਂ ਤੋਂ ਯਤਨਸ਼ੀਲ ਹੈ। ਉਹਨਾਂ ਐੱਲ.ਡੀ.ਐੱਮ ਨੂੰ ਦੱਸਿਆ ਕਿ ਸੰਕਲਪ ਸੁਸਾਇਟੀ ਜ਼ਿਲ੍ਹੇ ਦੀ ਇਕਲੌਤੀ ਸੰਸਥਾ ਹ ਜੋ ਕਿ ਛੂਤ ਦੇ ਰੋਗ ਟੀ.ਬੀ(ਤਪਦਿਕ) ਨੂੰ ਲੈ ਕੇ ਲੋਕਾਂ ਵਿੱਚ ਇਸ ਦਾ ਬਚਾਅ ਕਰਨ ਦਾ ਪ੍ਰਚਾਰ ਕਰਦੀ ਆ ਰਹੀ ਹੈ। ਇਸ ਦੇ ਨਾਲ ਹੀ ਸੰਕਲਪ ਸੁਸਾਇਟੀ ਦੁਆਰਾ ਮੇਲਾ ਮਾਘੀ ਮੌਕੇ ਖੂਨਦਾਨ ਕੈਂਪ ਲਾਉਣ ਦੀ ਪ੍ਰਿਤ ਵੀ ਸਾਲ 2017 ਤੋਂ ਜ਼ਿਲ੍ਹਾ ਸਿਹਤ ਵਿਭਾਗ ਦ ਸਹਿਯੋਗ ਨਾਲ ਸ਼ੁਰੂ ਕੀਤੀ ਗਈ ਸੀ। ਸੁਸਾਇਟੀ ਦੁਆਰਾ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੀਆਂ ਸਮੂਹਿਕ ਸ਼ਾਦੀਆਂ ਵੀ ਕਰਵਾਈਆਂ ਜਾਂਦੀਆਂ ਹਨ। ਪਾਠਕ ਵਰਗ ਲਈ ਕਿਤਾਬ ਘਰ ਅਤੇ ਨੌਜਵਾਨਾਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਮੁਫ਼ਤ ਕੰਪਿਊਟਰ ਸਿੱਖਿਆ ਦਿੱਤੀ ਜਾਂਦੀ ਹੈ।



ਐੱਲ.ਡੀ.ਐੱਮ ਨੇ ਸੰਸਥਾ ਦੇ ਕਾਰਜਾਂ ਕੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਸੇਵਾ ਕਾਰਜਾਂ ਤੇ ਤਸੱਲੀ ਪ੍ਰਗਟਾਈ। ਸੁਸਾਇਟੀ ਦੁਆਰਾ ਐੱਲ.ਡੀ.ਐੱਮ ਸ਼੍ਰੀ ਗੁਰਚਰਨ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ, ਮਨਪ੍ਰੀਤ ਸਿੰਘ ਭਾਰੀ ਤੇ ਮੈਡਮ ਮਨਜੀਤ ਕੌਰ ਉਦੇਕਰਨ ਆਦਿ ਮੌਜੂਦ ਸਨ।

# ਮੁੱਖ ਮੰਤਰੀ ਭਲਕੇ ਲੁਧਿਆਣਾ ਵਿਖੇ ਲਹਿਰਾਉਣਗੇ ਕੌਮੀ ਝੰਡਾ



**ਲੁਧਿਆਣਾ (ਰਾਜ ਸਿੰਗਲਾ)**-ਡਿਪਟੀ ਕਮਿਸ਼ਨਰ ਸੁਰਭੀ ਮਲਿਕ ਵਲੋਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ 26 ਜਨਵਰੀ ਨੂੰ ਗਣਤੰਤਰ ਦਿਵਸ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਉਣ ਲਈ ਪੁਖਤਾ ਪ੍ਰਬੰਧ ਕੀਤੇ ਜਾਣ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਗਣਤੰਤਰ ਦਿਵਸ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ ਅਤੇ 26 ਜਨਵਰੀ ਨੂੰ ਕੌਮੀ ਝੰਡਾ ਲਹਿਰਾਉਣਗੇ। ਸਥਾਨਕ ਬੱਚਤ ਭਵਨ ਵਿਖੇ ਗਣਤੰਤਰ ਦਿਵਸ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਗਣਤੰਤਰ ਦਿਵਸ ਨੂੰ ਮਨਾਉਣ ਲਈ ਇਹ ਸਮਾਗਮ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਖੇਡ ਸਟੇਡੀਅਮ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ 'ਚ ਪੰਜਾਬ ਪੁਲਸ ਅਤੇ ਐਨ.ਸੀ.ਸੀ. ਦੀਆਂ ਵੱਖ-ਵੱਖ ਟੁਕੜੀਆਂ ਮਾਰਚ ਪਾਸਟ ਵਿੱਚ ਹਿੱਸਾ ਲੈਣਗੀਆਂ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਜਾਣ ਵਾਲੀਆਂ ਸੱਭਿਆਚਾਰਕ ਝਲਕੀਆਂ ਬਾਰੇ ਫੈਸਲਾ ਕਰਨ ਲਈ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਫੁੱਲ ਡਰੈਸ ਰਿਹਰਸਲ 24 ਜਨਵਰੀ ਨੂੰ ਹੋਵੇਗੀ। ਡਿਪਟੀ ਕਮਿਸ਼ਨਰ ਮਲਿਕ ਨੇ ਕਿਹਾ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਟ੍ਰੈਫਿਕ ਡਾਇਵਰਸ਼ਨ, ਵਾਹਨਾਂ ਦੀ ਪਾਰਕਿੰਗ, ਸੁਰੱਖਿਆ ਪ੍ਰਬੰਧਾਂ ਅਤੇ ਹੋਰ ਸਹੂਲਤਾਂ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਨਗਰ ਨਿਗਮ ਲੁਧਿਆਣਾ ਨੂੰ ਸਮਾਗਮ ਵਾਲੀ ਥਾਂ ਦੇ ਆਲੇ-ਦੁਆਲੇ ਦੀ ਸਫ਼ਾਈ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਨੂੰ ਸਮਾਗਮ ਦੌਰਾਨ ਲੋਕਾਂ ਦੀ ਸਹੂਲਤ ਲਈ ਦਵਾਈਆਂ ਦੇ ਨਾਲ ਮੈਡੀਕਲ ਟੀਮਾਂ ਅਤੇ ਇੱਕ ਸਥਾਈ ਐਂਬੂਲੈਂਸ ਤਾਇਨਾਤ ਕਰਨ ਲਈ ਕਿਹਾ। ਉਨ੍ਹਾਂ ਪੀ.ਐਸ.ਪੀ.ਸੀ.ਐਲ. ਨੂੰ ਗਣਤੰਤਰ ਦਿਵਸ ਸਮਾਰੋਹ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਹਰੇਕ ਅਧਿਕਾਰੀ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਇਸ ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਗੌਤਮ ਜੈਨ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਨਮੋਲ ਸਿੰਘ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਰੁਪਿੰਦਰ ਸਿੰਘ, ਵਧੀਕ ਮੁੱਖ ਪ੍ਰਸ਼ਾਸਕ ਗਲਾਡਾ ਅਮਰਜੀਤ ਬੈਂਸ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਕੁਲਪ੍ਰੀਤ ਸਿੰਘ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# 'ਆਪ' ਦੇ 4 ਕੌਂਸਲਰਾਂ ਵੱਲੋਂ ਐੱਸ ਡੀ ਐੱਮ ਦਫ਼ਤਰ ਸਾਹਮਣੇ ਧਰਨਾ ਜਾਰੀ



**ਖੰਨਾ/ ਦੋਰਾਹਾ (ਹਰਮਿੰਦਰ ਸੇਠ)** ਗੁਰੂ ਅਮਰਦਾਸ ਮਾਰਕਿਟ ਦੇ ਕਾਰ ਪਾਰਕਿੰਗ ਠੇਕੇਦਾਰ ਵੱਲੋਂ ਰੇਹੜੀਆਂ, ਫੜ੍ਹੀਆਂ ਲਵਾਕੇ ਨਾਜਾਇਜ਼ ਵਸੂਲੀ ਕਰਨ ਦੇ ਮਾਮਲੇ ਅਤੇ ਧੱਕੇਸ਼ਾਹੀ ਖਿਲਾਫ਼ ਆਮ ਆਦਮੀ ਪਾਰਟੀ ਦੇ ਕੌਂਸਲਰਾਂ ਸੁਖਮਨਜੀਤ ਸਿੰਘ, ਸੁਨੀਲ ਕੁਮਾਰ ਨੀਟਾ, ਪਰਮਪ੍ਰੀਤ ਸਿੰਘ ਪੌਂਪੀ ਤੇ ਗੀਟਾ ਰਾਣੀ ਹੋਰ ਸ਼ਹਿਰ ਵਾਸੀਆਂ ਨੂੰ ਨਾਲ ਲੈ ਕੇ ਖੰਨਾ ਦੇ ਐਸ. ਡੀ. ਐਮ. ਦਫ਼ਤਰ ਦੇ ਸਾਹਮਣੇ ਲਗਾਤਾਰ ਧਰਨਾ ਜਾਰੀ ਰੱਖਦੇ ਹੋਏ ਖੰਨਾ ਪ੍ਰਸ਼ਾਸਨ, ਨਗਰ ਕੌਂਸਲ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਮੁਰਦਾਬਾਦ ਦੇ ਨਾਅਰੇ ਲਾਏ। ਦੂਜੇ ਪਾਸੇ ਕੌਂਸਲਰਾਂ ਦੇ ਧਰਨੇ ਦੇ ਸੰਬਧੀ ਖੰਨਾ ਦੇ ਐਸ.ਡੀ.ਐਮ.ਨੇ ਕਿਹਾ ਕਿ ਇਸ ਮਾਮਲੇ ਵਿੱਚ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਨੂੰ ਬੁਲਾਇਆ ਗਿਆ ਹੈ। ਧਰਨੇ 'ਤੇ ਬੈਠੇ ਆਮ ਆਦਮੀ ਪਾਰਟੀ ਦੇ ਕੌਂਸਲਰਾਂ ਦਾ ਕਹਿਣਾ ਕਿ ਜੇ ਕਾਰਵਾਈ ਨਹੀਂ ਹੋਈ ਤਾਂ ਇਹ ਧਰਨਾ ਹੋਰ ਵਿਸ਼ਾਲ ਹੋਵੇਗਾ। ਉਨ੍ਹਾਂ ਖੰਨਾ ਪ੍ਰਸ਼ਾਸਨ ਨੂੰ ਸਖ਼ਤ ਚਿਤਾਵਨੀ ਦੇਂਦਿਆਂ ਕਿਹਾ ਕਿ ਜੇ ਖੰਨਾ ਪ੍ਰਸ਼ਾਸਨ ਨੇ ਕੋਈ ਕਾਰਵਾਈ ਨਹੀਂ ਕੀਤੀ ਤਾਂ ਇਹ ਧਰਨਾ ਉਦੋਂ ਤੱਕ ਪੱਕਾ ਹੀ ਲਾ ਦਿੱਤਾ ਜਾਵੇਗਾ, ਜਦੋਂ ਤੱਕ ਇਹ ਗੁੰਡਾ ਟੈਕਸ, ਨਾਜਾਇਜ਼ ਕਬਜ਼ੇ ਤੇ ਰੇਹੜੀ ਫੜੀ ਵਾਲਿਆਂ ਤੋਂ ਜ਼ਬਰਦਸਤੀ ਵਸੂਲੀ ਬੰਦ ਨਹੀਂ ਹੁੰਦੀ।

ਇਸ ਮੌਕੇ ਧਰਨਕਾਰੀਆਂ 'ਚ ਸ਼ਾਮਲ ਆਮ ਆਦਮੀ ਪਾਰਟੀ ਦੇ ਕੌਂਸਲਰਾਂ ਵਿੱਚ ਸੁਖਮਨਜੀਤ ਸਿੰਘ ਕੌਂਸਲਰ, ਪਰਮਪ੍ਰੀਤ ਸਿੰਘ ਪੰਪੀ ਕੌਂਸਲਰ, ਸੁਨੀਲ ਕੁਮਾਰ ਨੀਟਾ ਕੌਂਸਲਰ, ਕੌਂਸਲਰ ਗੀਟਾ ਰਾਣੀ ਦੇ ਭਰਾ ਅਤੇ ਹੋਰਨਾਂ 'ਚ 'ਆਪ' ਆਗੂ ਸੁਖਵਿੰਦਰ ਸਿੰਘ ਲਲਹੇੜੀ, ਸਤੀਸ਼ ਕੁਮਾਰ, ਬਵਨਦੀਪ ਸਿੰਘ ਬਨੀ, ਮਨਜੀਤ ਸਿੰਘ ਕਾਲਾ, ਹਰਜੀਤ ਸਿੰਘ, ਮਨਦੀਪ ਸਿੰਘ, ਗੁਰਦੀਪ ਸਿੰਘ, ਵਿਨੇ ਤਿਵਾੜੀ, ਹਰਵਿੰਦਰ ਸਿੰਘ, ਅਨਿਲ ਕੁਮਾਰ, ਅਰਮਾਨ ਸੁੱਖਾ, ਅਨਿਲ ਗੁਲਾਟੀ, ਗੁਰਵਿੰਦਰ ਸਿੰਘ ਗੋਰਾ, ਸੁਖਬੀਰ ਸਿੰਘ, ਵੀਰਜੋਤ ਸਿੰਘ, ਜਸਪਾਲ ਸਿੰਘ, ਜਸਵੀਰ ਸਿੰਘ, ਰਾਣਾ ਰਣਦੀਪ ਸਿੰਘ, ਪ੍ਰਿਅੰਕਾ, ਸਤਪਾਲ ਸੱਤੂ, ਵਿਪਣ ਕਥੂਰੀਆ, ਕਰਨ, ਪਰਵਾਨ ਸਿੰਘ, ਆਸ਼ੂ, ਕਿਸ਼ਨ, ਗੈਰੀ, ਸੁਰਿੰਦਰ ਸਿੰਘ, ਹੈਪੀ, ਰਾਜਕੁਮਾਰ ਲਾਡੀ, ਰਾਜਵੀਰ ਸ਼ਰਮਾ ਸਾਬਕਾ ਸ਼ਹਿਰੀ ਬਲਾਕ ਪ੍ਰਧਾਨ 'ਆਪ' ਆਦਿ ਹਾਜ਼ਰ ਸਨ।

# 31 ਨਵਜੰਮੀਆਂ ਨੂੰ ਬੇਬੀ ਕਿੱਟਾਂ ਦੇ ਕੇ ਮਨਾਈ ਧੀਆਂ ਦੀ ਲੋਹੜੀ



**ਬਾਘਾ ਪੁਰਾਣਾ, (ਮਨੀ ਸਿੰਗਲਾ)** ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ, ਪੰਜਾਬ ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮੋਗਾ ਗੁਲਬਹਾਰ ਸਿੰਘ ਤੂਰ ਦੀ ਰਹਿਨੁਮਾਈ ਹੇਠ ਬਾਲ ਵਿਕਾਸ ਪ੍ਰਾਜੈਕਟ ਅਫ਼ਸਰ ਦੀ ਅਗਵਾਈ ਵਿੱਚ ਬਲਾਕ ਪੱਧਰੀ ਧੀਆਂ ਦੀ ਲੋਹੜੀ ਪਿੰਡ ਸਮਾਲਸਰ ਵਿਖੇ ਮਨਾਈ ਗਈ।

ਇਸ ਪ੍ਰੋਗਰਾਮ ਵਿਚ 31 ਨਵਜੰਮੀਆਂ ਕੁੜੀਆਂ ਨੂੰ ਹਿਮਾਲਿਆ ਦੀਆਂ ਬੇਬੀ ਕਿੱਟਾਂ ਤੇ ਲੋਹੜੀ ਪਾਈ ਗਈ। 'ਧੀਆਂ ਦੀ ਲੋਹੜੀ' ਦੇ ਸਮਾਗਮ ਵਿੱਚ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਦੀ ਧਰਮ ਪਤਨੀ ਰਾਜਵੀਰ ਕੌਰ ਸੰਧੂ ਮੁੱਖ ਮਹਿਮਾਨ ਵਜੋਂ ਪੁੱਜੇ। ਇਸ ਮੌਕੇ ਰਾਜਵੀਰ ਕੌਰ ਸੰਧੂ ਦਾ ਜ਼ੋਰਦਾਰ ਸੁਆਗਤ ਕੀਤਾ ਗਿਆ। ਰਾਜਵੀਰ ਕੌਰ ਸੰਧੂ ਨੇ ਸਮਾਗਮ ਦੌਰਾਨ ਕਿਹਾ ਅੱਜ ਦੇ ਸਮੇਂ ਵਿੱਚ ਜੋ ਬੁਲੰਦੀਆਂ ਲੜਕੀਆਂ ਛੂਹ ਰਹੀਆਂ ਹਨ, ਉਸ ਨੇ ਸਮਾਜ ਵਿੱਚ ਲੜਕੀਆਂ ਦਾ ਨਾਂਅ ਹੋਰ ਉੱਚਾ ਕੀਤਾ ਹੈ। ਜ਼ਿਲ੍ਹਾ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਦੀਪਕ ਅਰੋੜਾ ਨੇ ਵੀ ਧੀਆਂ ਦੀ ਲੋਹੜੀ ਵਿੱਚ ਪੁੱਜ ਕੇ ਵਧਾਈ ਦਿੱਤੀ ਤੇ ਕਿਹਾ ਕਿ ਔਰਤਾਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਵੀ ਅੱਗੇ ਹੋ ਕੇ ਕੰਮ ਕਰ ਰਹੀਆਂ ਹਨ। ਇਸ ਲਈ ਸਾਨੂੰ ਲੜਕੇ ਅਤੇ ਲੜਕੀਆਂ 'ਚ ਕਿਤੇ ਵੀ ਫ਼ਰਕ ਨਹੀਂ ਕਰਨਾ ਚਾਹੀਦਾ, ਸਗੋਂ ਜਿਸ ਖੇਤਰ ਵਿਚ ਵੀ ਲੜਕੀਆਂ ਜਾਣਾ ਚਾਹੁੰਦੀਆਂ ਹਨ, ਉਨ੍ਹਾਂ ਨੂੰ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨੇ ਚਾਹੀਦੇ ਹਨ।

# 25 ਸਹਾਇਕ ਲਾਈਨਮੈਨਾਂ ਦੀਆਂ ਸੇਵਾਵਾਂ ਖਤਮ ਕਰਨ ਦੇ ਰੋਸ ਵਜੋਂ ਫੂਕੀ ਅਰਥੀ



**ਹਠੂਰ (ਨਛੱਤਰ ਸੰਧੂ)**- ਸਥਾਨਕ ਬਿਜਲੀ ਦਫ਼ਤਰ ਦੇ ਗੇਟ ਅੱਗੇ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਦੀ ਅਰਥੀ ਫੂਕੀ ਗਈ। ਪਿਛਲੇ ਦਿਨੀਂ 25 ਸਹਾਇਕ ਲਾਈਨਮੈਨਾਂ ਨੂੰ ਹਾਈ ਕੋਰਟ ਵਿੱਚ ਕੇਸ ਚੱਲਣ ਦੇ ਬਾਵਜੂਦ ਉਨ੍ਹਾਂ ਦੀਆਂ ਸੇਵਾਵਾਂ ਤੋਂ ਬਰਖ਼ਾਸਤ ਕਰ ਦਿੱਤਾ ਗਿਆ । ਜਿਸ ਦੇ ਰੋਸ ਵਜੋਂ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਅੱਜ ਰਾਏਕੋਟ ਡਵੀਜ਼ਨ ਦਫ਼ਤਰ ਦੇ ਗੇਟ 'ਤੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਜਿਸ ਵਿੱਚ ਮੁਲਾਜ਼ਮ ਆਗੂ ਸਕੱਤਰ ਜਗਮੋਹਣ ਸਿੰਘ ਛੱਜਾਵਾਲ ਦੀ ਅਗਵਾਈ 'ਚ ਪੱਤਰਕਾਰਾਂ ਨੂੰ ਦੱਸਿਆ ਕਿ ਪਿਛਲੇ ਦਿਨੀਂ ਸਾਡੇ ਸਾਥੀਆਂ ਨੂੰ ਮਹਿਕਮੇ ਨੇ ਉਨ੍ਹਾਂ ਦੀਆਂ ਸੇਵਾਵਾਂ ਖਤਮ ਕਰਨ ਦਾ ਫਰਮਾਨ ਸੁਣਾਇਆ ਹੈ, ਅਸੀਂ ਇਸ ਦਾ ਡਟ ਕੇ ਵਿਰੋਧ ਕਰਦੇ ਹਾਂ। ਉਨ੍ਹਾਂ ਦੱਸਿਆ ਕਿ ਸਹਾਇਕ ਲਾਈਨਮੈਨ ਦੀ ਯੋਗਤਾ ਸਿਰਫ ਆਈ. ਟੀ. ਆਈ ਹੈ, ਪਰ ਇਨ੍ਹਾਂ ਸਾਥੀਆਂ ਕੋਲ ਆਈ.ਟੀ.ਆਈ ਪਾਸ ਹੋਣ ਦੇ ਬਾਵਜੂਦ ਨਾਲ ਦੋ ਸਾਲ ਦੀ ਅਪਰੈਂਟਸ ਜੋ ਕਿ ਬਿਜਲੀ ਬੋਰਡ ਨੇ ਕਰਵਾਈ ਹੈ, ਉਸ ਦਾ ਵੀ ਪ੍ਰਮਾਣ ਪੱਤਰ ਮੌਜੂਦ ਸੀ। ਸੀ.ਆਰ. ਏ 295/ 19 ਦੀ ਭਰਤੀ ਕਰਨ ਸਮੇਂ ਉਸ ਸਮੇਂ ਦੀ ਮੈਨੇਜਮੈਂਟ ਨੇ ਘੜੀ ਮਿਥੀ ਸਾਜਿਸ਼ ਤਹਿਤ ਇਨ੍ਹਾਂ ਸਾਥੀਆਂ ਤੋਂ ਤਜਰਬੇ ਦੀ ਮੰਗ ਕੀਤੀ ਅਤੇ ਤਜਰਬੇ ਦੇ ਸਰਟੀਫਿਕੇਟ ਲਗਵਾਏ ਜੋ ਕਿ ਇਨ੍ਹਾਂ ਦੀ ਸਿਲੈਕਸ਼ਨ ਕਮੇਟੀ ਵੱਲੋਂ ਬਕਾਇਦਾ ਚੈੱਕ ਕੀਤੇ ਗਏ ਪ੍ਰੰਤੂ ਉਸ ਤੋਂ ਬਾਅਦ ਇਨ੍ਹਾਂ ਦੀ ਜਾਂਚ ਵਿਜੀਲੈਂਸ ਵਿਭਾਗ ਨੇ ਕਰਾਈਮ ਬਰਾਂਚ ਨੇ ਕੀਤੀ ਅਤੇ ਮਾਮਲਾ ਹਾਈਕੋਰਟ ਦੇ 'ਚ ਹੋਣ ਦੇ ਬਾਵਜੂਦ ਸਾਡੇ ਸਾਥੀਆਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਤੋਂ ਬਰਖਾਸਤ ਕਰ ਦਿੱਤਾ ਗਿਆ। ਆਗੂਆਂ ਨੇ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ 'ਚ ਦਖਲਅੰਦਾਜ਼ੀ ਕਰਕੇ ਸਾਡੇ ਸਾਥੀਆਂ ਦਾ ਖੋਹਿਆ ਰੁਜ਼ਗਾਰ ਵਾਪਸ ਦਿਵਾਉਣ । ਆਗੂਆਂ ਨੇ ਸਰਕਾਰ ਅਤੇ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇਨ੍ਹਾਂ ਦੀਆਂ ਨੌਕਰੀਆਂ ਬਹਾਲ ਨਾ ਕੀਤੀਆਂ ਤਾਂ ਆਉਣ ਵਾਲੇ ਸਮੇਂ 'ਚ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਸਮੇਂ ਸਰਕਲ ਸਕੱਤਰ ਹਰਵਿੰਦਰ ਸਿੰਘ ਲਾਲੂ, ਐਸ ਡੀ ਓ ਰਾਜੇਸ਼ ਕੁਮਾਰ ਲੱਖਾ, ਸਤਨਾਮ ਸਿੰਘ ਸਕੱਤਰ, ਡਵੀਜ਼ਨ ਪ੍ਰਧਾਨ ਮਨਜਿੰਦਰ ਸਿੰਘ ਸੋਨਾ, ਰਮੇਸ਼ ਕੁਮਾਰ, ਸਰਬਜੀਤ ਸਿੰਘ, ਮਨਪ੍ਰੀਤ ਸਿੰਘ, ਦਵਿੰਦਰ ਸਿੰਘ, ਹਰਪ੍ਰੀਤ ਸਿੰਘ, ਸਾਧੂ ਸਿੰਘ, ਹਰਮਨ ਸਿੰਘ ਸਿੱਧੂ,ਬਿਕਰਮ ਸਿੰਘ, ਬਲਕਾਰ ਸਿੰਘ, ਸਤਵੰਤ ਸਿੰਘ ਆਦਿ ਸਾਥੀਆਂ ਨੇ ਹਿੱਸਾ ਲਿਆ।

# ਭਗਵਾਨ ਸ੍ਰੀ ਰਾਮ ਦਾ ਪ੍ਰਾਣ ਪ੍ਰਤਿਸ਼ਠਾ ਸਮਾਰੋਹ ਸ਼ਰਧਾ ਨਾਲ ਮਨਾਇਆ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਸ਼ਹਿਰ ਦੇ ਮੰਦਰਾਂ ਤੇ ਧਾਰਮਿਕ ਅਸਥਾਨਾਂ 'ਤੇ ਭਗਵਾਨ ਸ੍ਰੀ ਰਾਮ ਜੀ ਦਾ ਪ੍ਰਾਣ ਪ੍ਰਤਿਸ਼ਠਾ ਸਮਾਰੋਹ ਸ਼ਰਧਾਲੂਆਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।

ਭਾਜਪਾ ਦੇ ਸੀਨੀਅਰ ਆਗੂ ਰਾਜੇਸ਼ ਲੀਹਲ ਨੇ ਦੱਸਿਆ ਕਿ ਅਯੁੱਧਿਆ ਵਿਖੇ ਭਗਵਾਨ ਸ੍ਰੀ ਰਾਮ ਜੀ ਦੇ 500 ਸਾਲ ਬਾਅਦ ਹੋਏ ਮੰਦਰ ਉਦਘਾਟਨ ਦਾ ਲੋਕਾਂ ਵਿੱਚ ਬੜਾ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਰਾਮ ਭਗਤਾਂ ਨੇ ਮੰਦਰਾਂ ਵਿਚ ਜਾ ਕੇ ਪੂਜਾ ਅਰਚਨਾ ਕਰ ਤੇ ਦੁਕਾਨਦਾਰਾਂ ਵਲੋਂ ਲੰਗਰ ਲਾ ਕੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ।

ਉਨ੍ਹਾਂ ਕਿਹਾ ਕਿ ਸਥਾਨਕ ਵਿਸ਼ਵਕਰਮਾ ਮੰਦਰ ਵਿੱਚ ਵੀ ਇਸ ਦਿਨ ਪੂਜਾ ਅਰਚਨਾ ਕੀਤੀ, ਜਿਸ ਵਿਚ ਸਮੂਹ ਪ੍ਰਬੰਧਕ ਕਮੇਟੀ ਨੇ ਵੀ ਸ਼ਮੂਲੀਅਤ ਕੀਤੀ। ਰਾਜੇਸ਼ ਲੀਹਲ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਮੰਦਰ ਦੇ ਨਿਰਮਾਣ ਲਈ ਯਤਨ ਕੀਤੇ, ਜਿਸ ਕਾਰਨ ਹਿੰਦੂ ਭਾਈਚਾਰੇ ਦੇ ਨਾਲ ਹੋਰ ਧਰਮਾਂ ਦੇ ਲੋਕ ਵੀ ਇਸ ਕਾਰਜ ਦੀ ਸ਼ਲਾਘਾ ਕਰ ਰਹੇ ਹਨ। ਇਸ ਮੌਕੇ ਪ੍ਰਧਾਨ ਗੁਰਚਰਨ ਸਿੰਘ, ਦੇਸਰਾਜ ਮਹਿਲ, ਲਕਸ਼ਮੀ ਨਰਾਇਣ, ਹਰਪ੍ਰੀਤ ਸਿੰਘ, ਮੋਹਨ ਲਾਲ, ਰਾਜ ਕੁਮਾਰ ਸਹਾਰਨ ਵੀ ਮੌਜੂਦ ਸਨ।

# ਗਣਤੰਤਰ ਦਿਵਸ ਮੌਕੇ ਨਿੱਜੀਕਰਨ ਤੇ ਪੰਚਾਇਤੀਕਰਨ ਖਿਲਾਫ਼ ਕਾਲੇ ਝੰਡਿਆਂ ਨਾਲ ਰੋਸ ਪ੍ਰਦਰਸ਼ਨ ਕਰਨਗੇ ਠੇਕਾ ਮੁਲਾਜ਼ਮ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਸੂਬਾ ਪੱਧਰੀ ਮੀਟਿੰਗ ਕਰਨ ਉਪਰੰਤ 'ਗਣਤੰਤਰ ਦਿਵਸ' ਮੌਕੇ ਨਿੱਜੀਕਰਨ ਅਤੇ ਪੰਚਾਇਤੀਕਰਨ ਦੇ ਖਿਲਾਫ਼ ਕਾਲੇ ਝੰਡਿਆਂ ਨਾਲ਼ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ। ਮੋਰਚੇ ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ ਕਟਾਰੀਆ, ਪਵਨਦੀਪ ਸਿੰਘ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂੰ, ਸਿਮਰਨਜੀਤ ਸਿੰਘ ਨੀਲੋਂ, ਸ਼ੇਰ ਸਿੰਘ ਖੰਨਾ ਅਤੇ ਜਸਪ੍ਰੀਤ ਸਿੰਘ ਗਗਨ ਨੇ ਪ੍ਰੈਸ ਨੂੰ ਜਾਰੀ ਕੀਤੇ ਬਿਆਨ 'ਚ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਵਿਸ਼ਵ ਵਪਾਰ ਸੰਸਥਾ, ਵਿਸ਼ਵ ਬੈਂਕ ਅਤੇ ਕੌਮਾਂਤਰੀ ਮੁਦਰਾ ਫੰਡ ਕੋਸ਼ ਦੇ ਇਸ਼ਾਰਿਆਂ 'ਤੇ ਲੋਕਾਂ ਨੂੰ ਸਸਤੀਆਂ ਸੇਵਾਵਾਂ ਦੇਣ ਵਾਲੇ ਸਮੂਹ ਜ਼ਰੂਰੀ ਸੇਵਾਵਾਂ ਦੇ ਸਰਕਾਰੀ ਅਦਾਰਿਆਂ ਬਿਜਲੀ, ਪਾਣੀ, ਸਿਹਤ, ਸਿੱਖਿਆ, ਆਵਾਜਾਈ ਅਤੇ ਦੂਰਸੰਚਾਰ ਆਦਿ ਨੂੰ ਨਿੱਜੀ ਦੇਸੀ-ਵਿਦੇਸ਼ੀ ਕੰਪਨੀਆਂ ਹਵਾਲੇ ਕੀਤਾ ਜਾ ਰਿਹਾ ਹੈ। ਇਨ੍ਹਾਂ ਜ਼ਰੂਰੀ ਸੇਵਾਵਾਂ ਦੇ ਅਦਾਰਿਆਂ ਦੇ ਨਿੱਜੀਕਰਨ ਅਤੇ ਬੇਰੋਕ ਲੁੱਟ ਕਰਨ ਦੇ ਰਸਤੇ ਵਿੱਚ ਰੁਕਾਵਟ ਬਣਦੇ ਪਹਿਲਾਂ ਤੋਂ ਤੈਅ ਕਾਨੂੰਨਾਂ ਵਿੱਚ ਬੇਲੋੜੀਆਂ ਤਬਦੀਲੀਆਂ ਕਰਕੇ ਸਮੂਹ ਮਿਹਨਤਕਸ਼ ਵਰਗਾਂ ਦੀ ਤਿੱਖੀ ਲੁੱਟ ਕਰਨ ਅਤੇ ਸਮੂਹ ਕਿਰਤੀ ਲੋਕਾਂ ਨੂੰ ਬੰਧੂਆਂ ਮਜ਼ਦੂਰਾਂ ਦੇ ਰੂਪ ਵਿੱਚ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦਾ ਲੋਕ-ਮਾਰੂ ਫੈਸਲਾ ਕੀਤਾ ਗਿਆ ਹੈ। ਕੇਂਦਰ ਦੀ ਫਾਸ਼ੀਵਾਦੀ ਮੋਦੀ ਹਕੂਮਤ ਨੇ ਕਿਰਤ ਕਾਨੂੰਨਾਂ ਵਿੱਚ ਤਬਦੀਲੀ ਕਰਕੇ ਮਜ਼ਦੂਰ ਜਮਾਤ ਵੱਲੋਂ ਖੂਨ ਵਹਾ ਕੇ ਪ੍ਰਾਪਤ ਕੀਤੇ ਅੱਠ ਘੰਟੇ ਦਿਹਾੜੀ ਦੇ ਅਧਿਕਾਰ ਨੂੰ ਪੈਰਾਂ ਹੇਠ ਦਰੜ ਕੇ 12 ਘੰਟੇ ਕਰਨ, ਜਥੇਬੰਦੀ ਬਣਾਉਣ ਅਤੇ ਵਿਰੋਧ ਪ੍ਰਗਟਾਵੇ ਕਰਨ ਦੇ ਪਹਿਲਾਂ ਤੋਂ ਹਾਸਲ ਨਾਮਾਤਰ ਹੱਕ ਨੂੰ ਖਤਮ ਕਰਨ ਦੇ ਮਨਸੂਬੇ ਨਾਲ ਮਜ਼ਦੂਰ-ਮੁਲਾਜ਼ਮ ਮਾਰੂ ਫ਼ੈਸਲਾ ਕੀਤਾ ਹੈ। ਨਵੇਂ ਲੇਬਰ ਕਾਨੂੰਨਾਂ ਵਿੱਚ ਤਨਖਾਹ ਤੈਅ ਕਰਨ ਦੇ ਨਿਯਮ ਨੂੰ ਰੱਦ ਕਰਕੇ ਇਹ ਅਧਿਕਾਰ ਨਿੱਜੀ ਕੰਪਨੀਆਂ ਨੂੰ ਦੇ ਦਿੱਤਾ ਹੈ। ਆਗੂਆਂ ਕਿਹਾ ਇੱਕ ਪਾਸੇ 'ਗਣਤੰਤਰ ਦਿਵਸ' ਮੌਕੇ ਹਾਕਮਾਂ ਵੱਲੋਂ ਦੇਸ਼ ਆਜ਼ਾਦ ਹੋਣ ਅਤੇ ਦੇਸ਼ ਵਾਸੀਆਂ ਨੂੰ ਸੰਵਿਧਾਨ ਮੁਤਾਬਕ ਕੁੱਲ ਸਹੂਲਤਾਂ ਦੇਣ ਦੀਆਂ ਟਾਹਰਾਂ ਮਾਰੀਆਂ ਜਾਣਗੀਆਂ ਅਤੇ ਦੂਜੇ ਪਾਸੇ ਹਾਕਮਾਂ ਵੱਲੋਂ ਦੇਸ਼ ਦੇ ਕੁੱਲ ਪੈਦਾਵਾਰੀ ਸਰੋਤਾਂ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਕੇ ਕਿਸਾਨਾਂ/ਮਜ਼ਦੂਰਾਂ/ਮੁਲਾਜ਼ਮਾਂ/ਠੇਕਾ ਮੁਲਾਜ਼ਮਾਂ ਨੂੰ ਮਿਲਦੇ ਨਿਗੂਣੇ ਰੁਜ਼ਗਾਰ ਨੂੰ ਖੋਹ ਕੇ ਕਿਰਤ ਦੀ ਲੁੱਟ ਕਰਨ ਦੀ ਖੁੱਲ੍ਹ ਦਿੱਤੀ ਜਾ ਰਹੀ ਹੈ। ਸਮੂਹ ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਅਤੇ ਪੰਚਾਇਤੀਕਰਨ ਦੀ ਨੀਤੀ ਕਾਰਨ ਸਮੂਹ ਸਰਕਾਰੀ ਅਦਾਰਿਆਂ ਵਿੱਚ ਪਿਛਲੇ 15-20 ਸਾਲਾਂ ਦੇ ਲੰਬੇ ਅਰਸੇ ਤੋਂ ਲਗਾਤਾਰ ਤਨਦੇਹੀ ਨਾਲ ਸੇਵਾਵਾਂ ਦੇ ਰਹੇ ਸਮੂਹ ਆਊਟਸੋਰਸਡ/ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ। ਜਿਸ ਦੇ ਵਿਰੋਧ ਵਜੋਂ 26 ਜਨਵਰੀ ਨੂੰ 'ਗਣਤੰਤਰ ਦਿਵਸ' ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਆਪਣੇ ਪਰਵਾਰਾਂ ਸਮੇਤ ਸਮੁੱਚੇ ਪੰਜਾਬ ਵਿੱਚ ਜ਼ਿਲ੍ਹਾ ਅਤੇ ਤਹਿਸੀਲ ਪੱਧਰ 'ਤੇ ਕਾਲੇ ਝੰਡਿਆਂ ਨਾਲ਼ ਰੋਸ ਪ੍ਰਦਰਸਨ ਕੀਤਾ ਜਾਵੇਗਾ। ਆਗੂਆਂ ਨੇ ਸੂਬਾ ਅਤੇ ਕੇਂਦਰ ਸਰਕਾਰ ਤੋਂ ਸਮੂਹ ਕਿਸਾਨਾਂ/ਮਜ਼ਦੂਰਾਂ/ਮੁਲਾਜ਼ਮਾਂ ਦੀਆਂ ਮੰਗਾਂ ਨੂੰ ਪ੍ਰਵਾਨ ਕਰਨ ਅਤੇ ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਅਤੇ ਪੰਚਾਇਤੀਕਰਨ ਦੀ ਨੀਤੀ ਨੂੰ ਰੱਦ ਕਰਕੇ ਸਮੂਹ ਆਊਟਸੋਰਸਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਪੱਕਾ ਕੀਤੇ ਜਾਣ ਦੀ ਮੰਗ ਕੀਤੀ।

# ਲਿਖਾਰੀ ਸਭਾ ਪਾਇਲ ਵੱਲੋਂ ਵੀਡੀਓ ਡਾਇਰੈਕਟਰ ਕਮਲਪ੍ਰੀਤ ਜੌਨੀ ਸਨਮਾਨਤ

**ਦੋਰਾਹਾ (ਹਰਮਿੰਦਰ ਸੇਠ)** ਸ਼ਹਿਰ ਦੇ ਮੇਨ ਬਾਜ਼ਾਰ 'ਚ ਸੋਨੀਆ ਧਰਮਸ਼ਾਲਾ ਵਿੱਚ ਲਿਖਾਰੀ ਸਭਾ ਪਾਇਲ ਦੀ ਮੀਟਿੰਗ ਸਭਾ ਦੇ ਸਰਪ੍ਰਸਤ ਸਿਰਮੌਰ ਗੀਤਕਾਰ ਤੇ ਪੱਤਰਕਾਰ ਪਾਲਾ ਰਾਜੇਵਾਲੀਆ ਦੀ ਸਰਪ੍ਰਸਤੀ ਹੇਠ ਹੋਈ। ਮੀਟਿੰਗ ਵਿੱਚ ਸੈਂਕੜੇ ਗੀਤਾਂ ਨੂੰ ਸ਼ੂਟ ਕਰਕੇ ਮਾਰਕੀਟ 'ਚ ਭੇਜਣ ਵਾਲੇ ਪੰਜਾਬ ਦੇ ਨਾਮੀ ਵੀਡੀਓ ਡਾਇਰੈਕਟਰ ਕਮਲਪ੍ਰੀਤ ਜੌਨੀ ਨੂੰ ਸਨਮਾਨਤ ਕੀਤਾ ਗਿਆ। ਮੁੱਖ ਮਹਿਮਾਨ ਦੇ ਤੌਰ 'ਤੇ ਪੰਜਾਬੀ ਸੱਥ ਜਰਗ ਦੇ ਮੁਖੀ ਨਵਜੋਤ ਸਿੰਘ ਮੰਡੇਰ ਨੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਕਿਹਾ ਕਿ ਅੱਜ ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਸੰਭਾਲਣ ਦੀ ਲੋੜ ਹੈ ਅਤੇ ਅਸੀਂ ਵਿਰਾਸਤੀ ਗਾਇਕੀ ਤੇ ਵੰਨਗੀਆਂ ਨੂੰ ਸੰਭਾਲਣ ਲਈ ਯਤਨਸ਼ੀਲ ਹਾਂ। ਮੰਡੇਰ ਜਰਗ ਨੇ ਪੰਜਾਬੀ ਸੱਥ ਜਰਗ ਵੱਲੋਂ ਪਿੰਡ ਰਾਜੇਵਾਲ ਵਿਖੇ ਭਗਤ ਪੂਰਨ ਸਿੰਘ ਬਾਨੀ ਪਿੰਗਲਵਾੜਾ ਅੰਮ੍ਰਿਤਸਰ ਦੀ ਯਾਦ ਨੂੰ ਸਮਰਪਤ 4 ਫਰਵਰੀ ਨੂੰ ਕਰਾਏ ਜਾਣ ਵਾਲੇ ਪ੍ਰੋਗਰਾਮ ਬਾਰੇ ਵੀ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਨਾਮੀ ਵੀਡੀਓ ਡਾਇਰੈਕਟਰ ਕਮਲਪ੍ਰੀਤ ਜੌਨੀ ਨੇ ਲੇਖਕਾਂ ਨਾਲ ਰੂਬਰੂ ਹੁੰਦਿਆਂ ਆਪਣੇ ਸੰਘਰਸ਼ਮਈ ਜੀਵਨ ਦੇ ਬਿਰਤਾਂਤ ਤੋਂ ਲੈ ਕੇ ਨਾਮੀ ਵੀਡੀਓ ਡਾਇਰੈਕਟਰ ਬਣਨ ਤੱਕ ਦੇ ਸਫ਼ਰ ਦੇ ਖੱਟੇ-ਮਿੱਠੇ ਤਜਰਬੇ ਸਾਂਝੇ ਕੀਤੇ ਅਤੇ ਲਿਖਾਰੀ ਸਭਾ ਪਾਇਲ ਨਾਲ ਹਮੇਸ਼ਾ ਜੁੜੇ ਰਹਿਣ ਦਾ ਅਹਿਦ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਹਰੇਕ ਗੀਤ ਦੀ ਆਪਣੀ ਕਹਾਣੀ ਹੁੰਦੀ ਹੈ, ਜਿਸ ਨੂੰ ਵੀਡੀਓ ਡਾਇਰੈਕਟਰ ਨੇ ਆਪਣੇ ਅਨੁਭਵ ਨਾਲ ਪੇਸ਼ ਕਰਨਾ ਹੁੰਦਾ ਹੈ, ਭਾਵੇਂ ਵੀਡੀਓ ਨਿਰਦੇਸ਼ਨ ਕਾਫੀ ਔਖਾ ਕਾਰਜ ਹੈ, ਪਰ ਇਸ ਨੂੰ ਮਿਹਨਤ ਤੇ ਲਗਨ ਨਾਲ ਪੂਰਾ ਕੀਤਾ ਜਾ ਸਕਦਾ ਹੈ।

ਸਭਾ ਦੀ ਕਾਰਵਾਈ ਬੰਤ ਘੁਡਾਣੀ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਪ੍ਰੀਤ ਸੰਦਲ ਮਕਸੂਦੜਾ, ਅਜੇ ਸਰਹੰਦ, ਜੱਗੀ ਜਰਗ, ਹਰਪ੍ਰੀਤ ਸਿੰਘ ਸਿਹੌੜਾ, ਨਰਿੰਦਰ ਮਣਕੂ, ਪੱਪੂ ਬਲਵੀਰ, ਜਸਵਿੰਦਰ ਸਿੰਘ ਪੰਧੇਰਖੇੜੀ, ਦੇਵੀ ਦਿਆਲ ਪਹੇੜੀ ਆਦਿ ਲੇਖਕ ਹਾਜ਼ਰ ਸਨ।

# ਬਲਕਾਰ ਸਿੰਘ ਨੇ ਅਧਿਕਾਰੀਆਂ ਨੂੰ ਅਣਵਰਤੇ ਫੰਡਾਂ ਨੂੰ ਵਿਕਾਸ ਕਾਰਜਾਂ 'ਤੇ ਤੁਰੰਤ ਖ਼ਰਚਣ ਦੇ ਦਿੱਤੇ ਨਿਰਦੇਸ਼



**ਚੰਡੀਗੜ੍ਹ, (ਗੁਰਜੀਤ ਬਿੱਲਾ)** ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਵਿਧਾਇਕਾਂ ਦੀ ਹਾਜ਼ਰੀ 'ਚ ਮਿਉਂਸੀਪਲ ਕਮਿਸ਼ਨਰ ਲੁਧਿਆਣਾ ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਲੁਧਿਆਣਾ ਤੋਂ ਇਲਾਵਾ ਨਗਰ ਨਿਗਮ/ਨਗਰ ਪੰਚਾਇਤ ਜਗਰਾਓਂ, ਖੰਨਾ, ਦੋਰਾਹਾ, ਮੁਲਾਂਪੁਰ ਦਾਖਾਂ, ਰਾਏਕੋਟ, ਸਾਹਨੇਵਾਲ, ਸਮਰਾਲਾ, ਮਾਛੀਵਾੜਾ, ਪਾਇਲ ਅਤੇ ਮਲੋਦ ਦੇ ਕਾਰਜ ਸਾਧਕ ਅਫਸਰਾਂ ਨਾਲ ਵਿਕਾਸ ਕਾਰਜਾਂ ਸੰਬੰਧੀ ਰੀਵੀਊ ਮੀਟਿੰਗ ਕਰਦਿਆਂ, ਅਧਿਕਾਰੀਆਂ ਨੂੰ ਅਣਵਰਤੇ ਫੰਡਾਂ ਨੂੰ ਤੁਰੰਤ ਖ਼ਰਚਣ ਦੇ ਨਿਰਦੇਸ਼ ਦਿੱਤੇ। ਇਥੇ ਮਿਉਂਸੀਪਲ ਭਵਨ ਸੈਕਟਰ 35 ਚੰਡੀਗੜ੍ਹ ਵਿਖੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਨੇ ਅਧਿਕਾਰੀਆਂ ਨਾਲ ਰੀਵੀਊ ਮੀਟਿੰਗ ਦੌਰਾਨ ਸਵੱਛ ਭਾਰਤ ਮਿਸ਼ਨ ਅਧੀਨ ਸੂਬੇ 'ਚ ਬਣ ਰਹੇ ਸੀਵਰੇਜ ਟਰੀਟਮੈਂਟ ਪਲਾਂਟਾਂ ਅਤੇ ਅਮਰੁਤ ਮਿਸ਼ਨ ਅਧੀਨ ਬਣ ਰਹੇ ਵਾਟਰ ਟਰੀਟਮੈਂਟ ਪਲਾਂਟਾਂ ਅਤੇ ਇਸ ਤੋਂ ਇਲਾਵਾ ਹੋਰ ਵਿਕਾਸ ਕਾਰਜਾਂ ਸਬੰਧੀ ਵਿਸਥਾਰ ਪੂਰਵਕ ਚਰਚਾ ਕਰਦਿਆਂ, ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਵਿਕਾਸ ਕਾਰਜਾਂ 'ਚ ਗੁਣਵੱਤਾ ਅਤੇ ਪਾਰਦਰਸ਼ਤਾ ਯਕੀਨੀ ਬਣਾਈ ਜਾਵੇ। ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਅੱਗੇ ਕਿਹਾ ਕਿ ਜਿਹਨਾਂ ਕੰਮਾਂ ਦੀ ਡੀ ਪੀ ਆਰ ਮੰਜ਼ੂਰ ਹੋ ਚੁੱਕੀ ਹੈ ਉਨ੍ਹਾਂ ਦਾ ਟੈਂਡਰ ਲਗਵਾਉਣ ਉਪਰੰਤ ਜਲਦ ਕੰਮ ਸ਼ੁਰੂ ਕੀਤਾ ਜਾਵੇ ਅਤੇ ਜਿਹਨਾਂ ਕੰਮਾਂ ਦੀ ਡੀਪੀਆਰ ਪ੍ਰਵਾਨ ਕਰਨ ਲਈ ਕਾਰਵਾਈ ਚਲ ਰਹੀ ਹੈ ਉਹਨਾਂ ਦੀ ਡੀ ਪੀ ਆਰ ਜਲਦ ਮੰਜ਼ੂਰ ਕਰਵਾਈ ਜਾਵੇ। ਮੰਤਰੀ ਵੱਲੋਂ ਵੱਖ ਵੱਖ ਸਕੀਮਾਂ ਅਧੀਨ ਆਉਂਦੇ ਕੰਮਾਂ ਅਤੇ ਉਨ੍ਹਾਂ ਕੰਮਾਂ ਲਈ ਅਲਾਟ ਹੋਏ ਫੰਡਾਂ ਬਾਰੇ ਵਿਸਤ੍ਰਿਤ ਰੂਪ ਵਿੱਚ ਜਾਣਕਾਰੀ ਅਧਿਕਾਰੀਆਂ ਦੇ ਸਾਹਮਣੇ ਵਿਧਾਇਕਾਂ ਨਾਲ ਸਾਂਝੀ ਕੀਤੀ ਅਤੇ ਅਧਿਕਾਰੀਆਂ ਨੂੰ ਵੀ ਆਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਸਬੰਧੀ ਵਿਧਾਇਕਾਂ ਨਾਲ ਸਾਰੀ ਜਾਣਕਾਰੀ ਸਾਂਝੀ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਆਮ ਜਨਤਾ ਦੀ ਜ਼ਰੂਰਤ ਮੁਤਾਬਿਕ ਵਿਕਾਸ ਕਾਰਜ ਹੋ ਸਕਣ। ਉਨ੍ਹਾਂ ਨੇ ਕਿਹਾ ਕਿ ਇਸ ਸਭ ਦਾ ਉਦੇਸ਼ ਸੂਬੇ ਦਾ ਵਿਆਪਕ ਵਿਕਾਸ ਕਰਨਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ ਜੇਕਰ ਕਿਸੇ ਖ਼ੇਤਰੀ ਦਫਤਰ ਨੂੰ ਵਿਕਾਸ ਕਾਰਜਾਂ ਲਈ ਵਾਧੂ ਫੰਡਾਂ ਦੀ ਜ਼ਰੂਰਤ ਹੋਵੇ ਤਾਂ ਉਹ ਐਕਸ਼ਨ ਪਲਾਨ ਸਮੇਤ ਮੁਕੰਮਲ ਤਜਵੀਜ਼ ਮੁੱਖ ਦਫਤਰ ਨੂੰ ਭੇਜਣ।

# ਭਲਕ ਦੇ ਟਰੈਕਟਰ ਮਾਰਚ ਸੰਬੰਧੀ ਪਿੰਡ-ਪਿੰਡ ਜਨ ਸੰਪਰਕ ਮੁਹਿੰਮ ਚਲਾਈ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਵੱਲੋਂ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਨੂੰ ਲਾਗੂ ਕਰਵਾਉਣ ਸੰਬੰਧੀ 26 ਜਨਵਰੀ ਦੇ ਦਿਹਾੜੇ ਮੌਕੇ ਵਿਸ਼ਾਲ ਟ੍ਰੈਕਟਰ ਮਾਰਚ ਕੱਢਣ ਦੀ ਤਿਆਰੀ ਸੰਬੰਧੀ ਜਨ ਸੰਪਰਕ ਮੁਹਿੰਮ ਲਗਾਤਾਰ ਪਿੰਡ ਪਿੰਡ ਚਲਾਈ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਇਸ ਮਾਰਚ ਸੰਬੰਧੀ ਲਾਮਬੰਦ ਕੀਤਾ ਜਾ ਰਿਹਾ ਹੈ।ਇਸ ਮੌਕੇ ਸੰਯੁਕਤ ਕਿਸਾਨ ਮੋਰਚੇ ਦੇ ਕਨਵੀਨਰ ਐਡਵੋਕੇਟ ਰਜਿੰਦਰ ਸਿੰਘ ਰਾਣਾ, ਮਾ. ਚਰਨ ਸਿੰਘ ਕੁੱਲ ਹਿੰਦ ਕਿਸਾਨ ਸਭਾ, ਮੁਕੰਦ ਸਿੰਘ ਨੇ ਦੱਸਿਆ ਕਿ ਇਹ ਵਿਸ਼ਾਲ ਟਰੈਕਟਰ ਮਾਰਚ ਹਲਕਾ ਸੁਲਤਾਨਪੁਰ ਲੋਧੀ, ਕਪੂਰਥਲਾ ਦੇ ਸਮੁੱਚੇ ਇਲਾਕੇ ਵਿੱਚੋਂ ਕੱਢਿਆ ਜਾ ਰਿਹਾ ਹੈ ਅਤੇ ਦਾਣਾ ਮੰਡੀ ਕਪੂਰਥਲਾ ਵਿਖੇ 12 ਵਜੇ ਪਹੁੰਚਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ।ਉਨ੍ਹਾ ਹਲਕੇ ਦੇ ਸਮੂਹ ਕਿਸਾਨਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਇਸ ਟਰੈਕਟਰ ਮਾਰਚ 'ਚ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ ਤਾਂ ਜੋ ਕੇਂਦਰ ਸਰਕਾਰ ਨੂੰ ਇਸ ਰੋਸ ਮਾਰਚ ਰਾਹੀਂ ਜਗਾਇਆ ਜਾ ਸਕੇ। ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਵੱਡੀ ਗਿਣਤੀ ਵਿੱਚ ਇਸ ਟਰੈਕਟਰ ਮਾਰਚ ਵਿੱਚ ਸ਼ਮੂਲੀਅਤ ਕਰਨਗੇ ਅਤੇ ਇਸ ਨੂੰ ਕਾਮਯਾਬ ਬਣਾਇਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਣ ਸਿੰਘ ਕਰਮਜੀਤਪੁਰ, ਜੋਗਿੰਦਰ ਸਿੰਘ ਥਿੰਦ ਸਰਪੰਚ, ਲਵਪ੍ਰੀਤ ਸਿੰਘ, ਵਿਜੈ ਪ੍ਰਤਾਪ ਸਿੰਘ, ਗੁਰਜੋਤ ਸਿੰਘ, ਗੁਰਦਿਆਲ ਸਿੰਘ, ਗੁਰਮੀਤ ਸਿੰਘ ਆਦਿ ਵੀ ਹਾਜ਼ਰ ਸਨ।

# ਜਲਦ ਰਿਲੀਜ਼ ਹੋਵੇਗਾ ਗੀਤ 'ਮਾਂ'



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** -ਪੰਜਾਬੀ ਗਾਇਕ ਮਨੀ ਸਹੋਤਾ ਆਪਣੇ ਪਹਿਲਾਂ ਮਾਰਕੀਟ 'ਚ ਚੱਲ ਰਹੇ ਗੀਤਾਂ ਰਾਹੀਂ ਇੱਕ ਵੱਖਰੀ ਪਹਿਚਾਣ ਬਣਾ ਚੁੱਕੇ ਹਨ ਹੁਣ ਜ਼ਲਦ ਹੀ ਇੱਕ ਨਵਾਂ ਗੀਤ 'ਮਾਂ' ਜੋ ਕਿ ਮਾਂਵਾਂ ਨੂੰ ਸਮਰਪਿਤ ਹੈ। ਇਸ ਗੀਤ ਨੂੰ ਮਸ਼ਹੂਰ ਗਾਇਕ ਮਨੀ ਸਹੋਤਾ ਨੇ ਆਪਣੀ ਆਵਾਜ਼ ਦਿੱਤੀ ਹੈ।ਗੀਤ ਦੇ ਬੋਲ ਖ਼ੁਦ ਮਨੀ ਸਹੋਤਾ ਨੇ ਲਿਖੇ ਹਨ ਅਤੇ ਇਸਦਾ ਸੰਗੀਤ ਐਮ, ਵੀ ਦੁਆਰਾ ਤਿਆਰ ਕੀਤਾ ਗਿਆ ਹੈ।ਗੀਤ ਦਾ ਹਰ ਸ਼ਬਦ ਸਾਡੇ ਜੀਵਨ ਵਿੱਚ 'ਮਾਂ' ਦੀ ਮੌਜੂਦਗੀ ਦੀ ਮਹੱਤਤਾ ਨੂੰ ਬਿਆਨ ਕਰਦਾ ਹੈ। ਗੀਤ ਬਾਰੇ ਗੱਲ ਕਰਦੇ ਹੋਏ ਮਨੀ ਸਹੋਤਾ ਨੇ ਕਿਹਾ, ਮਾਂ ਦਾ ਪਿਆਰ ਕਦੇ ਬਿਆਨ ਨਹੀਂ ਕੀਤਾ ਜਾ ਸਕਦਾ ਅਤੇ ਉਸ ਤੋਂ ਬਿਨਾਂ ਦੁਨੀਆਂ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ, ਇਹ ਗੀਤ ਹਮੇਸ਼ਾ ਤੋਂ ਹੀ ਮੇਰੇ ਜ਼ਹਿਨ ਵਿੱਚ ਸੀ ਅਤੇ ਉਮੀਦ ਹੈ ਕੇ ਇਹ ਗੀਤ ਜ਼ਰੂਰ ਤੁਹਾਡੇ ਦਿਲਾਂ ਨੂੰ ਛੂਹੇਗਾ।

# ਡਾ. ਬਲਜੀਤ ਕੌਰ ਦੇ ਭਰੋਸੇ ਤੋਂ ਬਾਅਦ ਖੇਤੀਬਾੜੀ ਸੇਵਾ ਸਭਾਵਾਂ ਕਰਮਚਾਰੀ ਯੂਨੀਅਨ ਵੱਲੋਂ ਹੜਤਾਲ ਖਤਮ



**ਚੰਡੀਗੜ੍ਹ: (ਗੁਰਜੀਤ ਬਿੱਲਾ)** ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਭਰੋਸੇ ਤੋਂ ਬਾਅਦ ਪੰਜਾਬ ਰਾਜ ਖੇਤੀਬਾੜੀ ਸੇਵਾ ਸਭਾਵਾਂ ਕਰਮਚਾਰੀ ਯੂਨੀਅਨ ਵੱਲੋਂ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਹੜਤਾਲ ਖਤਮ ਕਰ ਦਿੱਤੀ ਹੈ। ਡਾ.ਬਲਜੀਤ ਕੌਰ ਵੱਲੋਂ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਆਪਣੇ ਦਫਤਰ 'ਚ ਪੰਜਾਬ ਰਾਜ ਖੇਤੀਬਾੜੀ ਸੇਵਾ ਸਭਾਵਾਂ ਕਰਮਚਾਰੀ ਯੂਨੀਅਨ ਨਾਲ ਮੀਟਿੰਗ ਕਰਦਿਆਂ ਕੋਆਪਰੇਟਿਵ ਵਿਭਾਗ ਦੇ ਅਧਿਕਾਰੀਆਂ ਨੂੰ ਯੂਨੀਅਨ ਦੀਆਂ ਜਾਇਜ ਮੰਗਾਂ ਦੇ ਜਲਦ ਨਿਪਟਾਰੇ ਦੇ ਨਿਰਦੇਸ਼ ਦਿੱਤੇ। ਇਹ ਮੀਟਿੰਗ ਬੜੇ ਹੀ ਸੁਖਾਵੇਂ ਮਾਹੌਲ 'ਚ ਹੋਈ। ਡਾ.ਬਲਜੀਤ ਕੌਰ ਨੇ ਦੱਸਿਆ ਹੈ ਕਿ ਯੂਨੀਅਨ ਦੀਆਂ ਵੱਖ ਵੱਖ ਮੰਗਾਂ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਯੂਨੀਅਨ ਦੇ ਨੁਮਾਇੰਦਿਆਂ ਵੱਲੋ ਸਭਾਵਾਂ 'ਚ ਸਟਾਫ ਦੀ ਭਰਤੀ, ਸਭਾਵਾਂ 'ਚ ਖਾਦ ਦੇ ਮਾਰਜਨ ਆਦਿ ਮੰਗਾਂ ਨੂੰ ਮੰਤਰੀ ਵੱਲੋਂ ਧਿਆਨ ਨਾਲ ਸੁਣਿਆ ਗਿਆ। ਡਾ.ਬਲਜੀਤ ਕੌਰ ਨੇ ਯੂਨੀਅਨ ਦੀਆਂ ਮੰਗਾਂ ਨੂੰ ਧਿਆਨ ਪੂਰਵਕ ਸੁਣਨ ਤੋਂ ਬਾਅਦ ਯੂਨੀਅਨ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀਆਂ ਜਾਇਜ ਮੰਗਾਂ ਨੂੰ ਜਲਦ ਪ੍ਰਵਾਨ ਕਰ ਲਿਆ ਜਾਵੇਗਾ। ਇਸ ਮੌਕੇ ਕੋਆਪਰੇਟਿਵ ਸੁਸਾਇਟੀਜ ਦੇ ਰਜਿਸਟਰਾਰ ਵਿਮਲ ਕੁਮਾਰ ਸੇਤੀਆ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਗਣਤੰਤਰ ਦਿਵਸ ਦੀ ਰਿਹਰਸਲ ਕਰਵਾਈ



**ਭਲਾਣ (ਹਰਭਜਨ ਢਿੱਲੋਂ)** ਗਣਤੰਤਰ ਦਿਵਸ ਸਮਾਰੋਹ ਦੀ ਰਿਹਰਸਲ ਸਰਕਾਰੀ ਸੀਨੀ.ਸੈਕੰ.ਸਕੂਲ ਲੜਕੇ ਨੰਗਲ ਵਿੱਚ ਹੋਈ ਜਿੱਥੇ ਸੱਭਿਆਚਾਰਕ ਪੇਸ਼ਕਾਰੀਆਂ ਗਿੱਧਾ, ਭੰਗੜਾ ਰਾਹੀ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਰੰਗ ਬੰਨਿਆ।ਇਹ ਜਾਣਕਾਰੀ ਸੰਦੀਪ ਕੁਮਾਰ ਤਹਿਸੀਲਦਾਰ ਨੰਗਲ ਨੇ ਦਿੰਦੇ ਹੋਏ ਦੱਸਿਆ ਕਿ 26 ਜਨਵਰੀ ਨੂੰ ਇਸੇ ਸਥਾਨ 'ਤੇ ਗਣਤੰਤਰ ਦਿਵਸ ਸਮਾਰੋਹ ਮਨਾਇਆ ਜਾਵੇਗਾ ਤੇ ਰਾਸ਼ਟਰੀ ਝੰਡਾ ਐਸ ਡੀ ਐਮ ਅਨਮਜੋਤ ਕੌਰ ਪੀ ਸੀ ਐਸ ਲਹਿਰਾਉਣਗੇ।ਉਨ੍ਹਾਂ ਦੱਸਿਆ ਕਿ ਪਰੇਡ ਦਾ ਮੁਆਇਨਾ, ਦੇਸ਼ ਵਾਸੀਆਂ ਨੂੰ ਸੰਬੋਧਨ, ਮਾਰਚ ਪਾਸਟ, ਪੀ ਟੀ ਸ਼ੋਅ ਉਪਰੰਤ ਦੇਸ਼ ਭਗਤੀ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਲਈ ਰਿਹਰਸਲ ਨਿਰੰਤਰ ਚੱਲ ਰਹੀ ਹੈ। ਗਣਤੰਤਰ ਦਿਵਸ ਸਮਾਰੋਹ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਮਨਾਉਣ ਲਈ ਰਿਹਰਸਲ ਕਰਵਾਈ ਗਈ ਜਾ ਰਹੀ ਹੈ।ਜਿਸ ਵਿਚ ਵੱਖ-ਵੱਖ ਸਕੂਲਾ ਦੇ ਵਿਦਿਆਰਥੀਆ ਨੇ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ।

ਇਸ ਮੌਕੇ ਪ੍ਰਿੰ.ਗੁਰਨਾਮ ਸਿੰਘ, ਪ੍ਰਿੰ.ਕਿਰਨ ਸ਼ਰਮਾ, ਪ੍ਰਿੰ.ਪਰਮਿੰਦਰ ਕੌਰ ਦੁਆ, ਸੋਹਨ ਲਾਲ, ਜਗਮੋਹਨ ਸਿੰਘ, ਰਮਨਦੀਪ ਕੌਰ, ਸੁਧੀਰ ਕੁਮਾਰ, ਸੁਪਰਡੈਂਟ ਖੁਸ਼ਵੀਰ ਸਿੰਘ, ਰਾਕੇਸ਼ ਕੁਮਾਰ, ਮੋਨਿਕਾ, ਜਸਵੀਰ ਸਿੰਘ, ਜਗਪਾਲ ਸਿੰਘ, ਰਾਜ ਕੁਮਾਰ, ਪ੍ਰਤਿਭਾ, ਕ੍ਰਾਤੀਪਾਲ ਸਿੰਘ ਤੇ ਵੱਖ ਵੱਖ ਸਕੂਲਾ ਦੇ ਅਧਿਆਪਕ ਹਾਜ਼ਰ ਸਨ।

# ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ ਯਾਦ 'ਚ 'ਪਰਾਕਰਮ ਦਿਵਸ' ਰੈਲੀ



**ਜਲੰਧਰ ( ਇਕਬਾਲ ਸਿੰਘ ਉੱਭੀ)** ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਜਲੰਧਰ ਦੀ ਐਨ ਸੀ ਸੀ ਯੂਨਿਟ ਨੇ ਨੇਤਾ ਜੀ ਸੁਭਾਸ਼ ਚੰਦਰ ਬੋਸ ਦੀ 127ਵੀਂ ਜਯੰਤੀ ਮਨਾਉਣ ਲਈ ਯੂਨਾਈਟਿਡ ਆਈ ਐਨ ਏ ਫਰੀਡਮ ਫਾਈਟਰ ਅਰਸਦ ਐਸੋਸੀਏਸ਼ਨ (ਯੂ ਆਈ ਐਨ ਐਫ ਏ ਏ) ਉੱਤਰੀ ਜੋਨ ਅਤੇ ਜਲੰਧਰ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ 'ਪਰਾਕ੍ਰਮ ਦਿਵਸ' ਮਨਾਇਆ। ਇਸ ਮੌਕੇ ਜਲੰਧਰ ਵੈਲਫੇਅਰ ਸੁਸਾਇਟੀ ਦੇ ਜਨਰਲ ਸਕੱਤਰ ਸੁਰਿੰਦਰ ਸੈਣੀ ਅਤੇ ਉੱਤਰੀ ਜੋਨ ਦੇ ਸਕੱਤਰ ਯੂ ਆਈ ਐਨ ਐਫ ਏ ਏ ਏ ਦਿਨ ਦੇ ਮੁੱਖ ਮਹਿਮਾਨ ਸਨ। ਡਾ: ਅਨੂਪ ਵਤਸ, ਪ੍ਰਧਾਨ, ਅਤੇ ਪ੍ਰਿੰਸੀਪਲ, ਕੇ ਆਰ ਐਮ ਡੀ ਏ ਵੀ ਕਾਲਜ, ਨਕੋਦਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰਿੰਸੀਪਲ ਪ੍ਰੋ.(ਡਾ.) ਪੂਜਾ ਪਰਾਸ਼ਰ ਅਤੇ ਐਨ ਸੀ ਸੀ ਇੰਚਾਰਜ ਕੈਪਟਨ ਪ੍ਰਿਆ ਮਹਾਜਨ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਮੁੱਖ ਮਹਿਮਾਨ ਨੇ ਇਤਿਹਾਸ ਦੇ ਸਭ ਤੋਂ ਮਹਾਨ ਆਜ਼ਾਦੀ ਘੁਲਾਟੀਆਂ 'ਚੋਂ ਇੱਕ ਪ੍ਰਭਾਵਸ਼ਾਲੀ ਗੈਸਟ ਲੈਕਚਰ ਦਿੱਤਾ। ਉਹਨਾਂ ਨੇ ਨੇਤਾ ਜੀ ਦੀ ਦੂਰਅੰਦੇਸ਼ੀ ਲੀਡਰਸ਼ਿਪ ਸ਼ੈਲੀ ਦੀ ਖੋਜ ਕੀਤੀ, ਇੱਕ ਆਜ਼ਾਦ ਅਤੇ ਸੰਯੁਕਤ ਭਾਰਤ ਲਈ ਆਪਣੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਉਹਨਾਂ ਨੇ ਨੇਤਾ ਜੀ ਦੇ ਆਦਰਸ਼ਾਂ ਅਤੇ ਉਨ੍ਹਾਂ ਦੇ ਸਿਧਾਂਤਾਂ ਦੀ ਸਥਾਈ ਪ੍ਰਸੰਗਿਕਤਾ ਨੂੰ ਉਜਾਗਰ ਕਰਦੇ ਹੋਏ ਸਮਕਾਲੀ ਚੁਣੌਤੀਆਂ ਵਿਚਕਾਰ ਸਮਾਨਤਾਵਾਂ ਵੀ ਖਿੱਚੀਆਂ। ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਅਤੇ ਸੁਤੰਤਰਤਾ ਸੰਗਰਾਮ 'ਤੇ ਇੱਕ ਦਸਤਾਵੇਜ਼ੀ ਫਿਲਮ ਵੀ ਦਿਖਾਈ ਗਈ। ਡਾ. ਅਨੂਪ ਨੇ ਨੇਤਾ ਜੀ ਦੇ ਯੋਗਦਾਨ 'ਤੇ ਇੱਕ ਭਾਸ਼ਣ ਦਿੱਤਾ। ਪ੍ਰੋਗਰਾਮ ਦੌਰਾਨ ਸਟਾਫ ਸਕੱਤਰ ਸ੍ਰੀਮਤੀ ਮਨਮੀਤ, ਸ੍ਰੀਮਤੀ ਰਮਨਜੀ ਤਲਵਾੜ, ਸ੍ਰੀਮਤੀ ਜਸਵਿੰਦਰ ਅਤੇ ਸ੍ਰੀਮਤੀ ਜਸਪ੍ਰੀਤ ਹਾਜ਼ਰ ਸਨ। ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਪ੍ਰੋ. (ਡਾ.) ਪੂਜਾ ਪਰਾਸ਼ਰ ਨੇ ਐਨ ਸੀ ਸੀ ਯੂਨਿਟ ਨੂੰ ਵਿਭਿੰਨਤਾ 'ਚ ਏਕਤਾ ਦੇ ਪ੍ਰਤੀਕ ਅਤੇ ਨੇਤਾ ਜੀ ਦੁਆਰਾ ਅਪਣਾਏ ਆਦਰਸ਼ਾਂ ਪ੍ਰਤੀ ਸਮੂਹਿਕ ਵਚਨਬੱਧਤਾ ਦਿਖਾਉਣ ਲਈ ਸਨਮਾਨਿਤ ਕੀਤਾ।

# ਕਿਰਤੀ ਕਿਸਾਨ ਯੂਨੀਅਨ 26 ਦੀ ਟਰੈਕਟਰ ਮਾਰਚ 'ਚ ਕਰੇਗੀ ਸ਼ਮੂਲੀਅਤ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਕਿਰਤੀ ਕਿਸਾਨ ਯੂਨੀਅਨ ਦੀ ਬਲਾਕ ਨੂਰਮਹਿਲ ਅਤੇ ਬਿਲਗਾ ਦੀ ਭਰਵੀਂ ਮੀਟਿੰਗ ਨੂਰਮਹਿਲ ਵਿਖੇ ਹੋਈ, ਜਿਸ ਵਿੱਚ 26 ਜਨਵਰੀ ਦੀ ਟਰੈਕਟਰ ਪਰੇਡ 'ਚ ਭਾਗ ਲੈਣ ਲਈ ਵਿਉਂਤਬੰਦੀ ਕੀਤੀ ਗਈ ਕਿਸਾਨਾਂ ਨੇ ਭਰਵੀਂ ਸ਼ਮੂਲੀਅਤ ਕਰਨ ਦਾ ਵਿਸ਼ਵਾਸ਼ ਦੁਆਇਆ ਕਿਸਾਨ ਆਗੂਆ ਨੇ ਦੱਸਿਆ ਕਿ ਇਹ ਮਾਰਚ ਨੂਰਮਹਿਲ ਦਾਣਾ ਮੰਡੀ ਤੋਂ ਸ਼ੁਰੂ ਕਰਕੇ ਫਿਲੌਰ ਤੋਂ ਹੋ ਕਿ ਟੋਲ ਪਲਾਜ਼ਾ ਤੱਕ ਜਾਵੇਗਾ ਜਦੋਂ ਤੱਕ ਕਿਸਾਨੀ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਮੀਟਿੰਗ ਨੂੰ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ, ਜ਼ਿਲ੍ਹਾ ਸਕੱਤਰ ਗੁਰਕਮਲ ਸਿੰਘ, ਗੁਰਨਾਮ ਸਿੰਘ ਤੱਗੜ, ਸੁਰਿੰਦਰ ਸਿੰਘ, ਹਰਦੀਪਸਿੰਘ, ਸੁਰਜੀਤ ਸਿੰਘ ਸਮਰਾ ਨੇ ਸੰਬੋਧਨ ਕੀਤਾ।

# ਬੈਂਸ ਗੋਤਰ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 28 ਨੂੰ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਬੈਂਸ ਗੋਤਰ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 28 ਜਨਵਰੀ ਦਿਨ ਐਤਵਾਰ ਨੂੰ ਪਿੰਡ ਪੰਡੋਰੀ ਤਹਿਸੀਲ ਫਗਵਾੜਾ ਵਿਖੇ ਪ੍ਰਬੰਧਕ ਕਮੇਟੀ ਵਲੋਂ ਸਮੂਹ ਬੈਂਸ ਪਰਵਾਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ 'ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਕਮੇਟੀ ਪ੍ਰਧਾਨ ਚੌਧਰੀ ਸੰਸਾਰ ਚੰਦ ਆਲੋਵਾਲ, ਗਿਆਨ ਚੰਦ ਸਮਰਾੜੀ ਉਪ ਪ੍ਰਧਾਨ, ਚੌਧਰੀ ਜੀਤ ਰਾਮ ਆਲੋਵਾਲ, ਸ਼ਿੰਦਰਪਾਲ ਰਿਟਾ. ਸੂਬੇਦਾਰ ਗੰਨਾ ਪਿੰਡ, ਹਰਨੇਕ ਸਿੰਘ ਜੰਡਿਆਲਾ, ਤਰਸੇਮ ਸਿੰਘ ਵਜੂਹੇ, ਸੋਖਾ ਰਾਏਪੁਰ ਅਰਾਈਆਂ ਅਤੇ ਮੋਤੀ ਰਾਮ ਕਿੰਗਰਾਂ ਨੇ ਦੱਸਿਆ ਕਿ ਸਵੇਰੇ ਝੰਡੇ ਅਤੇ ਚਰਾਗ਼ ਦੀ ਰਸਮ ਉਪਰੰਤ ਸਮੂਹ ਬੈਂਸ ਪਰਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ ਕੀਤੀ ਜਾਵੇਗੀ।

# ਪੰਜਾਬ ਮੰਡੀ ਬੋਰਡ ਦੀ ਫਲਾਇੰਗ ਟੀਮ ਨੇ ਨਾਕਾ ਲਗਾ ਕੀਤੀ ਚੈਕਿੰਗ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗੁਵਾਈ ਅਤੇ ਸਕੱਤਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਦੇ ਦਿਸ਼ਾ-ਨਿਰਦੇਸ਼ ਤਹਿਤ ਮੁੱਖ ਦਫਤਰ ਦੀ ਵਿਸ਼ੇਸ਼ ਫਲਾਇੰਗ ਸੁਕੇਡ ਟੀਮ ਵੱਲੋਂ ਲੁਧਿਆਣਾ-ਜਗਰਾਓ ਰੋਡ ਉਪਰ ਸਵੇਰੇ 3 ਵਜੇ ਵਿਸ਼ੇਸ਼ ਨਾਕਾ ਲਗਾਇਆ ਗਿਆ। ਇਸ ਦੌਰਾਨ ਟੀਮ ਵੱਲੋਂ ਗੱਡੀਆਂ ਨੂੰ ਰੋਕ ਕੇ ਖੇਤੀਬਾੜੀ ਜਿਣਸਾਂ ਨੂੰ ਚੈੱਕ ਕੀਤਾ ਗਿਆ। ਇਸ ਮੌਕੇ ਕੁੱਲ 23 ਗੱਡੀਆਂ ਵਿੱਚ ਚਾਵਲ, ਚਾਵਲ ਟੋਟਾ, ਨੱਕੂ ਪਾਇਆ ਗਿਆ। ਇਸ ਸਬੰਧ 'ਚ ਜਾਣਕਾਰੀ ਦਿੰਦੀਆਂ ਪੜਤਾਲੀਆਂ ਟੀਮ ਦੇ ਅਧਿਕਾਰੀ ਵੱਲੋਂ ਦੱਸਿਆ ਗਿਆ ਕਿ ਸਬੰਧਤ ਗੱਡੀਆਂ ਦੀ ਚੈਕਿੰਗ ਦੌਰਾਨ ਕਾਬੂ ਕੀਤੇ ਵੱਖ-ਵੱਖ ਦਸਤਾਵੇਜ ਜਿਵੇਂ ਕਿ ਬਿੱਲ, ਬਿਲਟੀਆਂ ਆਦਿ ਦੀ ਪੜਤਾਲ ਵਿਚਾਰ ਅਧੀਨ ਹੈ ਅਤੇ ਜਲਦ ਹੀ ਪੜਤਾਲ ਮੁਕੰਮਲ ਹੋਣ ਉਪਰੰਤ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਖੇਤੀਬਾੜੀ ਜਿਣਸਾਂ ਦੀ ਖਰੀਦ-ਵੇਚ ਉਪਰ ਬਣਦੀ ਮਾਰਕਿਟ ਫੀਸ ਅਤੇ ਆਰ ਡੀ ਐਫ ਦੀ ਪੂਰੀ ਵਸੂਲੀ ਨੂੰ ਯਕੀਨੀ ਬਣਾਇਆ ਜਾਵੇਗਾ।

# ਰਾਸ਼ਟਰੀ ਪਸ਼ੂ ਧਨ ਮਿਸ਼ਨ ਅਧੀਨ ਬਲਾਕ ਪੱਧਰੀ ਸੈਮੀਨਾਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਡੇਅਰੀ ਵਿਕਾਸ ਵਿਭਾਗ ਪੰਜਾਬ ਅਤੇ ਰਾਸ਼ਟਰੀ ਪਸ਼ੂ ਧਨ ਮਿਸ਼ਨ ਦੀਆਂ ਸਕੀਮਾਂ ਸੰਬੰਧੀ ਪਿੰਡ ਥਿੰਦਾ ਚਿਪੜਾ ਵਿਖੇ ਬਲਾਕ ਪੱਧਰੀ ਸੈਮੀਨਾਰ ਕਰਵਾਇਆ ਗਿਆ, ਜਿਸ 'ਚ ਪਿੰਡ ਥਿੰਦਾ ਚਿਪੜਾ ਅਤੇ ਆਲੇ-ਦੁਆਲੇ ਦੇ ਪਿੰਡਾਂ ਦੇ 200 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ। ਇਸ ਸੈਮੀਨਾਰ ਦਾ ਉਦਘਾਟਨ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਵਲੋਂ ਕੀਤਾ ਗਿਆ। ਉਨ੍ਹਾਂ ਨੇ ਡੇਅਰੀ ਵਿਭਾਗ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਦੁੱਧ ਉਤਪਾਦਕਾਂ ਨੂੰ ਵਿਭਾਗ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ। ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਹਰਵਿੰਦਰ ਸਿੰਘ ਨੇ ਫਾਰਮਰਾਂ ਨੂੰ ਡੇਅਰੀ ਦੀਆਂ ਸਕੀਮਾਂ ਜਿਵੇਂ ਕਿ ਡੀ.ਡੀ 8 ਕੈਟਲਸ਼ੈੱਡ, ਮਿਲਕਿੰਗ ਮਸ਼ੀਨ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਕਿਹਾ। ਉਨ੍ਹਾਂ ਸੈਮੀਨਾਰ ਦੌਰਾਨ ਰਾਸ਼ਟਰੀ ਪਸ਼ੂ ਧਨ ਮਿਸ਼ਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ, ਤਾਂ ਜੋ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਕਿ ਹਾਈਟੈੱਕ ਮਸ਼ੀਨਰੀ, ਚਾਰਾ ਪ੍ਰਬੰਧਨ, ਸਾਈਲੇਜ ਬੇਲਰ, ਰੈਪਰ ਮਸ਼ੀਨ ਅਤੇ ਟੀ.ਐਮ.ਆਰ 'ਤੇ ਮਿਲ ਰਹੀ 50 ਫੀਸਦੀ ਰਿਆਇਤ ਦਾ ਵੱਧ ਤੋਂ ਵੱਧ ਲਾਭ ਲਿਆ ਜਾ ਸਕੇ। ਇਸ ਦੌਰਾਨ ਬੈਂਕਾਂ ਦੇ ਨੁਮਾਇੰਦਿਆ ਨੇ ਮੁਦਰਾ ਅਤੇ ਸਟੈਂਡਅੱਪ ਅਧੀਨ ਮਿਲ ਰਹੀਆਂ ਕਰਜਾ ਯੋਜਨਾਵਾਂ ਸੰਬੰਧੀ ਜਾਗਰੂਕ ਕੀਤਾ।

ਇਸ ਸੈਮੀਨਾਰ ਵਿਚ ਸ਼ਾਮਲ ਹੋਏ ਡੇਅਰੀ ਉਤਪਾਦਕਾਂ ਨੂੰ ਰਜਿਸਟ੍ਰੇਸ਼ਨ ਸਮੇਂ ਲਿਟਰੇਚਰ ਕਿੱਟ, ਚਾਹ ਅਤੇ 2 ਕਿਲੋ ਮਿਨਰਲ ਮਿਕਚਰ ਪ੍ਰਤੀ ਫਾਰਮਰ ਅਤੇ ਦੁਪਿਹਰ ਦਾ ਖਾਣਾ ਮੁਫਤ ਮੁਹੱਈਆ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਵਿਭਾਗਾਂ ਅਤੇ ਕੰਪਨੀਆਂ ਵਲੋਂ ਆਪਣੇ ਸਟਾਲ ਲਗਾਏ ਗਏ। ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਹੁਸ਼ਿਆਰਪੁਰ ਦੇ ਸਮੂਹ ਸਟਾਫ ਵਲੋਂ ਡੇਅਰੀ ਫਾਰਮਰਾਂ ਅਤੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ।

# ਜ਼ਰੂਰਤਮੰਦ ਲੋਕਾਂ ਨੂੰ ਲਾਇਨਜ਼ ਕਲੱਬ ਨੇ ਵੰਡੇ ਕੰਬਲ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਲਾਇਨਜ਼ ਕਲੱਬ ਹੁਸ਼ਿਆਰਪੁਰ ਐਕਸ਼ਨ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਠੰਢ ਦੇ ਚਲਦੇ ਲੋੜਵੰਦਾਂ ਨੂੰ ਕੰਬਲ ਵੰਡੇ ਗਏ। ਕਲੱਬ ਮੈਂਬਰਾਂ ਵੱਲੋਂ ਬੀਤੀ ਰਾਤ ਸ਼ਹਿਰ ਦਾ ਦੌਰਾ ਕੀਤਾ ਗਿਆ ਜਿਸ 'ਚ ਇਹ ਦੇਖਿਆ ਗਿਆ ਕਿ ਕਈ ਬੇਘਰ ਲੋਕ ਬਿਨ੍ਹਾ ਕਿਸੇ ਸ਼ੈਲਟਰ ਤੋਂ ਸੜਕਾਂ ਕਿਨਾਰੇ ਸੁੱਤੇ ਪਏ ਸਨ, ਜਿਨ੍ਹਾਂ ਨੂੰ ਕਲੱਬ ਵੱਲੋਂ ਕੰਬਲ ਦਿੱਤੇ ਗਏ ਅਤੇ ਵਿੱਤੀ ਮੱਦਦ ਵੀ ਕੀਤੀ ਗਈ। ਕਲੱਬ ਮੈਂਬਰਾਂ ਵੱਲੋਂ ਸਭ ਨੂੰ ਇਹੋ ਜਿਹੇ ਲੋਕਾਂ ਜੋ ਕੀ ਬੇਘਰ ਹਨ, ਠੰਡ 'ਚ ਗੁੱਜਰ ਬਸਰ ਕਰ ਰਿਹੇ ਹਨ ਦੀ ਮੱਦਦ ਕਰਨ ਦੀ ਅਪੀਲ ਕੀਤੀ। ਇਸ ਮੌਕੇ ਕਲੱਬ ਡਾਇਰੈਕਟਰ ਦਲਜਿੰਦਰ ਸਿੰਘ, ਡਾਇਰੈਕਟਰ ਭੁਪਿੰਦਰ ਗੱਗੀ, ਡਾਇਰੈਕਟਰ ਮਨਜੀਤ ਸਹੋਤਾ, ਡਾਇਰੈਕਟਰ ਰਮਨ ਵਰਮਾ, ਡਾਇਰੈਕਟਰ ਗੁਰਵਿੰਦਰਜੀਤ ਸਿੰਘ ਅਤੇ ਕਲੱਬ ਪ੍ਰਧਾਨ ਰਸ਼ਪਾਲ ਸਿੰਘ ਮੌਜੂਦ ਸਨ।

# ਚਾਰ ਜ਼ਿਲ੍ਹਿਆਂ ਦੇ ਅਧਿਕਾਰੀਆਂ ਵੱਲੋਂ ਚੋਣ ਪ੍ਰਚਾਰ ਸਮੱਗਰੀ ਦੀਆਂ ਦਰਾਂ ਤੈਅ ਕਰਨ ਸੰਬੰਧੀ ਵਿਚਾਰ-ਵਟਾਂਦਰਾ

**ਜਲੰਧਰ, (ਸੁਰਿੰਦਰ ਕੁਮਾਰ)** ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਰਾਜ ਪੱਧਰੀ ਕਮੇਟੀ ਦੇ ਮੈਂਬਰਾਂ ਵੱਲੋਂ ਉਮੀਦਵਾਰਾਂ ਵੱਲੋਂ ਚੋਣ ਪ੍ਰਚਾਰ 'ਤੇ ਕੀਤੇ ਜਾਣ ਖਰਚੇ ਦੀ ਗਣਨਾ ਲਈ 201 ਵਸਤਾਂ ਦੀਆਂ ਦਰਾਂ ਤੈਅ ਕਰਨ ਲਈ ਵਿਸਥਾਰਪੂਰਵਕ ਚਰਚਾ ਕੀਤੀ ਗਈ। ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਹੁਸ਼ਿਆਰਪੁਰ) ਰਾਹੁਲ ਚਾਬਾ, ਵਧੀਕ ਡਿਪਟੀ ਕਮਿਸ਼ਨਰ (ਐਸ ਬੀ ਐਸ ਨਗਰ) ਰਾਜੀਵ ਵਰਮਾ ਅਤੇ ਕਪੂਰਥਲਾ ਜਿਲ੍ਹੇ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਚੋਣ ਪ੍ਰਚਾਰ ਸਮਗਰੀ 'ਤੇ ਖਰਚ ਹੋਣ ਪੈਸੇ 'ਤੇ ਨਜ਼ਰ ਰੱਖਣ ਲਈ ਚੋਣ ਦਫਤਰ ਵੱਲੋਂ ਚੋਣ ਪ੍ਰਚਾਰ 'ਚ ਵਰਤੀ ਜਾਣ ਵਾਲੀ ਸਮਗਰੀ ਅਤੇ ਵਾਹਨਾਂ ਦੀ ਸੂਚੀ ਤਿਆਰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਾਰਕੀਟ ਰੇਟਾਂ ਨੂੰ ਧਿਆਨ ਵਿੱਚ ਰੱਖਦਿਆਂ ਵਸਤਾਂ ਦੀ ਸੂਚੀ ਤਿਆਰ ਕੀਤੀ ਗਈ ਹੈ ਤਾਂ ਜੋ ਉਮੀਦਵਾਰਾਂ ਵੱਲੋਂ ਕੀਤੇ ਜਾਣ ਵਾਲੇ ਖਰਚੇ ਦਾ ਆਸਾਨੀ ਨਾਲ ਹਿਸਾਬ ਲਾਇਆ ਜਾ ਸਕੇ।

ਸ੍ਰੀ ਸਾਰੰਗਲ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਵਸਤਾਂ ਦੀਆਂ ਦਰਾਂ ਮਾਰਕੀਟ ਰੇਟ ਦੇ 10 ਫੀਸਦੀ ਤੋਂ ਵੱਧ ਨਾ ਹੋਣ।

# ਪੰਜਾਬ ਦੇ ਬਾਗਬਾਨੀ ਖੇਤਰ ਲਈ ਨਵੀਨਤਮ ਤਕਨੀਕਾਂ ਪ੍ਰਦਾਨ ਕਰੇਗਾ ਇਜ਼ਰਾਈਲ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਦੇ ਬਾਗਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਸੂਬੇ 'ਚ ਖੇਤੀਬਾੜੀ ਤਕਨੀਕਾਂ ਨੂੰ ਹੋਰ ਵਿਕਸਿਤ ਕਰਨ ਸੰਬੰਧੀ ਆਪਸੀ ਸਹਿਯੋਗ ਦੇ ਮੌਕੇ ਤਲਾਸ਼ਣ ਲਈ ਇਜਰਾਈਲ ਦੇ ਉੱਚ-ਪੱਧਰੀ ਵਫਦ ਨਾਲ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਬਾਗਬਾਨੀ ਪ੍ਰਾਜੈਕਟਾਂ 'ਚ ਮੌਜੂਦਾ ਭਾਈਵਾਲੀ ਦੇ ਆਧਾਰ 'ਤੇ ਖੇਤੀ ਵਿੱਚ ਡਿਜੀਟਲ ਕ੍ਰਾਂਤੀ ਦੀ ਲੋੜ 'ਤੇ ਜੋਰ ਦਿੱਤਾ ਗਿਆ। ਪੰਜਾਬ 'ਚ ਇਜਰਾਈਲੀ ਭਾਈਵਾਲੀ ਨਾਲ ਬਾਗਬਾਨੀ ਖੇਤਰ 'ਚ ਪਹਿਲਾਂ ਵੀ ਕਈ ਪ੍ਰਾਜੈਕਟ ਚਲਾਏ ਜਾ ਰਹੇ ਹਨ।

ਪੰਜਾਬ ਸਿਵਲ ਸਕੱਤਰੇਤ ਸਥਿਤ ਆਪਣੇ ਦਫਤਰ ਵਿਖੇ ਮੀਟਿੰਗ ਦੌਰਾਨ ਇਜਰਾਈਲੀ ਸਫਾਰਤਖਾਨੇ ਦੇ ਨਵੀਂ ਦਿੱਲੀ ਵਿਖੇ ਗ੍ਰਹਿ ਮਾਮਲਿਆਂ ਬਾਰੇ ਸਿਆਸੀ ਸਲਾਹਕਾਰ ਮੈਡਮ ਹਦਾਸ ਬਖਸਤ ਨਾਲ ਮੁਲਾਕਾਤ ਦੌਰਾਨ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲਾ ਪਾਣੀ ਬੜੀ ਤੇਜ ਰਫਤਾਰ ਨਾਲ ਘੱਟ ਰਿਹਾ ਹੈ ਜਿਸ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਇਜਰਾਈਲ ਤੋਂ ਘੱਟ ਪਾਣੀ ਨਾਲ ਵੱਧ ਝਾੜ ਦੇਣ ਵਾਲੀਆਂ ਅਤੇ ਬਿਮਾਰੀ ਤੇ ਵਾਇਰਸ ਰਹਿਤ ਬਾਗਬਾਨੀ ਦੀਆਂ ਕਿਸਮਾਂ ਉਪਲਬਧ ਕਰਵਾਉਣ ਲਈ ਕਿਹਾ। ਕੈਬਨਿਟ ਮੰਤਰੀ ਨੇ ਸੂਬੇ ਵਿੱਚ ਕਿੰਨੂ ਦੀ ਬੰਪਰ ਫਸਲ ਹੋਣ 'ਤੇ ਕਿੰਨੂ ਦੀ ਸਾਰੀ ਉਪਜ ਦੀ ਮਾਰਕਟਿੰਗ ਯਕੀਨੀ ਬਣਾਉਣ ਲਈ ਖੇਤ ਤੋਂ ਮੰਡੀ ਤੱਕ ਦੇ ਤਕਨਾਲੋਜੀ ਮੁਹੱਈਆ ਕਰਵਾਉਣ ਲਈ ਵੀ ਕਿਹਾ। ਉਨ੍ਹਾਂ ਆਪਸੀ ਸਹਿਯੋਗ ਲਈ ਮੁੱਖ ਖੇਤਰਾਂ ਨੂੰ ਉਜਾਗਰ ਕੀਤਾ, ਜਿਨ੍ਹਾਂ ਵਿੱਚ ਕੀਟਾਂ ਦੇ ਨਾਸ਼ ਦੇ ਖਾਤਮੇ, ਜਲਵਾਯੂ ਅਤੇ ਮਿੱਟੀ ਲਈ ਨਿਗਰਾਨ ਪ੍ਰਣਾਲੀਆਂ ਹਿੱਤ ਡਿਜੀਟਲ ਹੱਲ ਵਿਕਸਿਤ ਕਰਨਾ, ਫਸਲ ਉਪਜ ਲਈ ਮਸਨੂਈ ਬੌਧਿਕਤਾ (ਏ.ਆਈ), ਡਿਜੀਟਲ ਸਪੋਰਟ ਸਿਸਟਮ, ਵਾਢੀ ਅਤੇ ਸਪਰੇਆਂ ਲਈ ਡਰੋਨਾਂ ਦੀ ਵਰਤੋਂ ਅਤੇ ਮਿਆਰੀ ਖੇਤੀ ਲਈ ਸਾਫਟਵੇਅਰ ਸਲਿਊਸ਼ਨ ਵਿਕਸਿਤ ਕਰਨਾ ਸਾਮਲ ਹੈ। ਵਿਚਾਰ-ਚਰਚਾ ਦੌਰਾਨ ਭੋਜਨ ਦੀ ਵਧਦੀ ਮੰਗ ਦੇ ਹੱਲ ਲਈ ਗ੍ਰੀਨਹਾਊਸਿਜ਼ ਅਤੇ ਹਾਈਡ੍ਰੋਪੋਨਿਕ ਖੇਤੀ ਵਿੱਚ ਸਾਲ ਭਰ ਕਾਸਤ ਦੀ ਸੰਭਾਵਨਾ ਬਾਰੇ ਵੀ ਵਿਚਾਰ ਕੀਤਾ ਗਿਆ।

ਨਿੰਬੂ ਪ੍ਰਜਾਤੀ ਦੀ ਖੇਤੀ ਵਿੱਚ ਉੱਨਤ ਅਭਿਆਸਾਂ ਦੀ ਲੋੜ ਦਾ ਜ਼ਿਕਰ ਕਰਦਿਆਂ ਸ. ਚੇਤਨ ਸਿੰਘ ਜੌੜਾਮਾਜਰਾ ਨੇ ਜੈਵਿਕ ਰਹਿੰਦ-ਖੂਹੰਦ ਦੇ ਪ੍ਰਭਾਵੀ ਪ੍ਰਬੰਧਨ ਲਈ ਬਾਈ-ਪ੍ਰੋਡੱਕਟ ਤਕਨੀਕਾਂ ਦੇ ਏਕੀਕਰਨ ਦੀ ਤਜਵੀਜ਼ ਰੱਖੀ।

ਭਵਿੱਖੀ ਸੰਭਾਵਨਾਵਾਂ ਦੇ ਮੱਦੇਨਜ਼ਰ ਮੰਤਰੀ ਨੇ ਖੇਤੀਬਾੜੀ ਵਿਸਤਾਰ ਪ੍ਰਣਾਲੀਆਂ 'ਚ ਵਿਸ਼ਵਵਿਆਪੀ ਰੁਝਾਨਾਂ ਨੂੰ ਅਪਣਾਉਣ ਦੀ ਗੱਲ ਆਖੀ। ਇਸ ਤੋਂ ਇਲਾਵਾ ਉਨ੍ਹਾਂ ਨੇ 10 ਤੋਂ 20 ਅਧਿਕਾਰੀਆਂ ਦਾ ਇੱਕ ਵਫ਼ਦ ਇਜ਼ਰਾਈਲ ਭੇਜਣ ਦੀ ਇੱਛਾ ਵੀ ਪ੍ਰਗਟਾਈ ਤਾਂ ਜੋ ਅਜਿਹੀਆਂ ਨਵੀਨਤਾਕਾਰੀ ਤੇ ਲਾਭਕਾਰੀ ਪ੍ਰਣਾਲੀਆਂ ਪੰਜਾਬ 'ਚ ਲਾਗੂ ਕੀਤੀਆਂ ਜਾ ਸਕਣ ਅਤੇ ਸੂਬੇ ਦੇ ਕਿਸਾਨਾਂ ਦੇ ਜੀਵਨ-ਪੱਧਰ ਨੂੰ ਹੋਰ ਬਿਹਤਰ ਤੇ ਉਜਵਲ ਬਣਾਇਆ ਜਾ ਸਕੇ।

# ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਵਿਕਾਸ ਪ੍ਰਾਜੈਕਟਾਂ 'ਚ ਤੇਜ਼ੀ ਲਿਆਉਣ ਦੀਆਂ ਹਦਾਇਤਾਂ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** :-ਡਿਪਟੀ ਕਮਿਸ਼ਨਰ ਵਿਸੇਸ ਸਾਰੰਗਲ ਨੇ ਮੰਗਲਵਾਰ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਤੇਜੀ ਲਿਆਉਣ ਦੇ ਨਾਲ-ਨਾਲ ਕੰਮਾਂ ਨੂੰ ਮਿਆਰੀ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਪ੍ਰਾਜੈਕਟਾਂ ਦਾ ਸਮੇਂ ਸਿਰ ਲਾਭ ਮਿਲ ਸਕੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਭਾਗਾਂ ਨਾਲ ਹੋਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਚੱਲ ਰਹੇ ਸਾਰੇ ਵਿਕਾਸ ਪ੍ਰਾਜੈਕਟਾਂ ਦੀ ਸਥਿਤੀ ਬਾਰੇ ਤੁਰੰਤ ਮੁਕੰਮਲ ਰਿਪੋਰਟ ਸੌਂਪਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਚੱਲ ਰਹੇ ਹਨ ਅਤੇ ਲੋਕਾਂ ਦੀ ਸਹੂਲਤ ਲਈ ਇਨ੍ਹਾਂ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰੇ ਕੰਮਾਂ ਨੂੰ ਘੱਟ ਤੋਂ ਘੱਟ ਸਮੇਂ ਵਿੱਚ ਪੂਰਾ ਕਰਨ ਲਈ ਉਪਰਾਲੇ ਤੇਜ਼ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪ੍ਰਾਜੈਕਟਾਂ ਦੇ ਮੁਕੰਮਲ ਹੋਣ ਵਿੱਚ ਕਿਸੇ ਕਿਸਮ ਦੀ ਢਿੱਲ ਨਹੀਂ ਵਰਤੀ ਜਾਣੀ ਚਾਹੀਦੀ। ਸਾਰੰਗਲ ਨੇ ਕਿਹਾ ਕਿ ਉਨ੍ਹਾਂ ਵੱਲੋਂ ਖੁਦ ਵਿਕਾਸ ਪ੍ਰਾਜੈਕਟਾਂ ਦੀ ਨਿਗਰਾਨੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਲੰਧਰ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਸੰਜੀਦਾ ਯਤਨ ਕੀਤੇ ਜਾ ਰਹੇ ਹਨ ਅਤੇ ਪ੍ਰਾਜੈਕਟਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਹਰੇਕ ਵਿਭਾਗ ਨੂੰ ਇੱਕ ਦਿਨ ਦੇ ਅੰਦਰ ਵੇਰਵੇ ਜਮ੍ਹਾ ਕਰਾਉਣ ਲਈ ਕਿਹਾ ਤਾਂ ਜੋ ਕੰਮਾਂ ਦੀ ਤਾਜ਼ਾ ਸਥਿਤੀ ਬਾਰੇ ਤਸਵੀਰ ਸਪੱਸਟ ਹੋ ਸਕੇ ਅਤੇ ਉਨ੍ਹਾਂ ਨੂੰ ਜਲਦ ਮੁਕੰਮਲ ਕਰਨ ਲਈ ਰਿਪੋਰਟ ਅਨੁਸਾਰ ਤੇਜੀ ਨਾਲ ਕਾਰਵਾਈ ਕੀਤੀ ਜਾ ਸਕੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਜੇਕਰ ਉਨ੍ਹਾਂ ਨੂੰ ਕੋਈ ਸਮੱਸਿਆ ਜਾਂ ਰੁਕਾਵਟ ਪੇਸ਼ ਆਉਂਦੀ ਹੈ ਤਾਂ ਉਹ ਸਿੱਧੇ ਤੌਰ 'ਤੇ ਉਨ੍ਹਾਂ ਦੇ ਧਿਆਨ ਵਿੱਚ ਲਿਆ ਸਕਦੇ ਹਨ। ਉਨ੍ਹਾਂ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਆਪਣੇ ਅਧਿਕਾਰ ਖੇਤਰ ਅਧੀਨ ਆਉਂਦੇ ਇਨ੍ਹਾਂ ਕੰਮਾਂ ਦੀ ਵਿਅਕਤੀਗਤ ਤੌਰ 'ਤੇ ਸਮੀਖਿਆ ਕਰਨ ਲਈ ਵੀ ਕਿਹਾ। ਇਸ ਮੌਕੇ ਨਗਰ ਨਿਗਮ ਦੇ ਕਮਿਸਨਰ ਅਦਿੱਤਿਆ ਉੱਪਲ, ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਤੇ ਮੇਜਰ ਡਾ. ਅਮਿਤ ਮਹਾਜਨ ਆਦਿ ਵੀ ਮੌਜੂਦ ਸਨ।

# ਪ੍ਰਾਣ ਪ੍ਰਤਿਸ਼ਠਾ ਮੌਕੇ ਸਜਾਈ ਸ਼ੋਭਾ ਯਾਤਰਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਅਯੁੱਧਿਆ ਵਿਖੇ ਭਗਵਾਨ ਰਾਮ ਦੇ ਬਾਲ ਸਰੂਪ ਦੀ ਮੂਰਤੀ 'ਚ ਪ੍ਰਾਣ ਪ੍ਰਤਿਸ਼ਠਾ ਸੰਬੰਧੀ ਸਮਾਗਮ ਮੌਕੇ ਸ਼੍ਰੀ ਰਾਧਾ ਕ੍ਰਿਸ਼ਨ ਸੇਵਾ ਸੰਮਿਤੀ ਕਟਹਿਰਾ ਚੌਂਕ ਫਗਵਾੜਾ ਵੱਲੋਂ ਕੌਮੀ ਸੇਵਕ ਰਾਮ ਲੀਲਾ ਉਤਸਵ ਕਮੇਟੀ ਦੇ ਸਹਿਯੋਗ ਨਾਲ ਸਥਾਨਕ ਮੌਨੀ ਬਾਬਾ ਮੰਦਰ ਪੁਰਾਣੀ ਦਾਣਾ ਮੰਡੀ ਤੋਂ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਜਿਸ 'ਚ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਅਨੀਤਾ ਸੋਮ ਪ੍ਰਕਾਸ਼ ਸੈਂਕੜੇ ਰਾਮ ਭਗਤਾਂ ਦੇ ਨਾਲ ਸ਼ਾਮਲ ਹੋਏ। ਉਨ੍ਹਾਂ ਨੇ ਅਯੁੱਧਿਆ 'ਚ ਰਾਮਲਲਾ ਦੇ ਵਿਰਾਜਮਾਨ ਹੋਣ ਦੀ ਸਾਰਿਆਂ ਨੂੰ ਮੁਬਾਰਕਬਾਦ ਦਿੱਤੀ। ਇਹ ਸ਼ੋਭਾ ਯਾਤਰਾ ਸੈਂਟਰਲ ਟਾਊਨ, ਗੁਰੂ ਹਰਗੋਬਿੰਦ ਨਗਰ, ਗੁੜ ਮੰਡੀ ਰੋਡ, ਗਾਂਧੀ ਚੌਕ, ਬਾਂਸਾਵਾਲਾ ਬਾਜ਼ਾਰ, ਗਊਸ਼ਾਲਾ ਬਾਜ਼ਾਰ, ਸਰਾਏ ਰੋਡ, ਬੰਗਾ ਰੋਡ ਤੋਂ ਹੁੰਦੀ ਹੋਈ ਪੇਪਰ ਚੌਕ ਰਾਹੀਂ ਸ਼੍ਰੀ ਹਨੂੰਮਾਨਗੜ੍ਹੀ ਮੰਦਿਰ ਜੀ ਟੀ ਰੋਡ ਪਹੁੰਚ ਕੇ ਸਮਾਪਤ ਹੋਈ। ਸ਼ੋਭਾ ਯਾਤਰਾ ਦੀ ਸਮਾਪਤੀ ਮੌਕੇ ਸ਼੍ਰੀ ਹਨੂੰਮਾਨਗੜ੍ਹੀ ਮੰਦਿਰ ਵਿਖੇ ਲੰਗਰ ਦਾ ਵੀ ਪ੍ਰਬੰਧ ਸੀ। ਅਖੀਰ 'ਚ ਅਰੁਣ ਖੋਸਲਾ ਨੇ ਪ੍ਰਬੰਧਕਾਂ ਵਲੋਂ ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਮੈਡਮ ਅਨੀਤਾ ਸੋਮ ਪ੍ਰਕਾਸ਼ ਅਤੇ ਸਮੂਹ ਪਤਵੰਤਿਆਂ, ਮੰਦਰ ਕਮੇਟੀਆਂ, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦਾ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਕੀਤਾ।

# ਹਾਰਸ ਰਾਈਡਰਜ਼ ਸੋਸਾਇਟੀ ਨੇ ਘੋੜਸਵਾਰੀ ਸ਼ੋਅ ਕਰਵਾਇਆ

**ਚੰਡੀਗੜ੍ਹ, (ਗੁਰਜੀਤ ਬਿੱਲਾ)**— ਚੰਡੀਗੜ੍ਹ ਹਾਰਸ ਰਾਈਡਰਜ ਸੋਸਾਇਟੀ ਵੱਲੋਂ ਕਰਵਾਏ ਗਏ ਸੀ.ਐਚ.ਆਰ.ਐਸ. ਘੋੜਸਵਾਰੀ ਸ਼ੋਅ ਕਰਵਾਇਆ ਗਿਆ ਜਿਸ ਵਿੱਚ ਦੋਵੇਂ ਦਿਨ ਸੀ.ਐਚ.ਆਰ.ਐਸ. ਦੇ ਰਾਈਡਰਸ (ਘੋੜਸਵਾਰਾਂ) ਦੀ ਝੰਡੀ ਰਹੀ ਅਤੇ ਹਰਸ ਵਰਧਨ ਨੂੰ ਓਪਨ ਕੈਟੇਗਰੀ ਅਤੇ ਸੁਹਰਸ ਭੂਯਾਨ ਨੂੰ ਜੂਨੀਅਰ/ਯੰਗ ਰਾਈਡਰ ਕੈਟੇਗਰੀ ਵਿੱਚ ਬੈਸਟ ਰਾਈਡਰ ਐਲਾਨਿਆ ਗਿਆ।

ਟ੍ਰਾਈਸਿਟੀ ਦੇ ਵੱਖ-ਵੱਖ ਸਕੂਲਾਂ ਜਿਵੇਂ ਕਿ ਸੇਂਟ ਜੌਨਸ, ਸੌਪਿਨਸ ਅਤੇ ਵਿਵੇਕ ਹਾਈ ਅਤੇ ਟ੍ਰਾਈਸਿਟੀ ਤੇ ਪੰਜਾਬ ਦੇ ਹੋਰ ਵੱਖ-ਵੱਖ ਰਾਈਡਿੰਗ ਸਕੂਲਾਂ ਜਿਵੇਂ ਕਿ ਤ੍ਰਿਵੈਣੀ ਰਾਈਡਿੰਗ ਸਕੂਲ ਅਤੇ ਹੋਰ ਰਾਈਡਿੰਗ ਕਲੱਬਾਂ ਦੇ ਰਾਈਡਰਾਂ (ਘੋੜਸਵਾਰਾਂ) ਨੇ ਹਿੱਸਾ ਲਿਆ। ਘੋੜਸਵਾਰੀ ਸੋਅ ਵਿੱਚ ਸਿਕਸ ਬਾਰਸ ਦੇ ਨਤੀਜਿਆਂ ਵਿੱਚ ਹਰਸ ਗਰੇਵਾਲ (ਸੀ.ਐਚ.ਆਰ.ਐਸ.) ਨੇ ਪਹਿਲਾ, ਸੁਹਰਸ ਭੂਯਾਨ (ਸੀ.ਐਚ.ਆਰ.ਐਸ.) ਤੇ ਰਈਸਾ (ਟੀ.ਆਰ.ਐਸ. ਰਾਈਡਿੰਗ ਕਲੱਬ) ਨੇ ਤੀਜਾ, 100 ਸੈਂਟੀਮੀਟਰ ਓਪਨ ਵਿੱਚ ਹਰਸ (ਸੀ.ਐਚ.ਆਰ.ਐਸ.) ਨੇ ਪਹਿਲਾ, ਸੁਹਰਸ (ਸੀ.ਐਚ.ਆਰ.ਐਸ.) ਨੇ ਦੂਜਾ ਤੇ ਹਰਸ ਨੇ ਤੀਜਾ, 90 ਸੈਂਟੀਮੀਟਰ ਓਪਨ ਵਿੱਚ ਹਰਸ (ਸੀ.ਐਚ.ਆਰ.ਐਸ.) ਨੇ ਦੂਜਾ, ਸੁਹਰਸ- (ਸੀ.ਐਚ.ਆਰ.ਐਸ.) ਨੇ ਦੂਜਾ ਤੇ ਦੀਪਇੰਦਰ (ਦਿ ਰੈਂਚ) ਨੇ ਤੀਜਾ, ਟ੍ਰੌਟਿੰਗ ਰੇਸ ਈਵੈਂਟ ਗਰੁੱਪ - 2 ਵਿੱਚ ਸੁਹਾਵਾ ਭਗਤ ਨੇ ਪਹਿਲਾ ਅਤੇ ਟ੍ਰੌਟਿੰਗ ਰੇਸ ਈਵੈਂਟ ਗਰੁੱਪ - 3 ਵਿੱਚ ਪਰਵ ਨੇ ਪਹਿਲਾ ਸਥਾਨ ਹਾਸਲ ਕੀਤਾ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ



**ਬਹਿਰਾਮ (ਅਵਤਾਰ ਕਲੇਰ, ਕੁਲਵਿੰਦਰ ਦੁਰਗਾਪੁਰੀਆ)** ਪੰਜਾਬ ਪੈਨਸ਼ਨਰਜ਼ ਯੂਨੀਅਨ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ ਪੈਨਸ਼ਨ ਡੇ ਨੂੰ ਸਮਰਪਿਤ ਦਲਜੀਤ ਸਿੰਘ ਸੁੱਜੋਂ ਦੀ ਪ੍ਰਧਾਨਗੀ ਹੇਠ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਕੀਤੀ ਗਈ।ਮੀਟਿੰਗ ਦੀ ਸ਼ੁਰੂਆਤ ਵਿਛੜੇ ਸਾਥੀਆਂ ਰਾਮ ਨਰੰਜਣ ਚੀਫ਼ ਇੰਸਪੈਕਟਰ, ਮੇਜਰ ਸਿੰਘ ਦਾਦੂਵਾਲ, ਵਡੋਦਰਾ ਵਿਚ ਝੀਲ ਵਿੱਚ ਮਾਰੇ ਗਏ ਅਧਿਆਪਕਾਂ ਤੇ ਸਕੂਲੀ ਬੱਚਿਆਂ ਅਤੇ ਧੁੰਦ ਕਾਰਨ ਹਾਦਸੇ ਵਿੱਚ ਮਾਰੇ ਗਏ ਜਵਾਨਾ ਨੂੰ ਸ਼ਰਧਾਂਜਲੀ ਭੇਟ ਕਰਨ ਨਾਲ ਕੀਤੀ ਗਈ।ਇਸ ਤੋਂ ਬਾਅਦ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਕੰਦ ਲਾਲ ਨੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ 7 ਜਨਵਰੀ ਨੂੰ ਟਰਾਂਸਪੋਰਟ ਮੰਤਰੀ ਲਾਲ ਜੀਤ ਭੁੱਲਰ ਨਾਲ ਹੋਈ ਗੱਲਬਾਤ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਹਮਦਰਦੀ ਨਾਲ ਮੰਗਾਂ ਤੇ ਸਹਿਮਤੀ ਪ੍ਰਗਟਾਉਂਦਿਆਂ ਇੱਕ ਮਹੀਨੇ ਵਿੱਚ ਮੰਨਣ ਦਾ ਭਰੋਸਾ ਦਿੱਤਾ।ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਅਤੇ ਕੇਂਦਰੀ ਟਰੇਡ ਯੂਨੀਅਨਾਂ ਅਤੇ ਪੰਜਾਬ ਦੀ ਮੁਲਾਜ਼ਮ ਫੈਡਰੇਸ਼ਨਾਂ ਵੱਲੋਂ 26 ਜਨਵਰੀ ਦੇ ਜ਼ਿਲ੍ਹਾ ਹੈਡਕੁਆਰਟਰਾਂ 'ਤੇ ਟਰੈਕਟਰ ਮਾਰਚ ਕਰਨ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਵੱਖ ਵੱਖ ਮੈਂਬਰਾਂ ਜਗਤਾਰ ਸਿੰਘ ਸੀਨੀਅਰ ਮੀਤ ਪ੍ਰਧਾਨ, ਬਾਬਾ ਮਲਕੀਤ ਸਿੰਘ ਨੇ ਪੈਨਸ਼ਨਰਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਨਾਲ ਨਾਲ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਪੈਨਸ਼ਨਰਾਂ, ਮੁਲਾਜ਼ਮਾਂ ਪ੍ਰਤੀ ਵਤੀਰੇ ਦੀ ਨਿੰਦਾ ਕੀਤੀ।ਮੁਕੰਦ ਲਾਲ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਗੋਇੰਦਵਾਲ ਸਾਹਿਬ ਦਾ ਨਿੱਜੀ ਥਰਮਲ ਪਲਾਂਟ ਖਰੀਦ ਕੇ ਸਰਕਾਰ ਦੀ ਝੋਲੀ ਪਾਉਣਾ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਸਾਡੇ 12% ਰਹਿੰਦੇ ਡੀ ਏ ਵਿੱਚੋਂ 8% ਰਹਿੰਦਾ ਡੀ ਏ ਦਿੱਤਾ ਜਾਵੇ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ।ਇਸ ਤੋਂ ਬਾਅਦ 65, 70 ਸਾਲ ਦੀ ਉਮਰ ਪਾਰ ਕਰ ਚੁੱਕੇ ਸ੍ਰੀ ਸ਼ਾਮ ਲਾਲ, ਬਾਬਾ ਸੁਰਿੰਦਰ ਸਿੰਘ, ਦੇਸ ਰਾਜ, ਸੋਹਣ ਸਿੰਘ ਸੋਨਾ, ਅਜਮੇਰ ਸਿੰਘ, ਬਾਬਾ ਮਲਕੀਤ ਸਿੰਘ, ਕਸ਼ਮੀਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ, ਪ੍ਰੇਮ ਸਿੰਘ ਬਘੌਰਾਂ , ਉਮਰਾਓ ਸਿੰਘ ਇੰਸਪੈਕਟਰ, ਗੁਰਪਾਲ ਸਿੰਘ, ਮਹਿੰਦਰ ਸਿੰਘ ਬੀੜ ਪੁਆਧ, ਸੁਰਿੰਦਰ ਕੁਮਾਰ ਗਰਚਾ, ਜੀਵਨ ਦਾਸ, ਸੁਖਦੇਵ ਸਿੰਘ ਮਝੂਰ, ਸੁਰਜੀਤ ਸਿੰਘ ਮਾਣਕ, ਸੋਹਣ ਸਿੰਘ ਸੋਨਾ, ਸੋਹਣ ਸਿੰਘ ਮਹਿਤਪੁਰ ਆਦਿ ਹਾਜ਼ਰ ਸਨ।

# ਨਵ-ਜੰਮੀਆਂ ਧੀਆਂ ਦੀ ਲੋਹੜੀ ਮਨਾਈ



**ਫਿਲੌਰ (ਨਿਰਮਲ)**- ਲੋਹੜੀ ਦਾ ਪ੍ਰੋਗਰਾਮ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਅੱਪਰਾ ਅਤੇ ਨਗਰ ਸਰਕਲ ਦੇ ਸਾਰੇ ਆਗਨਵਾੜੀ ਸੈਂਟਰਾਂ ਵਿੱਚ 13 ਜਨਵਰੀ ਤੋਂ ਲੈ ਕੇ 20 ਜਨਵਰੀ ਤੱਕ ਧੀਆਂ ਦੀ ਲੋਹੜੀ ਸਮਾਗਮ ਬੜੇ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਡਾਇਰੈਕਟ ਸਮਾਜਿਕ 'ਤੇ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਚੰਡੀਗੜ੍ਹ ਦੇ ਹੁਕਮਾਂ ਦੀ ਇੰਨ ਬਿੰਨ ਪਾਲਣਾ ਕਰਦੇ ਹੋਏ ਜਿਲ੍ਹਾਂ ਪ੍ਰੋਗਰਾਮ ਅਫ਼ਸਰ ਜਲੰਧਰ ਮਨਜਿੰਦਰ ਸਿੰਘ 'ਤੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਫਿਲੌਰ ਮਿਸ ਨੀਲਮ ਦੀ ਅਗਵਾਈ ਹੇਠ ਪਿੰਡ ਨਗਰ ਸਰਕਲ ਅਤੇ ਅੱਪਰਾ ਸਰਕਲ ਦੇ ਸਾਰੇ ਸੈਂਟਰਾਂ ਵਿੱਚ ਬਲਾਕ ਫਿਲੌਰ ਵਿਖੇ ਧੀਆਂ ਦੀ ਲੋਹੜੀ ਸਮਾਗਮ ਵਧੀਆ ਢੰਗ ਨਾਲ ਮਨਾਉਣ ਦੇ ਉੱਚਿਤ ਪ੍ਰਬੰਧ ਕੀਤੇ ਗਏ। ਜਿਸ ਵਿੱਚ ਪੰਚਾਇਤ ਮੈਂਬਰਾਂ ਤੋਂ ਇਲਾਵਾ ਹਰ ਪਿੰਡ ਦੇ ਮੋਹਤਬਰ ਸਖਸ਼ੀਅਤਾਂ ਦਾ ਵੀ ਖਾਸ ਸਹਿਯੋਗ ਰਿਹਾ ਜਿਨਾਂ ਨੇ ਧੀਆਂ ਅਤੇ ਪੁੱਤਰਾਂ ਨੂੰ ਇੱਕ ਸਮਾਨ ਰੁਤਬਾ ਦੇਣ ਦੀ ਗੱਲ ਆਖੀ ਗਈ। ਮੈਡਮ ਕੁਲਵੀਰ ਕੌਰ ਵਲੋਂ ਇਸ ਮੌਕੇ ਕਿਹਾ ਕਿ ਜੋ ਮਾਵਾਂ ਆਪਣੀਆਂ ਬੱਚੀਆਂ ਨੂੰ ਨਾਲ ਲੈ ਕੇ ਆਇਆ ਸਨ ਸਾਰਿਆ ਦਾ ਧੰਨਵਾਦ ਕੀਤਾ ਅਤੇ ਹਰ ਆਏ ਹੋਏ ਸ਼ਖਸ ਨੂੰ ਲੋਹੜੀ ਮੌਕੇ ਤੇ ਮੂੰਗਫਲੀ ਰਿਉੜੀਆਂ ਵੰਡ ਕੇ ਖੁਸ਼ੀ ਸਾਂਝੀ ਕੀਤੀ ਅਤੇ ਨਾਲ ਹੀ ਧੀਆਂ ਨੂੰ ਪੁੱਤਰਾਂ ਵਾਂਗ ਹੀ ਪਾਲਣ ਪੋਸ਼ਣ ਕਰਨ ਲਈ ਪ੍ਰੇਰਨਾ ਦਿੱਤੀ।ਇਸ ਮੌਕੇ ਨਵ ਜੰਮੀਆਂ ਬੱਚੀਆਂ ਨੂੰ ਤੋਹਫਿਆ ਨਾਲ ਨਿਵਾਜਿਆ ਗਿਆ।

# 48 ਘੰਟਿਆਂ 'ਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਚੋਰੀ ਦਾ ਮਾਮਲਾ ਸੁਲਝਾਇਆ



**ਜਲੰਧਰ, -(ਸ਼ੈਲੀ ਐਲਬਰਟ)**:-ਸ਼ਹਿਰ ਵਿੱਚ ਅਪਰਾਧ ਨੂੰ ਨੱਥ ਪਾਉਣ ਲਈ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ 48 ਘੰਟਿਆਂ ਦੇ ਅੰਦਰ ਦੋ ਚੋਰਾਂ ਨੂੰ ਕਾਬੂ ਕਰਕੇ ਇੱਕ ਚੋਰੀ ਦਾ ਮਾਮਲਾ ਸੁਲਝਾ ਲਿਆ।ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸੋਮਵਾਰ (22 ਜਨਵਰੀ) ਦੀ ਸ਼ਾਮ ਥਾਣਾ ਡਿਵੀਜ਼ਨ ਨੰਬਰ 3 ਨੂੰ ਜਗਤਪੁਰਾ ਨੇੜੇ ਇੱਕ ਕਰਿਆਨੇ ਦੀ ਦੁਕਾਨ ਤੋਂ 60,000 ਰੁਪਏ ਦੀ ਚੋਰੀ ਹੋਣ ਦੀ ਸ਼ਿਕਾਇਤ ਮਿਲੀ ਸੀ। ਉਨ੍ਹਾਂ ਦੱਸਿਆ ਕਿ ਮੌਕੇ ਪਹੁੰਚੀ ਪੁਲਸ ਪਾਰਟੀ ਨੇ ਤੁਰੰਤ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਸ੍ਰੀ ਸਵਪਨ ਸ਼ਰਮਾ ਨੇ ਦੱਸਿਆ ਕਿ ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਚੋਰੀ ਦੀ ਵਾਰਦਾਤ ਨੂੰ ਦੋ ਵਿਅਕਤੀਆਂ ਵੱਲੋਂ ਅੰਜਾਮ ਦਿੱਤਾ ਗਿਆ ਹੈ ਜਿਸ ਤੋਂ ਬਾਅਦ ਪੁਲਸ ਪਾਰਟੀਆਂ ਨੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਪੁਲਸ ਕਮਿਸ਼ਨਰ ਨੇ ਦੱਸਿਆ ਕਿ ਮੁਢਲੀ ਜਾਂਚ ਦੇ ਅਧਾਰ 'ਤੇ 12 ਮਿਤੀ 23 ਜਨਵਰੀ ਨੂੰ ਆਈ ਪੀ ਸੀ ਦੀ ਧਾਰਾ 380/411 ਤਹਿਤ ਥਾਣਾ ਡਵੀਜ਼ਨ 3 ਵਿਖੇ ਦਰਜ ਕੀਤੀ ਗਈ ਸੀ।ਉਨ੍ਹਾਂ ਕਿਹਾ ਕਿ ਵਿਗਿਆਨਕ ਅਤੇ ਤਕਨੀਕੀ ਜਾਂਚ ਦੇ ਅਧਾਰ 'ਤੇ ਪੁਲਸ ਨੇ ਆਖਰਕਾਰ ਦੋਵਾਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਸਵਪਨ ਸ਼ਰਮਾ ਨੇ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਉਪਕਾਰ ਸਿੰਘ ਉਰਫ਼ ਜਤਿਨ ਪੁੱਤਰ ਅਰੁਣ ਕੁਮਾਰ ਵਾਸੀ ਅਜੀਤ ਨਗਰ ਜਲੰਧਰ ਅਤੇ ਵਿਕਰਾਂਤ ਉਰਫ਼ ਭੋਲਾ ਪੁੱਤਰ ਅਸ਼ੋਕ ਕੁਮਾਰ ਵਾਸੀ ਦੌਲਤਪੁਰੀ ਜਲੰਧਰ ਵਜੋਂ ਹੋਈ ਹੈ।ਇਨ੍ਹਾਂ ਕੋਲੋਂ 9600 ਰੁਪਏ ਵੀ ਬਰਾਮਦ ਕੀਤੇ ਗਏ।

# ਪਿਛਲੀ ਤਿਮਾਹੀ ਦੌਰਾਨ 405 ਵਿਅਕਤੀਆਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ-ਹਰਪਾਲ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)** ਹਰਪਾਲ ਸਿੰਘ, ਜ਼ਿਲ੍ਹਾ ਅਤੇ ਸੈਸ਼ਨਜ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੀ ਪ੍ਰਧਾਨਗੀ ਅਧੀਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੀ ਤਿਮਾਹੀ ਮੀਟਿੰਗ ਕੀਤੀ ਗਈ, ਜਿਸ ਵਿਚ ਅਵਤਾਰ ਸਿੰਘ, ਵਧੀਕ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ-1, ਐਸ.ਏ.ਐਸ.ਨਗਰ, ਸ੍ਰੀਮਤੀ ਸੁਰਭੀ ਪਰਾਸ਼ਰ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ, ਅਨੀਸ਼ ਗੋਇਲ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਐਸ.ਏ.ਐਸ. ਨਗਰ, ਇੰਦਰ ਪਾਲ, ਸੀ.ਐਮ.ਐਫ.ਓ. ਐਸ.ਏ.ਐਸ. ਨਗਰ, ਸ੍ਰੀਮਤੀ ਰੁਪਿੰਦਰਦੀਪ ਕੌਰ, ਡੀ.ਐਸ.ਪੀ. (ਹੈੱਡਕੁਆਟਰ), ਐਸ.ਏ.ਐਸ. ਨਗਰ, ਸਤਨਾਮ ਸਿੰਘ, ਜ਼ਿਲ੍ਹਾ ਅਟਾਰਨੀ, ਐਸ.ਏ.ਐਸ. ਨਗਰ, ਐਸ.ਕੇ. ਸਿਨਹਾ, ਵਕੀਲ ਅਤੇ ਜਸਪਾਲ ਸਿੰਘ ਦੱਪਰ, ਚੇਅਰਮੈਨ, ਐਕਹਾਕ ਕਮੇਟੀ, ਬਾਰ ਐਸੋਸੀਏਸ਼ਨ, ਐਸ.ਏ.ਐਸ. ਨਗਰ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਦੌਰਾਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵਲੋਂ ਪਿਛਲੀ ਤਿਮਾਹੀ ਦੌਰਾਨ ਕੀਤੇ ਗਏ ਕੰਮਾਂ ਦਾ ਮੁਲਾਂਕਣ ਕੀਤਾ ਗਿਆ। ਹਰਪਾਲ ਸਿੰਘ, ਜ਼ਿਲ੍ਹਾ ਅਤੇ ਸੈਸ਼ਨਜ ਜੱਜ ਵਲੋਂ ਮੀਟਿੰਗ ਵਿਚ ਹਾਜਰ ਅਧਿਕਾਰੀਆਂ ਨੂੰ ਦੱਸਿਆ ਗਿਆ ਕਿ ਪਿਛਲੀ ਤਿਮਾਹੀ ਦੌਰਾਨ 405 ਵਿਅਕਤੀਆਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ ਗਈ। ਜੁਡੀਸ਼ੀਅਲ ਅਧਿਕਾਰੀਆਂ ਵਲੋਂ 297 ਕੇਸ ਮੀਡੀਏਸ਼ਨ ਸੈਂਟਰ ਨੂੰ ਭੇਜੇ ਗਏ ਤਾਂ ਜੋ ਪਾਰਟੀਆਂ ਨੂੰ ਆਪਸੀ ਸਹਿਮਤੀ ਨਾਲ ਕੇਸਾਂ ਦਾ ਨਿਬੇੜਾ ਕਰਨ ਦਾ ਮੌਕਾ ਦਿੱਤਾ ਜਾ ਸਕੇ। ਇਸ ਤੋਂ ਇਲਾਵਾ ਮਾਨਯੋਗ ਸੁਪਰੀਮ ਕੋਰਟ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਿਸੇ ਵੀ ਵਿਅਕਤੀ ਨੂੰ ਗ੍ਰਿਫਤਾਰ ਕਰਨ ਤੋਂ ਪਹਿਲਾਂ, ਗ੍ਰਿਫਤਾਰੀ ਸਮੇਂ ਅਤੇ ਰਿਮਾਂਡ ਸਟੇਜ਼ ਤੇ ਅਧਿਕਾਰਾਂ ਸਬੰਧੀ ਪੁਲਿਸ ਦੇ ਤਫਤੀਸੀ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਸਪੈਸ਼ਲ ਜੁਵੇਨਾਈਲ ਪੁਲਸ ਅਧਿਕਾਰੀ ਨੂੰ ਜੁਵੇਨਾਈਲ ਜਸਟਿਸ (ਕੇਅਰ ਐਂਡ ਪ੍ਰੋਟੈਕਸਨ ਆਫ ਚਿਲਡਰਨ) ਐਕਟ, 2015 ਸਬੰਧੀ ਜਾਗਰੂਕ ਕਰਨ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੌਰਾਨ ਇਹ ਵੀ ਦੱਸਿਆ ਗਿਆ ਕਿ ਵੱਖ-ਵੱਖ ਕਿਸਮ ਦੇ ਕੇਸਾਂ ਨੂੰ ਆਪਸੀ ਸਮਝੌਤੇ ਰਾਹੀਂ ਨਿਪਟਾਉਣ ਲਈ 09.03.2024 ਨੂੰ ਰਾਸਟਰੀ ਲੋਕ ਅਦਾਲਤ ਲਗਾਈ ਜਾ ਰਹੀ ਹੈ, ਜਿਸ ਵਿਚ ਰਾਜੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਵਿਵਾਹਿਕ ਝਗੜੇ, ਐਮ.ਏ.ਸੀ.ਟੀ ਕੇਸ, ਕਿਰਤ ਸਬੰਧੀ ਝਗੜੇ, ਲੈਂਡ ਐਕਿਉਜ਼ੀਸ਼ਨ ਕੇਸ, ਬਿਜਲੀ ਅਤੇ ਪਾਣੀ ਦੇ ਬਿਲਾਂ ਸਬੰਧੀ, ਮਾਲ ਵਿਭਾਗ ਨਾਲ ਸਬੰਧਤ ਅਤੇ ਹਰ ਤਰ੍ਹਾਂ ਦੇ ਦੀਵਾਨੀ ਕੇਸ ਵਿਚਾਰੇ ਜਾਣਗੇ।

# ਤਿਵਾੜੀ ਨੇ ਵਾਰਡ ਨੰਬਰ 18 'ਚ ਵਿਕਾਸ ਕਾਰਜਾਂ ਲਈ ਸੌਂਪੀ 5 ਲੱਖ ਰੁਪਏ ਦੀ ਗਰਾਂਟ

**ਮੋਹਾਲੀ, (ਗੁਰਜੀਤ ਬਿੱਲਾ)** ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਮਨੀਸ਼ ਤਿਵਾੜੀ ਨੇ ਲੋਕ ਸਭਾ ਹਲਕੇ ਦੇ ਵਿਕਾਸ ਦੀ ਰਫਤਾਰ ਨੂੰ ਅੱਗੇ ਵਧਾਉਂਦੇ ਹੋਏ ਵਾਰਡ ਨੰ.18 ਸਥਿਤ ਐਮ.ਆਈ.ਜੀ ਸੁਪਰ ਹਾਊਸ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਲਈ 5 ਲੱਖ ਰੁਪਏ ਦੀ ਗ੍ਰਾਂਟ ਸੌਂਪੀ।ਇਸ ਤੋਂ ਇਲਾਵਾ, ਉਨ੍ਹਾਂ ਮਟੌਰ ਵਿਖੇ ਜਨ ਸਭਾ ਨੂੰ ਵੀ ਸੰਬੋਧਨ ਕੀਤਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਜਾਣੀਆਂ ਤੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕਣ ਦਾ ਭਰੋਸਾ ਦਿੱਤਾ।ਇਸ ਮੌਕੇ ਸੰਸਦ ਮੈਂਬਰ ਤਿਵਾੜੀ ਨੇ ਕਿਹਾ ਕਿ ਲੋਕ ਸਭਾ ਹਲਕੇ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਤਰਜੀਹ ਹੈ ਅਤੇ ਇਸ ਦਿਸ਼ਾ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਖੁਲਾਸਾ ਕੀਤਾ ਕਿ ਉਨ੍ਹਾਂ ਵੱਲੋਂ ਇਲਾਕੇ ਦੇ ਵਿਕਾਸ ਲਈ ਕਰੋੜਾਂ ਰੁਪਏ ਦੇ ਫੰਡ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਇਹ ਪ੍ਰਕਿਰਿਆ ਲਗਾਤਾਰ ਜਾਰੀ ਹੈ।ਸੰਸਦ ਮੈਂਬਰ ਨੇ ਕਿਹਾ ਕਿ ਕਾਂਗਰਸ ਹਮੇਸ਼ਾ ਹੀ ਵਿਕਾਸ ਦੇ ਹੱਕ ਵਿੱਚ ਰਹੀ ਹੈ ਅਤੇ ਪਾਰਟੀ ਦੀਆਂ ਸਰਕਾਰਾਂ ਦੌਰਾਨ ਦੇਸ਼ ਤੇ ਸੂਬੇ ਦਾ ਸਰਬਪੱਖੀ ਵਿਕਾਸ ਹੋਇਆ ਹੈ।ਇਸ ਦੌਰਾਨ ਉਨ੍ਹਾਂ ਮਹਿੰਗਾਈ ਨੂੰ ਲੈ ਕੇ ਕੇਂਦਰ ਦੀ ਭਾਜਪਾ ਸਰਕਾਰ ਨੂੰ ਵੀ ਘੇਰਿਆ।ਸੰਸਦ ਮੈਂਬਰ ਨੇ ਕਿਹਾ ਕਿ ਜ਼ਰੂਰੀ ਵਸਤਾਂ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਨੇ ਆਮ ਲੋਕਾਂ ਦਾ ਜਿਊਣਾ ਮੁਸ਼ਕਲ ਕਰ ਦਿੱਤਾ ਹੈ।ਜਿਸ ਦਿਸ਼ਾ ਵੱਲ ਸਰਕਾਰ ਨੂੰ ਧਿਆਨ ਦੇਣ ਦੀ ਲੋੜ ਹੈ।ਜਿੱਥੇ ਹੋਰਨਾਂ ਤੋਂ ਇਲਾਵਾ, ਨਰਿੰਦਰ ਕੁਮਾਰ ਵਤਸ ਪ੍ਰਧਾਨ, ਜਸਪ੍ਰੀਤ ਸਿੰਘ ਗਿੱਲ ਕੌਂਸਲਰ ਅਤੇ ਪ੍ਰਧਾਨ ਸ਼ਹਿਰੀ ਕਾਂਗਰਸ ਮੁਹਾਲੀ, ਪ੍ਰਮੋਦ ਮਿੱਤਰਾ ਕੌਂਸਲਰ, ਕੁਲਵੰਤ ਸਿੰਘ ਕਲੇਰ ਕੌਂਸਲਰ, ਮਨਜੋਤ ਸਿੰਘ ਸੀਨੀਅਰ ਕਾਂਗਰਸੀ ਆਗੂ, ਬਖਸ਼ੀਸ਼ ਸਿੰਘ, ਜਸਪਾਲ ਸਿੰਘ, ਡਾ: ਮਨਜਿੰਦਰ ਕੌਰ, ਦਿਵੰਤੀ, ਰਣਦੀਪ ਸਿੰਘ, ਪਰਮ ਬੈਦਵਾਨ, ਜਤਿੰਦਰ ਬਾਂਸਲ, ਗੁਰਜੀਤ ਮਟੌਰ, ਅਜੀਤ ਸਿੰਘ, ਗੁਰਮੇਲ ਸਿੰਘ ਠੇਕੇਦਾਰ, ਹਰਪਾਲ ਸਿੰਘ ਸੋਢੀ, ਬਲਦੇਵ ਸਿੰਘ ਚਹਿਲ ਆਦਿ ਹਾਜ਼ਰ ਸਨ।



# ਪੰਜਾਬ ਇਸਤਰੀ ਸਭਾ ਵੱਲੋਂ 11 ਦੋਸ਼ੀਆਂ ਨੂੰ ਜੇਲ੍ਹ ਭੇਜਣ ਦਾ ਸਵਾਗਤ




**ਬਹਿਰਾਮ (ਅਵਤਾਰ ਕਲੇਰ)** ਪੰਜਾਬ ਇਸਤਰੀ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪ੍ਰਧਾਨ ਗੁਰਬਖਸ਼ ਕੌਰ ਰਾਹੋਂ ਨੇ ਪ੍ਰੈਸ ਦੇ ਨਾਂਅ ਬਿਆਨ ਦਿੰਦਿਆਂ ਬਿਲਕਸ ਬਾਨੋ ਕੇਸ ਵਿੱਚ ਮਾਨਯੋਗ ਸੁਪਰੀਮ ਕੋਰਟ ਵੱਲੋਂ ਗਿਆਰਾਂ ਦੋਸ਼ੀਆਂ ਨੂੰ ਮੁੜ ਜੇਲ੍ਹ ਭੇਜਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਪੀੜਤ ਬਿਲਕਸ ਬਾਨੋ ਉਕਤ ਮੰਦਭਾਗੀ ਘਟਨਾ ਸਮੇਂ 21 ਸਾਲ ਦੀ ਉਮਰ ਵਿੱਚ ਸੀ ਅਤੇ ਗਰਭਵਤੀ ਹਾਲਤ ਵਿੱਚ ਸੀ।2002 ਵਿੱਚ ਵਾਪਰੀ ਇਸ ਮੰਦਭਾਗੀ ਘਟਨਾ ਵਿੱਚ ਇਨਸਾਫ਼ ਦੀ ਆਸ ਰੱਖ ਕੇ ਇਸਤਰੀ ਜਥੇਬੰਦੀਆਂ ਅਤੇ ਹੋਰ ਮਨੁੱਖੀ ਅਧਿਕਾਰਾਂ ਲਈ ਸੰਘਰਸ਼ ਸ਼ੀਲ ਜਥੇਬੰਦੀਆਂ ਦੇ ਸਹਿਯੋਗ ਨਾਲ ਕੁਝ ਹੱਦ ਤੱਕ ਮਹਾਰਾਸ਼ਟਰ ਦੀ ਮਾਨਯੋਗ ਹਾਈਕੋਰਟ ਵਲੋਂ ਇਨ੍ਹਾਂ ਗਿਆਰਾਂ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ।ਆਰ ਐਸ ਐਸ ਦੀ ਅਗਵਾਈ ਵਾਲੀ ਭਾਜਪਾ ਦੀ ਫਾਸ਼ੀਵਾਦੀ ਸਰਕਾਰ ਨੇ 5 ਰਾਜਾਂ ਵਿਚ ਵਿਧਾਨ ਸਭਾਵਾਂ ਦੀਆਂ ਚੋਣਾਂ ਨੂੰ ਦੇਖਦਿਆਂ ਇਨ੍ਹਾਂ 11 ਦੋਸ਼ੀਆਂ ਨੂੰ ਸਿਰਫ ਬਰੀ ਹੀ ਨਹੀਂ ਕੀਤਾ ਸਗੋਂ ਬੇਸ਼ਰਮੀ ਦੀਆਂ ਹੱਦਾਂ ਪਾਰ ਕਰਦਿਆਂ ਉਨ੍ਹਾਂ ਨੂੰ ਹਾਰ ਪਾ ਕੇ ਹਿੰਦੂਆਂ ਦੇ ਹੀਰੋ ਬਣਾ ਕੇ ਗੁਜਰਾਤ ਸਮੇਤ ਤਿੰਨ ਰਾਜਾਂ ਵਿਚ ਰਾਜ ਸੱਤਾ 'ਤੇ ਕਬਜ਼ਾ ਕਰ ਲਿਆ।ਇਨ੍ਹਾਂ ਚੋਣਾਂ ਦੌਰਾਨ ਭਾਜਪਾ ਦੇ ਆਈ ਟੀ ਸੈੱਲ ਦੇ ਤਿੰਨ ਗੁੰਡਿਆਂ ਵੱਲੋਂ ਵਿਸ਼ਵ ਹਿੰਦੂ ਯੂਨੀਵਰਸਿਟੀ ਦੀ ਵਿਦਿਆਰਥਣ ਨਾਲ ਬਲਾਤਕਾਰ ਕੀਤਾ।ਪੀੜਤਾ ਦੀ ਕੋਈ ਸੁਣਵਾਈ ਨਹੀਂ ਹੋਈ। ਇਹ ਦੋਸ਼ੀ ਮੱਧ ਪ੍ਰਦੇਸ਼ ਵਿੱਚ ਭਾਜਪਾ ਲਈ ਪ੍ਰਚਾਰ ਕਰਦੇ ਰਹੇ।ਚੋਣਾਂ ਖਤਮ ਹੋਣ ਤੋਂ ਬਾਅਦ ਲੋਕਾਂ ਦੇ ਦਬਾਅ ਹੇਠ ਗ੍ਰਿਫ਼ਤਾਰ ਕੀਤਾ ਗਿਆ।ਜੇਕਰ ਮਹੀਨਾ ਪਹਿਲਾਂ ਗ੍ਰਿਫ਼ਤਾਰ ਕੀਤਾ ਜਾਂਦਾ ਤਾਂ ਚੋਣਾਂ ਵਿੱਚ ਹਾਰ ਪੱਕੀ ਹੋਣੀ ਸੀ।ਇਸ ਤੋਂ ਅੱਗੇ ਮੈਂਬਰ ਪਾਰਲੀਮੈਂਟ ਸਿਮਰਨਜੀਤ ਸਿੰਘ ਮਾਨ ਵੱਲੋਂ ਬਿਲਕਸ ਬਾਨੋ ਕਾਂਡ ਦੇ ਮੁਲਜ਼ਮਾਂ ਨੂੰ ਰਿਹਾ ਕਰਨ ਦੇ ਹੱਕ ਵਿੱਚ ਦਿੱਤੇ ਗਏ ਬਿਆਨ ਕਿ ਗੁਜਰਾਤ ਸਰਕਾਰ ਵੱਲੋਂ ਇਨ੍ਹਾਂ ਦੋਸ਼ੀਆਂ ਨੂੰ ਰਿਹਾ ਕਰਕੇ ਮਨੁੱਖੀ ਅਧਿਕਾਰਾਂ ਦਾ ਸਨਮਾਨ ਕੀਤਾ ਹੈ ਦੀ ਘੋਰ ਨਿੰਦਾ ਕਰਦਿਆਂ ਕਿਹਾ ਕਿ ਬੇਟੀ ਪੜ੍ਹਾਓ ਬੇਟੀ ਬਚਾਓ ਦਾ ਨਾਹਰਾ ਲਗਾਉਣ ਵਾਲੀ ਫਾਸ਼ੀਵਾਦੀ ਭਾਜਪਾ ਸਰਕਾਰ ਦੇ ਆਪਣੇ ਗੁੰਡਿਆਂ ਤੋਂ ਬੇਟੀਆਂ ਨੂੰ ਬਚਾਉਣ ਲਈ ਸਮੂਹ ਇਸਤਰੀ ਜਾਤੀ ਨੂੰ ਅੱਗੇ ਆਉਣਾ ਪਵੇਗਾ।

# ਗਣਤੰਤਰ ਦਿਵਸ ਮੌਕੇ ਸ਼ਾਂਤਮਈ ਜਸ਼ਨਾਂ ਨੂੰ ਯਕੀਨੀ ਬਣਾਉਣ ਲਈ 20,000 ਤੋਂ ਵੱਧ ਪੁਲਸ ਮੁਲਾਜ਼ਮ ਲਾਮਬੰਦ

**ਚੰਡੀਗੜ੍ਹ (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗਣਤੰਤਰ ਦਿਵਸ ਮੌਕੇ ਸ਼ਾਂਤਮਈ ਜਸ਼ਨਾਂ ਨੂੰ ਯਕੀਨੀ ਬਣਾਉਣ ਲਈ ਪੰਜਾਬ ਪੁਲਸ ਨੇ ਹੈੱਡਕੁਆਰਟਰ ਤੋਂ ਵੱਖ-ਵੱਖ ਜਿਲ੍ਹਿਆਂ 'ਚ ਸੀਨੀਅਰ ਪੁਲਸ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਹੈ ਅਤੇ ਸਾਰੇ ਸਥਾਨਾਂ 'ਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਯਕੀਨੀ ਬਣਾਉਣ ਲਈ 20000 ਤੋਂ ਵੱਧ ਪੁਲਸ ਮੁਲਾਜਮਾਂ ਨੂੰ ਇਸ ਕਾਰਜ 'ਚ ਲਗਾਇਆ ਗਿਆ ਹੈ। ਜਿਕਰਯੋਗ ਹੈ ਕਿ ਪਟਿਆਲਾ ਵਿਖੇ ਹੋਣ ਵਾਲੇ ਸੂਬਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੌਰਾਨ ਪੰਜਾਬ ਦੇ ਰਾਜਪਾਲ ਬਨਵਾਰੀਲਾਲ ਪੁਰੋਹਿਤ ਕੌਮੀ ਝੰਡਾ ਲਹਿਰਾਉਣਗੇ ਅਤੇ ਸਲਾਮੀ ਲੈਣਗੇ, ਜਦਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੁਧਿਆਣਾ ਵਿਖੇ ਕੌਮੀ ਝੰਡਾ ਲਹਿਰਾਉਣਗੇ। ਇੰਸਪੈਕਟਰ ਜਨਰਲ ਆਫ ਪੁਲਸ (ਆਈ ਜੀ ਪੀ) ਹੈੱਡਕੁਆਰਟਰ ਡਾ. ਸੁਖਚੈਨ ਸਿੰਘ ਗਿੱਲ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਆਫ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨਿੱਜੀ ਤੌਰ 'ਤੇ ਗਣਤੰਤਰ ਦਿਵਸ ਦੇ ਸੁਰੱਖਿਆ ਪ੍ਰਬੰਧਾਂ ਦੀ ਨਿਗਰਾਨੀ ਕਰ ਰਹੇ ਹਨ ਅਤੇ ਇਸ ਮੰਤਵ ਲਈ ਉਨ੍ਹਾਂ ਵੱਲੋਂ ਡੀ ਜੀ ਪੀ ਲਾਅ ਐਂਡ ਆਰਡਰ ਅਰਪਿਤ ਸੁਕਲਾ ਨੂੰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ ਤਾਂ ਜੋ ਸਾਰੇ ਸਥਾਨਾਂ 'ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਮੂਹ ਗਜ਼ਟਿਡ ਅਫਸਰਾਂ ਅਤੇ ਸਟੇਸ਼ਨ ਹਾਊਸ ਅਫਸਰਾਂ (ਐਸ ਐਚ ਓਜ਼) ਨੂੰ ਵੀ ਗਣਤੰਤਰ ਦਿਵਸ ਸਮਾਗਮ ਦੀ ਸਮਾਪਤੀ ਤੱਕ ਫੀਲਡ ਵਿੱਚ ਰਹਿਣ ਦੇ ਹੁਕਮ ਦਿੱਤੇ ਗਏ ਹਨ।

# ਐਮਿਟੀ ਯੂਨੀਵਰਸਿਟੀ ਵਿਖੇ ਮੁੱਖ ਚੋਣ ਅਫਸਰ ਸਿਬਿਨ ਸੀ ਦੀ ਅਗਵਾਈ ਹੇਠ ਭਲਕੇ ਹੋਵੇਗਾ ਸਮਾਗਮ

**ਸਾਹਿਬਜਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਮੁੱਖ ਚੋਣ ਅਫਸਰ ਪੰਜਾਬ ਸਿਬਿਨ ਸੀ ਦੀ ਅਗਵਾਈ 'ਚ ਮੋਹਾਲੀ ਵਿਖੇ 25 ਜਨਵਰੀ ਨੂੰ ਨੈਸ਼ਨਲ ਵੋਟਰ ਦਿਵਸ ਮੌਕੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੌਰਾਨ ਐਮਿਟੀ ਯੂਨੀਵਰਸਿਟੀ ਮੋਹਾਲੀ ਵਿਖੇ ਚੋਣ ਅਮਲ ਵਿੱਚ ਸਰਵੋਤਮ ਕਾਰਜ (ਬੈਸਟ ਇਲੈਕਟ੍ਰੋਲ ਅਵਾਰਡ) ਲਈ ਈਸ਼ਵਰ ਸਿੰਘ ਸਪੈਸ਼ਲ ਡਾਇਰੈਕਟਰ ਜਰਨਲ ਪੁਲਸ, ਹਿਮਾਸ਼ੂ ਜੈਨ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ, ਪ੍ਰੋ. ਗੁਰਬਖਸ਼ੀਸ਼ ਸਿੰਘ ਅਨਟਾਲ ਜ਼ਿਲ੍ਹਾ ਨੋਡਲ ਅਫਸਰ ਸਵੀਪ ਮੁਹਾਲੀ ਕਮ ਅਫਸਰ ਇੰਚਾਰਜ ਸਿਵਲ ਇੰਜੀਨੀਅਰਿੰਗ ਵਿੰਗ, ਸਰਕਾਰੀ ਪੌਲੀਟੈਕਨਿਕ ਕਾਲਜ ਖੂਨੀਮਾਜਰਾ ਅਤੇ ਸਹਾਇਕ ਨੋਡਲ ਅਫਸਰ ਸਵੀਪ ਜਲੰਧਰ ਸੁਰਜੀਤ ਲਾਲ ਨੂੰ ਸਨਮਾਨਿਤ ਕੀਤਾ ਜਾਵੇਗਾ। ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ, ਸਾਹਿਬਜਾਦਾ ਅਜੀਤ ਸਿੰਘ ਨਗਰ ਸ੍ਰੀਮਤੀ ਆਸ਼ਿਕਾ ਜੈਨ ਨੇ ਸਵੀਪ ਗਤੀਵਿਧੀਆਂ ਲਈ ਪੰਜਾਬ ਭਰ ਵਿੱਚ ਸਰਵੋਤਮ ਗਤੀਵਿਧੀਆਂ ਲਈ ਪ੍ਰੋ ਗੁਰਬਖਸ਼ੀਸ਼ ਸਿੰਘ ਅਨਟਾਲ ਅਤੇ ਸਮੁਚੀ ਟੀਮ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਵੋਟਰ ਜਾਗਰੂਕਤਾ ਮੁਹਿੰਮ ਵਿਚ ਮੁਹਾਲੀ ਜ਼ਿਲ੍ਹੇ ਨੇ ਸਰਵੋਤਮ ਪ੍ਰਦਰਸ਼ਨ ਕੀਤਾ ਹੈ। 14ਵੇਂ ਨੈਸ਼ਨਲ ਵੋਟਰ ਦਿਵਸ ਦੇ ਸਬੰਧ ਵਿੱਚ ਰਾਜ ਪੱਧਰੀ ਸਮਾਗਮ 25 ਜਨਵਰੀ ਨੂੰ ਐਮਿਟੀ ਯੂਨੀਵਰਸਿਟੀ ਮੋਹਾਲੀ ਵਿਖੇ ਮਨਾਇਆ ਜਾ ਰਿਹਾ ਹੈ। ਸਮਾਗਮ ਦੀ ਸ਼ੁਰੂਆਤ ਤੋਂ ਪਹਿਲਾਂ 25 ਜਨਵਰੀ ਨੂੰ ਡੀ ਸੀ ਦਫਤਰ ਮੋਹਾਲੀ ਤੋਂ ਸਵੇਰੇ 9:30 ਵਜੇ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਵੱਲੋਂ ਟਰੈਕਟਰ/ਬਾਈਕ ਰੈਲੀ ਨੂੰ ਐਮਿਟੀ ਯੂਨੀਵਰਸਿਟੀ ਲਈ ਰਵਾਨਾ ਕੀਤਾ ਜਾਵੇਗਾ। ਸਮਾਗਮ ਦੀ ਰੂਪ ਰੇਖਾ ਬਾਰੇ ਜਾਣਕਾਰੀ ਦਿੰਦਿਆਂ ਪ੍ਰੋਫੈਸਰ ਗੁਰਬਖਸ਼ ਸਿੰਘ ਅੰਟਾਲ ਨੇ ਦੱਸਿਆ ਕਿ ਸਵੇਰੇ 10:30 ਵਜੇ ਮੁੱਖ ਮਹਿਮਾਨ ਸਿਬਿਨ ਸੀ ਮੁੱਖ ਚੋਣ ਅਫਸਰ ਪੰਜਾਬ ਦੀ ਆਮਦ ਨਾਲ ਐਮਿਟੀ ਯੂਨੀਵਰਸਿਟੀ ਦੇ ਆਡੀਟੋਰੀਅਮ ਵਿਖੇ ਸਮਾਗਮ ਦੀ ਆਰੰਭਤਾ ਹੋਵੇਗੀ। ਉਪਰੰਤ ਸਵੀਪ ਪੇਂਟਿੰਗ ਪ੍ਰਦਰਸ਼ਨੀ, ਸ਼ਮ੍ਹਾ ਰੌਸ਼ਨ, ਸਵਾਗਤੀ ਗੀਤ, ਇਲੈਕਸ਼ਨ ਮਸਕਟ ਸ਼ੇਰਾ 2.0 ਦੀ ਰਿਲੀਜ਼, ਡਿਪਟੀ ਕਮਿਸ਼ਨਰ, ਮੁੱਖ ਚੋਣ ਅਫਸਰ ਅਤੇ ਯੂਨਿਵਰਸਿਟੀ ਦੇ ਵੀ ਸੀ ਦੇ ਸੰਬੋਧਨ ਦਰਮਿਆਨ ਰੰਗਾ ਰੰਗ ਪ੍ਰੋਗਰਾਮ ਅਤੇ ਸਨਮਾਨ ਸਮਾਗਮ ਹੋਵੇਗਾ।

# ਸਰਕਾਰੀ ਬੱਸਾਂ 'ਚ 52 ਤੋਂ ਵੱਧ ਸਵਾਰੀਆਂ ਨਾ ਚੜ੍ਹਾਉਣ ਦੀ ਨਿਖੇਧੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਕਾਰਨ ਸਰਕਾਰੀ ਬੱਸਾਂ ਦੇ ਮੁਲਾਜ਼ਮਾਂ ਵੱਲੋਂ ਸਰਕਾਰੀ ਬੱਸਾਂ 'ਚ 52 ਤੋਂ ਵੱਧ ਸਵਾਰੀਆਂ ਨਾ ਚੜ੍ਹਾਉਣ ਦੇ ਫੈਸਲੇ ਕਰਕੇ ਲੋਕਾਂ ਨੂੰ ਖੱਜਲ ਖੁਆਰ ਹੋਣਾ ਪੈ ਰਿਹਾ।ਯੂਨੀਅਨ ਮੁਲਾਜ਼ਮ ਵਿਰੋਧੀ ਸਰਕਾਰ ਦੀਆਂ ਨੀਤੀਆਂ ਨਿਖੇਧੀ ਕਰਦੀ ਹੈ।ਇਸ ਮੌਕੇ ਪੀ ਐਸ ਯੂ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਕੁਰੜ, ਜਨਰਲ ਸਕੱਤਰ ਅਮਨਦੀਪ ਸਿੰਘ ਖਿਓਵਾਲੀ ਅਤੇ ਪ੍ਰੈਸ ਸਕੱਤਰ ਮੰਗਲਜੀਤ ਪੰਡੋਰੀ ਨੇ ਕਿਹਾ ਕਿ ਇਕ ਪਾਸੇ ਸਰਕਾਰ ਪੱਕੇ ਰੁਜ਼ਗਾਰ ਦੇਣ ਦੀਆਂ ਗੱਲਾਂ ਕਰਦੀ ਹੈ, ਪਰ ਦੂਜੇ ਪਾਸੇ ਠੇਕੇ 'ਤੇ ਭਰਤੀਆਂ ਕਰਕੇ ਜੀਊਣ ਜੋਗੀਆਂ ਤਨਖਾਹਾਂ ਵੀ ਨਹੀਂ ਦੇ ਰਹੀ ਨਾ ਹੀ ਮੁਲਾਜ਼ਮ ਪੱਕੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਨੂੰ ਵੀ ਲੋਕਾਂ ਨੂੰ ਆਪਣੇ ਵਿਰੋਧ ਚ ਖੜ੍ਹੇ ਕਰਨ ਵਾਲੇ ਐਕਸ਼ਨ ਦੀ ਬਜਾਏ ਸਰਕਾਰ ਵਿਰੁੱਧ ਸੇਧਿਤ ਹੋਣਾ ਚਾਹੀਦਾ ਹੈ।ਸਰਕਾਰ ਨੂੰ ਸਰਕਾਰੀ ਬੱਸਾਂ ਦੀ ਗਿਣਤੀ ਨੂੰ ਵਧਾਉਣਾ ਚਾਹੀਦਾ ਹੈ।ਯੂਨੀਅਨ ਵਲੋਂ ਆਈ ਆਈ ਟੀ ਪੂਨੇ ਅਤੇ ਪੰਜਾਬ ਯੂਨੀਵਰਸਿਟੀ ਵਿੱਚ ਏ ਬੀ ਵੀ ਪੀ ਵਲੋਂ ਵਿਦਿਆਰਥੀਆਂ ਨਾਲ ਕੁੱਟਮਾਰ ਕਰਨ ਅਤੇ ਗੁੰਡਾਗਰਦੀ ਕਰਨ ਦੀ ਸਖ਼ਤ ਨਿਖੇਧੀ ਕੀਤੀ ਹੈ।

# ਅਮਨਪਾਲ ਸਿੰਘ 26 ਨੂੰ ਝੰਡਾ ਲਹਿਰਾਉਣਗੇ

**ਫਿਲੌਰ (ਬੀ ਐਸ ਕੈਨੇਡੀ)** ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗਣਤੰਤਰ ਦਿਵਸ ਫਿਲੌਰ ਦੇ ਸਰਕਾਰੀ ਸੀਨੀਅਰ ਸੈਕੰਡਰੀ।ਸਕੂਲ ਲੜਕੇ ਦੀ ਗਰਾਊਂਡ 'ਚ ਮਨਾਇਆ ਜਾ ਰਿਹਾ ਹੈ। ਐਸ ਡੀ ਐਮ ਸ੍ਰੀ ਅਮਨਪਾਲ ਸਿੰਘ 26 ਜਨਵਰੀ ਦਿਨ ਸ਼ੁੱਕਰਵਾਰ ਝੰਡੇ ਦੀ ਰਸਮ ਅਦਾ ਕਰਨਗੇ। ਬੱਚਿਆਂ ਵੱਲੋਂ ਕਲਚਰ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ । ਆਜ਼ਾਦੀ ਦੇ ਪ੍ਰਵਾਨਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ।

# ਸ੍ਰੀ ਰਾਮ ਦੀ ਮੂਰਤੀ ਸਥਾਪਨਾ ਉਪਰੰਤ ਸ਼ਰਧਾਲੂਆਂ 'ਚ ਭਾਰੀ ਉਤਸ਼ਾਹ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )**- ਅਯੁੱਧਿਆ ਧਾਮ ਵਿਖੇ ਰਾਮ ਮੰਦਰ ਵਿੱਚ ਭਗਵਾਨ ਸ੍ਰੀ ਰਾਮ ਚੰਦਰ ਦੀ ਮੂਰਤੀ ਸਥਾਪਨਾ ਹੋਣ ਉਪਰੰਤ ਦੇਸ਼ ਭਰ ਦੇ ਮੰਦਰਾਂ ਨੂੰ ਸਜਾਉਣ ਅਤੇ ਪ੍ਰਭੂ ਸ੍ਰੀ ਰਾਮ ਚੰਦਰ ਦਾ ਗੁਣਗਾਨ ਕਰਨ ਲਈ ਰਾਮ ਸ਼ਰਧਾਲੂਆਂ ਦੇ ਦਿਲਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸੇ ਸੰਬੰਧ ਵਿੱਚ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਦੀ ਅਗਵਾਈ ਵਿੱਚ ਸਮੂਹ ਕਮੇਟੀ ਮੈਂਬਰਾਂ ਵੱਲੋਂ ਇਲਾਕਾ ਨਿਵਾਸੀਆਂ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਮਹਾਦੇਵ ਮੰਦਰ ਟਾਂਡਾ ਦੇ ਮੁੱਖ ਗੇਟ ਅਤੇ ਗਲਿਆਰੇ ਤੇ ਲੱਗੇ ਹੋਏ ਗੁੰਮਟਾਂ ਤੇ ਕਲਸ਼ ਚੜ੍ਹਾਉਣ ਤੇ ਮੰਦਰ ਦੀ ਸਜਾਵਟ 'ਚ ਹੋਰ ਵਾਧਾ ਕਰਨ ਲਈ ਇੱਕ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਸਵੈ-ਸੇਵੀ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ।ਮਹਾਦੇਵ ਮੰਦਿਰ ਟਾਂਡਾ ਉੜਮੁੜ ਦੇ ਮੁੱਖ ਗੇਟ ਤੇ ਕਲਸ਼ ਚੜਾਉਣ ਦੀ ਰਸਮ ਤੋਂ ਪਹਿਲਾਂ ਮੰਦਿਰ ਕਮੇਟੀ ਮੈਂਬਰਾਂ ਵੱਲੋਂ ਪੂਰੀ ਵਿਧੀ ਪੂਰਵਕ ਪੂਜਾ ਅਰਚਨਾ ਕੀਤੀ ਗਈ ਉਪਰੰਤ ਹਵਨ ਯੱਗ ਕੀਤਾ ਗਿਆ ਜਿਸ ਵਿੱਚ ਸਨਾਤਨ ਧਰਮ ਸਭਾ ਦੇ ਪ੍ਰਧਾਨ ਦੀਪਕ ਬਹਿਲ, ਸਨਾਤਨੀ ਰਾਮ ਭਗਤ ਅਤੇ ਸ਼ਿਵ ਸੈਨਾ ਪੰਜਾਬ ਦੇ ਉੱਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ, ਪ੍ਰਵਾਸੀ ਭਾਰਤੀ ਸੁਰਿੰਦਰ ਬਬਲਾ, ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ, ਚੇਅਰਮੈਨ ਸ਼ਿਵਮ ਵੈਦ, ਚੇਅਰਮੈਨ ਵਿਕਾਸ ਜਸਰਾ, ਸੁਮਿਤ ਗੁਪਤਾ, ਪਵਨ ਚੱਢਾ, ਰਣਜੀਤ ਸਿੰਘ ਸਿੱਧੂ, ਸੋਨੂ ਖੁਲਰ ਤੋ ਇਲਾਵਾ ਹੋਰ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਪੂਰਨ ਅਹੂਤੀ ਪਾ ਕੇ ਹਵਨ ਯੱਗ ਸੰਪੂਰਨ ਕੀਤਾ।ਭਜਨ ਮੰਡਲੀਆਂ ਨੇ ਆਪਣੇ ਕੀਰਤਨਾਂ ਰਾਹੀਂ ਪ੍ਰਭੂ ਸ੍ਰੀ ਰਾਮ ਜੀ ਦਾ ਗੁਣਗਾਨ ਕਰਕੇ ਰਾਮ ਸ਼ਰਧਾਲੂਆਂ ਨੂੰ ਪ੍ਰਭੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ ਅਯੁੱਧਿਆ 'ਚ ਨਵੇਂ ਬਣੇ ਰਾਮ ਮੰਦਰ ਦੀ ਸਜਾਵਟ ਨੂੰ ਵੇਖਦੇ ਹੋਏ ਹਰ ਰਾਮ ਸ਼ਰਧਾਲੂ ਦੇ ਦਿਲਾਂ ਵਿੱਚ ਆਪਣੇ ਆਸ ਪਾਸ ਦੇ ਮੰਦਰਾਂ ਦੀ ਸਜਾਵਟ ਵਿੱਚ ਹੋਰ ਵਾਧਾ ਕਰਨ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੰਦਰ ਦੀ ਹੋਰ ਸਜਾਵਟ ਲਈ ਜਿੱਥੇ ਰਾਮ ਸ਼ਰਧਾਲੂਆਂ ਵੱਲੋਂ ਦਾਨ ਦਿੱਤਾ ਜਾ ਰਿਹਾ ਹੈ ਉੱਥੇ ਪ੍ਰਵਾਸੀ ਭਾਰਤੀ ਸੁਰਿੰਦਰ ਬਬਲਾ ਵੱਲੋਂ ਵੀ 1 ਲੱਖ 11 ਹਜ਼ਾਰ ਰੁਪਏ ਦਾਨ ਦਿੱਤੇ ਗਏ ਹਨ।ਇਸ ਮੌਕੇ ਸੁਰਿੰਦਰ ਨਈਅਰ, ਜੀਵਨ ਕੁਮਾਰ ਬਬਲੀ, ਸ਼ਾਮ ਲਾਲ ਵਰਮਾ, ਅਸ਼ੋਕ ਬਹਿਲ, ਅਨਿਲ ਸ਼ਰਮਾ, ਸ਼ਾਮਾਂ ਜੋਸ਼ੀ, ਪੂਜਾ ਬਹਿਲ, ਮਮਤਾ, ਸੁਮਨ ਨਈਅਰ, ਰਚਨਾ ਬਹਿਲ, ਸੁਧਾਂਸ਼ੂ ਮਲਹੋਤਰਾ, ਜਿੰਦਰ ਬਨਿਆਲ, ਹਰਜੀਤ ਸਿੰਘ, ਜਾਨੂ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

# ਤੇਜ਼ ਰਫ਼ਤਾਰ ਟਰਾਲਾ ਕਰਿਆਨਾ ਸਟੋਰ 'ਚ ਵੜਿਆ



**ਫਿਲੌਰ (ਨਿਰਮਲ)**-ਬੁੱਧਵਾਰ ਤੜਕਸਾਰ ਹੀ ਪਿੰਡ ਨਗਰ ਵਿਖੇ ਇੱਕ ਤੇਜ਼ ਰਫ਼ਤਾਰ ਟਰਾਲਾ ਇੱਕ ਕਰਿਆਨਾ ਸਟੋਰ ਅੰਦਰ ਜਾ ਵੜਿਆ, ਜਿਸ ਕਾਰਨ ਦੁਕਾਨਦਾਰ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ।ਕਰਿਆਨਾ ਦੇ ਮਾਲਕ ਪ੍ਰੇਮ ਬਜਾਜ ਨੇ ਦੱਸਿਆ ਕਿ ਪਿੰਡ ਵਿੱਚ ਉਨ੍ਹਾਂ ਦੀ ਬਜਾਜ ਕਰਿਆਨਾ ਸਟੋਰ ਦੀ ਦੁਕਾਨ ਹੈ।ਬੁੱਧਵਾਰ ਤੜਕਸਾਰ ਹੀ ਇੱਕ ਟਰਾਲਾ ਚਾਲਕ ਨੇ ਤੇਜ ਰਫਤਾਰ ਟਰਾਲਾ ਉਨ੍ਹਾਂ ਦੀ ਦੁਕਾਨ ਅੰਦਰ ਵਾੜ ਦਿੱਤਾ, ਜਿਸ ਕਾਰਨ ਉਨ੍ਹਾਂ ਦੀ ਦੁਕਾਨ ਦੇ ਦੋਵੇਂ ਸ਼ਟਰ, ਸ਼ੀਸ਼ੇ, ਕੌਨਟਰ ਸਮੇਤ ਲੱਖਾਂ ਰੁਪਏ ਦੇ ਕਰਿਆਨੇ ਦਾ ਸਮਾਨ ਖਰਾਬ ਹੋ ਗਿਆ।ਇਸ ਸੰਬੰਧੀ ਉਨ੍ਹਾਂ ਫਿਲੌਰ ਪੁਲਸ ਨੂੰ ਸੂਚਨਾ ਦੇ ਦਿੱਤੀ।ਘਟਨਾ ਦੀ ਖ਼ਬਰ ਮਿਲਦਿਆਂ ਹੀ ਥਾਣਾ ਫਿਲੌਰ ਤੋਂ ਏ ਐਸ ਆਈ ਜੈ ਗੋਪਾਲ ਨੇ ਚਾਲਕ ਨੂੰ ਹਿਰਾਸਤ ਵਿੱਚ ਲੈ ਕੇ ਕਾਰਵਾਈ ਆਰੰਭ ਕਰ ਦਿੱਤੀ।

# ਰਾਮ ਮੰਦਰ ਬਣਨ ਦੀ ਖੁਸ਼ੀ 'ਚ ਲੰਗਰ ਲਗਾਇਆ



**ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ)** ਅਯੁੱਧਿਆ ਵਿੱਚ ਰਾਮ ਮੰਦਰ 'ਚ ਪ੍ਰਾਣ ਪ੍ਰਤਿਸ਼ਠਾ ਦੀ ਸਮਾਗਮ ਦੀ ਖੁਸ਼ੀ ਵਿੱਚ ਮਾਤਾ ਵੀਰਾਂ ਮਾਈ ਦੀ ਸਮੂਹ ਸੰਗਤ ਵੱਲੋਂ ਮਾਤਾ ਬੀਰਮਾਈ ਮੰਦਰ ਦੇ ਸਾਹਮਣੇ ਨੇੜੇ ਮੋਗਾ ਫਾਟਕ ਵਿਖੇ ਚਾਹ, ਬਰੈਂਡ ਅਤੇ ਪਕੌੜਿਆਂ ਦੇ ਲੰਗਰ ਲਾਏ ਗਏ।ਇਸ ਮੌਕੇ ਲੰਗਰ ਦੀ ਆਰੰਭਤਾ ਬਾਬਾ ਹਰਮੇਸ਼ ਸਿੰਘ ਵੱਲੋਂ ਕੀਤੀ ਗਈ।ਇਸ ਮੌਕੇ ਭਗਤ ਹਰਮੇਸ਼ ਸਿੰਘ, ਅਮਰਜੀਤ ਸਿੰਘ, ਬਰਿੰਦਰ ਸਾਭਾ, ਕਮਲ ਸਕਰੈਪ, ਕਪਿਲ ਬ੍ਰਾਂਡ ਪੁਆਇੰਟ, ਹਜਾਰੀ ਪ੍ਰਸਾਦ, ਨਰੇਸ਼ ਮਹਾਜਨ, ਲਾਡੀ, ਸਨੀ, ਬੀਨੂ, ਕੁਲਵਿੰਦਰ ਸਿੰਘ ਕਾਲਾ, ਰਤੂ ਸੈਨੇਟਰੀ ਸਟੋਰ ਹੋਰ ਆਦਿ ਸ਼ਾਮਲ ਸਨ।

# ਗੁਰਮੇਜ ਕੌਰ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ



**ਨੰਗਲ (ਸੁਰਜੀਤ ਢੇਰ)** ਪੰਜਾਬ ਪੁਲਸ ਦੇ ਸਬ ਇੰਸਪੈਕਟਰ ਗੁਰਦਿਆਲ ਸਿੰਘ ਭੰਗਲ ਦੀ ਮਾਤਾ ਗੁਰਮੇਜ ਕੌਰ 82 ਸਾਲ ਪਤਨੀ ਸਵਰਗਵਾਸੀ ਰਾਮ ਸਿੰਘ ਵਾਸੀ ਢੇਰ ਦਾ ਅੰਤਿਮ ਸੰਸਕਾਰ ਪਿੰਡ ਦੇ ਸ਼ਮਸ਼ਾਨ ਘਾਟ ਵਿੱਚ ਕਰ ਦਿੱਤਾ ਗਿਆ। ਇਸ ਮੌਕੇ ਇਲਾਕੇ ਦੇ ਲੋਕਾਂ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਨੇ ਗੁਰਦਿਆਲ ਸਿੰਘ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਮਾਤਾ ਜੀ ਪਿਛਲੇ ਕੁਝ ਸਮੇਂ ਤੋਂ ਢਿੱਲੇ ਚੱਲੇ ਆ ਰਹੇ ਸਨ ਜਿਨ੍ਹਾਂ ਨੇ ਬੀਤੇ ਕੱਲ੍ਹ ਤੜਕਸਾਰ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਦਿੱਤਾ ਗਿਆ।ਇਸ ਮੌਕੇ ਹਿੰਮਤ ਸਿੰਘ ਸਾਬਕਾ ਸਰਪੰਚ ਮਜਾਰੀ, ਜਸਵੀਰ ਸਿੰਘ ਕੂਨਰ, ਜਸਵਿੰਦਰ ਸਿੰਘ ਭੰਗਲ, ਸੁਰਜੀਤ ਸਿੰਘ ਢੇਰ, ਗੁਰਮੀਤ ਸਿੰਘ ਡੋਡ, ਕੇਸਰ ਸਿੰਘ ਮਹਿਰੋਲੀ ਸੁਰਿੰਦਰ ਸਿੰਘ ਇੰਸਪੈਕਟਰ, ਬਲਮ ਸਿੰਘ ਹਰਸਾ ਬੇਲਾ, ਸੁਖਦੇਵ ਸ਼ਰਮਾ, ਇੰਦਰਜੀਤ ਸਿੰਘ ਫੌਜੀ, ਬਰਜਿੰਦਰ ਸਿੰਘ ਡੋਡ, ਸਰਪੰਚ ਰਜਿੰਦਰ ਸਿੰਘ, ਖੁਸ਼ਹਾਲ ਸਿੰਘ ਭੰਗਲ, ਸੂਬੇਦਾਰ ਹਰਜਾਪ ਸਿੰਘ, ਹਰਜਾਪ ਸਿੰਘ ਬੜਿਆਲ, ਕੁਲਵਿੰਦਰ ਸਿੰਘ ਭੰਗਲ, ਪ੍ਰੇਮ ਸਿੰਘ ਅਟਵਾਲ, ਚਰਨ ਸਿੰਘ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਢੇਰ, ਗੁਰਦਿਆਲ ਸਿੰਘ ਅਟਵਾਲ ਪੰਚ, ਇੰਸਪੈਕਟਰ ਸੁਰਿੰਦਰ ਪਾਲ ਸਿੰਘ, ਡਾਕਟਰ ਰਵਿੰਦਰ ਨਾਥ ਨੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਭਰਤ ਤਲਵਾੜ ਨੇ ਰਾਸ਼ਟਰੀ ਸਾਇੰਸ ਸੈਮੀਨਾਰ 'ਚ ਲਿਆ ਭਾਗ



**ਅੱਡਾ ਸਰਾਂ (ਕਾਜਲ)- ਬਲਾਕ ਟਾਂਡਾ**-1 ਅਤੇ ਟਾਂਡਾ - 2 ਦੇ ਸਾਇੰਸ ਮੈਂਟਰ ਅਤੇ ਸਰਕਾਰੀ ਹਾਈ ਸਕੂਲ ਕੰਧਾਲਾ ਜੱਟਾ ਦੇ ਸਾਇੰਸ ਮਾਸਟਰ ਭਰਤ ਤਲਵਾੜ ਨੇ ਫਰੀਦਾਬਾਦ (ਹਰਿਆਣਾ) ਵਿੱਚ ਹੋਏ ਨੌਵੇਂ ਇੰਡੀਆ ਇੰਟਰਨੈਸ਼ਨਲ ਸਾਇੰਸ ਅਧਿਆਪਕ ਦੇ ਸੈਮੀਨਾਰ ਵਿੱਚ ਭਾਗ ਲਿਆ। ਇਸ ਪ੍ਰਾਪਤੀ ਤੋਂ ਬਾਅਦ ਸਕੂਲ ਪਹੁੰਚਣ 'ਤੇ ਸਮੂਹ ਸਕੂਲ ਸਟਾਫ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਸਕੂਲ ਪਹੁੰਚਣ 'ਤੇ ਤਲਵਾੜ ਨੇ ਦੱਸਿਆਂ ਕਿ ਇਹ ਸੈਮੀਨਾਰ ਸਾਇੰਸ ਅਧਿਆਪਕ ਵਰਕਸ਼ਾਪ ਰਾਸ਼ਟਰੀ ਖੋਜ ਸੰਸਥਾ, ਵਿਗਿਆਨ ਭਾਰਤੀ, ਸਪੇਸ ਵਿਭਾਗ, ਅਰਥ ਸਾਇੰਸ ਵਿਭਾਗ ਨਿਊਕਲੀਅਰ ਪਾਵਰ ਵਿਭਾਗ, ਭਾਰਤ ਸਰਕਾਰ ਅਤੇ ਹਰਿਆਣਾ ਸਰਕਾਰ ਦੁਆਰਾ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਕਰਵਾਇਆ ਗਿਆ।ਤਲਵਾੜ ਨੇਂ ਦੱਸਿਆ ਕਿ ਇਸ ਸੈਮੀਨਾਰ ਦੌਰਾਨ ਦੇਸ਼ ਵਿਦੇਸ਼ ਦੀਆਂ ਕਈ ਉੱਘੀਆਂ ਸ਼ਖਸੀਅਤਾਂ ਨੇ ਅਧਿਆਪਕ ਵਰਗ ਨੂੰ ਵਿਗਿਆਨ ਦੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।ਇਸ ਵਰਕਸ਼ਾਪ 'ਚ ਇਸਰੋ ਦੇ ਚੇਅਰਮੈਨ, ਆਈ ਆਈ ਟੀ ਦੇ ਪ੍ਰੋਫੈਸਰ ਉੱਘੇ ਵਿਗਿਆਨੀਆਂ ਨਾਲ ਰੂਬਰੂ ਹੋ ਕੇ ਬਹੁਤ ਕੁਝ ਸਿੱਖਣ ਨੂੰ ਮਿਲਿਆ। ਉਨ੍ਹਾਂ ਸਨਮਾਨ ਲਈ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਸ ਦੌਰਾਨ ਸਕੂਲ ਦੇ ਇੰਚਾਰਜ ਮਨਜੀਤ ਕੌਰ ਅਤੇ ਸਮੂਹ ਸਟਾਫ ਨੇ ਤਲਵਾੜ ਨੂੰ ਸ਼ੁਭਕਾਮਨਾਵਾ ਦਿੱਤੀਆਂ।ਇਸ ਮੌਕੇ ਹਰਦੀਪ ਸਿੰਘ, ਨਿਰਮਲ ਕੁਮਾਰ, ਰੀਨਾ ਸ਼ਰਮਾ, ਗੁਰਬਖਸ਼ ਕੌਰ, ਗੁਰਪ੍ਰੀਤ ਕੌਰ, ਰਾਜਵਿੰਦਰ ਸਿੰਘ ਸ਼ਾਹੀ ਮੌਜੂਦ ਸਨ।

# ਬਾਬਾ ਮੱਤੀ ਦੇ ਸ਼ਹੀਦੀ ਦਿਹਾੜੇ 'ਤੇ ਸਾਲਾਨਾ ਸਮਾਗਮ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)** ਆਦਮਪੁਰ ਦੇ ਨਜਦੀਕੀ ਪਿੰਡ ਡਰੋਲੀ ਕਲਾਂ ਵਿਖੇ ਧੰਨ -ਧੰਨ ਸ਼ਹੀਦ ਬਾਬਾ ਮੱਤੀ ਜੀ ਦੀ ਯਾਦ ਨੂੰ ਸਮਰਪਿਤ ਗੁਰਦਆਰਾ ਸਾਹਿਬ ਬਾਬਾ ਮੱਤੀ ਦੇ ਸਥਾਨ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਦੇਖ ਰੇਖ ਹੇਠ ਸਮੂਹ ਕਮੇਟੀ ਮੈਂਬਰਾਂ ਗ੍ਰਮ ਪੰਚਾਇਤ ਪਿੰਡ ਵਾਸੀਆਂ ਦੇਸ ਵਿਦੇਸ਼ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਸ਼ਹੀਦੀ ਦਿਹਾੜਾ ਸ਼ਰਧਾ ਸਤਿਕਾਰ ਨਾਲ ਮਨਾਇਆ ਗਿਆ।ਸ਼ਹੀਦੀ ਸਮਾਗਮ ਦੌਰਾਨ ਅਰੰਭ ਗੁਰੂ ਗ੍ਰੰਥ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਸਜਾਏ ਗਏ ਦੀਵਾਨ ਵਿੱਚ ਭਾਈ ਲਖਵੀਰ ਸਿੰਘ ਹਜ਼ੂਰੀ ਰਾਗੀ ਗੁਰੂਦੁਆਰਾ ਸ਼ਹੀਦ ਬਾਬਾ ਮੱਤੀ, ਭਾਈ ਦਵਿੰਦਰ ਸਿੰਘ ਬਟਾਲਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗੁਰਸ਼ਰਨ ਸਿੰਘ ਕਵੀਸ਼ਰੀ ਜੱਥਾ ਜਾਗੋ ਲਹਿਰ (ਘੱਲ ਕਲਾ), ਕਥਾਵਾਚਕ ਬਾਬਾ ਬੰਤਾ ਸਿੰਘ ਅੰਸ਼ ਵੰਸ਼ ਬਾਬਾ ਵਿਧੀ ਚੰਦ ਜੀ (ਮੁੰਡਾ ਪਿੰਡ) ਨੇ ਕਥਾ ਕੀਰਤਨ ਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸ਼ਹੀਦ ਬਾਬਾ ਮੱਤੀ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਕਮੇਟੀ ਪ੍ਰਧਾਨ ਜੱਥੇਦਾਰ ਮਨੋਹਰ ਸਿੰਘ ਰਣਵੀਰ ਪਾਲ ਸਿੰਘ ਸਕੱਤਰ, ਜਰਨੈਲ ਸਿੰਘ ਇੰਚਾਰਜ ਧਾਰਮਿਕ ਸਮਾਗਮ, ਰਸ਼ਪਾਲ ਸਿੰਘ ਸਰਪੰਚ ਡਰੋਲੀ ਕਲਾ ਤੇ ਹੋਰ ਪਤਵੰਤਿਆਂ ਨੇ 2024 ਦਾ ਕੈਲੰਡਰ ਜਾਰੀ ਕੀਤਾ। ਜੱਥੇਦਾਰ ਮਨੋਹਰ ਤੇ ਸਭ ਕਮੇਟੀ ਮੈਂਬਰਾਂ ਵੱਲੋਂ ਸ੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਰਾਏਪੁਰ ਤੇ ਹੋਰ ਪਤਵੰਤਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਫਰੀ ਮੈਡੀਕਲ ਚੈਕਅੱਪ ਕੈਂਪ ਵੀ ਲਗਾਇਆ ਗਿਆ ਤੇ ਫਰੀ ਦਵਾਈਆਂ ਦਿੱਤੀਆਂ ਗਈਆ। ਸਟੇਜ ਸਕੱਤਰ ਦੀ ਸੇਵਾ ਮਾਸਟਰ ਸੁਰਜੀਤ ਸਿੰਘ ਹੁਰਾਂ ਵੱਲੋਂ ਵਾਖੂਬੀ ਨਿਭਾਈ ਗਈ। ਇਸ ਮੌਕੇ ਕਰਮ ਸਿੰਘ ਡਰੋਲੀ, ਨਰਿੰਦਰ ਸਿੰਘ ਡਰੋਲੀ, ਜਸਪਾਲ ਸਿੰਘ ਪੰਚ ਡਰੋਲੀ, ਹਰਦਿਆਲ ਸਿੰਘ, ਰਵਿੰਦਰ ਸਿੰਘ ਮਰਦਾਨਾ, ਮਾਸਟਰ ਸਰਜੀਤ ਸਿੰਘ ਜਰਨੈਲ ਸਿੰਘ, ਹਰਦੀਪ ਸਿੰਘ, ਅਮਰਜੀਤ ਸਿੰਘ, ਦਰਸ਼ਨ ਸਿੰਘ, ਸਮੂਹ ਸਾਧ ਸੰਗਤ ਹਾਜ਼ਰ ਸਨ।

# ਮ੍ਰਿਤਕ ਦੀ ਹੋਈ ਪਹਿਚਾਣ

**ਫਿਲੌਰ (ਨਿਰਮਲ)**- ਰੇਲਵੇ ਪੁਲਸ ਚੌਂਕੀ ਫਿਲੌਰ ਦੇ ਇੰਚਾਰਜ ਥਾਣੇਦਾਰ ਮਲਕੀਤ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਫਿਲੌਰ ਭੱਟੀਆਂ ਵਿਚਕਾਰ ਰੇਲਗੱਡੀ ਹੇਠਾਂ ਆਉਣ ਕਾਰਨ ਵਿਅਕਤੀ ਦੀ ਮੌਤ ਹੋ ਗਈ ਸੀ, ਅਖ਼ਬਾਰਾਂ ਵਿੱਚ ਛਪੀ ਖਬਰ ਪੜ੍ਹ ਕੇ ਮ੍ਰਿਤਕਾਂ ਦੇ ਵਾਰਸ ਚੌਂਕੀ ਪੁੱਜੇ ਅਤੇ ਲਾਸ਼ ਦੀ ਪਹਿਚਾਣ ਮ੍ਰਿਤਕ ਦੇ ਵਾਰਸਾਂ ਵੱਲੋਂ ਜਸਵਿੰਦਰ ਸਿੰਘ 52 ਪੁੱਤਰ ਵੀਰ ਸਿੰਘ ਪਿੰਡ ਅੱਟੀ ਫਿਲੌਰ ਵਜੋਂ ਕੀਤੀ ਅਤੇ ਦੱਸਿਆ ਕਿ ਉਹ ਤਰਖਾਣ ਦਾ ਕੰਮ ਕਰਦਾ ਸੀ।ਕੰਮ 'ਤੇ ਜਾਂਦਿਆਂ ਘਟਨਾ ਵਾਪਰ ਗਈ ਕਿਸੇ 'ਤੇ ਸ਼ੱਕ ਸੁਬਾਹ ਨਹੀਂ ਵਾਰਸਾਂ ਦੀ ਬੇਨਤੀ 'ਤੇ ਪੋਸਟਮਾਰਟਮ ਬਾਅਦ ਲਾਸ਼ ਵਾਰਸਾ ਹਵਾਲੇ ਕਰ ਦਿੱਤੀ ਗਈ।

# ਬੀਬੀ ਧਨੋਆ ਨੇ ਵਾਰਡ ਨੰ. 29 'ਚ ਕਰਵ ਚੈਨਲ ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ



**ਮੋਹਾਲੀ (ਗੁਰਜੀਤ ਬਿੱਲਾ)** ਸ਼ਹਿਰ ਦੇ ਵਾਰਡ ਨੰ. 29 ਤੋਂ ਕੌਂਸਲਰ ਬੀਬੀ ਕੁਲਦੀਪ ਕੌਰ ਧਨੋਆ ਨੇ ਵਾਰਡ ਵਾਸੀਆਂ ਲਈ ਵੱਡਾ ਉਪਰਾਲਾ ਕਰਦਿਆਂ ਪਾਣੀ ਦੀ ਸਹੀ ਨਿਕਾਸੀ ਲਈ ਕਰਵ ਚੈਨਲ ਲਗਵਾਉਣ/ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ ਹੈ।ਉਨ੍ਹਾ ਆਖਿਆ ਕਿ ਇਹ ਚੈਨਲ ਲੱਗਣ ਨਾਲ ਵਾਰਡ ਵਾਸੀਆਂ ਨੂੰ ਪਾਣੀ ਦੀ ਨਿਕਾਸੀ ਸੰਬੰਧੀ ਆ ਰਹੀ ਸਮੱਸਿਆ ਤੋਂ ਰਾਹਤ ਮਿਲ ਜਾਵੇਗੀ ।ਉਨ੍ਹਾਂ ਸਪੱਸ਼ਟ ਕੀਤਾ ਕਿ ਨਗਰ ਨਿਗਮ ਵਿਚ ਕੁਝ ਤਕਨੀਕੀ ਅੜਚਣਾਂ ਕਰਕੇ ਚੈਨਲ ਰਿਪੇਅਰ ਆਦਿ ਦਾ ਕੰਮ ਦੇਰ ਨਾਲ ਸ਼ੁਰੂ ਹੋਇਆ ਹੈ।ਬੀਬੀ ਧਨੋਆ ਨੇ ਕਾਰਪੋਰੇਸ਼ਨ ਅਧਿਕਾਰੀਆਂ ਦਾ ਧੰਨਵਾਦ ਕਰਦੇ ਆਖਿਆ ਕਿ 28.36 ਲੱਖ ਰੁਪਏ ਦਾ ਕੰਮ ਪੂਰੀ ਪਾਰਦਰਸ਼ਤਾ ਅਤੇ ਵਾਰਡ ਵਾਸੀਆਂ ਦੀ ਸਲਾਹ ਅਤੇ ਰਹਿਨੁਮਾਈ ਹੇਠ ਨੇਪਰੇ ਚਾੜ੍ਹਿਆ ਜਾਵੇਗਾ।ਉਨ੍ਹਾਂ ਕਿਹਾ ਕਿ ਉਹ ਅਪਣੇ ਵਾਰਡ ਦੇ ਵਿਕਾਸ ਲਈ ਦਿਨ ਰਾਤ ਯਤਨਸ਼ੀਲ ਹਨ ਅਤੇ ਵਾਰਡ ਵਾਸੀਆਂ ਦੇ ਸਹਿਯੋਗ ਨਾਲ ਕਈ ਅਹਿਮ ਕੰਮ ਹੁਣ ਤਕ ਮੁਕੰਮਲ ਕੀਤੇ ਜਾ ਚੁੱਕੇ ਹਨ।ਬੀਬੀ ਧਨੋਆ ਨੇ ਵਾਰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੇ ਚੋਣ ਦੌਰਾਨ ਵਾਰਡ ਅਤੇ ਨਿਵਾਸੀਆਂ ਦੀ ਭਲਾਈ ਲਈ ਜਿਹੜੇ ਵਾਅਦੇ ਕੀਤੇ ਸਨ, ਉਨ੍ਹਾਂ ਵਿਚੋਂ ਕਈ ਪੂਰੇ ਕਰ ਦਿਤੇ ਗਏ ਹਨ ਅਤੇ ਬਾਕੀ ਰਹਿੰਦੇ ਵੀ ਸਮਾਂਬੱਧ ਸਮੇਂ ਵਿਚ ਪੂਰੇ ਕੀਤੇ ਜਾਣਗੇ। ਇਸ ਮੌਕੇ ਸਾਬਕਾ ਕੌਂਸਲਰ ਸਤਵੀਰ ਸਿੰਘ ਧਨੋਆ ਨੇ ਆਖਿਆ ਕਿ ਜੇ ਵਾਰਡ ਵਾਸੀਆਂ ਨੂੰ ਬਿਜਲੀ, ਪਾਣੀ, ਸੀਵਰੇਜ ਆਦਿ ਸੰਬੰਧੀ ਕੋਈ ਸਮੱਸਿਆ /ਸੁਝਾਅ ਹੈ ਜਾਂ ਕਾਗਜ਼ਾਂ ਦੀ ਤਸਦੀਕ ਦਾ ਕੰਮ ਹੈ ਤਾਂ ਵਟਸਐਪ ਰਾਹੀਂ ਵੀ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਜਾ ਸਕਦਾ ਹੈ ਜਿਸ ਦਾ ਨੰਬਰ 98143 84531 ਹੈ।ਉਨ੍ਹਾਂ ਕਿਹਾ ਕਿ ਵਾਰਡ ਵਾਸੀਆਂ ਦੀ ਹਰ ਸਮੱਸਿਆ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।

ਇਸ ਮੌਕੇ ਕੇ. ਡੇ. ਸ਼ਰਮਾ, ਹਰਦੀਪ ਸਿੰਘ ਕੰਗ, ਸਸੀ ਮਹਾਜਨ, ਏ.ਐਸ. ਬਡਵਾਲ, ਜੈਨ ਸਾਹਿਬ, ਕੁਲਦੀਪ ਸਿੰਘ ਵਾਲੀਆ, ਕੁਲਵੰਤ ਕੌਰ, ਰੀਟਾ ਮਹਾਜਨ, ਡਾ. ਸਿਧਾਰਥਾ ਚੋਪੜਾ ਅਤੇ ਹੋਰ ਹਾਜ਼ਰ ਸਨ।


**AXIS BANK LTD.**

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਰਿਟੇਲ ਐਸੇਟ ਸੈਂਟਰ : ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ - 380006

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐਸੇਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਨੋਟਿਸ।

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਸਕਿਉਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ ਜੋ ਵੀ ਹੈ ਜਿਵੇਂ ਹੈ", "ਜਿਵੇਂ ਹੈ ਜਿੱਥੇ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ (1) ਸ੍ਰੀ ਅਕਸ਼ੇ ਕੁਮਾਰ ਪੁੱਤਰ ਜਤਿੰਦਰ ਕੁਮਾਰ (2) ਸ੍ਰੀ ਚੰਦਰ ਪ੍ਰਕਾਸ਼ ਪੁੱਤਰ ਸ੍ਰੀ ਰਾਮ, ਕਰਜ਼ਾ ਨੰ. ਪੀ ਐਚ ਆਰ 015508295165 'ਚ 22.01.2024 ਨੂੰ ਬਕਾਇਆ ਰਕਮ ਰੁਪਏ 12,83,342/- (ਬਾਰਾਂ ਲੱਖ ਤਰਿਆਸੀ ਹਜ਼ਾਰ ਤਿੰਨ ਸੌ ਬਤਾਲੀ ਰੁਪਏ ਕੇਵਲ) ਦੀ ਵਸੂਲੀ ਲਈ 06.03.2024 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 7,82,212/- (ਸੱਤ ਲੱਖ ਬਿਆਸੀ ਹਜ਼ਾਰ ਦੋ ਸੌ ਬਾਰਾਂ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 78,220/- (ਅਠੱਤਰ ਹਜ਼ਾਰ ਦੋ ਸੌ ਵੀਹ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | 4 ਮਾਰਚ 2024 ਸ਼ਾਮ 05.00 ਵਜੇ ਤੱਕ, ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 6 ਮਾਰਚ 2024 ਸਵੇਰੇ 11.00 ਵਜੇ ਅਤੇ 1.00 ਵਜੇ ਦਰਮਿਆਨ ਹਰੇਕ 5 ਮਿੰਟ ਦੇ ਅਸੀਮਤ ਵਾਧੇ ਨਾਲ। ਈ-ਨਿਲਾਮੀ ਟੈਂਡਰ ਦਸਤਾਵੇਜ਼, ਜਿਵੇਂ ਕਿ ਈ-ਨਿਲਾਮੀ ਬੋਲੀ ਫਾਰਮ, ਡੈਕਲੇਰੇਸ਼ਨ ਆਦਿ ਸ਼ਾਮਲ ਹਨ,ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2020-21/187/1/6559 ਮਿਤੀ 08 ਜਨਵਰੀ 2021 ਅਨੁਸਾਰ ਸ੍ਰੀ ਅਕਸ਼ੇ ਕੁਮਾਰ ਪੁੱਤਰ ਜਤਿੰਦਰ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਪਲਾਟ ਨੰ. 155, ਰਕਬਾ 03 ਮਰਲੇ 144 ਵਰਗ ਫੁੱਟ, ਖਸਰਾ ਨੰ. 15//21, 22/2, 23, 24, 25, 21//1, 2, 3. 4, 7, 8, ਹਦਬਸਤ ਨੰ. 160, ਖੇਵਟ/ਖਤੌਨੀ ਨੰ. 37/49, 39/51, 52, 53 ਜਮ੍ਹਾਂਬੰਦੀ ਸਾਲ 2017-2018, ਪਿੰਡ ਸਲੇਮਪੁਰ ਮੁਸਲਮਾਨਾਂ, ਬਾਬਾ ਮੋਹਨ ਦਾਸ ਨਗਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰਨਾਂ ਦਾ ਪਲਾਟ, ਪੱਛਮ : ਹੋਰਨਾਂ ਦਾ ਪਲਾਟ, ਉੱਤਰ : ਸੜਕ, ਦੱਖਣ : ਹੋਰਨਾਂ ਦਾ ਮਕਾਨ। ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauction.com ਦਾ ਹਵਾਲਾ ਲਿਆ ਜਾਵੇ। ਈ-ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauction.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੰਦੀਪ ਬਵੇਜਾ (ਮੋਬਾਈਲ ਨੰ. 8920705598) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 30 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 25-01-2024 ਸਹੀ/-(ਅਧਿਕਾਰਤ ਅਫਸਰ)
ਸਥਾਨ : ਲੁਧਿਆਣਾ ਐਕਸਿਸ ਬੈਂਕ ਲਿਮਟਿਡ



**asrec (India) Limited**

ਰਜਿ: ਦਫਤਰ : 201/202 ਏ, ਬਿਲਡਿੰਗ ਨੰ: 2, ਸੋਲੀਟੇਅਰ ਕਾਰਪੋਰੇਟ ਪਾਰਕ, ਅੰਧੇਰੀ ਘਾਟਕੋਪਰ ਲਿੰਕ ਰੋਡ, ਚਕਾਲਾ, ਅੰਧੇਰੀ (ਈ) ਮੁੰਬਈ-400093, ਸ਼ਾਖਾ ਦਫਤਰ : 402, ਚੌਥੀ ਮੰਜ਼ਲ, ਅਪਰਾ ਟਾਵਰ, ਐਸ ਸੀ ਓ-130-131-132, ਫਿਰੋਜ਼ ਗਾਂਧੀ ਮਾਰਕਿਟ, ਲੁਧਿਆਣਾ, ਪੰਜਾਬ-141001

**ਅਚੱਲ ਐਸਟਸ ਦੀ ਵਿਕਰੀ ਲਈ ਜਨਤਕ ਨਿਲਾਮੀ [ਵੇਖੋ ਰੂਲ 9 (1) ਨਾਲ ਪੜ੍ਹੇ ਜਾਂਦੇ ਰੂਲ 8)]**

ਅਚੱਲ ਐਸਟਸ ਦੀ ਵਿਕਰੀ ਲਈ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 (1) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਤਹਿਤ ਈ-ਨਿਲਾਮੀ ਵਿਕਰੀ ਨੋਟਿਸ।
ਆਮ ਜਨਤਾ ਨੂੰ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਐਜ਼ਰੈੱਕ ਇੰਡੀਆ ਲਿਮ: ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਸਕਿਉਰਡ ਕ੍ਰੈਡਿਟਰ ਵੱਲੋਂ ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', 'ਜੋ ਵੀ ਹੈ ਜਿਵੇਂ ਹੈ', 'ਉੱਥੇ ਜੋ ਵੀ ਹੈ' ਅਤੇ 'ਨੋ ਰੀਕੋਰਸ' ਦੇ ਆਧਾਰ 'ਤੇ ਕੀਤੀ ਜਾਵੇਗੀ। ਸਰਫੇਸੀ ਐਕਟ ਤਹਿਤ ਹੇਠਾਂ ਦਰਸਾਈਆਂ ਜਾਇਦਾਦਾਂ ਦੀ ਈ-ਨਿਲਾਮੀ 15.02.2024 ਨੂੰ ਕੀਤੀ ਜਾਵੇਗੀ।

| | |
|---|---|
| ਏ) ਕਰਜ਼ਦਾਰ ਦਾ ਨਾਂਅ ਅਤੇ ਪਤਾ<br>ਬੀ) ਗਰੰਟਰਾਂ/ਰਹਿਣਕਾਰਾਂ ਦਾ ਨਾਂਅ | ਮੈਸ. ਡਟਸਨ ਇੰਡੀਆ ਰਜਿ: ਦਫਤਰ : ਪਲਾਟ ਨੰ: 206, ਇੰਡਸਟ੍ਰੀਅਲ ਏਰੀਆ-ਏ, ਲੁਧਿਆਣਾ, ਰਾਹੀਂ ਇਸ ਦੇ ਮਾਲਕ ਸ੍ਰੀ ਰਜੇਸ਼ ਸ਼ਰਮਾ ਪੁੱਤਰ ਸਵ: ਸ੍ਰੀ ਹੀਰਾ ਲਾਲ, ਵਾਸੀ ਮਕਾਨ ਨੰ: 95-ਸੀ, ਕਿਚਲੂ ਨਗਰ, ਲੁਧਿਆਣਾ- 141002<br>ਗਰੰਟਰ/ਰਹਿਣਕਾਰ (1) ਸ੍ਰੀਮਤੀ ਰਚਨਾ ਸ਼ਰਮਾ ਪਤਨੀ ਸ੍ਰੀ ਰਜੇਸ਼ ਸ਼ਰਮਾ, ਵਾਸੀ ਮਕਾਨ ਨੰ: 95-ਸੀ, ਕਿਚਲੂ ਨਗਰ, ਲੁਧਿਆਣਾ- 141002 |
| ਏ) ਡਿਮਾਂਡ ਨੋਟਿਸ (13 (2)) ਦੀ ਮਿਤੀ<br>ਬੀ) ਸੰਕੇਤਕ ਕਬਜ਼ੇ ਦੀ ਮਿਤੀ (13 (4)) ਦੀ ਮਿਤੀ<br>ਸੀ) ਆਰ ਸੀ ਅਨੁਸਾਰ ਦਾਅਵਾ ਰਕਮ/ਡੀ ਆਰ ਟੀ ਚੰਡੀਗੜ੍ਹ 'ਚ ਦਾਇਰ ਮੁਕੱਦਮਾ | (ਏ) 01.07.2016<br>(ਬੀ) 07.10.2016 ਅਤੇ 11.01.2017<br>(ਸੀ) ਰੁਪਏ 6,77,32,742.68/-<br>(ਛੇ ਕਰੋੜ ਸਤੱਤਰ ਲੱਖ ਬੱਤੀ ਹਜ਼ਾਰ ਸੱਤ ਸੌ ਬਤਾਲੀ ਰੁਪਏ ਅਤੇ ਅਠਾਹਠ ਪੈਸੇ ਕੇਵਲ), 01.02.2021 ਨੂੰ ਜਮ੍ਹਾਂ ਮੁਕੰਮਲ ਅਦਾਇਗੀ ਤੱਕ ਵਿਆਜ ਅਤੇ ਲਾਗਤਾਂ, ਚਾਰਜਿਜ ਅਤੇ ਖਰਚੇ ਆਰ ਸੀ। |
| ਭੌਤਿਕ ਕਬਜ਼ਾ/ਸੰਕੇਤਕ ਕਬਜ਼ੇ ਦਾ ਵੇਰਵਾ | ਭੌਤਿਕ ਕਬਜ਼ਾ |
| ਜਾਇਦਾਦ ਦਾ ਵੇਰਵਾ | ਬੈਨਾਮਾ ਨੰ: 10525 ਅਤੇ ਬੈਨਾਮਾ ਨੰ: 10526 ਦੋਵਾਂ ਦੀ ਮਿਤੀ 25.02.2015 ਅਨੁਸਾਰ ਸ੍ਰੀਮਤੀ ਰਚਨਾ ਸ਼ਰਮਾ ਪਤਨੀ ਸ੍ਰੀ ਰਜੇਸ਼ ਸ਼ਰਮਾ ਦੇ ਨਾਂਅ 'ਤੇ ਫੈਕਟਰੀ ਜ਼ਮੀਨ ਅਤੇ ਇਮਾਰਤ ਪਲਾਟ ਨੰ: 21 ਮਿਨ, ਰਕਬਾ 1254 (627 ਵਰਗ ਗਜ਼ 627 ਵਰਗ ਗਜ਼) ਖੱਤਾ ਨੰ: 68/69, ਖਸਰਾ ਨੰ: 30//4, 5, 6,7 ਜਮ੍ਹਾਂਬੰਦੀ ਸਾਲ 2010-2011, ਪਿੰਡ ਗੌਂਸਪੁਰ, ਹਦਬਸਤ ਨੰ: 131, ਗਣਪਤੀ ਇਨਕਲੇਵ, ਲੁਧਿਆਣਾ। |
| ਏ) ਰਾਖਵੀਂ ਕੀਮਤ<br>ਬੀ) ਬਿਆਨਾ ਰਕਮ ਡਿਪਾਜ਼ਟ<br>ਸੀ) ਬੋਲੀ ਰਕਮ 'ਚ ਵਾਧਾ | (ਏ) ਰੁਪਏ 1,05,00,000/- (ਇਕ ਕਰੋੜ ਪੰਜ ਲੱਖ ਰੁਪਏ ਕੇਵਲ)<br>(ਬੀ) ਰੁਪਏ 10,50,000/- (ਦਸ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ)<br>(ਸ) ਰੁਪਏ 1,00,000.00/- (ਇਕ ਲੱਖ ਰੁਪਏ ਕੇਵਲ) |
| ਨਿਰੀਖਣ ਦੀ ਮਿਤੀ ਤੇ ਸਮਾਂ | 06.02.2024 (ਦੁਪਹਿਰ 1.00 ਵਜੇ ਤੋਂ 02.00 ਵਜੇ ਤੱਕ) |
| ਬੋਲੀ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ | 13.02.2024 (ਦਫਤਰੀ ਕੰਮ ਦੇ ਸਮੇਂ ਸਵੇਰੇ 09.00 ਵਜੇ ਤੋਂ ਸ਼ਾਮ ਦੇ 05.00 ਵਜੇ ਤੱਕ) |
| ਈ ਨਿਲਾਮੀ ਦੀ ਮਿਤੀ | 15.02.2024 |
| ਸਮਾਂ ਦੁਪਹਿਰ 1.00 ਵਜੇ ਤੋਂ 2.00 ਵਜੇ ਤੱਕ (ਕਿਰਿਆਸ਼ੀਲ ਉਲਟ ਬੋਲੀ ਦੇ ਸਮੇਂ ਤੋਂ ਹਰੇਕ 5 ਮਿੰਟ ਦਾ ਵਾਧਾ) | |

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਐਜ਼ਰੈੱਕ (ਇੰਡੀਆ) ਲਿਮ: ਵੱਲੋਂ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ, ਵੈੱਬਸਾਈਟ www.asrecindia.co.in ਜੋ ਕਿ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮ: ਆਕਸ਼ਨ ਟਾਈਗਰ, ਅਹਿਮਦਾਬਾਦ ਦੀ ਵੈੱਬਸਾਈਟ https://sarfaesi.auctiontiger.net 'ਤੇ ਵੀ ਉਪਲੱਬਧ ਹੈ। ਚਾਹਵਾਨ ਬੋਲੀਕਾਰ ਕੋਲ ਯੋਗ ਈ-ਮੇਲ ਪਤਾ ਹੋਣਾ ਚਾਹੀਦਾ ਹੈ।
ਸੰਪਰਕ ਵਿਅਕਤੀ ਮੈਸ: ਈ-ਪ੍ਰੋਕਿਉਰਮੈਂਟ ਟੈਕਨਾਲੋਜਿਜ਼ ਲਿਮ: (ਆਕਸ਼ਨ ਟਾਈਗਰ) ਸ੍ਰੀ ਰਾਮ ਪ੍ਰਸਾਦ, ਮੋਬਾਈਲ ਨੰ: 8000023297, ਹੈਲਪਲਾਈਨ ਨੰ: 079-61200531/544/596/559 ਹੋਰ ਪੁੱਛਗਿੱਛ ਲਈ ਕ੍ਰਿਪਾ ਕਰਕੇ ਅਧਿਕਾਰਤ ਅਫਸਰ ਰਾਜੀਵ ਘਈ ਸੰਪਰਕ ਨੰ. 7011926017, ਲੈਂਡਲਾਈਨ ਨੰ. 0161-4625488, ਈਮੇਲ ਆਈ ਡੀ asrec.ludhiana@asrecindia.co.in ਨਾਲ ਕੰਮਕਾਜ ਵਾਲੇ ਦਿਨ ਦਫਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।
ਇਹ ਵਿਕਰੀ ਨੋਟਿਸ ਉਪਰੋਕਤ ਕਰਜ਼ਦਾਰਾਂ ਅਤੇ ਗਰੰਟਰਾਂ/ਰਹਿਣਕਾਰਾਂ ਲਈ ਸਰਫੇਸੀ ਐਕਟ ਦੇ ਰੂਲ 8 (6) ਅਤੇ ਹੋਰ ਨਿਯਮਾਂ ਤਹਿਤ 15 ਦਿਨਾਂ ਦਾ ਵਿਧਾਨਕ ਵਿਕਰੀ ਨੋਟਿਸ ਵੀ ਹੈ, ਜੋ ਉਹਨਾਂ ਨੂੰ ਉਪਰੋਕਤ ਮਿਤੀ ਤੇ ਸਮੇਂ 'ਤੇ ਨਿਲਾਮੀ/ਵਿਕਰੀ ਅਤੇ ਉਹਨਾਂ ਵੱਲੋਂ ਉਪਰੋਕਤ ਦਰਸਾਏ ਬਕਾਏ ਸਮੇਤ ਭਵਿੱਖੀ ਵਿਆਜ, ਲਾਗਤ ਅਤੇ ਖਰਚੇ ਨਿਲਾਮੀ ਦੀ ਨਿਰਧਾਰਤ ਮਿਤੀ ਤੋਂ ਪਹਿਲਾਂ ਅਦਾ ਕਰਕੇ ਐਸਟਸ ਦੇ ਪੁਨਰਗ੍ਰਹਿਣ ਦੀ ਨਸੀਹਤ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਜਾਇਦਾਦ, ਅਧਿਕਾਰਤ ਅਫਸਰ/ਸਕਿਉਰਡ ਕ੍ਰੈਡਿਟਰ ਦੀ ਮਰਜ਼ੀ ਨਾਲ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (5) ਅਧੀਨ ਕਿਸੇ ਵੀ ਤਰੀਕੇ ਨਾਲ ਵੇਚ ਦਿੱਤੀ ਜਾਵੇਗੀ, ਜੇਕਰ ਫਿਰ ਵੀ ਕੋਈ ਬਕਾਇਆ ਰਹਿ ਜਾਵੇਗਾ ਤਾਂ ਸਮੇਤ ਵਿਆਜ, ਲਾਗਤਾਂ ਅਤੇ ਚਾਰਜਿਜ਼ ਦੇ ਵਸੂਲਿਆ ਜਾਵੇਗਾ।

ਮਿਤੀ : 25.01.2024, ਸਥਾਨ : ਲੁਧਿਆਣਾ ਸਹੀ/-ਅਧਿਕਾਰਤ ਅਫਸਰ

25-JAN-PAGE-10.qxd 1/24/2024 10:40 PM Page 1



# ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਵੱਲੋਂ ਪਰਵਾਰਾਂ ਸਮੇਤ ਕਾਰਜਕਾਰੀ ਇੰਜੀਨੀਅਰ ਦਫਤਰ ਅੱਗੇ ਧਰਨਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਕਮਟੀ ਵੱਲੋਂ ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਕਾਰਜਕਾਰੀ ਇੰਜੀਨੀਅਰ ਜ/ਸ ਸੈਨੀਟੇਸ਼ਨ ਮੰਡਲ ਦਫਤਰ ਅੱਗੇ ਵਰਕਰਾਂ ਵੱਲੋਂ ਪਰਵਾਰਾਂ ਅਤੇ ਬੱਚਿਆਂ ਸਮੇਤ ਰੋਹ ਭਰਪੂਰ ਧਰਨਾ ਦਿੱਤਾ ਗਿਆ ਅਤੇ ਸਰਕਾਰ ਤੇ ਮੈਨੇਜਮੈਂਟ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਧਰਨੇ ਦੇ ਦੌਰਾਨ ਸੂਬਾ ਪ੍ਰਚਾਰ ਸਕੱਤਰ ਅਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ ਅਤੇ ਜ਼ਿਲ੍ਹਾ ਪ੍ਰੈਸ ਸਕੱਤਰ ਬਿਕਰਮ ਜੀਤ ਸਿੰਘ ਕਪੂਰ, ਗੁਰਸੇਵਕ ਸਿੰਘ, ਤਰਲੋਕ ਸਿੰਘ, ਗੁਰਦੇਵ ਸਿੰਘ ਨੇ ਕਿਹਾ ਕਿ ਪੇਂਡੂ ਜਲ ਸਪਲਾਈ ਸਕੀਮਾਂ ਦੀ ਸਾਂਭ-ਸੰਭਾਲ, ਚਲਾਉਣ ਲਈ ਫੀਲਡ ਅਤੇ ਦਫਤਰਾਂ 'ਚ ਵੱਖ-ਵੱਖ ਤਰ੍ਹਾਂ ਦੇ ਕੰਮ ਲੈਣ ਲਈ ਪਹਿਲਾਂ ਸਰਕਾਰਾਂ ਦੀਆਂ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇਕ ਵਰਕਰ ਦੇ ਰੂਪ 'ਚ ਰੱਖਿਆ ਗਿਆ ਸੀ ਪਰ ਜਦ ਇਹ ਵਰਕਰ ਆਪਣੇ ਪੱਕੇ ਰੁਜ਼ਗਾਰ ਦੀ ਮੰਗ ਕਰਨ ਲੱਗੇ ਤਾਂ 2008 ਵਿਚ ਵਿਭਾਗੀ ਅਧਿਕਾਰੀਆਂ ਵੱਲੋਂ ਇਕ ਸੋਚੀ ਸਮਝੀ ਸਾਜਿਸ਼ ਤਹਿਤ ਇਨ੍ਹਾਂ ਵਰਕਰਾਂ ਨੂੰ ਧੱਕੇ ਨਾਲ ਇਨਲਿਸਟਮੈਂਟ ਠੇਕੇਦਾਰ ਬਣਾ ਦਿੱਤਾ ਗਿਆ ਹੈ। ਜਦੋਂਕਿ ਪਿਛਲੇ 15-20 ਸਾਲਾਂ ਤੋਂ ਲਗਾਤਾਰ ਵਿਭਾਗੀ ਅਧਿਕਾਰੀਆਂ ਵੱਲੋਂ ਪਿੰਡਾਂ 'ਚ ਘਰ-ਘਰ ਪਾਣੀ ਦੀ ਸਹੂਲਤ ਪਹੁੰਚਾਉਣ ਲਈ ਇਕੋ-ਇਕ ਵਾਟਰ ਸਕੀਮ ਅਤੇ ਸਮੇਂ ਸਮੇਂ 'ਤੇ ਹੋਰ ਵੱਖ ਵੱਖ ਕੰਮ ਲੈਣ ਲਈ (ਪੱਕੇ ਮੁਲਾਜ਼ਮਾਂ ਵਾਂਗ) ਡਿਊਟੀਆਂ ਲਗਾ ਕੇ, ਇਨ੍ਹਾਂ ਇਨਲਿਸਮੈਂਟ/ਆਊਟਸੋਰਸ ਵਰਕਰਾਂ ਪਾਸੋਂ ਫੀਲਡ ਤੇ ਦਫਤਰਾਂ 'ਚ ਸੇਵਾਵਾਂ ਲੈ ਰਹੇ ਹਨ। ਹੁਣ ਫਿਰ ਜਦੋਂ ਪੰਜਾਬ ਸਰਕਾਰ ਦੇ ਪ੍ਰੋਸਨਲ ਵਿਭਾਗ ਵੱਲੋਂ ਇਨਲਿਸਮੈਂਟ/ਆਊਟਸੋਰਸ ਵਰਕਰਾਂ ਬਾਰੇ ਜਾਣਕਾਰੀ ਮੰਗੀ ਗਈ ਹੈ ਤਾਂ ਵਿਭਾਗੀ ਅਧਿਕਾਰੀਆਂ ਨੇ ਵਰਕਰ ਵਿਰੋਧੀ ਰਿਪੋਰਟਾਂ ਭੇਜ ਕੇ ਇਨ੍ਹਾਂ ਵਰਕਰਾਂ ਦੇ ਕੱਚੇ-ਪਿੱਲੇ ਰੁਜ਼ਗਾਰ ਨੂੰ ਖੋਹਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਪਿਛਲੇ ਕਰੀਬ 2 ਸਾਲਾਂ ਤੋਂ ਕਾਮਿਆਂ ਦੇ ਮੇਹਨਤਾਨੇ 'ਚ ਵਾਧਾ ਨਹੀਂ ਕੀਤਾ ਗਿਆ ਅਤੇ ਉਲਟਾ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ। ਅੱਜ ਕਹਿਰ ਦੀ ਠੰਢ 'ਚ ਸਾਰੇ ਪੰਜਾਬ 'ਚ ਜਲ ਸਪਲਾਈ ਵਿਭਾਗ 'ਚ ਸੇਵਾਵਾਂ ਦੇ ਰਹੇ ਵਰਕਰਾਂ ਵੱਲੋਂ ਪਰਵਾਰਾਂ ਸਮੇਤ ਬੱਚਿਆਂ ਸਮੇਤ ਧਰਨੇ ਦਿੱਤੇ ਜਾ ਰਹੇ ਹਨ ਅਤੇ ਵਰਕਰਾਂ ਵੱਲੋਂ ਅੱਜ ਇਥੇ ਮੰਗ ਪੱਤਰ ਸੌਂਪੇ ਗਏ ਹਨ। ਉਨ੍ਹਾਂ ਚੇਤਾਵਨੀ ਦਿੱਤੀ ਗਈ ਕਿ ਜੇਕਰ ਮੰਗ-ਪੱਤਰ ਵਿਚ ਦਰਜ ਤਮਾਮ ਮੰਗਾਂ ਦਾ ਹੱਲ ਨਹੀਂ ਕੀਤਾ ਗਿਆ, ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤਕਰਨ/ਨਿੱਜੀਕਰਨ/ਸਕਾਡਾ ਸਿਸਟਮ ਜੋ ਕਿ ਲੋਕ ਅਤੇ ਵਰਕਰ ਵਿਰੋਧੀ ਨੀਤੀਆਂ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਲੋੜ ਪੈਣ 'ਤੇ ਭਵਿੱਖ ਵਿਚ ਵਿਰੋਧ ਪ੍ਰਦਰਸ਼ਨ ਕਰਨ ਦਾ ਪ੍ਰੋਗਰਾਮ ਕਿਸੇ ਵੇਲੇ ਵੀ ਕੀਤਾ ਜਾ ਸਕਦਾ ਹੈ। ਯੂਨੀਅਨ ਵੱਲੋਂ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਪਾਸੋਂ ਪੁਰਜ਼ੋਰ ਮੰਗ ਕੀਤੀ ਗਈ ਹੈ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਪਿਛਲੇ 15-20 ਸਾਲਾਂ ਦੇ ਲੰਮੇ ਸਮੇਂ ਤੋਂ ਪੇਂਡੂ ਜਲ ਸਪਲਾਈ ਸਕੀਮਾਂ ਤੇ ਇਕ ਵਰਕਰ ਦੇ ਰੂਪ 'ਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ, ਕਿਰਤ ਵਿਭਾਗ ਪੰਜਾਬ ਸਰਕਾਰ ਅਨੁਸਾਰ ਵਧੇ ਹੋਏ ਰੇਟ ਲਾਗੂ ਕੀਤੇ ਜਾਣ, ਜਲ ਜੀਵਨ ਮਿਸ਼ਨ ਦੇ 'ਨਲ-ਜਲ ਮਿੱਤਰ' ਤਹਿਤ ਪਿੰਡਾਂ ਵਿਚੋਂ ਇਕ ਵਿਅਕਤੀ ਨੂੰ ਵਾਟਰ ਸਪਲਾਈ ਸਕੀਮਾਂ ਦੀ ਸਾਂਭ ਸੰਭਾਲ, ਪਲੰਬਿੰਗ, ਇਲੈਕਟ੍ਰਿਕ ਵਰਕਸ ਆਦਿ ਦੀ ਟ੍ਰੇਨਿੰਗ ਦੇਣ ਦੇ ਜਾਰੀ ਪੱਤਰ ਨੂੰ ਤੁਰੰਤ ਰੱਦ ਕੀਤਾ ਜਾਵੇ। ਪੰਚਾਇਤਾਂ ਨੂੰ ਹੈਂਡਓਵਰ ਕੀਤੀਆਂ ਜਲ ਸਪਲਾਈ ਸਕੀਮਾਂ ਮੁੜ ਵਿਭਾਗ ਅਧੀਨ ਕੀਤੀਆਂ ਜਾਣ। ਸਕਾਡਾ ਸਿਸਟਮ ਲਗਾਉਣ ਦਾ ਫੈਸਲਾ ਰੱਦ ਕੀਤਾ ਜਾਵੇ। ਇਨ੍ਹਾਂ ਮੰਗਾਂ ਤੋਂ ਇਲਾਵਾ ਮੰਗ ਪੱਤਰ 'ਚ ਦਰਜ ਤਮਾਮ ਮੰਗਾਂ ਦਾ ਹੱਲ ਕੀਤਾ ਜਾਵੇ।



# ਮਾਲਵਾ ਪੰਜਾਬੀ ਸਾਹਿਤ ਸਭਾ ਨੇ ਦਰਸ਼ਨ ਸਿੰਘ ਪ੍ਰੀਤੀਮਾਨ ਦਾ ਜਨਮ ਦਿਨ ਮਨਾਇਆ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)** ਮਾਲਵਾ ਪੰਜਾਬੀ ਸਾਹਿਤ ਸਭਾ ਤੇ ਪਤਵੰਤਿਆਂ ਵੱਲੋਂ ਬਹੁਪੱਖੀ ਸ਼ਖ਼ਸੀਅਤ ਲੇਖਕ ਦਰਸ਼ਨ ਸਿੰਘ ਪ੍ਰੀਤੀਮਾਨ ਦਾ ਜਨਮ ਦਿਨ ਰੌਚਕ ਢੰਗ ਨਾਲ ਮਨਾਇਆ ਗਿਆ। ਹਰਬੰਸ ਸਿੰਘ ਖੁਰਮੀ ਦੇ 'ਖੁਰਮੀ ਮਿਊਜ਼ਿਕ ਹਾਲ' ਵਿਖੇ ਸਮਾਗਮ ਦੀ ਸ਼ੁਰੂਆਤ ਪ੍ਰੀਤੀਮਾਨ ਦੀ ਤੰਦਰੁਸਤੀ ਤੇ ਚੜ੍ਹਦੀ ਕਲਾ ਲਈ ਅਰਦਾਸ ਕਰਵਾ ਕੇ ਦੇਗ ਵਰਤਾਉਣ ਉਪਰੰਤ ਹਰਜੀਤ ਸਿੰਘ ਸਿੱਧੂ ਫੂਲਕਾ ਦੁਆਰਾ ਪੇਸ਼ ਕੀਤੇ ਇੱਕ ਗੀਤ ਨਾਲ ਹੋਈ।

ਰਾਜ ਕੁਮਾਰ ਸ਼ਰਮਾ ਨੇ ਸੰਤ ਰਾਮ ਉਸਦਾਸੀ ਦਾ ਇੱਕ ਗੀਤ ਸਾਂਝਾ ਕੀਤਾ ਤੇ ਮਾ. ਦਰਸ਼ਨ ਸਿੰਘ ਸਿੱਧੂ ਨੇ ਇੱਕ ਕਵਿਤਾ ਸੁਣਾਈ। ਸਟੇਜ ਸੰਚਾਲਕ ਦੀ ਜ਼ਿੰਮੇਵਾਰੀ ਲੈਕਚਰਾਰ ਦਦੂਦ ਸਿੰਘ ਨੇ ਬਾਖੂਬੀ ਨਿਭਾਈ। ਮੁੱਖ ਅਧਿਆਪਕ ਹਰਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਪ੍ਰੀਤੀਮਾਨ ਦੀਆਂ ਦੋ ਦਰਜਨ ਕਿਤਾਬਾਂ ਛਪ ਚੁੱਕੀਆਂ ਹਨ ਅਤੇ 2000 ਦੇ ਕਰੀਬ ਰਚਨਾਵਾਂ ਰਾਸ਼ਟਰੀ ਤੇ ਅੰਤਰਰਾਸ਼ਟਰੀ ਅਖ਼ਬਾਰਾਂ/ਮੈਗਜ਼ੀਨਾਂ ਦਾ ਸ਼ਿੰਗਾਰ ਬਣ ਚੁੱਕੀਆਂ ਹਨ। ਲੈਕਚਰਾਰ ਅਵਤਾਰ ਸਿੰਘ ਨੇ ਪ੍ਰੀਤੀਮਾਨ ਦੇ ਮੁੱਢਲੇ ਜੀਵਨ ਬਾਰੇ ਜਾਣਕਾਰੀ ਦਿੱਤੀ। ਮਾ. ਸੁਖਵਿੰਦਰ ਸਿੰਘ ਬਾਠ ਨੇ ਵਿਦਿਆਰਥੀ ਜੀਵਨ ਦੌਰਾਨ ਦੀਆਂ ਪ੍ਰੀਤੀਮਾਨ ਨਾਲ ਭੁੱਲੀਆਂ-ਵਿਸਰੀਆਂ ਯਾਦਾਂ ਨੂੰ ਸਾਂਝਾ ਕੀਤਾ।

ਸਭਾ ਦੇ ਸਰਪ੍ਰਸਤ ਗੁਰਨੈਬ ਸਿੰਘ ਭੰਮਾ ਨੇ ਪ੍ਰੀਤੀਮਾਨ ਦੇ ਜੀਵਨ ਉੱਪਰ ਵਿਸਥਾਰ ਨਾਲ ਚਾਨਣਾ ਪਾਇਆ। ਇਸ ਮੌਕੇ ਹਰਜੀਤ ਕੌਰ ਅਕਾਲੀ ਸਿੱਧੂ, ਸਿੰਦਰਪਾਲ ਕੌਰ, ਅਰਸ਼ਦੀਪ ਕੌਰ, ਖਜ਼ਾਨਚੀ ਹਰਬੰਸ ਸਿੰਘ ਖੁਰਮੀ, ਡਾ. ਨਰੰਜਨ ਸਿੰਘ ਚੌਹਾਨ, ਬਲਦੇਵ ਸਿੰਘ ਸੰਧੂ, ਜਗਸੀਰ ਸਿੰਘ ਸੀਰਾ, ਗਮਦੂਰ ਸਿੰਘ ਜੱਸੀ, ਜਗਦੀਸ ਸਿੰਘ ਗਾਟਵਾਲੀ, ਰਾਜਾ ਸਿੰਘ, ਜਰਨੈਲ ਸਿੰਘ, ਚਾਨਣ ਦੀਪ ਸਿੰਘ ਅਤੇ ਨੀਟਾ ਸਿੰਘ ਆਦਿ ਹਾਜ਼ਰ ਸਨ। ਦਰਸ਼ਨ ਸਿੰਘ ਪ੍ਰੀਤੀਮਾਨ ਨੇ ਆਪਣੇ ਜੀਵਨ ਦੀਆਂ ਖੱਟੀਆਂ-ਮਿਠੀਆਂ ਯਾਦਾਂ ਹਾਜ਼ਰੀਨ ਨਾਲ ਸਾਂਝੀਆਂ ਕੀਤੀਆਂ। ਦਰਸ਼ਨ ਸਿੰਘ ਭੁੱਲਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਭਗਵਾਨ ਸ੍ਰੀ ਰਾਮ ਦੇ ਪ੍ਰਾਣ ਪ੍ਰਤਿਸ਼ਠਾ ਸਮਾਰੋਹ 'ਤੇ ਵਿਸ਼ਾਲ ਰੱਥ ਯਾਤਰਾ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**- ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਸਮਾਣਾ ਦੀ ਅਗਵਾਈ ਹੇਠ ਸਮਾਣਾ ਸ਼ਹਿਰ ਵਿਖੇ ਸਮੂਹ ਧਾਰਮਿਕ, ਸਮਾਜਿਕ ਸੰਸਥਾਵਾਂ ਅਤੇ ਅਨੇਕਾਂ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਦੀ ਸ਼ਮੂਲੀਅਤ ਵਿੱਚ ਅਯੁੱਧਿਆ ਵਿਖੇ ਪ੍ਰਭੂ ਰਾਮ ਦੇ ਪ੍ਰਾਣ ਪ੍ਰਤਿਸ਼ਠਾ ਸਮਾਰੋਹ ਨੂੰ ਸਮਰਪਤ ਵਿਸ਼ਾਲ ਰੱਥ ਯਾਤਰਾ ਕੱਢੀ ਗਈ। ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਅਤੇ ਸ੍ਰੀ ਸਨਾਤਨ ਧਰਮ ਮਹਾਵੀਰ ਦਲ ਸਮਾਣਾ ਦੇ ਸਰਪ੍ਰਸਤ ਅਤੇ ਸਮਾਜਸੇਵੀ ਰਮੇਸ਼ ਗਰਗ ਦੀ ਅਗਵਾਈ ਵਿਚ ਕੱਢੀ ਗਈ ਇਸ ਵਿਸ਼ਾਲ ਰੱਥ ਅਤੇ ਝੰਡਾ ਯਾਤਰਾ ਵਿੱਚ ਸਮੂਹ ਨਗਰ ਨਿਵਾਸੀਆਂ ਤੋਂ ਇਲਾਵਾ ਕੀਰਤਨ ਮੰਡਲੀਆਂ, ਹਾਥੀ, ਘੋੜੇ, ਊਠ, ਸ਼ਾਨਦਾਰ ਪਾਲਕੀ, ਰਾਮ ਭਗਤ ਹਨੂੰਮਾਨ ਦਾ ਰੱਥ, ਭਗਵਾਨ ਰਾਮ ਦਾ ਸ਼ਾਨਦਾਰ ਬ੍ਰਹਮ ਰੱਥ, ਨਰਸਿਮ੍ਹਾ ਤਾਸਾ ਬੈਂਡ, ਆਰਮੀ ਬੈਂਡ, ਵੱਖ-ਵੱਖ ਤਰ੍ਹਾਂ ਦੇ ਢੋਲੀ ਮਾਸਟਰ, ਬ੍ਰਾਸ ਬੈਂਡ ਦੇ ਇਸ ਸ਼ਾਨਦਾਰ ਯਾਤਰਾ ਮੌਕੇ ਆਕਰਸ਼ਨ ਦਾ ਕੇਂਦਰ ਰਹੇ। ਇਹ ਯਾਤਰਾ ਸਵੇਰੇ ਅਗਰਵਾਲ ਧਰਮਸ਼ਾਲਾ ਤੋਂ ਸ਼ੁਰੂ ਹੋ ਕੇ ਪੁਰਾਣੀ ਗਊਸ਼ਾਲਾ, ਪੁਲਸ ਚੌਕੀ ਰੋਡ, ਗਾਂਧੀ ਗਰਾਊਂਡ, ਸਰਾਫਾ ਬਾਜ਼ਾਰ, ਮੇਨ ਰੋਡ, ਨਗਰ ਕੌਂਸਲ, ਤਹਿਸੀਲ ਰੋਡ, ਮਾਜਰੀ ਰੋਡ ਰਵਿਦਾਸ ਗੁਰਦੁਆਰਾ ਤੋਂ ਹੁੰਦੀ ਹੋਈ ਬਾਲਾਜੀ ਧਾਮ ਪਹੁੰਚੀ। ਸਮੂਹ ਸ਼ਰਧਾਲੂਆਂ ਨੇ ਇਕੱਠੇ ਹੋ ਕੇ ਭਗਵਾਨ ਰਾਮ ਦੀ ਸਮੂਹਿਕ ਆਰਤੀ ਕੀਤੀ ਅਤੇ ਇਸ ਇਤਿਹਾਸਕ ਦਿਹਾੜੇ 'ਤੇ ਸ੍ਰੀ ਬਾਲਾਜੀ ਧਾਮ ਵਿਖੇ 61 ਫੁੱਟ ਉੱਚਾ ਝੰਡਾ ਲਹਿਰਾਇਆ, ਇਸ ਦੀ ਸੇਵਾ ਹਰਜਿੰਦਰ ਸਿੰਘ ਬੇਦੀ ਸੈਕਟਰੀ ਵੱਲੋਂ ਕੀਤੀ ਗਈ। ਇਸ ਮੌਕੇ ਅਖੰਡ ਭੰਡਾਰਾ ਲਗਾਇਆ ਗਿਆ। ਯਾਤਰਾ ਸ਼ੁਰੂ ਮੌਕੇ ਸਵੇਰੇ ਅਗਰਵਾਲ ਧਰਮਸ਼ਾਲਾ ਵਿਖੇ ਛੋਲੇ ਪੂਰੀ ਦਾ ਅਟੁੱਟ ਭੰਡਾਰਾ ਚਲਾਇਆ ਗਿਆ। ਇਸ ਯਾਤਰਾ ਵਿੱਚ ਰਾਮਲੀਲ੍ਹਾ ਮੰਦਰ ਕਮੇਟੀ, ਅਗਰਵਾਲ ਧਰਮਸ਼ਾਲਾ, ਅਗਰਵਾਲ ਗਊਸ਼ਾਲਾ, ਅਨਾਥ ਗਊਸ਼ਾਲਾ, ਸ਼ਿਵ ਸ਼ੰਕਰ ਯੂਥ ਸੇਵਾ ਦਲ ਤੋਂ ਇਲਾਵਾ ਅਨੇਕਾਂ ਸੰਸਥਾਵਾਂ ਨੇ ਹਿੱਸਾ ਲਿਆ। ਇਸ ਯਾਤਰਾ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨ ਪਹੁੰਚੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਇਸ ਖੁਸ਼ੀ ਦੇ ਮੌਕੇ ਸਾਨੂੰ ਭਗਵਾਨ ਰਾਮ ਦੇ ਆਦਰਸ਼ਾਂ ਦਾ ਪਾਲਣ ਕਰਦੇ ਹੋਏ ਇੱਕ ਚੰਗੇ ਸਮਾਜ ਦਾ ਸਿਰਜਣ ਕਰਨਾ ਚਾਹੀਦਾ ਹੈ। ਇਸ ਯਾਤਰਾ ਵਿੱਚ ਮੁੱਖ 'ਤੇ ਪਹੁੰਚੇ ਸ਼ਹਿਰ ਦੇ ਪਤਵੰਤਿਆਂ ਵਿੱਚ ਅਗਰਵਾਲ ਗਊਸ਼ਾਲਾ ਦੇ ਪ੍ਰਧਾਨ ਅਮਿਤ ਸਿੰਗਲਾ ਸੀ ਏ, ਅਗਰਵਾਲ ਧਰਮਸ਼ਾਲਾ ਦੇ ਪ੍ਰਧਾਨ ਮਦਨ ਮਿੱਤਲ, ਮਾਂ ਛੱਠ ਪੂਜਾ ਦੇ ਪ੍ਰਧਾਨ ਬਿਨੇ ਸਿੰਘ ਠਾਕੁਰ, ਸਾਬਕਾ ਪ੍ਰਧਾਨ ਜੀਵਨ ਗਰਗ, ਗਿਆਨ ਚੰਦ ਕਟਾਰੀਆ, ਸੰਸਥਾ ਦੇ ਸੈਕਟਰੀ ਰਜਤ ਗੋਇਲ, ਸੀਨੀਅਰ ਮੀਤ ਪ੍ਰਧਾਨ ਜਤਿੰਦਰ ਗਰਗ, ਮੀਤ ਪ੍ਰਧਾਨ ਮੁਕੇਸ਼ ਵਰਮਾ, ਕੈਸ਼ੀਅਰ ਸਜੀਵ ਸੰਜੂ, ਦਲਪਤੀ ਗੌਰਵ ਗੋਰੀ, ਇੰਚਾਰਜ ਅਮਿਤ ਜਿੰਦਲ, ਮੈਂਬਰ ਰਜਿੰਦਰ ਕੁਮਾਰ, ਵਿਜੇ ਕੁਮਾਰ, ਬੰਟੀ ਕੁਮਾਰ, ਦੇਵ ਗੁਪਤਾ, ਅਮਨ ਜਿੰਦਲ ਵਿਜੇ ਗਰਗ, ਨਿਖਿਲ ਕੁਮਾਰ ਵਿਵੇਕ ਕੁਮਾਰ ਆਦਿ ਹਾਜ਼ਰ ਸਨ।



# ਸੁਭਾਸ਼ ਚੰਦਰ ਬੋਸ ਦੇ ਜਨਮ ਦਿਹਾੜੇ ਸਮਾਗਮ 'ਚ ਮਲੋਟ ਦੀ ਜਥੇਬੰਦੀ ਦੀ ਸ਼ਮੂਲੀਅਤ

**ਮਲੋਟ (ਗੁਰਮੀਤ ਸਿੰਘ ਮੱਕੜ)**:-ਭਾਰਤ ਦੇਸ਼ ਦੇ ਮਹਾਨ ਕ੍ਰਾਂਤੀਕਾਰੀ ਨੇਤਾ ਸੁਭਾਸ਼ ਚੰਦਰ ਬੋਸ ਦੇ 127ਵੇਂ ਜਨਮ ਦਿਹਾੜੇ ਨੂੰ ਸਟੇਟ ਪੱਧਰ ਅਤੇ ਪੰਜਾਬ ਸਰਕਾਰ ਵੱਲੋਂ ਹਰਪਾਲ ਟਿਵਾਣਾ ਨਾਭਾ ਰੋਡ ਪਟਿਆਲਾ ਵਿਖੇ ਮਨਾਇਆ ਗਿਆ, ਜਿਸ ਵਿਚ ਮਲੋਟ ਜਥੇਬੰਦੀ ਦੇ ਆਗੂਆਂ ਅਤੇ ਮੈਂਬਰਾਂ ਨੇ ਵੀ ਸ਼ਮੂਲੀਅਤ ਕੀਤੀ। ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਸ੍ਰੀ ਮੁਕਤਸਰ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਨੇ ਦੱਸਿਆ ਕਿ ਇਸ ਸਮਾਗਮ 'ਚ ਫਰੀਡਮ ਫਾਈਟਰ ਮੰਤਰੀ ਚੇਤਨ ਸਿੰਘ ਜੋੜਾਮਾਜਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਸੂਬਾ ਪ੍ਰਧਾਨ ਹਰਿੰਦਰਪਾਲ ਸਿੰਘ ਖਾਲਸਾ, ਸੂਬਾ ਜਨਰਲ ਸਕੱਤਰ ਮੇਜਰ ਸਿੰਘ ਬਰਨਾਲਾ ਅਤੇ ਸੂਬਾ ਖਜ਼ਾਨਚੀ ਭਰਪੂਰ ਸਿੰਘ ਦੀ ਯੋਗ ਅਗਵਾਈ ਹੇਠ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚੋਂ ਦੇਸ਼ ਭਗਤਾਂ ਦੇ ਵਾਰਿਸਾਂ ਨੇ ਬਹੁਤ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ ਨੇ ਦੱਸਿਆ ਕਿ ਮੰਤਰੀ ਨੇ ਮਹਾਨ ਨੇਤਾ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਕਿ ਜਿਨ੍ਹਾਂ ਦੇਸ਼ ਭਗਤਾਂ ਨੇ ਭਾਰਤ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਆਪਣੀ ਜਾਨ ਦੀ ਪ੍ਰਵਾਹ ਨਹੀਂ ਕੀਤੀ ਅਸੀਂ ਉਨ੍ਹਾਂ ਦੇ ਰਿਣੀ ਹਾਂ ਅਤੇ ਰਿਣੀ ਰਹਾਂਗੇ। ਸਮਾਗਮ ਵਿਚ ਮੀਤ ਪ੍ਰਧਾਨ ਜਗਪ੍ਰੀਤ ਸਿੰਘ ਛਾਬੜਾ, ਜਨਰਲ ਸਕੱਤਰ ਬਲਜਿੰਦਰ ਸਿੰਘ ਮਧੀਰ, ਸਕੱਤਰ ਸੁਭਾਸ਼ ਬੱਬਰ, ਜ਼ਿਲ੍ਹਾ ਖਜ਼ਾਨਚੀ ਕੁਲਵੰਤ ਸਿੰਘ ਭਲਾਈਆਣਾ, ਦਫਤਰ ਇੰਚਾਰਜ ਹਰਿੰਦਰ ਸਿੰਘ ਛਾਬੜਾ, ਅਮਰਜੀਤ ਬਾਵਾ, ਜਸਕਰਨ ਸਿੰਘ ਬੁੱਟਰ, ਸੁਖਦੇਵ ਸਿੰਘ ਸੰਧੂ, ਕਿਰਪਾਲ ਸਿੰਘ, ਰਣਜੀਤ ਸਿੰਘ ਕੱਟਿਆਂਵਾਲੀ, ਨਰਿੰਦਰ ਸਿੰਘ, ਬਲਵਿੰਦਰ ਕੌਰ ਮਿੱਡਾ, ਹਰਜਿੰਦਰ ਕੌਰ, ਮਨਜੀਤ ਕੌਰ ਮੁਕਤਸਰ ਆਦਿ ਮੈਂਬਰ ਹਾਜ਼ਰ ਸਨ।



# ਬਾਬਾ ਖੰਡੇ ਸ਼ਾਹ ਵਰਤੀਆ ਸੁਸਾਇਟੀ ਵੱਲੋਂ ਦੁੱਧ ਦਾ ਲੰਗਰ



**ਲੁਧਿਆਣਾ (ਜੱਸਦੀਪ ਵਰਤੀਆ)**- ਅਯੁੱਧਿਆ 'ਚ ਸ੍ਰੀ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਦੀ ਖੁਸ਼ੀ ਵਿੱਚ ਵਰਤੀਆ ਪਰਵਾਰ ਨੇ ਨੇੜੇ ਕਾਲੀ ਮਾਤਾ ਮੰਦਰ ਬਾਜ਼ੀਗਰ ਬਸਤੀ ਲੁਧਿਆਣਾ ਵਿਖੇ ਦੁੱਧ ਦਾ ਲੰਗਰ ਲਗਾਇਆ। ਇਸ ਸਮੇਂ ਵਰਤੀਆ ਪਰਵਾਰ ਦੇ ਸੀਨੀਅਰ ਆਗੂ ਪਰਮਜੀਤ, ਬੱਬੂ, ਰੋਸ਼ਨ ਲਾਲ, ਸੁਰਜੀਤ ਵਿੱਕੀ, ਰਾਮ ਜੀ, ਅਮਰੀਕ ਮੀਕਾ, ਸੀਤੇ ਸੁਖਦੇਵ ਸਾਊਂਡ ਮਾਸਟਰ ਪੱਪੇ ਆਦਿ ਹਾਜ਼ਰ ਸਨ।

# ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਵਿਚਾਰਾਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਨਾਰਦਰਨ ਰੇਲਵੇ ਮੈਨਜ ਯੂਨੀਅਨ ਦਫਤਰ ਫਿਰੋਜ਼ਪੁਰ ਵਿਖੇ ਮੀਟਿੰਗ ਕੀਤੀ। ਮੀਟਿੰਗ ਦੀ ਪ੍ਰਧਾਨਗੀ ਸਾਂਝੇ ਮੋਰਚੇ ਦੇ ਕਨਵੀਨਰ ਸੁਰਿੰਦਰ ਸਿੰਘ ਤੇ ਕਿਸ਼ਨ ਚੰਦ ਜਾਗੋਵਾਲੀਆ ਨੇ ਕੀਤੀ।ਮੀਟਿੰਗ ਵਿੱਚ ਵੱਖ-ਵੱਖ ਜਨਤਕ ਜਥੇਬੰਦੀਆਂ ਦੇ ਆਗੂ ਜਿਨ੍ਹਾਂ ਵਿੱਚ ਸੁਭਾਸ਼ ਸ਼ਰਮਾ, ਕਿਸਨ ਚੰਦ ਜਾਗੋਵਾਲੀਆ, ਮਹਿੰਦਰ ਸਿੰਘ ਧਾਲੀਵਾਲ, ਜਸਪਾਲ ਸਿੰਘ, ਰਜੀਵ ਹਾਂਡਾ, ਪ੍ਰਦੀਪ ਧਵਨ, ਮਾਨ ਸਿੰਘ ਭੱਟੀ, ਬਲਵੀਰ ਸਿੰਘ ਕੰਬੋਜ਼, ਤਰਸੇਮ ਲਾਲ ਬੇਦੀ, ਜੋਗਿੰਦਰ ਸਿੰਘ, ਰਮੇਸ਼ ਭੱਟੀ, ਬਲਕਾਰ ਸਿੰਘ ਮਾੜੀਮੇਘਾ, ਪਿਆਰਾ ਸਿੰਘ, ਚੰਦਰ ਮੋਹਨ, ਡਮਰ ਬਹਾਦਰ, ਗਰਦੇਵ ਸਿੰਘ, ਬੂਟਾ ਸਿੰਘ, ਤਰਲੋਕ ਸਿੰਘ, ਰਮੇਸ਼ ਕੁਮਾਰ, ਦਲਜੀਤ ਸਿੰਘ ਯਾਰੇਸਾਹ ਵਾਲਾ, ਕਸ਼ਮੀਰ, ਜੰਗਜੀਤ ਸਿੰਘ, ਪਦਮ ਕੁਮਾਰ, ਰਮੇਸ਼ ਸ਼ਰਮਾ, ਪ੍ਰਿਤਪਾਲ ਸਿੰਘ, ਹਰੀ ਕਿਸ਼ਨ, ਲਾਜਵੰਤੀ ਸ਼ਾਮਲ ਹੋਏ।ਮੀਟਿੰਗ ਵਿੱਚ ਆਗੂਆਂ ਨੇ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ ਲੁੱਟਾਂ ਖੋਹਾਂ ਤੇ ਨਸ਼ੇ ਵਿਰੁੱਧ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਉਨ੍ਹਾਂ ਨੇ ਕਿਹਾ ਕਿ ਫਿਰਕਾਪ੍ਰਸਤ ਸ਼ਕਤੀਆਂ, ਨਵਉਦਾਰਵਾਦੀ ਨੀਤੀਆਂ ਦਾ ਡੱਟਵਾਂ ਵਿਰੋਧ ਕਰਨ, ਨਵੀਂ ਪੈਨਸ਼ਨ ਸਕੀਮ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਰੇਲਵੇ ਅਤੇ ਹੋਰ ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਨੂੰ ਰੋਕਣ ਲਈ, ਕੇਂਦਰੀ ਤੇ ਸੂਬਾਈ ਸਰਕਾਰੀ ਅਦਾਰਿਆਂ ਵਿੱਚ ਖਾਲੀ ਅਸਾਮੀਆਂ ਤੇ ਪੱਕੀ ਭਰਤੀ ਕਰਨ ਆਦ ਮੰਗਾਂ ਨੂੰ ਉਜਾਗਰ ਕਰਨ ਲਈ 6 ਫਰਵਰੀ ਨੂੰ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇਪੀਐੱਮਓ) ਵੱਲੋਂ ਇੱਕ ਵਿਸ਼ਾਲ ਕਨਵੈਨਸ਼ਨ ਕਰਨ ਦਾ ਫੈਸਲਾ ਕੀਤਾ।

# ਗੈਰ-ਮਾਨਤਾ ਸਕੂਲਾਂ ਦੇ ਸਰਟੀਫਿਕੇਟ ਕਿਸੇ ਵੀ ਅੰਬੈਸੀ 'ਚ ਮਨਜ਼ੂਰ ਨਹੀਂ ਕੀਤੇ ਜਾਂਦੇ : ਪ੍ਰਿੰਸੀਪਲ ਬਾਵਾ



**ਜਗਰਾਉਂ (ਅਮਿਤ ਖੰਨਾ)**- ਚੰਗੀਆਂ ਸੰਸਥਾਵਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ 'ਚ ਅਹਿਮ ਰੋਲ ਅਦਾ ਕਰਦੀਆਂ ਹਨ ਜਦ ਕਿ ਗੈਰ ਤਜਰਬੇਕਾਰ ਅਤੇ ਗੈਰ ਮਾਨਤਾ ਪ੍ਰਾਪਤ ਸੰਸਥਾਵਾਂ ਵਿਦਿਅਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਦੀਆਂ ਹਨ ਅਤੇ ਵਿਦਿਆਰਥੀਆਂ ਨੂੰ ਦਿਸ਼ਾਹੀਣ ਕਰਦੀਆਂ ਹਨ।ਗੈਰ-ਮਾਨਤਾ ਵਾਲੇ ਸਕੂਲ ਦੇ ਕਿਸੇ ਵੀ ਸਰਟੀਫਿਕੇਟ ਨੂੰ ਅੰਬੈਸੀ ਅਪਰੂਵ ਨਹੀਂ ਕਰਦੀ।ਪ੍ਰਿੰਸੀਪਲ ਬਲਦੇਵ ਬਾਵਾ ਨੇ ਅੱਜ ਇੱਕ ਵਿਸ਼ੇਸ਼ ਮੀਟਿੰਗ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਕਿਸੇ ਵੀ ਸੰਸਥਾ ਵਿੱਚ ਆਪਣੇ ਬੱਚੇ ਨੂੰ ਦਾਖਲ ਕਰਵਾਉਣ ਤੋਂ ਪਹਿਲਾਂ ਇਹ ਯਕੀਨੀ ਬਣਾਉ ਕਿ ਸੰਸਥਾ ਕਿਸ ਬੋਰਡ ਨਾਲ ਸੰਬੰਧਤ ਹੈ ਜਾਂ ਅਜੇ ਵਿਦਿਆਰਥੀਆਂ ਉੱਪਰ ਅਲੱਗ-ਅਲੱਗ ਤਜਰਬੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਉ ਕਿ ਸੰਸਥਾ ਦੀ ਭਰੋਸੇਯੋਗਤਾ ਕੀ ਹੈ, ਇਸ ਨੇ ਵਿੱਦਿਆ ਦੇ ਖੇਤਰ ਵਿੱਚ ਕਿੰਨਾ ਸਮਾਂ ਕੰਮ ਕੀਤਾ ਹੈ। ਉਨ੍ਹਾ ਕਿਹਾ ਕਿ ਗੈਰ ਤਜਰਬੇਕਾਰ ਅਤੇ ਗੈਰ ਮਾਨਤਾ ਪ੍ਰਾਪਤ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਲਈ ਵਿਦੇਸ਼ ਜਾਣ ਮੌਕੇ ਬਹੁਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਖਾਸ ਕਰਕੇ ਵਿਦੇਸ਼ੀ ਅੰਬੈਸੀਆਂ ਸਰਟੀਫ਼ਿਕੇਟਾਂ ਨੂੰ ਅਪਰੂਵ ਨਹੀਂ ਕਰਦੀਆਂ।ਕਈ ਵਾਰ ਆਮ ਲੋਕ ਗੈਰ-ਮਾਨਤਾ ਵਾਲੇ ਸਕੂਲਾਂ ਦੇ ਬਹਿਕਾਵੇ 'ਚ ਆ ਜਾਂਦੇ ਹਨ, ਪਰ ਬਾਅਦ 'ਚ ਪਛਤਾਉਣਾ ਪੈਂਦਾ ਹੈ। ਸੋ ਆਪਣੇ ਬੱਚੇ ਨੂੰ ਦਾਖ਼ਲ ਕਰਵਾਉਣ ਤੋਂ ਪਹਿਲਾਂ ਸਕੂਲ ਦੀ ਮਾਨਤਾ ਜ਼ਰੂਰ ਚੈੱਕ ਕਰੋ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮੂਹ ਸਟਾਫ਼, ਮੈਡਮ ਜਸਮਿੰਦਰ ਕੌਰ ਅਤੇ ਦਲਵੀਰ ਕੌਰ ਹਾਜ਼ਰ ਸਨ।

# ਵੋਟਰ ਸੂਚੀਆਂ ਦੀ ਅੰਤਮ ਪ੍ਰਕਾਸ਼ਨਾ ਮੁਕੰਮਲ, ਵੋਟਰਾਂ ਦੀ ਗਿਣਤੀ 26,57,496 : ਜ਼ਿਲ੍ਹਾ ਚੋਣ ਅਫ਼ਸਰ



**ਲੁਧਿਆਣਾ (ਰਾਜ ਸਿੰਗਲਾ)**-ਭਾਰਤ ਚੋਣ ਕਮਿਸ਼ਨ ਵੱਲੋਂ ਯੋਗਤਾ 1 ਜਨਵਰੀ, 2024 ਦੇ ਅਧਾਰ ਉੱਤੇ ਜ਼ਿਲ੍ਹਾ ਲੁਧਿਆਣਾ ਦੇ ਸਮੂਹ 14 ਵਿਧਾਨ ਸਭਾ ਹਲਕਿਆਂ 'ਚ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਰਾਹੀਂ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕਰ ਦਿੱਤੀ ਗਈ। ਜ਼ਿਲ੍ਹਾ ਲੁਧਿਆਣਾ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਸੀ ਪਾਰਟੀਆਂ ਨੂੰ ਅੰਤਿਮ ਪ੍ਰਕਾਸ਼ਿਤ ਫੋਟੋ ਵੋਟਰ ਸੂਚੀਆਂ ਦਾ ਇੱਕ-ਇੱਕ ਸੈੱਟ (ਹਾਰਡ ਕਾਪੀ) ਅਤੇ ਇੱਕ-ਇੱਕ ਸੀ.ਡੀ. (ਸਾਫਟ ਕਾਪੀ ਬਿਨਾਂ ਫੋਟੋ ਵਾਲੀ ) ਦਿੱਤੀ ਗਈ ਹੈ।ਇਸ ਸਬੰਧੀ ਵੱਖ-ਵੱਖ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸੁਰਭੀ ਮਲਿਕ ਨੇ ਦੱਸਿਆ ਕਿ ਵੋਟਰ ਸੂਚੀ ਅਨੁਸਾਰ ਹੁਣ ਜ਼ਿਲ੍ਹਾ ਲੁਧਿਆਣਾ ਵਿੱਚ ਕੁੱਲ 26,57,496 ਵੋਟਰ ਦਰਜ ਕੀਤੇ ਗਏ ਹਨ। ਇਨ੍ਹਾਂ ਵਿੱਚ 1417816 ਮਰਦ, 1239534 ਔਰਤ ਵੋਟਰ ਅਤੇ ਤੀਜੇ ਲਿੰਗ ਵਾਲੇ 146 ਵੋਟਰ ਸ਼ਾਮਲ ਹਨ। ਇਸ ਵਾਰ ਪੋਲਿੰਗ ਸਟੇਸ਼ਨਾਂ ਦੀ ਗਿਣਤੀ 2919 ਹੈ। ਸੁਰਭੀ ਮਲਿਕ ਨੇ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਵੋਟਰ ਸੂਚੀਆਂ ਦੀ ਫਾਈਨਲ ਪ੍ਰਕਾਸ਼ਨਾ ਤੋਂ ਬਾਅਦ ਪ੍ਰਾਪਤ ਵੋਟਰ ਸੂਚੀ ਵਿਚ ਸ਼ਾਮਲ ਨਾਵਾਂ ਦੀ ਚੈਕਿੰਗ ਆਪਣੇ ਪੱਧਰ 'ਤੇ ਕਰ ਲੈਣ, ਤਾਂ ਜੋ ਕਿਸੇ ਸੰਭਾਵੀ ਉਮੀਦਵਾਰ ਦਾ ਨਾਂ ਵੋਟਰ ਸੂਚੀ 'ਚ ਸ਼ਾਮਲ ਹੋਣ ਤੋਂ ਨਾ ਰਹਿ ਗਿਆ ਹੋਵੇ। ਉਨ੍ਹਾਂ ਸਾਰੀਆਂ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਪਾਸੋਂ ਆਸ ਕੀਤੀ ਕਿ ਉਹ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਵਿੱਚ ਆਪਣਾ ਸਹਿਯੋਗ ਕਰਨਗੀਆਂ।ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਜਿਨ੍ਹਾਂ ਨਾਗਰਿਕਾਂ ਦੀ ਉਮਰ 01 ਜਨਵਰੀ, 2024 ਨੂੰ 18 ਸਾਲ ਜਾਂ ਇਸ ਤੋਂ ਵੱਧ ਹੈ ਅਤੇ ਉਨ੍ਹਾਂ ਦੀ ਵੋਟ ਨਹੀਂ ਬਣੀ, ਉਹ ਆਪਣੀ ਵੋਟ ਬਣਾਉਣ ਜਾਂ ਦਰੁਸਤੀ ਕਰਾਉਣ ਲਈ ਹਾਲੇ ਵੀ ਕੰਮ-ਕਾਜ ਵਾਲੇ ਦਿਨ ਆਪਣੇ ਸਬੰਧਤ ਬੀ ਐਲ ਓ ਕੋਲ ਜਾਂ ਐੱਸ ਡੀ ਐੱਮ ਦਫ਼ਤਰ ਵਿੱਚ ਜਾ ਕੇ ਫਾਰਮ ਭਰ ਕੇ ਦੇ ਸਕਦੇ ਹਨ। ਇਸ ਤੋਂ ਇਲਾਵਾ ਭਾਰਤ ਚੋਣ ਕਮਿਸ਼ਨ ਦੀ ਵੈਬਸਾਈਟ www.voters.eci.gov.in and voter Helpline app. 'ਤੇ ਜਾ ਕੇ ਆਨਲਾਈਨ ਫਾਰਮ ਵੀ ਭਰਿਆ ਜਾ ਸਕਦਾ ਹੈ। ਅਗਰ ਫਿਰ ਵੀ ਕਿਸੇ ਕਿਸਮ ਦੀ ਪ੍ਰੇਸ਼ਾਨੀ ਆਉਂਦੀ ਹੈ ਤਾਂ 1950 ਟੋਲ ਫ੍ਰੀ ਨੰਬਰ 'ਤੇ ਮੁਫਤ ਫੋਨ ਕਰਕੇ ਵੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਜੇਕਰ ਕਿਸੇ ਵੀ ਵੋਟਰ ਨੂੰ ਆਪਣੇ ਵੋਟਰ ਕਾਰਡ 'ਚ ਕੋਈ ਵੀ ਦਰੁਸਤੀ ਕਰਵਾਉਣੀ ਹੈ ਜਾਂ ਆਪਣੀ ਵੋਟ ਕਟਵਾਉਣੀ ਹੈ ਤਾਂ ਉਹ ਵੀ ਫਾਰਮ ਭਰ ਕੇ ਦੇ ਸਕਦੇ ਹਨ।ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਗੌਤਮ ਜੈਨ, ਚੋਣ ਤਹਿਸੀਲਦਾਰ ਅਮਨਦੀਪ ਸਿੰਘ, ਆਮ ਆਦਮੀ ਪਾਰਟੀ ਤੋਂ ਅਮਨਦੀਪ ਭਨੋਟ, ਕਾਂਗਰਸ ਪਾਰਟੀ ਤੋਂ ਕਮਲ ਕਿਸ਼ੋਰ, ਬਹੁਜਨ ਸਮਾਜ ਪਾਰਟੀ ਤੋਂ ਨਰੇਸ਼ ਕੁਮਾਰ, ਸੀ.ਪੀ.ਆਈ. ਐਮ. ਤੋਂ ਬਲਜੀਤ ਸਿੰਘ ਸ਼ਾਹੀ ਤੇ ਦੇਵਰਾਜ ਅਤੇ ਹੋਰ ਵੱਖ-ਵੱਖ ਰਾਜਸੀ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ।

# ਗਣਤੰਤਰ ਦਿਵਸ ਰਿਹਰਸਲ ਡੀ ਸੀ ਡੀ ਏ ਵੀ ਸਕੂਲ ਦੇ ਵਿਹੜੇ 'ਚ ਹੋਈ

**ਫਾਜ਼ਿਲਕਾ ( ਨਿਸ਼ਾ ਸ਼ਰਮਾ )**-ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਕੌਮੀ ਜਜ਼ਬੇ ਅਤੇ ਉਤਸ਼ਾਹ ਨਾਲ ਫਾਜ਼ਿਲਕਾ ਦੇ ਸ਼ਹੀਦ ਭਗਤ ਸਿੰਘ ਬਹੁਮੰਤਵੀ ਖੇਡ ਸਟੇਡੀਅਮ ਵਿਖੇ ਮਨਾਇਆ ਜਾਣਾ ਹੈ। ਇਸ ਮੌਕੇ ਪੇਸ਼ ਹੋਣ ਵਾਲੇ ਸੱਭਿਆਚਾਰਕ ਪ੍ਰੋਗਰਾਮ ਦੀ ਰਿਹਰਸਲ ਡੀ ਸੀ ਡੀ ਏ ਵੀ ਸਕੂਲ ਦੇ ਵਿਹੜੇ 'ਚ ਹੋਈ। ਜਿਸ ਦਾ ਨਿਰੀਖਣ ਐੱਸ.ਡੀ.ਐੱਮ ਵਿਪਨ ਭੰਡਾਰੀ ਵੱਲੋਂ ਕੀਤਾ ਗਿਆ। ਇਸ ਮੌਕੇ ਆਤਮ ਵੱਲਭ ਸਕੂਲ ਫਾਜ਼ਿਲਕਾ ਵੱਲੋਂ ਮੈਂ ਭਾਰਤ ਹੂੰ, ਐੱਸ.ਕੇ.ਬੀ ਡੀ ਏ ਵੀ ਸੀਨੀ. ਸੈਕੰਡਰੀ ਸਕੂਲ ਪੈਂਚਾਵਾਲੀ ਵੱਲੋਂ ਪੰਜਾਬੀ ਭਾਸ਼ਾ ਨੂੰ ਸਮਰਪਤ, ਹੋਲੀ ਹਾਰਟ ਸਕੂਲ ਵੱਲੋਂ ਸਰਫਰੋਸ਼ੀ ਕੀ ਤਮੰਨਾ, ਸਰਵਹਿੱਕਾਰੀ ਸਕੂਲ ਵੱਲੋਂ ਘਰ-ਘਰ ਤਿਰੰਗਾ, ਸਰਕਾਰੀ ਕੰਨਿਆ ਸੀਨੀ. ਸੈਕੰਡਰੀ ਸਕੂਲ ਵੱਲੋਂ ਗਿੱਧਾ ਅਤੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਬੱਚਿਆਂ ਵੱਲੋਂ ਸਾਂਝੇ ਤੌਰ ਤੇ ਪੰਜਾਬੀ ਲੋਕ ਨਾਚ ਭੰਗੜੇ ਦੀ ਪੇਸ਼ਕਾਰੀ ਕੀਤੀ ਗਈ। ਐੱਸ.ਡੀ.ਐੱਮ ਵਿਪਨ ਭੰਡਾਰੀ ਨੇ ਕਿਹਾ ਕਿ ਇਸ ਸਮਾਗਮ 'ਚ ਸੱਭਿਆਚਾਰਕ ਪੇਸ਼ਕਾਰੀਆਂ ਦੇ ਨਾਲ ਨਾਲ ਪੰਜਾਬੀ ਵਿਰਸੇ ਨੂੰ ਦਰਸਾਉਂਦੀਆਂ ਝਾਕੀਆਂ ਦੀ ਪੇਸ਼ਕਾਰੀ ਖਿੱਚ ਦਾ ਕੇਂਦਰ ਹੋਵੇਗੀ। ਉਨ੍ਹਾ ਜ਼ਿਲ੍ਹਾ ਵਾਸੀਆਂ ਨੂੰ ਗਣਤੰਤਰ ਦਿਵਸ ਸਮਾਗਮ 'ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਹ ਸਾਡਾ ਰਾਸ਼ਟਰੀ ਤਿਉਹਾਰ ਹੈ, ਸੋ ਇਸ ਵਿੱਚ ਨਾ ਕੇਵਲ ਬੱਚੇ ਜਾਂ ਸਰਕਾਰੀ ਕਰਮਚਾਰੀ ਬਲਕਿ ਜ਼ਿਲ੍ਹਾ ਵਾਸੀ ਵੀ ਉਤਸ਼ਾਹ ਨਾਲ ਹਿੱਸਾ ਲੈਣ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਡਾ. ਸੁਖਬੀਰ ਸਿੰਘ ਬੱਲ, ਡੀ ਸੀ ਡੀ ਏ ਵੀ ਸਕੂਲ ਪ੍ਰਿੰਸੀਪਲ ਮੈਡਮ ਮਨੀ, ਪ੍ਰਿੰਸੀਪਲ ਸਰਰਿਤੀ ਕਟਾਰੀਆ, ਹੈੱਡਮਾਸਟਰ ਸਤਿੰਦਰ ਬੱਤਰਾ, ਹੈੱਡਮਾਸਟਰ ਮਨਜਿੰਦਰ ਸਿੰਘ, ਗੁਰਛਿੰਦਰਪਾਲ ਸਿੰਘ ਅਤੇ ਹੈੱਡਮਿਸਟ੍ਰੈਸ ਜੋਤੀ ਸਮੇਤ ਵੱਖ ਸਕੂਲਾਂ ਦੇ ਵਿਦਿਆਰਥੀ ਤੇ ਅਧਿਆਪਕ ਅਤੇ ਵਿਭਾਗੀ ਅਧਿਕਾਰੀ ਮੌਜੂਦ ਸਨ।

# ਦੇਵ ਮਾਨ ਵੱਲੋਂ ਸੁਖੇਵਾਲ 'ਚ ਵਿਕਾਸ ਕਾਰਜਾਂ ਦਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**- ਪੰਜਾਬ ਦੇ ਕ੍ਰਾਂਤੀਕਾਰੀ ਅਤੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ 'ਚ ਪੰਜਾਬ 'ਚ ਵੱਡੇ ਪੱਧਰ ਦੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਹਲਕਾ ਨਾਭਾ 'ਚ ਵੀ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਅਤੇ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਿੰਡ ਸੁਖੇਵਾਲ ਵਿਖੇ ਨਵੀਆਂ ਬਣੀਆਂ ਗਲੀਆਂ ਅਤੇ ਨਾਲੀਆਂ ਦਾ ਉਦਘਾਟਨ ਕਰਨ ਉਪਰੰਤ ਕੀਤਾ। ਉਨ੍ਹਾ ਦੱਸਿਆ ਕਿ ਅੱਜ ਪਿੰਡ ਸੁਖੇਵਾਲ ਵਿਖੇ ਤਕਰੀਬਨ 25 ਲੱਖ ਰੁਪਏ ਦੀ ਲਾਗਤ ਨਾਲ ਨਵੀਆਂ ਗਲੀਆਂ ਨਾਲੀਆਂ, ਕੱਚਿਆਂ ਰਸਤਿਆਂ ਦੇ ਉਪਰ ਇੰਟਰਲਾਕਿੰਗ ਟਾਇਲ ਲਗਾਉਣ ਅਤੇ ਮੇਨ ਸੜਕ ਦੇ ਨਾਲ ਬਰਮਾਂ ਤੇ ਇੰਟਰਲਾਕਿੰਗ ਟਾਇਲ ਲਗਾਉਣ ਦੇ ਕੰਮਾਂ ਦਾ ਉਦਘਾਟਨ ਕੀਤਾ ਗਿਆ। ਉਨ੍ਹਾ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜਾਂ ਲਈ ਇਸ ਪਿੰਡ ਨੂੰ ਗ੍ਰਾਂਟ ਜਾਰੀ ਕੀਤੀ ਜਾਵੇਗੀ। ਦੇਵ ਮਾਨ ਨੇ ਕਿਹਾ ਕਿ ਜੋ ਲੋਕਾਂ ਨਾਲ ਚੋਣਾਂ ਦੌਰਾਨ ਗਰੰਟੀਆਂ ਕੀਤੀਆਂ ਸਨ, ਉਨ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਪੰਚਾਇਤ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਵਿਧਾਇਕ ਦੇਵ ਮਾਨ ਦਾ ਸਨਮਾਨ ਅਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਉਨ੍ਹਾ ਦੇ ਨਾਲ ਸਿਧਾਰਥ ਸ਼ਰਮਾ, ਚਰਨਪ੍ਰੀਤ ਕੌਰ ਸਰਪੰਚ, ਤੇਜਿੰਦਰ ਸਿੰਘ ਖਹਿਰਾ, ਧਰਮਿੰਦਰ ਸਿੰਘ ਸੁਖੇਵਾਲ, ਤਪਿੰਦਰ ਸਿੰਘ ਪੰਚ, ਸਤਵੰਤ ਸਿੰਘ, ਕੁਲਵਿੰਦਰ ਸਿੰਘ ਪੰਚ, ਹਰਦੀਪ ਸਿੰਘ ਪੰਚ, ਰਣਜੀਤ ਕੌਰ ਪੰਚ, ਗੁਰਪ੍ਰੀਤ ਕੌਰ ਪੰਚ, ਭੁਪਿੰਦਰ ਸਿੰਘ ਕੱਲਰ ਮਾਜਰੀ, ਜਸਵੀਰ ਸਿੰਘ ਵਜੀਦਪੁਰ ਅਤੇ ਹੋਰ ਪਿੰਡ ਵਾਸੀ ਮੌਜੂਦ ਸਨ।

# ਪਾਤੜਾਂ ਤੋਂ ਤੀਰਥ ਯਾਤਰਾ ਲਈ ਬੱਸ ਰਵਾਨਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਨੂੰ ਧਾਰਮਿਕ ਯਾਤਰਾਵਾਂ 'ਤੇ ਭੇਜਣ ਲਈ ਸ਼ੁਰੂ ਕੀਤੀ ਗਈ ਤੀਰਥ ਯਾਤਰਾ ਸਕੀਮ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਯਾਤਰੂਆਂ ਨੂੰ ਲੈ ਕੇ ਸਿੱਖਾਂ ਦੇ ਪਵਿੱਤਰ ਧਾਰਮਿਕ ਸਥਾਨ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਸ੍ਰੀ ਆਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਪਾਤੜਾਂ ਤੋਂ ਬੱਸ ਰਵਾਨਾ ਹੋਈ। ਦੋ ਦਿਨਾ ਇਸ ਧਾਰਮਿਕ ਯਾਤਰਾ ਵਾਲੀ ਬੱਸ ਨੂੰ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਬੱਸ ਰਾਹੀਂ 43 ਸ਼ਰਧਾਲੂ ਯਾਤਰਾ 'ਤੇ ਗਏ ਹਨ। ਬੱਸ ਨੂੰ ਰਵਾਨਾ ਕਰਨ ਉਪਰੰਤ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਗਏ ਹਰ ਵਾਅਦੇ ਨੂੰ ਪੂਰਾ ਕਰਨ ਲਈ ਨਾ ਸਿਰਫ਼ ਵਚਨਬੱਧ ਹੈ ਸਗੋਂ ਪੂਰੀ ਤਰ੍ਹਾਂ ਨਾਲ ਆਪਣੀਆਂ ਦਿੱਤੀਆਂ ਹੋਈਆਂ ਗਰੰਟੀਆਂ ਨੂੰ ਪੂਰੀਆਂ ਕਰਨ ਵਿੱਚ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਹਰ ਬਜ਼ੁਰਗ ਉਮਰ ਦੇ ਅਖੀਰਲੇ ਪੜਾਅ ਉਤੇ ਧਾਰਮਿਕ ਯਾਤਰਾ ਦੀ ਖਾਹਿਸ਼ ਰੱਖਦਾ ਹੈ ਪਰ ਬਹੁਤ ਸਾਰੇ ਬਜ਼ੁਰਗਾਂ ਦੀ ਖਾਹਿਸ਼ ਕਈ ਕਾਰਨਾਂ ਕਰਕੇ ਪੂਰੀ ਨਹੀਂ ਹੁੰਦੀ ਪਰ ਪੰਜਾਬ ਸਰਕਾਰ ਤੀਰਥ ਯਾਤਰਾ ਸਕੀਮ ਰਾਹੀਂ ਬਜ਼ੁਰਗਾਂ ਦੀ ਇਹ ਖਾਹਿਸ਼ ਨੂੰ ਪੂਰਾ ਕਰੇਗੀ। ਉਨ੍ਹਾਂ ਲੋਕਾਂ ਨੂੰ ਆਉਣ ਵਾਲੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਸਮਰਥਨ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਰੰਗਲਾ ਪੰਜਾਬ ਸਿਰਜਣ ਲਈ ਸਰਕਾਰ ਦਾ ਸਾਥ ਦੇਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਆਪ ਆਗੂ ਕੁਲਦੀਪ ਸਿੰਘ ਥਿੰਦ, ਟਰੱਕ ਯੂਨੀਅਨ ਪਾਤੜਾਂ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ, ਨਗਰ ਕੌਂਸਲ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਸੋਨੀ ਜਲੂਰ, ਸਰਪੰਚ ਕਰਨੈਲ ਸਿੰਘ ਦੁਤਾਲ, ਬਲਾਕ ਪ੍ਰਧਾਨ ਮਹਿੰਗਾ ਸਿੰਘ ਬਰਾੜ, ਸੰਦੀਪ ਕੁਮਾਰ, ਸਰਪੰਚ ਗੁਲਾਬ ਸਿੰਘ ਹਰਿਆਉ,ਚੇਅਰਮੈਨ ਤੇਜਿੰਦਰ ਸਿੰਘ ਤੇਜੀ ਬੂਰੜ ਅਤੇ ਬਲਜੀਤ ਸਿੰਘ ਸਹੋਤਾ ਆਦਿ ਹਾਜ਼ਰ ਸਨ।




# ਅਗਰਸੈਨ ਇੰਟਰਨੈਸ਼ਨਲ ਪਬਲਿਕ ਸਕੂਲ 'ਚ ਬਣਾਈ ਗਈ ਨਵੀਂ ਆਧੁਨਿਕ ਕੰਪਿਊਟਰ ਲੈਬ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਅਗਰਸੈਨ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਨਵੀਂ ਬਣੀ ਆਧੁਨਿਕ ਕੰਪਿਊਟਰ ਲੈਬ ਦਾ ਉਦਘਾਟਨ ਕੈਬਨਿਟ ਮੰਤਰੀ ਪੰਜਾਬ ਚੇਤਨ ਸਿੰਘ ਜੌੜਾਮਾਜਰਾ ਤੇ ਸ੍ਰੀਮਤੀ ਕਮਲਾ ਦੇਵੀ ਜੀ ਧਰਮਪਤਨੀ ਸਵ. ਦੀਵਾਨ ਚੰਦ ਗਰਗ (ਗੜ੍ਹੀ ਵਾਲੇ) ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਇਸ ਕੰਪਿਊਟਰ ਲੈਬ ਨੂੰ ਆਧੁਨਿਕ ਕਰਨ ਦੀ ਸੇਵਾ ਉੱਚ ਅਹੁਦੇ ਤੇ ਪਹੁੰਚੇ ਸਕੂਲ ਦੇ ਹੀ ਸਾਬਕਾ ਵਿਦਿਆਰਥੀ ਜਤਿਨ ਗਰਗ ਸਪੁੱਤਰ ਸ੍ਰੀ ਸੁਦੇਸ ਗਰਗ (ਅਗਰਵਾਲ ਟਾਇਰ ਵਾਲੇ) ਵੱਲੋਂ ਆਪਣੇ ਦਾਦਾ ਜੀ ਦੀ ਯਾਦ 'ਚ ਕੀਤੀ ਗਈ। ਇਸ ਲੈਬ ਵਿੱਚ ਨਵੇਂ ਆਧੁਨਿਕ ਕੰਪਿਊਟਰ ਸਥਾਪਤ ਕੀਤੇ ਗਏ ਹਨ, ਜਿੱਥੇ ਵਿਦਿਆਰਥੀਆਂ ਨੂੰ ਮਾਹਿਰਾਂ ਵੱਲੋਂ ਕੰਪਿਊਟਰ ਦਾ ਮੁੱਢਲਾ ਗਿਆਨ ਤੇ ਸਿੱਖਿਆ ਦਿੱਤੀ ਜਾਵੇਗੀ। ਇਸ ਮੌਕੇ ਜੌੜਾਮਾਜਰਾ ਨੇ ਕਿਹਾ ਕਿ ਅਜੋਕਾ ਤੇ ਅਗਲਾ ਸਮਾਂ ਕੰਪਿਊਟਰ ਦਾ ਯੁੱਗ ਹੀ ਹੋਵੇਗਾ, ਇਸ ਲਈ ਸਕੂਲ ਵੱਲੋਂ ਗਰਗ ਪਰਵਾਰ ਦੇ ਸਹਿਯੋਗ ਨਾਲ ਸਾਰਥਿਕ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਅਗਰਵਾਲ ਧਰਮਸ਼ਾਲਾ ਪ੍ਰਧਾਨ ਮਦਨ ਮਿੱਤਲ, ਉਦਯੋਗਪਤੀ ਸ੍ਰੀ ਰਮੇਸ਼ ਗਰਗ, ਕਪੂਰ ਚੰਦ ਬਾਂਸਲ, ਜਤਿੰਦਰ ਹੈਪੀ ਢੀਂਗੜਾ, ਪਵਨ ਸ਼ਾਸ਼ਤਰੀ, ਸ਼ਸ਼ੀ ਭੂਸ਼ਣ, ਪ੍ਰਿੰਸੀਪਲ ਭੂਸ਼ਣ ਕੁਮਾਰ ਮਿੱਤਲ, ਅੰਕੁਸ਼ ਗੋਇਲ, ਕ੍ਰਿਸ਼ਨ ਗੋਇਲ, ਨੀਰਜ ਬਾਂਸਲ, ਹੁਸਨ ਲਾਲ ਗਰਗ, ਵਿਸ਼ਾਲ ਗਰਗ, ਸੁਮੀਤ ਗਰਗ ਟੀਨੂੰ, ਪੰਕਜ ਗਰਗ, ਨਰਿੰਦਰ ਪੰਮੀ, ਰਮਨ ਗੁਪਤਾ, ਰਵੀ ਗਰਗ ਟੀਮਾ, ਰਾਜੀਵ ਸਿੰਗਲਾ, ਪ੍ਰਿੰਸੀਪਲ ਅਜੇ ਸਿੰਗਲਾ, ਸੁਰਿੰਦਰ ਗਰਗ, ਵਰੁਣ ਗਰਗ, ਗਗਨ ਗਰਗ ਅਤੇ ਵਿਸ਼ਾਲ ਜਿੰਦਲ ਆਦਿ ਵੀ ਮੌਜੂਦ ਰਹੇ।

# ਸਰਹੱਦੀ ਖੇਤਰ ਦੇ ਲੋਕਾਂ 'ਚ ਬੁਨਿਆਦੀ ਸਹੂਲਤਾਂ ਨੂੰ ਲੈ ਕੇ ਭਾਰੀ ਰੋਸ

**ਫ਼ਾਜ਼ਿਲਕਾ, (ਕ੍ਰਿਸ਼ਨ)** ਸਰਹੱਦੀ ਖੇਤਰ ਦੇ ਲੋਕਾਂ 'ਚ ਬੁਨਿਆਦੀ ਸਹੂਲਤਾਂ ਨੂੰ ਲੈ ਕੇ ਭਾਰੀ ਰੋਸ ਜਤਾਇਆ ਜਾ ਰਿਹਾ ਹੈ।ਇਸ ਰੋਸ ਤਹਿਤ ਬਾਰਡਰ ਪੱਟੀ ਦੇ ਪਿੰਡ ਤੇਜਾ ਰੁਹੇਲਾ ਵਿਖੇ ਸਰਬ ਭਾਰਤ ਨੌਜਵਾਨ ਸਭਾ ਵੱਲੋਂ ਸ਼ੁਬੇਗ ਸਿੰਘ ਝੰਗੜਭੈਣੀ ਜ਼ਿਲ੍ਹਾ ਸਕੱਤਰ ਅਤੇ ਸੀਨੀਅਰ ਆਗੂ ਗੁਰਦਿਆਲ ਸਿੰਘ ਦੀ ਅਗਵਾਈ ਹੇਠ ਡੀਸੀ ਫਾਜ਼ਿਲਕਾ ਸੇਨੂ ਦੁੱਗਲ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਰਡਰ ਪੱਟੀ ਦੇ ਲੋਕਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਵੱਲੋਂ ਮੁਢਲੀਆਂ ਬੁਨਿਆਦੀ ਸਹੂਲਤਾਂ ਨਾ ਦੇਣ ਤੇ ਉਨ੍ਹਾਂ ਵੱਲੋਂ ਦੋ ਵਾਰ ਮੰਗ ਪੱਤਰ ਅਤੇ ਚੇਤਾਵਨੀ ਪੱਤਰ ਦੇਣ ਤੇ ਵੀ ਜ਼ਿਲ੍ਹਾ ਪ੍ਰਸ਼ਾਸ਼ਨ ਹਰਕਤ ਵਿਚ ਨਹੀਂ ਆਇਆ, ਜਿਸ ਕਰਕੇ ਪਹਿਲਾਂ ਪਿੰਡ ਝੰਗੜ ਭੈਣੀ ਡੀ ਸੀ ਸੇਨੂੰ ਦੁੱਗਲ ਫਾਜ਼ਿਲਕਾ ਦਾ ਪੁਤਲਾ ਫੂਕਿਆ ਗਿਆ ਸੀ। ਆਗੂਆਂ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਦਿੱਤੇ ਮੰਗ ਪੱਤਰ ਦੀਆਂ ਸਾਰੀਆਂ ਮੰਗਾਂ ਮੰਨ ਨਹੀਂ ਲੈਂਦੀ, ਓਦੋਂ ਤੱਕ ਲਗਾਤਾਰ ਪਿੰਡ ਪਿੰਡ ਪੁਤਲਾ ਫੂਕ ਪ੍ਰਦਰਸ਼ਨ ਜਾਰੀ ਰਹੇਗਾ।ਪੁਤਲਾ ਫੂਕ ਪ੍ਰਦਰਸ਼ਨ ਵਿੱਚ ਹਾਜ਼ਰ ਪਿੰਡ ਤੇਜਾ ਰੁਹੇਲਾ ਦੇ ਪ੍ਰਧਾਨ ਸ਼ੀਤਾ ਸਿੰਘ, ਸਕੱਤਰ ਬਲਵਿੰਦਰ ਸਿੰਘ, ਚੰਨਾ ਸਿੰਘ, ਗੁਰਬਚਨ ਸਿੰਘ ਅਤੇ ਖੁਸ਼ਹਾਲ ਸਿੰਘ ਪੰਚਾਇਤ ਮੈਂਬਰ ਪਿੰਡ ਚੱਕ ਤੇਜ਼ਾ ਰੁਹੇਲਾ, ਸੁਨੀਤਾ ਰਾਣੀ ਤੇਜ਼ਾ ਰੁਹੇਲਾ, ਸੁਨੀਲ ਪ੍ਰਧਾਨ ਝੰਗੜ ਭੈਣੀ,ਰਾਜਵਿੰਦਰ ਪ੍ਰਧਾਨ ਨਿਉਲਾ, ਕੁਲਦੀਪ ਪ੍ਰਧਾਨ ਮਹਾਤਮ ਨਗਰ, ਲੱਡੂ, ਕਰਨ ਸਿੰਘ ਪ੍ਰਧਾਨ ਸੈਦੋ ਕਾ ਹਿਠਾਥ, ਸੱਕਤਰ ਗੁਰਬਚਨ ਸਿੰਘ, ਗੁਰਪ੍ਰੀਤ ਸਿੰਘ, ਸੋਨਾ ਸਿੰਘ ਤੇ ਰਾਜਵੀਰ ਸਿੰਘ ਪ੍ਰਦਰਸ਼ਨ ਮੌਕੇ ਹਾਜ਼ਰ ਸਨ।

# ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ ਦਿਹਾੜਾ ਮਨਾਉਣ ਲਈ ਕੈਬਨਿਟ ਮੰਤਰੀ ਦੀ ਅਗਵਾਈ ਹੇਠ ਰਾਜ ਪੱਧਰੀ ਸਮਾਰੋਹ



**ਪਟਿਆਲਾ ( ਗੁਰਪਿਆਰ ਸਿੰਘ ਬੱਲ)**-ਮਹਾਨ ਦੇਸ਼ ਭਗਤ ਤੇ ਆਜ਼ਾਦੀ ਦੀ ਲੜਾਈ 'ਚ ਅਹਿਮ ਯੋਗਦਾਨ ਪਾਉਣ ਵਾਲੇ ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ ਦਿਹਾੜਾ ਸੁਤੰਤਰਤਾ ਸੰਗਰਾਮੀ ਵਿਭਾਗ ਦੇ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਪਟਿਆਲਾ ਵਿਖੇ ਰਾਜ ਪੱਧਰੀ ਸਮਾਗਮ ਕਰਵਾ ਕੇ ਮਨਾਇਆ ਗਿਆ। ਉਨ੍ਹਾਂ ਐਲਾਨ ਕੀਤਾ ਕਿ ਹੁਣ ਹਰ ਸਾਲ ਸੁਭਾਸ਼ ਚੰਦਰ ਬੋਸ ਦਾ ਜਨਮ ਦਿਹਾੜਾ ਸਰਕਾਰੀ ਤੌਰ 'ਤੇ ਮਨਾਇਆ ਜਾਵੇਗਾ। ਉਨ੍ਹਾਂ ਦੇ ਨਾਲ ਸੁਤੰਤਰਤਾ ਸੰਗਰਾਮੀ ਪ੍ਰੇਮ ਸਾਗਰ ਫਗਵਾੜਾ ਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੀ ਮੌਜੂਦ ਸਨ।ਜੌੜਾਮਾਜਰਾ ਦੀ ਵਿਸ਼ੇਸ਼ ਪਹਿਲਕਦਮੀ ਤਹਿਤ ਪੰਜਾਬ ਭਰ ਦੇ ਸੁਤੰਤਰਤਾ ਸੰਗਰਾਮੀਆਂ ਦੇ ਪਰਵਾਰਾਂ ਦੀਆਂ ਵੱਖ-ਵੱਖ ਫਰੀਡਮ ਫਾਈਟਰ ਉਤਰਾਧਿਕਾਰੀ ਐਸੋਸੀਏਸ਼ਨਾਂ ਰਜਿਸਟ੍ਰੇਸ਼ਨ ਨੰਬਰ 196 ਅਤੇ 234 ਇੱਕ ਮੰਚ 'ਤੇ ਇਕੱਠੀਆਂ ਹੋਈਆਂ ਸਨ, ਜਿਨ੍ਹਾਂ ਨੂੰ ਕੈਬਨਿਟ ਮੰਤਰੀ ਨੇ ਮੁੜ ਸੱਦਾ ਦਿੱਤਾ ਕਿ ਉਹ ਸਦਾ ਲਈ ਇਕਜੁੱਟ ਹੋ ਜਾਣ ਤਾਂ ਕਿ ਸੁਤੰਤਰਤਾ ਸੰਗਰਾਮੀਆਂ ਦੇ ਪਰਵਾਰਾਂ ਦੀ ਬਿਹਤਰੀ ਲਈ ਹੋਰ ਵੀ ਵੱਧ ਚੜ੍ਹ ਕੇ ਹਿੱਸਾ ਪਾ ਸਕਣ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਖ਼ੁਦ ਆਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਦੀ ਸੇਵਾ ਵਿੱਚ ਸਦਾ ਹਾਜ਼ਰ ਰਹਿਣਗੇ।ਨੇਤਾ ਜੀ ਸੁਭਾਸ਼ ਚੰਦਰ ਬੋਸ ਦੇ 127ਵੇਂ ਜਨਮ ਦਿਹਾੜੇ ਮੌਕੇ ਮਹਾਨ ਦੇਸ਼ ਭਗਤ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਦੇਸ਼ ਦੀ ਆਜ਼ਾਦੀ ਦੀ ਲੜਾਈ ਲੜਨ ਵਾਲੇ ਮਹਾਨ ਦੇਸ਼ ਭਗਤਾਂ ਦੇ ਪਰਵਾਰਾਂ ਨੂੰ ਸੰਭਾਲਣ ਲਈ ਵਚਨਬੱਧ ਹੈ। ਜੌੜਾਮਾਜਰਾ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਹੀਦਾਂ ਦੀ ਧਰਤੀ ਖਟਕੜ ਕਲਾਂ ਤੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੀ ਸਹੁੰ ਚੁੱਕੀ ਹੈ ਤੇ ਉਹ ਹੁਣ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਲਈ ਨਿਰੰਤਰ ਯਤਨਸ਼ੀਲ ਹਨ। ਜੌੜਾਮਾਜਰਾ ਨੇ ਕਿਹਾ ਕਿ ਉਹ ਖ਼ੁਦ ਪੰਜਾਬ ਦੇ 22 ਦੇ ਕਰੀਬ ਜਿਉਂਦੇ ਆਪਣੇ ਆਜ਼ਾਦੀ ਘੁਲਾਟੀਆਂ ਨੂੰ ਮਿਲਣ ਲਈ ਉਨ੍ਹਾਂ ਦੇ ਘਰਾਂ ਤੱਕ ਜਾ ਰਹੇ ਹਨ ਅਤੇ ਹੁਣ ਤੱਕ 10 ਸੁਤੰਤਰਤਾ ਸੰਗਰਾਮੀਆਂ ਨੂੰ ਮਿਲ ਚੁੱਕੇ ਹਨ।

ਉਨ੍ਹਾਂ ਫਰੀਡਮ ਫਾਈਟਰ ਪਰਵਾਰਾਂ ਨਾਲ ਪਿਛਲੇ ਸਮੇਂ ਕੀਤੀਆਂ ਮੁਲਾਕਾਤਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਸ ਦੌਰਾਨ ਸਾਹਮਣੇ ਆਏ ਵੱਖ-ਵੱਖ ਮੁੱਦਿਆਂ ਦੇ ਹੱਲ ਲਈ ਪੰਜਾਬ ਸਰਕਾਰ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਮੁੱਖ ਮੰਤਰੀ ਭਗਵੰਤ ਮਾਨ ਇਸ ਬਾਰੇ ਖੁਸ਼ਖ਼ਬਰੀ ਦੇਣਗੇ। ਮੁੱਖ ਮੰਤਰੀ ਪਹਿਲਾਂ ਹੀ ਕਾਰਗਿਲ ਸ਼ਹੀਦ ਦਿਵਸ ਮੌਕੇ ਫੌਜ ਦੇ ਸ਼ਹੀਦ ਤੇ ਜ਼ਖ਼ਮੀ ਜਵਾਨਾਂ ਲਈ ਸਹਾਇਤਾ ਰਾਸ਼ੀ ਦਾ ਖੁੱਲ੍ਹਦਿਲੀ ਨਾਲ ਐਲਾਨ ਕਰ ਚੁੱਕੇ ਹਨ।

ਸਮਾਗਮ ਮੌਕੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਫਰੀਡਮ ਫਾਈਟਰ ਉਤਰਾਧਿਕਾਰੀ ਐਸੋਸੀਏਸ਼ਨਾਂ ਰਜਿਸਟ੍ਰੇਸ਼ਨ ਨੰਬਰ 196 ਅਤੇ 234 ਦੇ ਪ੍ਰਧਾਨ ਹਰਿੰਦਰਪਾਲ ਸਿੰਘ ਖਾਲਸਾ, ਅਮਰੀਕ ਸਿੰਘ ਕਲਿਹਾਣਾ, ਸੂਬਾ ਕਨਵੀਨਰ ਪ੍ਰਕਾਸ਼ ਸਿੰਘ ਧਾਲੀਵਾਲ, ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਸੋਨੀ, ਸੂਬਾ ਸਕੱਤਰ ਮੇਜਰ ਸਿੰਘ, ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੌਬੀ, ਜਗਦੀਪ ਸਿੰਘ ਧਨੇਠਾ, ਬਲਦੇਵ ਸਿੰਘ ਬਠਿੰਡਾ, ਭੁਪਿੰਦਰ ਸਿੰਘ ਸ਼ੁਤਰਾਣਾ, ਮਾਸਟਰ ਅਵਤਾਰ ਸਿੰਘ ਰਾਏਕੋਟ, ਨਰਿੰਦਰ ਬਰਨਾਲਾ, ਪਰਮਜੀਤ ਕੌਰ, ਬਲਰਾਜ ਉਬਰਾਏ ਬਾਜ਼ੀ, ਗੁਰਜੀਵਨ ਸਿੰਘ ਪੰਚਾਇਤ ਅਫ਼ਸਰ, ਨਵਤੇਜ ਭੱਠਲ, ਐਡਵੋਕੇਟ ਦਲਜੀਤ ਸਿੰਘ, ਗੁਰਇਕਬਾਲ ਸਿੰਘ ਸੰਧੂ, ਪਰਦੁਮਨ ਸਿੰਘ ਢੀਂਡਸਾ ਸਮੇਤ ਵੱਡੀ ਗਿਣਤੀ ਹੋਰ ਬੁਲਾਰਿਆਂ ਨੇ ਸੰਬੋਧਨ ਕੀਤਾ।ਇਸ ਮੌਕੇ ਗੁਰਦੇਵ ਸਿੰਘ ਟਿਵਾਣਾ ਤੇ ਬਲਕਾਰ ਸਿੰਘ ਗੱਜੂਮਾਜਰਾ, ਪੀ.ਏ. ਬਲਬੀਰ ਸਿੰਘ, ਸੋਨੂੰ ਥਿੰਦ, ਸਹਾਇਕ ਕਮਿਸ਼ਨਰ ਰਵਿੰਦਰ ਸਿੰਘ, ਨਾਇਬ ਤਹਿਸੀਲਦਾਰ ਪਵਨਦੀਪ ਸਿੰਘ ਸਮੇਤ ਵੱਡੀ ਗਿਣਤੀ ਸੁਤਰੰਤਰਾ ਸੰਗਰਾਮੀਆਂ ਦੇ ਰਾਜ ਭਰ ਵਿੱਚੋਂ ਪੁੱਜੇ ਪਰਵਾਰਾਂ ਦੇ ਮੈਂਬਰ ਵੀ ਮੌਜੂਦ ਸਨ। ਇਸ ਮੌਕੇ ਫਰੀਡਮ ਫਾਈਟਰ ਉਤਰਾਧਿਕਾਰੀ ਐਸੋਸੀਏਸ਼ਨ ਵੱਲੋਂ ਕੈਬਨਿਟ ਮੰਤਰੀ ਜੌੜਾਮਾਜਰਾ ਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦਾ ਸਨਮਾਨ ਵੀ ਕੀਤਾ ਗਿਆ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਭਲਕੇ ਦੇ ਟਰੈਕਟਰ ਮਾਰਚ 'ਚ ਸਮਰਥਨ ਦੇਣ ਦਾ ਐਲਾਨ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੰਯੁਕਤ ਕਿਸਾਨ ਮੋਰਚੇ ਵਲੋਂ ਉਲੀਕੇ ਗਏ ਪ੍ਰੋਗਰਾਮ ਤਹਿਤ 26 ਜਨਵਰੀ ਨੂੰ ਕਿਸਾਨੀ ਮੰਗਾਂ ਸਬੰਧੀ ਕੀਤੇ ਜਾ ਰਹੇ ਟਰੈਕਟਰ ਪਰੇਡ ਐਕਸ਼ਨ ਪ੍ਰਤੀ ਹਰ ਵਰਗ ਵਲੋਂ ਸਹਿਯੋਗ ਦਾ ਐਲਾਨ ਕੀਤਾ ਜਾ ਰਿਹਾ ਹੈ। ਇਸ ਟਰੈਕਟਰ ਮਾਰਚ ਐਕਸ਼ਨ ਨੂੰ ਸਫਲ ਬਣਾਉਣ ਲਈ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਡੋਰੀ ਗਰੁੱਪ ਬਲਾਕ ਮਹਿਲ ਕਲਾਂ ਵਲੋਂ ਸਮਰਥਨ ਦੇਣ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧੀ ਸਰਪ੍ਰਸਤ ਅਮਰਜੀਤ ਸਿੰਘ ਕਾਲਸਾਂ, ਪ੍ਰਧਾਨ ਦਲਵਾਰ ਸਿੰਘ ਮਹਿਲ ਕਲਾਂ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਕਿਸਾਨਾਂ ਦੀਆਂ ਮੰਗਾਂ ਨੂੰ ਲਾਗੂ ਕਰਨ ਤੋਂ ਕੇਂਦਰ ਸਰਕਾਰ ਆਨਾਕਾਨੀ ਕਰ ਰਹੀ ਹੈ। ਜਿਸ ਖਿਲਾਫ ਹਰ ਵਰਗ 'ਚ ਗੁੱਸੇ ਦੀ ਲਹਿਰ ਪਾਈ ਜਾ ਰਹੀ ਹੈ। ਸਾਂਝੇ ਕਿਸਾਨ ਮੋਰਚੇ ਦੇ ਸੱਦੇ 'ਤੇ 26 ਜਨਵਰੀ ਨੂੰ ਪੇਂਡੂ ਡਾਕਟਰਾਂ ਵਲੋਂ ਟਰੈਕਟਰ ਪਰੇਡ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ।ਇਸ ਮੌਕੇ ਚੇਅਰਮੈਨ ਕੇਸਰ ਖਾਨ, ਬਾਰੂ ਮੁਹੰਮਦ, ਮੇਜਰ ਸਿੰਘ ਛਾਪਾ, ਜਸਵੰਤ ਸਿੰਘ ਛੀਨੀਵਾਲ, ਜਨਰਲ ਸਕੱਤਰ ਨਿਰਭੈ ਸਿੰਘ ਨਿਹਾਲੂਵਾਲ, ਬਚਿੱਤਰ ਸਿੰਘ ਕਲੇਰ, ਅਮਰਜੀਤ ਸਿੰਘ ਮਹਿਲ ਕਲਾਂ, ਬਲਵਿੰਦਰ ਸਿੰਘ, ਬਲਵੀਰ ਸਿੰਘ, ਦਿਲਬਾਗ ਸਿੰਘ, ਰਵੇਲ ਸਿੰਘ, ਹਰਬੰਸ ਸਿੰਘ, ਜੰਗ ਬਹਾਦਰ ਸਿੰਘ ਨੇ ਕੇਂਦਰ ਸਰਕਾਰ ਦੀਆਂ ਮਾਰੂ ਨੀਤੀਆਂ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਇਸ ਖਿਲਾਫ ਜ਼ੋਰਦਾਰ ਅਵਾਜ਼ ਬੁਲੰਦ ਕਰਨ ਲਈ ਸਮੂਹ ਲੋਕਾਂ ਨੂੰ ਵੱਡੀ ਗਿਣਤੀ 'ਚ ਟਰੈਕਟਰ ਮਾਰਚ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ।

# ਗਣਤੰਤਰ ਦਿਵਸ 'ਤੇ ਐੱਸ ਡੀ ਐੱਮ ਲਹਿਰਾਉਣਗੇ ਰਾਸ਼ਟਰੀ ਝੰਡਾ

**ਮਲੋਟ, (ਗੁਰਮੀਤ ਸਿੰਘ ਮੱਕੜ)**-ਸਥਾਨਕ ਦਾਣਾ ਮੰਡੀ ਵਿਖੇ 26 ਜਨਵਰੀ ਨੂੰ ਗਣਤੰਤਰ ਦਿਵਸ ਸਮਾਰੋਹ ਕਰਵਾਇਆ ਜਾ ਰਿਹਾ ਹੈ। ਇਸ ਸਮਾਰੋਹ ਦੌਰਾਨ ਐਸ ਡੀ ਐਮ ਡਾ. ਸੰਜੀਵ ਕੁਮਾਰ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਇਸ ਮੌਕੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਸਮਾਰੋਹ ਦੌਰਾਨ ਮੁੱਖ ਮਹਿਮਾਨ ਵਲੋਂ ਵੱਖ-ਵੱਖ ਖੇਤਰ ਵਿਚ ਮੱਲਾਂ ਮਾਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਜਾਵੇਗਾ।

# ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਖੋਲ੍ਹਿਆ ਪੰਜਾਬ ਸਰਕਾਰ ਵਿਰੁੱਧ ਮੋਰਚਾ

## * ਮਾਮਲਾ ਸਬਸਿਡੀ ਵਾਲੀਆਂ ਮਸ਼ੀਨਾਂ ਗੁੰਮ ਹੋਣ 'ਤੇ ਸਰਕਾਰ ਵੱਲੋਂ ਜਾਰੀ ਕੀਤੇ ਨੋਟਿਸਾਂ ਦਾ



ਗੁਰਦਾਸਪੁਰ, (ਦਿਨੇਸ਼ ਕੁਮਾਰ)- ਪੰਜਾਬ ਅੰਦਰ ਸਬਸਿਡੀ ਵਾਲੀਆਂ ਕਈ ਖੇਤੀਬਾੜੀ ਮਸ਼ੀਨਾਂ ਦੇ ਗੁੰਮ ਹੋਣ ਉਪਰੰਤ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਜਾਰੀ ਕੀਤੇ ਨੋਟਿਸਾਂ ਵਿਰੁੱਧ ਵਿਭਾਗ ਦੇ ਅਧਿਕਾਰੀਆਂ ਨੇ ਮੋਰਚਾ ਖੋਲ੍ਹ ਦਿੱਤਾ ਹੈ। ਇਸ ਤਹਿਤ ਪੰਜਾਬ ਅੰਦਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਡਿਪਟੀ ਡਾਇਰੈਕਟਰਾਂ, ਮੁੱਖ ਖੇਤੀਬਾੜੀ ਅਫਸਰਾਂ, ਖੇਤੀਬਾੜੀ ਅਫਸਰਾਂ, ਖੇਤੀਬਾੜੀ ਵਿਕਾਸ ਅਫਸਰਾਂ, ਖੇਤੀਬਾੜੀ ਵਿਸਥਾਰ ਅਫਸਰਾਂ, ਖੇਤੀਬਾੜੀ ਸਬ ਇੰਸਪੈਕਟਰਾਂ ਅਤੇ ਇੰਜੀਨੀਰਿੰਗ ਵਿੰਗ ਸਮੇਤ ਵੱਖ-ਵੱਖ ਵਿੰਗਾਂ ਵੱਲੋਂ ਗਠਿਤ ਕੀਤੀ ਸਾਂਝੀ ਐਕਸ਼ਨ ਕਮੇਟੀ ਨੇ ਸਮੁੱਚੇ ਪੰਜਾਬ ਅੰਦਰ 3 ਰੋਜ਼ਾ ਹੜਤਾਲ ਸ਼ੁਰੂ ਕਰ ਦਿੱਤੀ ਹੈ।ਇਸ ਤਹਿਤ ਅੱਜ ਸਾਰੇ ਅਧਿਕਾਰੀਆਂ/ਕਰਮਚਾਰੀਆਂ ਨੇ ਵਿਭਾਗ ਦਾ ਸਮੁੱਚਾ ਕੰਮ ਕਾਜ ਠੱਪ ਕਰਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ।ਇਸ ਤਹਿਤ ਗੁਰਦਾਸਪੁਰ ਵਿਖੇ ਜ਼ਿਲ੍ਹਾ ਹੈੱਡਕੁਆਟਰ 'ਤੇ ਦਿੱਤੇ ਗਏ ਧਰਨੇ ਦੌਰਾਨ ਖੇਤੀਬਾੜੀ ਵਿਸਥਾਰ ਅਫਸਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਮੋਹਨ ਸਿੰਘ, ਪਲਾਂਟ ਡਾਕਟਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਹਰਮਨਦੀਪ ਸਿੰਘ, ਏਈਓ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ, ਖੇਤੀਬਾੜੀ ਸਬ ਇੰਸਪੈਕਟਰਜ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਇੰਦਰਜੋਤ ਸਿੰਘ ਸਮੇਤ ਹੋਰ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਸਾਰੇ ਨਿਯਮਾਂ ਅਤੇ ਤੱਥਾਂ ਦੀ ਅਣਦੇਖੀ ਕਰਕੇ ਵਿਭਾਗ ਦੇ 900 ਤੋਂ ਜ਼ਿਆਦਾ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਬਿਨਾਂ ਕਸੂਰ ਬਲੀ ਦੇ ਬੱਕਰੇ ਬਣਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਫੋਕੀ ਵਾਹ-ਵਾਹ ਖੱਟਣ ਲਈ ਵਿਭਾਗ ਦੇ ਉਨ੍ਹਾਂ ਅਧਿਕਾਰੀਆਂ ਨੂੰ ਹੀ ਬਦਨਾਮ ਕਰਨ ਲਈ ਨੋਟਿਸ ਜਾਰੀ ਕਰ ਰਹੀ ਹੈ ਜਿਨ੍ਹਾਂ ਨੇ ਮਸ਼ੀਨਾਂ ਦੀ ਪੜਤਾਲ ਕਰਕੇ ਸਰਕਾਰ ਨੂੰ ਗੁੰਮ ਹੋਈਆਂ ਮਸ਼ੀਨਾਂ ਦੀ ਜਾਣਕਾਰੀ ਦਿੱਤੀ। ਖੇਤੀਬਾੜੀ ਵਿਭਾਗ ਦੇ ਸਮੁੱਚੇ ਕੇਡਰਾਂ ਦੇ ਸਾਰੇ ਅਧਿਕਾਰੀ ਤੇ ਕਰਮਚਾਰੀ ਇਸ ਮੁੱਦੇ ਤੇ ਇਕਜੁੱਟ ਹੋ ਕੇ ਸਰਕਾਰ ਖਿਲਾਫ ਸੰਘਰਸ਼ ਦੇ ਮੈਦਾਨ ਵਿਚ ਕੁੱਦ ਚੁੱਕੇ ਹਨ ਜਿਸ ਤਹਿਤ ਹੁਣ 25 ਜਨਵਰੀ ਤੱਕ ਸਮੁੱਚੇ ਪੰਜਾਬ ਅੰਦਰ ਕੰਜਕਾਜ ਠੱਪ ਰੱਖਿਆ ਜਾਵੇਗਾ ਅਤੇ ਜੇਕਰ ਫਿਰ ਵੀ ਸਰਕਾਰ ਨੇ ਇਹ ਧੱਕੇਸ਼ਾਹੀ ਵਾਲੇ ਨੋਟਿਸ ਵਾਪਸ ਨਾ ਲਏ ਤਾਂ ਅਗਲੇ ਹਫਤੇ ਤੋਂ ਸੂਬਾ ਪੱਧਰੀ ਧਰਨਾ ਸ਼ੁਰੂ ਕੀਤਾ ਜਾਵੇਗਾ।

ਉਨ੍ਹਾਂ ਮੰਗ ਕੀਤੀ ਕਿ ਇਸ ਤਰ੍ਹਾਂ ਅਧਿਕਾਰੀਆਂ ਨੂੰ ਨੋਟਿਸ ਕੱਢ ਕੇ ਪ੍ਰੇਸ਼ਾਨ ਤੇ ਬਦਨਾਮ ਕਰਨ ਦੀ ਬਜਾਏ ਇਸ ਸਾਰੇ ਮਾਮਲੇ ਦੀ ਜਾਂਚ ਕੇਂਦਰੀ ਏਜੰਸੀ, ਈਡੀ ਜਾਂ ਵਿਜੀਲੈਂਸ ਕੋਲੋਂ ਕਰਵਾਈ ਜਾਵੇ ਤਾਂ ਜੋ ਇਸ ਸਾਰੇ ਮਾਮਲੇ ਦੀ ਅਸਲ ਸੱਚਾਈ ਪੰਜਾਬ ਦੇ ਕਿਸਾਨਾਂ ਅਤੇ ਲੋਕਾਂ ਸਾਹਮਣੇ ਆਵੇ ਕਿ ਸਹੀ ਮਾਇਨਿਆਂ ਵਿਚ ਘਪਲਾ ਕਿਸ ਨੇ ਕੀਤਾ ਅਤੇ ਕਿਸ ਕਿਸ ਨੇ ਸਬਸਿਡੀ ਦੀ ਰਾਸ਼ੀ ਖਾਧੀ ਹੈ।

# ਦਰਿਆ ਬਿਆਸ ਕੰਢੇ ਬਣੇ ਰੈਸਟ ਹਾਊਸ ਨੇ ਧਾਰਿਆ ਖੰਡਰ ਦਾ ਰੂਪ



ਗੁਰਦਾਸਪੁਰ (ਜਨਕ ਮਹਾਜਨ)-ਦਰਿਆ ਬਿਆਸ ਕੰਡੇ ਦਰਿਆ ਬਿਆਸ ਦੇ ਪਾਣੀ 'ਤੇ ਨਜ਼ਰ ਰੱਖਣ ਲਈ ਇਕ ਰੈਸਟ ਹਾਊਸ ਬਣਾਇਆ ਗਿਆ ਸੀ। ਉਸ ਸਮੇਂ ਧੁੱਸੀ ਕੰਢੇ ਦੀ ਪਟੜੀ ਵੀ ਦੇਖਣਯੋਗ ਹੁੰਦੀ ਸੀ ਅਤੇ ਇਸ ਦੀ ਮੁਰੰਮਤ ਤੋਂ ਇਲਾਵਾ ਦਰਿਆ ਬਿਆਸ ਦੇ ਪਾਣੀ 'ਤੇ ਨਜ਼ਰ ਰੱਖਣ ਲਈ ਕਈ ਮੁਲਾਜ਼ਮਾਂ ਦੀ ਤਾਇਨਾਤੀ ਕੀਤੀ ਹੋਈ ਸੀ ਪਰ ਹੁਣ ਇਹ ਰੈਸਟ ਹਾਊਸ ਖੰਡਰ ਦਾ ਰੂਪ ਧਾਰਨ ਕਰ ਚੁੱਕਾ ਹੈ ਅਤੇ ਇਥੇ ਕੋਈ ਵੀ ਮੁਲਾਜ਼ਮ ਨਜ਼ਰ ਨਹੀਂ ਆਉਂਦਾ। ਲੋਕਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਦੀ ਅਣਗਹਿਲੀ ਕਾਰਨ ਸਬੰਧਿਤ ਮਹਿਕਮਾ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਜਿਸ ਕਰਕੇ ਉਨ੍ਹਾਂ 'ਤੇ ਕਈ ਤਰ੍ਹਾਂ ਦੇ ਪ੍ਰਸ਼ਨ ਚਿੰਨ੍ਹ ਖੜ੍ਹੇ ਹੋ ਰਹੇ ਹਨ। ਦਰਿਆ ਬਿਆਸ ਦੀ ਧੁੱਸੀ ਕੰਢੇ ਪਿੰਡ ਦਲੇਲਪੁਰ ਖੇੜਾ ਤੇ ਬਿਆਨਪੁਰ ਨੇੜੇ ਮਹਿਕਮਾ ਡਰੇਨੇਜ ਵਿਭਾਗ ਵਲੋਂ ਬਣੇ ਰੈਸਟ ਹਾਊਸ ਦੀ ਹਾਲਤ ਬਹੁਤ ਖਸਤਾ ਅਤੇ ਤਰਸਯੋਗ ਹੋਣ ਕਰਕੇ ਉਧਰੋਂ ਗੁਜ਼ਰਨ ਵਾਲੇ ਲੋਕਾਂ ਵਿਚ ਵਿਭਾਗ ਪ੍ਰਤੀ ਕਈ ਤਰ੍ਹਾਂ ਦੇ ਸਵਾਲ ਉਠਦੇ ਹਨ। ਅੱਜ ਤੋਂ ਲਗਭਗ 60 ਸਾਲ ਪਹਿਲਾਂ ਦਰਿਆ ਬਿਆਸ ਵਿਚ ਪਾਣੀ ਦੇ ਵਹਾਅ ਨੂੰ ਰੋਕਣ ਵਾਸਤੇ ਧੁੱਸੀ ਬੰਨ ਬਣਾਇਆ ਗਿਆ ਸੀ ਅਤੇ ਦਰਿਆ ਬਿਆਸ ਦੇ ਪਾਣੀ ਦੇ ਬਹਾਅ 'ਤੇ ਨਜ਼ਰ ਰੱਖਣ ਵਾਸਤੇ ਇਸ ਰੈਸਟ ਹਾਊਸ 'ਤੇ ਲੱਖਾਂ ਰੁਪਏ ਖਰਚ ਕਰਕੇ ਨਿਰਮਾਣ ਕੀਤਾ ਗਿਆ ਸੀ, ਇਸ ਰੈਸਟ ਹਾਊਸ ਵਿਚ ਕਾਫ਼ੀ ਗਿਣਤੀ ਵਿਚ ਬੇਲਦਾਰ ਤੇ ਕਈ ਕਰਮਚਾਰੀ ਤੈਨਾਤ ਹੁੰਦੇ ਸਨ ਜੋ ਦਿਨ-ਰਾਤ ਧੁੱਸੀ 'ਤੇ ਕੰਮ ਕਰਦੇ ਸਨ ਅਤੇ ਦਰਿਆ ਦੇ ਪਾਣੀ ਦੇ ਬਹਾਅ 'ਤੇ ਨਜ਼ਰ ਰੱਖਦੇ ਸਨ।

ਹੜ੍ਹਾਂ ਦੇ ਸੀਜਨ ਵਿਚ ਤਾਂ ਸਵੇਰ ਸ਼ਾਮ ਦਰਿਆ ਬਿਆਸ ਦੇ ਪਾਣੀ ਦੇ ਪੱਧਰ ਦੀ ਜਾਣਕਾਰੀ ਗੁਰਦਾਸਪੁਰ ਸਥਿਤ ਹੜ੍ਹਾਂ ਸਬੰਧੀ ਬਣੇ ਕੰਟਰੋਲ ਰੂਮ ਮੁਹੱਈਆ ਕਰਵਾਈ ਜਾਂਦੀ ਸੀ। ਕੁਝ ਸਾਲ ਪਹਿਲਾਂ ਇਸ ਪੱਤਰਕਾਰ ਵਲੋਂ ਜਦ ਧੁੱਸੀ ਕੰਢੇ ਇਸ ਰੈਸਟ ਹਾਊਸ ਨੂੰ ਵੇਖਿਆ ਗਿਆ ਤਾਂ ਕਾਈ ਤੇ ਕਾਨਿਆਂ ਆਦਿ ਨਾਲ ਚਾਰਦੀਵਾਰੀ ਕੀਤੀ ਹੋਈ ਸੀ ਅਤੇ ਇਥੇ ਇਕ, ਦੋ ਬੇਲਦਾਰ ਆਦਿ ਵੀ ਰਹਿੰਦੇ ਸਨ, ਜੋ ਦਰਿਆ ਪਾਣੀ ਬਾਰੇ ਪਲ-ਪਲ ਦੀ ਖ਼ਬਰ ਉਚ ਅਧਿਕਾਰੀਆਂ ਨੂੰ ਦਿੰਦੇ ਸਨ। ਇਥੇ ਇਕ ਇਮਾਰਤ ਵੀ ਹੁੰਦੀ ਸੀ, ਜੋ ਹੁਣ ਖੰਡਰ ਦਾ ਰੂਪ ਧਾਰਨ ਕਰ ਗਈ ਹੈ। ਹੁਣ ਜਦੋਂ ਇਸ ਪੱਤਰਕਾਰ ਵਲੋਂ ਦਰਿਆ ਬਿਆਸ ਵਿਚ ਪਿਛਲੇ ਦਿਨੀਂ ਆਏ ਹੜ੍ਹ ਕਾਰਨ ਧੁੱਸੀ ਤੋਂ ਇਲਾਵਾ ਇਸ ਕੰਡੇ ਕਿਸਾਨਾਂ ਦੀ ਖੇਤੀ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਗਿਆ ਤਾਂ ਇਸ ਰੈਸਟ ਹਾਊਸ ਨੂੰ ਵੀ ਵੇਖਣ ਦਾ ਮੌਕਾ ਮਿਲਿਆ। ਰੈਸਟ ਹਾਊਸ ਦੀ ਮੌਜੂਦਾ ਹਾਲਤ ਵੇਖ ਕੇ ਪਤਾ ਚੱਲਿਆ ਕਿ ਇਸ 'ਤੇ ਕੋਈ ਕੱਚੀ ਪੱਕੀ ਚਾਰਦੀਵਾਰੀ ਨਹੀਂ ਹੈ ਅਤੇ ਇਮਾਰਤ ਦੇ ਦਰਵਾਜ਼ੇ ਖਿੜਕੀਆਂ ਆਦਿ ਬੁਰੀ ਤਰ੍ਹਾਂ ਟੁੱਟ ਭੱਜ ਗਏ ਹਨ ਅਤੇ ਛੱਤਾਂ ਦਾ ਵੀ ਬਹੁਤ ਬੁਰਾ ਹਾਲ ਹੈ।

ਮੌਜੂਦਾ ਸਮੇਂ ਵਿਚ ਇਹ ਰੈਸਟ ਹਾਊਸ ਚੋਰ, ਲੁਟੇਰਿਆਂ ਅਤੇ ਨਸ਼ੇੜੀਆਂ ਆਦਿ ਦਾ ਅੱਡਾ ਬਣਿਆ ਹੋਇਆ ਹੈ ਜਿਸ ਕਾਰਨ ਵੇਲੇ ਕਵੇਲੇ ਇਥੋਂ ਲੰਘਣਾ ਵੀ ਖ਼ਤਰੇ ਤੋਂ ਖਾਲੀ ਨਹੀਂ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਇਸ ਰੈਸਟ ਹਾਊਸ ਨਾਲ ਅਟੈਚ ਜਿਹੜੇ ਬੇਲਦਾਰ ਆਦਿ ਨਿਯੁਕਤ ਸਨ ਅਤੇ ਜੋ ਨੇੜਲੀ ਧੁੱਸੀ ਦੀ ਕੱਚੀ ਸੜਕ ਦੀ ਮੁਰੰਮਤ ਆਦਿ ਕਰਦੇ ਸਨ, ਉਨ੍ਹਾਂ ਨੂੰ ਇਥੇ ਭੇਜਿਆ ਜਾਵੇ ਤਾਂ ਜੋ ਦਰਿਆ ਵਿਚ ਪਾਣੀ ਦੇ ਪੱਧਰ 'ਤੇ ਨਜ਼ਰ ਰੱਖੀ ਜਾ ਸਕਣ ਤੋਂ ਇਲਾਵਾ ਸੜਕ ਦੀ ਵੀ ਮੁਰੰਮਤ ਕਰਵਾਈ ਜਾ ਸਕੇ। ਇਸ ਖਸਤਾ ਹਾਲਤ ਰੈਸਟ ਹਾਊਸ ਬਾਰੇ ਡਰੇਨੇਜ ਵਿਭਾਗ ਦੇ ਅਧਿਕਾਰੀ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

# ਆਇਰਨ ਤੇ ਫੋਲਿਕ ਐਸਿਡ ਸਪਲੀਮੈਂਟ ਬਾਬਤ ਸੈਮੀਨਾਰ ਆਯੋਜਿਤ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਸਿਵਲ ਸਰਜਨ ਕਮਲਪਾਲ ਅਤੇ ਜ਼ਿਲਾ ਟੀਕਾਕਰਨ ਅਫਸਰ ਡਾ. ਵਰਿੰਦਰ ਪਾਲ ਕੌਰ ਦੇ ਦਿਸ਼ਾ ਨਿਰਦੇਸ਼ਾ ਅਤੇ ਐੱਸਐੱਮਓ ਝਬਾਲ ਡਾ. ਰਾਜੂ ਚੌਹਾਨ ਦੀ ਅਗਵਾਈ ਹੇਠ ਅਤੇ ਪ੍ਰਿੰਸੀਪਲ ਮੰਗਤ ਸਿੰਘ ਦੇ ਸਹਿਯੋਗ ਨਾਲ ਸਸਸ ਸਕੂਲ( ਲੜਕੀਆਂ) ਝਬਾਲ ਵਿਖੇ ਬੱਚਿਆਂ ਵਿਚ ਆਇਰਨ ਅਤੇ ਫੋਲਿਕ ਐਸਿਡ ਸਪਲੀਮੈਂਟ ਸਬੰਧੀ ਅਧਿਆਪਕਾਂ ਨੂੰ ਟ੍ਰੇਨਿੰਗ ਦੇਣ ਲਈ ਸੈਮੀਨਾਰ ਆਯੋਜਿਤ ਕੀਤਾ ਗਿਆ ।ਇਸ ਟ੍ਰੇਨਿੰਗ ਕੈਂਪ ਵਿੱਚ ਡਾ. ਅਮਨਦੀਪ ਮਹਿਤਾ, ਡਾ. ਸਮਰਿਧੀ ਅਤੇ ਡਾ. ਸੁੱਖਵੰਤ ਕੌਰ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਬੱਚਿਆਂ ਨੂੰ ਅਨੀਮੀਆਂ ਮੁਕਤ ਕਰਨ ਲਈ ਸਿਹਤ ਵਿਭਾਗ ਵੱਲੋਂ ਹਫਤਾਵਰੀ ਆਇਰਨ ਅਤੇ ਫੋਲਿਕ ਐਸਿਡ ਸਪਲੀਮੈਂਟ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ ਜਿਸ ਵਿਚ ਹਰੇਕ ਬੱਚੇ ਨੂੰ ਹਫ਼ਤੇ ਵਿੱਚ ਇੱਕ ਵਾਰ ਆਇਰਨ ਅਤੇ ਫੋਲਿਕ ਐਸਿਡ ਦੀ ਗੋਲੀ ਦਿੱਤੀ ਜਾਵੇਗੀ ।

6-10 ਸਾਲ ਦੇ ਬੱਚਿਆਂ ਨੂੰ ਗੁਲਾਬੀ ਰੰਗ ਦੀ ਗੋਲੀ ਅਤੇ 11-19 ਸਾਲ ਦੇ ਬੱਚਿਆਂ ਨੂੰ ਨੀਲੇ ਰੰਗ ਦੀ ਗੋਲੀ ਦਿੱਤੀ ਜਾਣੀ ਹੈ ।ਇਸ ਮੌਕੇ ਐੱਸਐੱਮਓ ਝਬਾਲ ਡਾ. ਰਾਜੂ ਚੌਹਾਨ ਨੇ ਅਧਿਆਪਕਾਂ ਨੂੰ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਮਕਸਦ ਸਕੂਲਾਂ ਵਿਚ ਪੜ੍ਹਦੇ ਬੱਚਿਆਂ ਨੂੰ ਅਨੀਮੀਆ ਮੁਕਤ ਕਰਨਾ ਹੈ।ਉਨ੍ਹਾਂ ਕਿਹਾ ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਪੂਰਾ ਕਰਨ ਲਈ ਸਿੱਖਿਆ ਵਿਭਾਗ ਦੇ ਸਹਿਯੋਗ ਦੀ ਜ਼ਰੂਰਤ ਹੈ ।

ਇਸ ਮੌਕੇ ਸਸਸ ਸਕੂਲ (ਲੜਕੀਆਂ) ਝਬਾਲ ਦੇ ਪ੍ਰਿੰਸੀਪਲ ਮੰਗਤ ਸਿੰਘ ਨੇ ਆਏ ਹੋਏ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਚਲਾਏ ਜਾਂਦੇ ਪ੍ਰੋਗਰਾਮ ਨੂੰ ਸਫਲਤਾਪੂਰਵਕ ਕਰਨ ਲਈ ਅਸੀਂ ਸਿਹਤ ਵਿਭਾਗ ਨੂੰ ਪੂਰਾ ਸਹਿਯੋਗ ਦੇਵਾਂਗੇ।

ਇਸ ਮੌਕੇ ਹੈਲਥ ਸੁਪਰਵਾਈਜ਼ਰ ਰਾਮ ਰਛਪਾਲ ਧਵਨ, ਗੁਰਵਿੰਦਰ ਸਿੰਘ ਭੋਜੀਆਂ, ਗੁਰਬੀਰ ਸਿੰਘ ਪੰਡੋਰੀ, ਮਾਸਟਰ ਹਰਮੀਤ ਸਿੰਘ ਝਬਾਲ ਅਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਹਾਜ਼ਰ ਸਨ।

# ਭਲਕ ਦੇ ਰੋਸ ਮਾਰਚ ਸਬੰਧੀ ਜਮਹੂਰੀ ਕਿਸਾਨ ਸਭਾ ਮਜੀਠਾ ਦੀ ਮੀਟਿੰਗ



ਮਜੀਠਾ (ਸੋਇਮ ਆਨੰਦ)-ਜਮਹੂਰੀ ਕਿਸਾਨ ਸਭਾ ਪੰਜਾਬ ਦੀ ਏਰੀਆ ਕਮੇਟੀ ਮਜੀਠਾ ਦੇ ਕਿਸਾਨ ਆਗੂਆਂ ਦੀ ਮੀਟਿੰਗ ਸੁੱਚਾ ਸਿੰਘ ਬੇਗੋਵਾਲ ਦੀ ਅਗਵਾਈ ਵਿੱਚ ਮਜੀਠਾ ਵਿਖੇ ਹੋਈ, ਜਿਸ ਵਿੱਚ 26 ਜਨਵਰੀ ਨੂੰ ਸੰਯੁਕਤ ਮੋਰਚੇ ਵਲੋਂ ਭਾਰਤ ਦੇ ਸਾਰੇ ਜਿਲ੍ਹਿਆਂ ਦੇ ਹੈਡਕੁਆਰਟਰਾਂ ਉਂਪਰ ਦਿੱਤੇ ਗਏ ਟਰੈਕਟਰ ਮਾਰਚ ਦੇ ਪ੍ਰੋਗਰਾਮ ਦੀ ਤਿਆਰੀ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਮਾਸਟਰ ਹਰਭਜਨ ਸਿੰਘ ਟਰਪਈ ਨੇ ਦੱਸਿਆ ਕਿ ਮੋਦੀ ਨੇ ਤਿੰਨ ਕਾਲੇ ਕਨੂੰਨ ਰੱਦ ਕਰਨ ਤੋਂ ਬਾਅਦ ਕੁਝ ਲਿਖਤੀ ਵਾਅਦੇ ਕੀਤੇ ਸਨ ਕਿ ਐੱਮਐੱਸਪੀ ਦਾ ਕਨੂੰਨ ਬਣਾਇਆ ਜਾਵੇਗਾ, ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ ਕੀਤੇ ਜਾਣਗੇ, ਲਖੀਮਪੁਰ ਖੀਰੀ ਦੇ ਕਾਤਲਾਂ ਨੂੰ ਸਜ਼ਾਵਾਂ ਦਿੱਤੀਆਂ ਜਾਣਗੀਆਂ, ਬਿਜਲੀ ਬਿੱਲ 2020 ਰੱਦ ਕੀਤਾ ਜਾਵੇ, ਕਿਸਾਨ ਆਗੂਆਂ ਉਂਪਰ ਦਰਜ ਕੀਤੇ ਗਏ ਝੂਠੇ ਪਰਚੇ ਰੱਦ ਕੀਤੇ ਜਾਣ ਆਦਿ ਮੰਗਾਂ ਸ਼ਾਮਲ ਹਨ। ਮੋਦੀ ਸਰਕਾਰ ਵਲੋਂ ਕੀਤੀ ਗਈ ਵਾਅਦਾ-ਖਿਲਾਫੀ ਦੇ ਵਿਰੋਧ 'ਚ ਤੇ ਮੰਨੀਆਂ ਗਈਆਂ ਮੰਗਾਂ ਨੂੰ ਲਾਗੂ ਕਰਾਉਣ ਲਈ ਇਹ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਨੇ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਰੋਸ ਪ੍ਰਦਰਸ਼ਨ ਵਿਚ ਵੱਧ ਚੜ੍ਹਕੇ ਭਾਗ ਲੈਣ।

ਉਨ੍ਹਾਂ ਕਿਹਾ ਕਿ ਇਸ ਰੋਸ ਮਾਰਚ ਨੂੰ ਸਫਲ ਬਣਾਉਣ ਲਈ ਪਿੰਡ ਪੱਧਰ ਤੇ ਮੀਟਿੰਗਾਂ ਕਰਕੇ ਕਿਸਾਨਾ ਮਜਦੂਰਾਂ ਸਮੇਤ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੀਟਿੰਗ ਵਿੱਚ ਮਾਸਟਰ ਹਰਭਜਨ ਸਿੰਘ ਟਰਪਈ, ਸੁੱਚਾ ਸਿੰਘ ਵੇਗੋਵਾਲ, ਕਾਰਜ ਸਿੰਘ ਮਜੀਠਾ, ਮਾਸਟਰ ਸਵਰਨ ਸਿੰਘ ਟਰਪਈ, ਬੱਲੀ ਸਾਬਕਾ ਸਰਪੰਚ ਤਰਗੜ੍ਹ ਆਦਿ ਆਗੂ ਸ਼ਾਮਲ ਸਨ ।

# ਸ੍ਰੀ ਗੁਰੂ ਅਮਰਦਾਸ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ




ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਸ੍ਰੀ ਗੁਰੂ ਅਮਰਦਾਸ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਗੁਰਦੁਆਰਾ ਜਨਮ ਅਸਥਾਨ ਬਾਸਰਕੇ ਤੋਂ ਕਾਰ ਸੇਵਕ ਬਾਬਾ ਦਰਸ਼ਨ ਸਿੰਘ, ਬਾਬਾ ਖੜਕ ਜੀ ਸੰਪਰਦਾਇ ਵੱਲੋਂ ਬਾਬਾ ਸੰਤੋਖ ਸਿੰਘ ਜੀ ਬੀੜ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਨਗਰ ਕੀਰਤਨ ਸਜਾਇਆ ਗਿਆ ਜੋ ਕਿ ਪਿੰਡ ਕਾਲੀਆਂ ਸਕੱਤਰਾਂ, ਸੁਹਰਾ ਅਸਥਾਨ ਵਿਖੇ ਸੰਪਨ ਹੋਇਆ। ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਵਿਖੇ ਨਗਰ ਕੀਰਤਨ ਦਾ ਪੁਹੰਚਣ 'ਤੇ ਜਥੇਦਾਰ ਬਾਬਾ ਭੋਲਾ ਸਿੰਘ ਦੀ ਅਗਵਾਈ ਹੇਠ ਸਵਾਗਤ ਕੀਤਾ ਗਿਆ ਤੇ ਨਗਰ ਕੀਰਤਨ ਵਿੱਚ ਸ਼ਾਮਲ ਪੰਜ ਪਿਆਰਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਡਾਕਟਰ ਨਰਿੰਦਰ ਸਿੰਘ ਬਘਿਆੜੀ, ਰਜਵੰਤ ਸਿੰਘ ਜੱਜ ਕਸੇਲ, ਬਿੱਟੂ ਠੱਠਗੜ੍ਹ, ਬੋਹੜ ਸਿੰਘ ਫਿਰੋਜ਼ਪੁਰੀਆ, ਲਾਲ ਸਿੰਘ ਕਸੇਲ, ਭਾਈ ਕਸ਼ਮੀਰ ਸਿੰਘ ਬਘਿਆੜੀ, ਗੱਬਰ ਸਿੰਘ ਮੋਟਾ, ਦਿਲਬਾਗ ਸਿੰਘ, ਸਾਬਕਾ ਸਰਪੰਚ ਮੋਤਾ ਸਿੰਘ ਬਘਿਆੜੀ, ਸੁਪਰਡੈਂਟ ਤੇਜਿੰਦਰ ਸਿੰਘ, ਪਾਠੀ ਸਰਬਜੀਤ ਸਿੰਘ, ਮਹਾਂਵੀਰ ਸਿੰਘ, ਤਲਵਿੰਦਰ ਸਿੰਘ ਐਮਾ, ਗੁਰਨਾਮ ਸਿੰਘ ਚੜ੍ਹਦੀ ਕਲਾ, ਸਰਪੰਚ ਦਿਆਲ ਸਿੰਘ, ਗਿਆਨੀ ਜਸਪਾਲ ਸਿੰਘ, ਜਥੇਦਾਰ ਕਾਬਲ ਸਿੰਘ, ਸਾਬਕਾ ਸਰਪੰਚ ਹੀਰਾ ਸਿੰਘ, ਬਾਬਾ ਮਹਿੰਗਾ ਸਿੰਘ, ਬਾਬਾ ਗੁਰਨਾਮ ਸਿੰਘ, ਬਾਬਾ ਬਸੰਤ, ਬਾਊ ਸਿੰਘ, ਠੇਕੇਦਾਰ ਸੰਤੋਖ ਸਿੰਘ, ਬਾਬਾ ਅਵਤਾਰ ਸਿੰਘ ਖਾਪੜਖੇੜੀ, ਗੁਰਦਿਆਲ ਸਿੰਘ ਆਦਿ ਸਮੂਹ ਸਾਧ ਸੰਗਤ ਹਾਜ਼ਰ ਸੀ।

# ਪੰਜਾਬ ਪੁਲਸ ਬੈਂਡ ਤੇ ਸਕੂਲੀ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਗਣਤੰਤਰ ਦਿਵਸ ਦੇ ਮੌਕੇ 'ਤੇ 26 ਜਨਵਰੀ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੀ ਫੁੱਲ ਡਰੈਸ ਰਿਹਰਸਲ ਅੱਜ ਪੁਲਿਸ ਲਾਈਨ ਗਰਾਊਂਡ ਤਰਨ ਤਾਰਨ ਵਿਖੇ ਹੋਈ, ਜਿਸ ਦੌਰਾਨ ਐਸ. ਐਸ. ਪੀ. ਤਰਨ ਤਾਰਨ ਅਸ਼ਵਨੀ ਕਪੂਰ ਵਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ ਅਤੇ ਪਰੇਡ ਦਾ ਨਿਰੀਖਣ ਕਰਦਿਆਂ ਮਾਰਚ ਪਾਸਟ ਤੋਂ ਸਲਾਮੀ ਲਈ।ਐਸਐਸਪੀ ਤਰਨ ਤਾਰਨ ਵੱਲੋਂ ਪਰੇਡ ਦਾ ਮੁਆਇਨਾ ਕਰਨ ਤੋਂ ਉਪਰੰਤ ਪਰੇਡ ਕਮਾਂਡਰ ਆਈ. ਪੀ. ਐਸ. ਰਿਸ਼ਭ ਭੱਲਾ ਦੀ ਕਮਾਂਡ ਹੇਠ ਪੰਜਾਬ ਪੁਲਸ ਦੇ ਜਵਾਨਾਂ, ਪੰਜਾਬ ਪੁਲਸ ਦੀ ਮਹਿਲਾ ਪਲਟੂਨ, ਪੰਜਾਬ ਹੋਮਗਾਰਡ, ਐਨ. ਸੀ. ਸੀ. ਕੈਡਿਟਾਂ, ਪੰਜਾਬ ਪੁਲਸ ਬੈਂਡ ਅਤੇ ਸਕੂਲੀ ਵਿਦਿਆਰਥੀਆਂ ਦੇ ਬੈਂਡ ਵੱਲੋਂ ਸ਼ਾਨਦਾਰ ਪਾਰਚ ਪਾਸਟ ਕੀਤਾ ਗਿਆ।ਇਸ ਤੋਂ ਬਾਅਦ ਵੱਖ-ਵੱਖ ਸਕੂਲੀ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਸੱਭਿਆਚਾਰਕ ਪ੍ਰੋਗਰਾਮ ਅਤੇ ਪੰਜਾਬ ਦਾ ਲੋਕ ਨਾਚ ਗਿੱਧਾ ਤੇ ਭੰਗੜਾ ਪੇਸ਼ ਕੀਤਾ ਗਿਆ।ਇਸ ਮੌਕੇ ਉਹਨਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਗਣਤੰਤਰ ਦਿਵਸ ਸਮਾਗਮ ਵਿੱਚ ਸਾਰੇ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹਾਜ਼ਰੀ ਲਾਜ਼ਮੀ ਹੈ ਅਤੇ ਸਾਰੇ ਆਪਣਾ ਫ਼ਰਜ ਸਮਝਦੇ ਹੋਏ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋਣ।ਇਸਦੇ ਨਾਲ ਹੀ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਰੌਣਕਾਂ ਨੂੰ ਵਧਾਉਣ ।ਇਸ ਮੌਕੇ ਜ਼ਿਲ੍ਹਾ ਮਾਲ ਅਫ਼ਸਰ ਤਰਨ ਤਾਰਨ ਸਰਬਜੀਤ ਸਿੰਘ, ਕਾਰਜ ਸਾਧਕ ਅਫ਼ਸਰ ਤਰਨ ਤਾਰਨ ਕਮਲਜੀਤ ਸਿੰਘ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਬਿਕਰਮਜੀਤ ਸਿੰਘ ਪੁਰੇਵਾਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਅੱਜ ਰਾਸ਼ਟਰੀ ਵੋਟਰ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਐੱਸ ਡੀ ਕਾਲਜ ਵਿਖੇ ਹੋਵੇਗਾ



ਗੁਰਦਾਸਪੁਰ (ਜਨਕ ਮਹਾਜਨ)-ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਤਹਿਤ ਅੱਜ 14ਵਾਂ ਰਾਸ਼ਟਰੀ ਵੋਟਰ ਦਿਵਸ ਜ਼ਿਲ੍ਹਾ ਗੁਰਦਾਸਪੁਰ ਵਿੱਚ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ 25 ਜਨਵਰੀ ਨੂੰ ਰਾਸ਼ਟਰੀ ਵੋਟਰ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਪੰਡਿਤ ਮੋਹਨ ਲਾਲ ਐੱਸ. ਡੀ. ਕਾਲਜ ਗੁਰਦਾਸਪੁਰ ਵਿਖੇ ਹੋਵੇਗਾ ਜਦਕਿ ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸਮੂਹ ਬੂਥਾਂ ਉਂਪਰ ਵੀ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾਵੇਗਾ। ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਮੌਕੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਦੱਸਣ ਦੇ ਨਾਲ ਨਵੇਂ ਬਣੇ ਵੋਟਰਾਂ ਨੂੰ ਐਪਿਕ ਕਿੱਟ ਵੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਲੋਕਤੰਤਰ ਪ੍ਰਣਾਲੀ ਵਿੱਚ ਨਾਗਰਿਕਾਂ/ਵੋਟਰਾਂ ਦੀ ਭਾਗਦਾਰੀ ਨੂੰ ਵਧਾਉਣ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪੱਧਰੀ ਸਮਾਗਮ ਅਤੇ ਬੂਥ ਪੱਧਰੀ ਸਮਾਗਮਾਂ ਵਿੱਚ ਵੋਟਰ ਪ੍ਰਣ ਵੀ ਚੁਕਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਵੀ ਰਾਸ਼ਟਰੀ ਵੋਟਰ ਦਿਵਸ ਮੌਕੇ 25 ਜਨਵਰੀ ਨੂੰ ਸਵੇਰੇ 11 ਵਜੇ ਵੋਟ ਪ੍ਰਣ ਲਿਆ ਜਾਵੇਗਾ। ਜ਼ਿਲ੍ਹਾ ਚੋਣ ਅਧਿਕਾਰੀ ਨੇ ਅੱਗੇ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਮੌਕੇ ਬੈਸਟ ਈਆਰਓ, ਬੈਸਟ ਨੋਡਲ ਅਫ਼ਸਰ (ਸਵੀਪ), ਬੈਸਟ ਸੁਪਰਵਾਈਜ਼ਰ ਅਤੇ ਬੈਸਟ ਬੀਐੱਲਓ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

# ਜ਼ੋਨ ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ ਸਰਹਾਲੀ ਕਲਾਂ ਦੀ ਕੋਰ ਕਮੇਟੀ ਦੀ ਮੀਟਿੰਗ



ਚੋਹਲਾ ਸਾਹਿਬ (ਰਮਨ ਚੱਢਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ ਸਰਹਾਲੀ ਕਲਾਂ ਦੀ ਮੀਟਿੰਗ ਜ਼ੋਨ ਪ੍ਰਧਾਨ ਕੁਲਵੰਤ ਸਿੰਘ ਢੋਟੀਆਂ ਅਤੇ ਗਿਆਨ ਸਿੰਘ ਚੋਹਲਾ ਖੁਰਦ ਦੀ ਅਗਵਾਈ ਵਿਚ ਹੋਈ ਜਿਸ ਮੀਟਿੰਗ ਵਿੱਚ ਸੂਬਾ ਆਗੂ ਜ਼ਿਲਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਨੇ ਉਚੇਚੇ ਤੌਰ ਤੇ ਪਹੁੰਚ ਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਿੱਲੀ ਵਿੱਚ ਦੁਬਾਰਾ ਧਰਨਾ ਸ਼ੁਰੂ ਕਰਨ ਵਾਸਤੇ ਜੋਨ ਦੀਆਂ ਪਿੰਡ ਪੱਧਰੀ ਮੀਟਿੰਗਾਂ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਂਗਾ ਅਤੇ 26 ਜਨਵਰੀ ਨੂੰ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰ ਪਿੰਡ ਵਿੱਚ ਕੈਂਡਲ ਮਾਰਚ ਕਰਕੇ ਸ਼ਰਧਾਂਜਲੀ ਦਿੱਤੀ ਜਾਵੇਗੀ।

29 ਜਨਵਰੀ ਨੂੰ ਜੋ ਦਿਲੀ ਵਿੱਚ ਧਰਨੇ ਦੌਰਾਨ ਕੇਂਦਰ ਸਰਕਾਰ ਅਤੇ ਆਰਐੱਸਐੱਸ ਵੱਲੋਂ ਸ਼ਾਂਤਮਈ ਬੈਠੇ ਕਿਸਾਨਾਂ ਮਜ਼ਦੂਰਾਂ ਅਤੇ ਬੀਬੀਆਂ ਉੱਤੇ ਇੱਟਾਂ ਰੋੜੇ ਅਤੇ ਅੱਥਰੂ ਗੈਸ ਸੁੱਟ ਕੇ ਤਸ਼ੱਦਦ ਕੀਤਾ ਉਸਦੇ ਵਿਰੋਧ ਵਿਚ ਕੇਂਦਰ ਸਰਕਾਰ ਅਤੇ ਆਰਐੱਸਐੱਸ ਦੇ ਪੁਤਲੇ ਫੂਕੇ ਜਾਣ ਅਤੇ ਜੋ ਟਰੈਕਟਰ ਮਾਰਚ 22 ਜਨਵਰੀ ਨੂੰ ਮੁਲਤਵੀ ਕੀਤਾ ਗਿਆ ਸੀ ਉਹ 1 ਫਰਵਰੀ ਤੋਂ 7 ਫਰਵਰੀ ਤੱਕ ਮੋਟਰਸਾਈਕਲ ਗੱਡੀਆਂ ਅਤੇ ਟਰੈਕਟਰ ਮਾਰਚ ਨਾਲ ਕੀਤਾ ਜਾਵੇਗਾ ਅਤੇ 11 ਫਰਵਰੀ ਨੂੰ ਦਿੱਲੀ ਜਾਣ ਦੀਆਂ ਵੱਡੀਆਂ ਤਿਆਰੀਆਂ ਕੀਤੀਆਂ ਜਾਣ। ਇਸ ਮੌਕੇ ਅਮਰਜੀਤ ਸਿੰਘ ਉਸਮਾਂ, ਸਰਬਜੀਤ ਸਿੰਘ ਵਰਿਆਹ, ਸ਼ਮਸ਼ੇਰ ਸਿੰਘ ਤਰਨਤਾਰਨ, ਸਾਧਾ ਸਿੰਘ ਮੋਹਨਪੁਰ, ਮਹਿੰਦਰ ਸਿੰਘ ਤੇ ਮਲਕੀਤ ਸਿੰਘ ਉਸਮਾਂ ਹਾਜ਼ਰ ਸਨ।

# ਭਲਕੇ ਬਟਾਲਾ 'ਚ ਡਾ. ਸ਼ਾਇਰੀ ਭੰਡਾਰੀ ਲਹਿਰਾਉਣਗੇ ਤਿਰੰਗਾ ਝੰਡਾ



ਬਟਾਲਾ (ਡਾ. ਮਲਵਿੰਦਰ ਸਿੰਘ)- ਬਟਾਲਾ ਵਿਖੇ ਗਣਤੰਤਰ ਦਿਵਸ ਸਮਾਗਮ ਨੂੰ ਪੂਰੇ ਉਤਸ਼ਾਹ ਨਾਲ ਮਨਾਉਣ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ।ਅੱਜ ਸਰਕਾਰੀ ਬਹੁ-ਤਕਨੀਕੀ ਕਾਲਜ ਬਟਾਲਾ ਦੇ ਰਾਜੀਵ ਗਾਂਧੀ ਸਟੇਡੀਅਮ ਵਿਖੇ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਕੀਤੀ ਗਈ।ਰਿਹਰਸਲ ਦੌਰਾਨ ਤਹਿਸੀਲਦਾਰ ਅਭਿਸ਼ੇਕ ਵਰਮਾ ਨੇ ਕੌਮੀ ਝੰਡਾ ਲਹਿਰਾਇਆ ਤੇ ਪਰੇਡ ਦਾ ਨਿਰੀਖਣ ਤਹਿਸੀਲਦਾਰ ਅਭਿਸ਼ੇਕ ਵਰਮਾ ਅਤੇ ਜਗਬਿੰਦਰ ਸਿੰਘ ਐਸ.ਪੀ. (ਹੈੱਡਕੁਆਰਟਰ) ਬਟਾਲਾ ਵਲੋਂ ਕੀਤਾ ਗਿਆ।ਇਸ ਉਪਰੰਤ ਪਰੇਡ ਕਮਾਂਡਰ ਇੰਸਪੈਕਟਰ ਗੁਰਮੁੱਖ ਸਿੰਘ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੇ ਜਵਾਨਾਂ, ਮਹਿਲਾ ਪਲਟੂਨ, ਪੰਜਾਬ ਹੋਮਗਾਰਡ ਅਤੇ ਐਨ.ਸੀ.ਸੀ. ਕੈਡਿਟਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵਲੋਂ ਦੇਸ਼ ਭਗਤੀ ਤੇ ਆਧਾਰਿਤ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਗਣਤੰਤਰ ਦਿਵਸ ਸਮਾਗਮ ਦੀਆਂ ਤਿਆਰੀਆਂ 'ਤੇ ਤਸੱਲੀ ਪ੍ਰਗਟ ਕਰਦਿਆਂ ਤਹਿਸੀਲਦਾਰ ਬਟਾਲਾ ਨੇ ਕਿਹਾ ਕਿ 26 ਜਨਵਰੀ ਨੂੰ ਬਟਾਲਾ ਵਿਖੇ ਗਣਤੰਤਰ ਦਿਵਸ ਸਮਾਗਮ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਜਾਵੇਗਾ।ਤਹਿਸੀਲਦਾਰ ਅਭਿਸ਼ੇਕ ਵਰਮਾ ਨੇ ਦੱਸਿਆ ਕਿ ਬਟਾਲਾ ਵਿਖੇ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਡਾ. ਸ਼ਾਇਰੀ ਭੰਡਾਰੀ, ਐੱਸ.ਡੀ.ਐੱਮ.-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਅਦਾ ਕਰਨਗੇ।ਫੁੱਲ ਡਰੈੱਸ ਰਿਹਰਸਲ ਉਪਰੰਤ ਤਹਿਸੀਲਦਾਰ ਵਲੋਂ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਗਈ ਤੇ ਸਮੂਹ ਅਧਿਕਾਰੀਆਂ ਨੂੰ ਗਣਤੰਤਰ ਦਿਵਸ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ।

ਇਸ ਮੌਕੇ ਸ਼ਸ਼ੀ ਭੂਸ਼ਨ ਵਰਮਾ, ਸੁਪਰਡੈਂਟ ਸੁੰਦਰ ਦਾਸ. ਡਾ. ਸਤਿੰਦਰਜੀਤ ਕੌਰ, ਮੈਡਮ ਨੀਟਾ ਭਾਟੀਆ ਅਤੇ ਪੁਲਿਸ ਅਤੇ ਸਿਵਲ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

# ਹੈਰੋਇਨ, ਕੰਪਿਊਟਰ ਕੰਡਾ ਤੇ ਇਕ ਹਜ਼ਾਰ ਡਰੱਗ ਮਨੀ ਸਮੇਤ ਦੋ ਵਿਅਕਤੀ ਕਾਬੂ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਧਾਰੀਵਾਲ ਪੁਲਿਸ ਦੇ ਏ. ਐੱਸ. ਆਈ. ਸਤਪਾਲ ਸੀ. ਏ. ਸਟਾਫ ਗੁਰਦਾਸਪੁਰ ਨੇ ਸਮੇਤ ਪੁਲਸ ਪਾਰਟੀ ਨੇੜੇ ਤਰੀਜਾਨਗਰ ਬਾਈਪਾਸ ਨਾਕਾਬੰਦੀ ਦੌਰਾਨ ਵਹੀਕਲਾਂ ਦੀ ਚੈਕਿੰਗ ਸਮੇਂ ਮਨਪ੍ਰੀਤ ਸਿੰਘ ਸੁੱਖਾ ਪੁੱਤਰ ਦਿਲਬਾਗ ਸਿੰਘ ਵਾਸੀ ਲੱਖੂਵਾਲ ਥਾਣਾ ਅਜਨਾਲਾ, ਮਨਦੀਪ ਸਿੰਘ ਮੋਨੂੰ ਪੁੱਤਰ ਗੁਰਨਾਮ ਸਿੰਘ ਵਾਸੀ ਗਾਲਿਬ ਥਾਣਾ ਰਮਦਾਸ ਨੂੰ ਸ਼ੱਕ ਦੇ ਆਧਾਰ 'ਤੇ ਸਵਿਫਟ ਕਾਰ ਨੰਬਰੀ ਪੀਬੀ 02.ਈ.ਕਿਊ.4692 ਨੂੰ ਰੋਕ ਕੇ ਤਲਾਸ਼ੀ ਕਰਦੇ ਸਮੇਂ ਗੱਡੀ ਦੇ ਡੈਸ਼ ਬੋਰਡ ਵਿਚੋਂ ਇਕ ਮੋਮੀ ਲਿਫਾਫਾ ਮਿਲਣ 'ਤੇ ਥਾਣਾ ਧਾਰੀਵਾਲ ਵਿਖੇ ਇਤਲਾਹ ਦਿੱਤੀ ਜਿਸ 'ਤੇ ਤਫਤੀਸ਼ੀ ਅਫਸਰ ਏ. ਐੱਸ. ਆਈ. ਪਲਵਿੰਦਰ ਸਿੰਘ ਨੇ ਮੌਕੇ 'ਤੇ ਪੁੱਜ ਕੇ ਬ੍ਰਾਮਦ ਮੋਮੀ ਲ਼ਿਫਾਫੇ ਨੂੰ ਚੈੱਕ ਕੀਤਾ ਤਾਂ ਉਸ ਵਿਚੋਂ 29 ਗ੍ਰਾਮ ਹੈਰੋਇਨ, ਇਕ ਕੰਪਿਊਟਰ ਕੰਡਾ ਅਤੇ 1000 ਰੁਪਏ ਡਰੱਗ ਮਨੀ ਬ੍ਰਾਮਦ ਹੋਈ ਹੈ। ਪੁਲਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸੀ ਪੀ ਆਰ ਸਬੰਧੀ ਸਿਖਲਾਈ ਵਰਕਸ਼ਾਪ ਦਾ ਆਯੋਜਨ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)— ਲਾਇਨਜ਼ ਕਲੱਬ ਅੰਮ੍ਰਿਤਸਰ ਸਿਵਲ ਲਾਈਨਜ਼ ਦੇ ਮੁਖੀ ਅਤੇ ਜ਼ਿਲ੍ਹਾ ਚੇਅਰਪਰਸਨ ਵਿਜ਼ਨ ਲਾਇਨ ਡਾ: ਤੇਜਪਾਲ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਡਾ: ਰਮਨ ਚਤਰਥ ਨੇ ਆਪਣੀ ਟੀਮ ਸਮੇਤ ਸੀ. ਪੀ. ਆਰ. ਲਈ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ ।ਅਕਸਰ ਦੇਖਿਆ ਜਾਂਦਾ ਹੈ ਕਿ ਐਮਰਜੈਂਸੀ ਵਿੱਚ ਪ੍ਰਭਾਵਿਤ ਵਿਅਕਤੀ ਦਾ ਸਹੀ ਇਲਾਜ ਨਹੀਂ ਹੁੰਦਾ ਅਤੇ ਪ੍ਰਭਾਵਿਤ ਵਿਅਕਤੀ ਦੀ ਮੌਤ ਵੀ ਹੋ ਜਾਂਦੀ ਹੈ।ਇਸ ਸਮਾਗਮ ਵਿੱਚ ਹਾਜ਼ਰ ਮੈਂਬਰਾਂ ਨੂੰ ਸਿੱਖਿਆ ਦਿੱਤੀ ਗਈ ਕਿ ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਦੀ ਸਥਿਤੀ ਵਿੱਚ ਭਾਵੇਂ ਉਹ ਸੜਕ ਹਾਦਸੇ ਵਿੱਚ ਜ਼ਖ਼ਮੀ ਵਿਅਕਤੀ ਹੋਵੇ ਜਾਂ ਅਚਾਨਕ ਬਿਜਲੀ ਨਾਲ ਨੁਕਸਾਨ ਹੋ ਜਾਣ ਵਾਲਾ ਵਿਅਕਤੀ, ਬਿਜਲੀ ਦੇ ਝਟਕੇ ਜਾਂ ਅਚਾਨਕ ਦਿਲ ਦਾ ਦੌਰਾ ਪੈਣ ਦੀ ਸਥਿਤੀ ਵਿੱਚ, ਪ੍ਰਭਾਵਿਤ ਵਿਅਕਤੀ ਨੂੰ ਸੀ. ਪੀ. ਆਰ. ਸਿਖਲਾਈ ਦੁਆਰਾ ਕਿਵੇਂ ਬਚਾਇਆ ਜਾ ਸਕਦਾ ਹੈ। ਇਸ ਮੌਕੇ ਸਾਬਕਾ ਗਵਰਨਰ ਲਾਇਨ ਹਰਦੀਪ ਸਿੰਘ ਖੜਕਾ, ਲਾਇਨ ਰਾਜੇਸ਼ ਸੇਠੀ ਸੈਕਟਰੀ, ਲਾਇਨ ਹਰਜੀਤ ਸਿੰਘ ਖਜਾਨਚੀ, ਲਾਇਨ ਮਨਦੀਪ ਸਿੰਘ ਮੀਤ ਪ੍ਰਧਾਨ, ਲਾਇਨ ਵਰਿੰਦਰ ਪੰਨੂ (ਸੇਵਾ ਮੁਕਤ ਆਬਕਾਰੀ ਕਮਿਸ਼ਨਰ), ਲਾਇਨ ਨਾਨਕ ਸਿੰਘ, ਲਾਇਨ ਬਲਬੀਰ ਸਿੰਘ, ਲਾਇਨ ਕਰਨਲ ਬਲਵਿੰਦਰ ਸਿੰਘ, ਲਾਇਨ ਜਸਜੀਤ.ਸੋਹਲ, ਲਾਇਨ ਬਲਰਾਜ ਕੌਰ, ਲਾਇਨ ਅੰਜੂ ਸੇਠੀ, ਸ਼ੇਰ ਕੋਮਲ ਆਦਿ ਹਾਜ਼ਰ ਸਨ।

# ਬਿਨਾਂ ਆਈਲੈਟਸ ਦੇ ਯੂ ਕੇ ਦਾ ਸਟੱਡੀ ਵੀਜ਼ਾ ਲਗਵਾਇਆ



ਗੋਇੰਦਵਾਲ ਸਹਿਬ (ਕਾਬਲ ਸਿੰਘ ਮੱਲ੍ਹੀ)- ਵਾਹਿਗੁਰੂ ਇੰਟਰਪ੍ਰਾਈਜ਼ਿਜ ਜੋ ਕਿ ਇਲਾਕੇ ਵਿਚ ਵੀਜ਼ੇ ਲਗਵਾਉਣ ਵਿੱਚ ਪਹਿਲੀ ਕਤਾਰ ਵਿੱਚ ਨਜ਼ਰ ਆਉਂਦੀ ਹੈ ਅਤੇ ਅਬਰੌਡ ਦੇ ਸਟੱਡੀ ਵੀਜ਼ੇ ਲਗਵਾਉਣ ਵਿੱਚ ਕਾਫੀ ਨਾਮਣਾ ਖੱਟ ਚੁੱਕੀ ਹੈ। ਇਸ ਨੇ ਇਕ ਹੋਰ ਮਾਅਰਕਾ ਮਾਰਦਿਆਂ ਗੁਰਪ੍ਰੀਤ ਸਿੰਘ ਵਾਸੀ ਵਲਟੋਹਾ ਦਾ ਯੂ ਕੇ ਦਾ ਸਿਰਫ ਪੰਜ ਦਿਨਾਂ ਵਿੱਚ ਸਟੱਡੀ ਵੀਜ਼ਾ ਲਗਵਾ ਕੇ ਨਵਾਂ ਮੁਕਾਮ ਹਾਸਲ ਕੀਤਾ। ਵਾਹਿਗੁਰੂ ਇੰਟਰਪ੍ਰਾਈਜ਼ਿਜ਼ ਦੇ ਐੱਮਡੀ ਰਾਜਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਅੰਮ੍ਰਿਤਪਾਲ ਸਿੰਘ ਦਾ ਵੀਜ਼ਾ ਬਿਨਾਂ ਆਈਲੈਟਸ ਹਾਸਲ ਕੀਤਾ ਹੈ ਜਿਸ 'ਤੇ ਵਿਦਿਆਰਥੀ ਅਤੇ ਉਸ ਦੇ ਮਾਪੇ ਬਹੁਤ ਖੁਸ਼ ਹਨ। ਸੰਸਥਾ ਦੇ ਐੱਮਡੀ ਨੇ ਦੱਸਿਆ ਕਿ ਵਿਦੇਸ਼ਾਂ ਵਿਚ ਭੇਜੇ ਗਏ ਵਿਦਿਆਰਥੀ ਜਿੱਥੇ ਵੱਖ-ਵੱਖ ਯੂਨੀਵਰਸਿਟੀਆਂ/ਕਾਲਜਾਂ ਵਿੱਚ ਪੜ੍ਹਾਈ ਕਰ ਰਹੇ ਹਨ ਅਤੇ ਬਣਦੇ ਸਮੇਂ ਅੰਦਰ ਆਪਣਾ ਕੰਮ ਕਰ ਰਹੇ ਹਨ ਅਤੇ ਲੋੜ ਮੁਤਾਬਕ ਉਨ੍ਹਾਂ ਨੂੰ ਸੰਸਥਾ ਵੱਲੋਂ ਗਾਈਡ ਵੀ ਕੀਤਾ ਜਾਂਦਾ ਹੈ। ਉਨ੍ਹਾਂ ਨੇ ਕਿਹਾ ਕਿ ਜਨਵਰੀ ਇਨਟੇਕ ਲਈ ਸੰਸਥਾ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਅੰਮ੍ਰਿਤਪਾਲ ਸਿੰਘ ਅਤੇ ਓਸਦੇ ਪਰਿਵਾਰ ਨੇ ਵਾਹਿਗੁਰੂ ਇੰਟਰਪ੍ਰਾਈਜ਼ਿਜ਼ ਅਤੇ ਉਸ ਦੇ ਸਮੁੱਚੇ ਸਟਾਫ ਦਾ ਧੰਨਵਾਦ ਕੀਤਾ ਅਤੇ ਖੁਸ਼ੀ ਦਾ ਇਜ਼ਹਾਰ ਕੀਤਾ ।

# ਡਾ. ਮਨਜਿੰਦਰ ਸਿੰਘ ਗਿੱਲ ਨੂੰ ਸਦਮਾ, ਪਿਤਾ ਦਿਹਾਂਤ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ 100 ਤਰਨ ਤਾਰਨ ਦੇ ਜਰਨਲ ਸਕੱਤਰ ਡਾ. ਮਨਜਿੰਦਰ ਸਿੰਘ ਗਿੱਲ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਪਿਤਾ ਚਰਨ ਸਿੰਘ ਗਿੱਲ ਦਾ ਸੰਖੇਪ ਜਿਹੀ ਬਿਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ।ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਕਰ ਦਿੱਤਾ ਗਿਆ।ਪੀੜਤ ਪਰਿਵਾਰ ਨਾਲ ਯੂਨੀਅਨ ਦੇ ਸੂਬਾ ਪ੍ਰਧਾਨ ਡਾ. ਤੇਜਿੰਦਰ ਸਿੰਘ ਢਿੱਲੋਂ, ਸੂਬਾ ਮੀਤ ਪ੍ਰਧਾਨ ਡਾ. ਪਲਵਿੰਦਰ ਸਿੰਘ ਬਾਊ ਢਿੱਲੋਂ, ਬਲਾਕ ਪ੍ਰਧਾਨ ਡਾ. ਮੱਸਾ ਸਿੰਘ ਰੰਧਾਵਾ, ਐਕਟਿੰਗ ਪ੍ਰਧਾਨ ਡਾ. ਮਹਿੰਦਰ ਸਿੰਘ, ਡਾ. ਨਿਰਮਲ ਸਿੰਘ ਸਲਹੋਤਰਾ, ਡਾ. ਹਰਪ੍ਰੀਤ ਸਿੰਘ ਚੀਮਾ, ਡਾ. ਮਲਕੀਤ ਸਿੰਘ ਚਾਹਲ, ਡਾ. ਕਸ਼ਮੀਰ ਸਿੰਘ ਸੱਪਲ, ਡਾ. ਗੁਰਦੇਵ ਸਿੰਘ ਸੋਹਲ, ਡਾ. ਸੁਖਦੇਵ ਸਿੰਘ ਬੁਰਜ, ਡਾ. ਗੁਰਦੇਵ ਸਿੰਘ ਮਾਹਵਾ, ਡਾ. ਰਾਜਿੰਦਰ ਸਿੰਘ ਧੁੰਨਾ, ਡਾ. ਤੇਜਿੰਦਰ ਸਿੰਘ, ਡਾ. ਜਗਦੀਸ਼ ਸਿੰਘ, ਡਾ. ਬਲਜਿੰਦਰ ਸਿੰਘ, ਡਾ. ਭੁਪਿੰਦਰ ਸਿੰਘ, ਡਾ. ਨਿਰਮਲ ਸਿੰਘ, ਡਾ. ਦਲਬੀਰ ਸਿੰਘ, ਡਾ. ਅਕਾਸ਼ਦੀਪ ਸਿੰਘ, ਡਾ. ਗੁਰਬੇਹਜ ਸਿੰਘ, ਡਾ. ਜਸਬੀਰ ਸਿੰਘ, ਡਾ. ਹਰਜੀਤ ਸਿੰਘ ਆਦਿ ਸਾਥੀਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਕਿਸਾਨ ਵਿਰੋਧੀ ਨੀਤੀਆਂ ਖਿਲਾਫ ਖੜ੍ਹੇ ਹੋਣ ਦਾ ਅਹਿਦ



ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਪਿੰਡ ਖਵਾਸਪੁਰ ਵਿੱਚ ਦਿੱਲੀ ਕੂਚ ਦੀਆਂ ਤਿਆਰੀਆਂ ਸਬੰਧੀ ਪ੍ਰਧਾਨ ਸੰਤੋਖ ਸਿੰਘ ਅਤੇ ਜਨਰਲ ਸਕੱਤਰ ਜਗਰੂਪ ਸਿੰਘ ਦੀ ਪ੍ਰਧਾਨਗੀ ਵਿੱਚ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਦਿੱਲੀ ਜਾਣ ਲਈ ਰੂਪਰੇਖਾ ਉਲੀਕੀ ਗਈ ਅਤੇ ਕਿਸਾਨੀ ਮੁੱਦਿਆਂ 'ਤੇ ਜੰਮ ਕੇ ਚਰਚਾ ਹੋਈ।

ਸਰਕਾਰ ਦੁਆਰਾ ਜੋ ਕਿਸਾਨਾਂ ਨੂੰ ਪਰੇਸ਼ਾਨੀਆਂ ਪੈਦਾ ਕੀਤੀਆਂ ਜਾ ਰਹੀਆਂ ਹਨ ਉਨ੍ਹਾਂ 'ਤੇ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਦ੍ਰਿੜ ਇਰਾਦੇ ਨਾਲ ਸਰਕਾਰ ਵਿਰੁੱਧ ਇਨ੍ਹਾਂ ਕਿਸਾਨ ਵਿਰੋਧੀ ਨੀਤੀਆਂ ਦੇ ਬਰਖਿਲਾਫ ਖੜ੍ਹੇ ਹੋਣ ਦਾ ਅਹਿਦ ਕੀਤਾ ਗਿਆ। ਇਸ ਮੌਕੇ ਜੋਨ ਪ੍ਰਧਾਨ ਜਵਾਹਰ ਸਿੰਘ ਟਾਂਡਾ ਨੇ ਸੰਘਰਸ਼ ਕਮੇਟੀ ਦੀਆਂ ਨੀਤੀਆਂ ਅਤੇ ਕਿਸਾਨਾਂ ਨੂੰ ਆਉਣ ਵਾਲੇ ਸਮੇਂ ਵਿੱਚ ਆ ਰਹੀਆਂ ਦਰਪੇਸ਼ ਮੁਸ਼ਕਲਾਂ ਸਬੰਧੀ ਜਾਗਰੂਕ ਕੀਤਾ ਅਤੇ ਜਥੇਬੰਦੀ ਨਾਲ ਇੱਕਜੁੱਟ ਹੋ ਕੇ ਤੁਰਨ ਲਈ ਪ੍ਰੇਰਨਾ ਦਿੱਤੀ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵੰਤ ਸਿੰਘ ਭੈਲ, ਸਿੰਦਰ ਸਿੰਘ , ਜਸਵਿੰਦਰ ਸਿੰਘ ਮੱਦੀ, ਲਖਵਿੰਦਰ ਸਿੰਘ, ਨਿਰਭੈਲ ਸਿੰਘ, ਸੋਨੀ, ਸਰਵਣ ਸਿੰਘ ਚੰਬਲ, ਰਾਜਵਿੰਦਰ ਸਿੰਘ, ਰੰਜੂ ਕੌਰ, ਜਗਦੀਪ ਕੌਰ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ ।

# ਉਤਕਰਸ਼ ਸਮਾਲ ਫਾਈਨਾਂਸ ਵੱਲੋਂ ਨਵੀਆਂ ਬੈਂਕਿੰਗ ਸ਼ਾਖਾਵਾਂ ਦਾ ਉਦਘਾਟਨ

**ਪਟਿਆਲਾ:** ਉਤਕਰਸ਼ ਸਮਾਲ ਫਾਈਨਾਂਸ ਬੈਂਕ ਲਿਮਟਿਡ ਨੇ ਰਾਜਪੁਰਾ, ਪਟਿਆਲਾ ਸਮੇਤ ਪੰਜਾਬ ਰਾਜ ਵਿੱਚ ਆਪਣੀਆਂ 4 ਨਵੀਆਂ ਬੈਂਕਿੰਗ ਸ਼ਾਖਾਵਾਂ ਦੇ ਉਦਘਾਟਨ ਦਾ ਐਲਾਨ ਕੀਤਾ ਹੈ।ਇਸ ਲਾਂਚ ਦੇ ਨਾਲ ਬੈਂਕ ਪੰਜਾਬ ਰਾਜ ਵਿੱਚ 9 ਬੈਂਕਿੰਗ ਆਊਟਲੈਂਟਾਂ ਅਤੇ ਦੇਸ਼ ਦੇ 26 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ 883 ਬੈਂਕਿੰਗ ਆਊਟਲੇਟਾਂ ਤੱਕ ਪਹੁੰਚਦਾ ਹੈ।ਰਾਜਪੁਰਾ, ਪਟਿਆਲਾ ਦੇ ਗਾਹਕ ਹੁਣ ਬੈਂਕ ਦੇ ਉਤਪਾਦਾਂ ਅਤੇ ਸੇਵਾਵਾਂ ਦਾ ਲਾਭ ਲੈ ਸਕਦੇ ਹਨ ਜਿਸ ਵਿੱਚ ਬਚਤ ਬੈਂਕ ਖਾਤਾ, ਚਾਲੂ ਖਾਤਾ, ਫਿਕਸਡ ਡਿਪਾਜ਼ਿਟ ਅਤੇ ਆਵਰਤੀ ਜਮ੍ਹਾ ਦੇ ਨਾਲ-ਨਾਲ ਵੱਖ-ਵੱਖ ਲੋਨ ਉਤਪਾਦ ਜਿਵੇਂ ਕਿ ਹੋਮ ਲੋਨ, ਬਿਜ਼ਨਸ ਲੋਨ ਅਤੇ ਜਾਇਦਾਦ ਦੇ ਖਿਲਾਫ ਲੋਨ, ਕ੍ਰੈਡਿਟ, ਬੀਮਾ ਅਤੇ ਨਿਵੇਸ਼ ਸ਼ਾਮਲ ਹਨ।ਆਪਣੇ ਬੈਂਕਿੰਗ ਆਊਟਲੈੱਟ ਬੁਨਿਆਦੀ ਢਾਂਚੇ, ਡਿਜੀਟਲ ਬੈਂਕਿੰਗ ਸਮਰੱਥਾਵਾਂ ਅਤੇ 1"$ ਨੈੱਟਵਰਕ ਦੇ ਨਾਲ, ਬੈਂਕ ਏਕੀਕ੍ਰਿਤ ਗਾਹਕ ਸੇਵਾ ਪ੍ਰਦਾਨ ਕਰਦਾ ਹੈ।

# ਫੁੱਲ ਡ੍ਰੈੱਸ ਰਿਹਰਸਲ ਦਾ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਲਿਆ ਜਾਇਜ਼ਾ



ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਅੰਦਰ ਮਨਾਏ ਜਾ ਰਹੇ 75ਵੇਂ ਗਣਤੰਤਰ ਦਿਵਸ ਦਾ ਜ਼ਿਲ੍ਹਾ ਪੱਧਰੀ ਸਮਾਗਮ ਸਬੰਧੀ ਸਥਾਨਕ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਨੀ (ਪਠਾਨਕੋਟ) ਵਿਖੇ ਅੱਜ ਫੁੱਲ ਡ੍ਰੈੱਸ ਰਿਹਰਸਲ ਕੀਤੀ ਗਈ।ਇਸ ਮੌਕੇ ਹਰਬੀਰ ਸਿੰਘ ਡਿਪਟੀ ਕਮਿਸਨਰ ਪਠਾਨਕੋਟ ਬਤੌਰ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਅਤੇ ਤਿਰੰਗਾ ਲਹਿਰਾ ਕੇ ਪ੍ਰੇਡ ਦਾ ਨਿਰੀਖਣ ਕੀਤਾ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਦਲਜਿੰਦਰ ਸਿੰਘ ਢਿੱਲੋਂ ਐੱਸਐੱਸਪੀ ਪਠਾਨਕੋਟ, ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸਨਰ (ਜ), ਜਿਊਤਸਨਾ ਸਿੰਘ ਪੀਸੀਐਸ., ਧਰਮਵੀਰ ਸਿੰਘ ਵਣ ਮੰਡਲ ਅਫਸਰ ਪਠਾਨਕੋਟ, ਪਵਨ ਕੁਮਾਰ ਡੀਆਰਓ ਪਠਾਨਕੋਟ, ਰਾਜੇਸ ਕੁਮਾਰ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਪਠਾਨਕੋਟ, ਅਰੁਣ ਕੁਮਾਰ ਜ਼ਿਲ੍ਹਾ ਸਿੱਖਿਆ ਖੇਡ ਕੋਆਰਡੀਨੇਟਰ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ ।ਇਸ ਮੌਕੇ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਸਥਾਨਕ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਨੀ (ਪਠਾਨਕੋਟ) ਵਿਖੇ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡ੍ਰੈਸ ਰਿਹਰਸਲ ਦਾ ਜਾਇਜ਼ਾ ਲਿਆ । ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਪਠਾਨਕੋਟ ਦੇ ਸਥਾਨਕ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਨੀ (ਪਠਾਨਕੋਟ) ਵਿਖੇ ਮਨਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਗਣਤੰਤਰਤਾ ਦਿਵਸ ਸਮਾਰੋਹ ਦੌਰਾਨ ਯੋਗਾ, ਪੀ. ਟੀ. ਸ਼ੋਅ ਅਤੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਜਾਵੇਗਾ।ਮਾਰਚ ਪਾਸਟ ਦੌਰਾਨ ਪੰਜਾਬ ਪੁਲਸ (ਪੁਰਸ਼), ਪੰਜਾਬ ਪੁਲਿਸ (ਮਹਿਲਾ), ਪੰਜਾਬ ਹੋਮ ਗਾਰਡ, ਵੱਖ ਵੱਖ ਸਕੂਲਾਂ ਤੋਂ ਐਨਸੀਸੀ. ਕੈਡਿਟਾਂ ਦੀ ਟੁਕੜੀਆਂ, ਜਵਾਹਰ ਨਵੋਦਿਆ ਵਿਦਿਆਲਿਆ ਨਾਜੋਚੱਕ ਦੇ ਵਿਦਿਆਰਥੀ, ਆਰਮੀ ਬੈਂਡ ਆਦਿ ਵੱਲੋਂ ਭਾਗ ਲਿਆ ਜਾਵੇਗਾ।

25Jan-PAGE-12.qxd 1/24/2024 10:50 PM Page 1



# ਗੁਰਬਚਨ ਸਿੰਘ ਭੁੱਲਰ ਦੀ ਪੁਸਤਕ ਬਾਬਾ ਸੋਹਣ ਸਿੰਘ ਭਕਨਾ ਲੋਕ ਅਰਪਣ



**ਜਲੰਧਰ (ਕੇਸਰ)** ਨਾਮਵਰ ਵਿਦਵਾਨ ਗੁਰਬਚਨ ਸਿੰਘ ਭੁੱਲਰ ਦੀ ਕਲਮ ਤੋਂ ਲਿਖੀ ਪੁਸਤਕ, 'ਗ਼ਦਰ ਪਾਰਟੀ ਦੇ ਬਾਨੀ : ਬਾਬਾ ਸੋਹਣ ਸਿੰਘ ਭਕਨਾ' ਦੇਸ਼ ਭਗਤ ਯਾਦਗਾਰ ਕਮੇਟੀ ਨੇ ਦੇਸ਼ ਭਗਤ ਯਾਦਗਾਰ ਹਾਲ 'ਚ ਲੋਕ-ਅਰਪਣ ਕੀਤੀ। ਇਸ ਮੌਕੇ ਗੁਰਬਚਨ ਸਿੰਘ ਭੁੱਲਰ ਨੇ ਆਪਣੇ ਭੇਜੇ ਸੁਨੇਹੇ 'ਚ ਕਿਹਾ ਕਿ, 'ਮੈਂ ਇਹ ਕਿਤਾਬ ਸੁਹਿਰਦ ਪਾਠਕਾਂ, ਨੌਜਵਾਨ ਪੀੜ੍ਹੀ ਦੇ ਹੱਥਾਂ ਤੱਕ ਪੁੱਜਦੀ ਕਰਨ ਲਈ ਦੇਸ਼ ਭਗਤ ਯਾਦਗਾਰ ਕਮੇਟੀ ਨੂੰ ਵਧੀਆ ਵਸੀਲਾ ਸਮਝਦਿਆਂ ਇਹ ਨਜ਼ਰਾਨਾ ਭੇਟ ਕਰਨ ਦੀ ਖ਼ੁਸ਼ੀ ਲੈ ਰਿਹਾ ਹਾਂ।' ਉਹਨਾਂ ਦੱਸਿਆ ਕਿ ਜਦੋਂ ਅਮਰੀਕਾ 'ਚ ਗ਼ਦਰ ਪਾਰਟੀ ਦੇ ਗੜ੍ਹ ਕਰਕੇ ਜਾਣੇ ਜਾਂਦੇ ਕੈਲੇਫੋਰਨੀਆਂ ਸਮੇਤ ਹੋਰ ਥਾਵਾਂ ਦੀ ਮੈਂ ਨੇੜਿਓਂ ਜਾਣਕਾਰੀ ਇਕੱਤਰ ਕੀਤੀ ਤਾਂ ਮਹਿਸੂਸ ਹੋਇਆ ਕਿ ਗ਼ਦਰ ਪਾਰਟੀ ਦੇ ਇਤਿਹਾਸ ਅਤੇ ਇਸਦੇ ਸੂਝਵਾਨ ਅਤੇ ਸਿਦਕਵਾਨ ਨਾਇਕਾਂ ਬਾਰੇ ਲੋਕਾਂ ਨੂੰ ਜਾਣੂੰ ਕਰਾਉਣਾ ਬਹੁਤ ਜ਼ਰੂਰੀ ਹੈ। ਉਹਨਾਂ ਦੱਸਿਆ ਕਿ ਬਾਬਾ ਸੋਹਣ ਸਿੰਘ ਭਕਨਾ ਦੇ ਪਰਵਾਰ 'ਚੋਂ ਪਸ਼ੌਰਾ ਸਿੰਘ ਢਿੱਲੋਂ ਨਾਲ ਇਸ ਫ਼ਿਕਰ ਅਤੇ ਸਰੋਕਾਰ ਬਾਰੇ ਜਦੋਂ ਗੱਲ ਸਾਂਝੀ ਕੀਤੀ ਤਾਂ ਉਹਨਾਂ ਨੇ ਵੀ ਗਰਮਜੋਸ਼ੀ ਨਾਲ ਹੁੰਗਾਰਾ ਭਰਿਆ। ਇਸ ਪੁਸਤਕ ਦੇ ਪ੍ਰਕਾਸ਼ਨ ਦੀਆਂ ਸੇਵਾਵਾਂ ਫ਼ਰਿਜਨੋ, ਕੈਲੀਫੋਰਨੀਆਂ ਵਾਸੀ ਸ਼ੁੱਭਚਿੰਤਕ ਪਸ਼ੌਰਾ ਸਿੰਘ ਢਿੱਲੋਂ, ਚਰਨਜੀਤ ਸਿੰਘ ਬਾਠ ਅਤੇ ਅਜੀਤ ਸਿੰਘ ਗਿੱਲ ਨੇ ਭੇਟ ਕਰਨ ਦੀ ਖ਼ੁਸ਼ੀ ਸਾਂਝੀ ਕੀਤੀ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਕਮੇਟੀ ਮੈਂਬਰ ਗੁਰਮੀਤ ਸਿੰਘ ਅਤੇ ਸੁਰਿੰਦਰ ਕੁਮਾਰੀ ਕੋਛੜ ਨੇ ਦਿੱਲੀ ਤੋਂ ਗੁਰਬਚਨ ਸਿੰਘ ਭੁੱਲਰ ਦੁਆਰਾ ਭੇਜੀ ਪੁਸਤਕ ਲੋਕ ਅਰਪਣ ਕਰਦਿਆਂ ਉਹਨਾਂ ਵੱਲੋਂ ਕਮੇਟੀ ਲਈ ਸੈਂਕੜੇ ਪੁਸਤਕਾਂ ਭੇਟ ਕਰਨ ਦਾ ਹਾਰਦਿਕ ਧੰਨਵਾਦ ਕੀਤਾ।

# ਮਕੈਨੀਕਲ ਸਵੀਪਿੰਗ ਮਸ਼ੀਨਾਂ ਲਈ 40 ਕਰੋੜ ਦਾ ਟੈਂਡਰ ਮਨਜ਼ੂਰ



**ਮੋਹਾਲੀ, (ਗੁਰਜੀਤ ਬਿੱਲਾ)** ਮੋਹਾਲੀ ਦੇ ਮੇਅਰ ਅਮਰਜੀਤ ਸਿੰਘ ਸਿੱਧੂ ਨੇ ਇਥੇ ਦੱਸਿਆ ਹੈ ਕਿ ਅਗਲ੍ਹੇ 3 ਮਹੀਨਿਆਂ 'ਚ 40 ਕਰੋੜ ਦੀ ਲਾਗਤ ਵਾਲੀਆਂ ਮਸ਼ੀਨਾਂ ਨਾਲ ਮੋਹਾਲੀ ਦੀਆਂ ਸੜਕਾਂ 'ਤੇ ਸਫ਼ਾਈ ਦਾ ਕੰਮ ਸ਼ੁਰੂ ਹੋ ਜਾਵੇਗਾ। ਉਨ੍ਹਾਂ ਆਸ ਪ੍ਰਗਟਾਈ ਕਿ ਇਟਲੀ ਤੋਂ ਮੰਗਵਾਈਆਂ ਗਈਆਂ ਇਹਨਾਂ ਮਸੀਨਾਂ ਨਾਲ ਸਫ਼ਾਈ ਸ਼ੁਰੂ ਹੋ ਜਾਣ ਨਾਲ ਅਗਲੇ ਸਾਲ ਮੋਹਾਲੀ ਦੀ ਸਵੱਛਤਾ ਰੈਂਕਿੰਗ ਸਿਖਰ ਨੂੰ ਛੋਹੇਗੀ। ਮੇਅਰ ਨੇ ਇਹ ਟਿੱਪਣੀਆਂ ਨਗਰ ਨਿਗਮ ਦੀ ਲੇਖਾ ਤੇ ਠੇਕਾ ਕਮੇਟੀ ਦੀ ਮੀਟਿੰਗ ਉਪਰੰਤ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕੀਤੀਆਂ। ਉਨ੍ਹਾਂ ਨੇ ਖੁਲਾਸਾ ਕੀਤਾ ਕਿ ਮੀਟਿੰਗ 'ਚ ਕਰੋੜਾਂ ਰੁਪਏ ਦੇ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਮਕੈਨੀਕਲ ਸਵੀਪਿੰਗ ਮਸ਼ੀਨਾਂ ਦੇ ਟੈਂਡਰ ਸਮੇਤ ਕੁਲ 52 ਕਰੋੜ ਰੁਪਏ ਦੇ ਕੰਮਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਉਹਨਾਂ ਇਹਨਾਂ ਕੰਮਾਂ ਦੀ ਤਫ਼ਸੀਲ ਦਸਦਿਆਂ ਕਿਹਾ ਕਿ ਫੇਜ 11 ਦੇ ਪਾਰਕਾਂ 'ਚ ਫਲੱਡ ਲਾਈਟਾਂ ਲਗਾਉਣ, ਫੇਜ-8 ਉਦਯੋਗਿਕ ਖੇਤਰ ਵਿੱਚ ਇੰਜਨੀਅਰਿੰਗ ਦਾ ਕੰਮ, ਬਿਜਲੀ ਸਸਕਾਰ ਮਸ਼ੀਨਾਂ ਲਈ ਕਾਮਿਆਂ ਦਾ ਪ੍ਰਬੰਧ, ਨਵੇਂ ਸੈਲੋ ਟਿਊਬਵੈੱਲ, ਸੈਲਟਰ ਹੋਮ ਲਈ ਐਮਸੀ ਸਟੋਰ 'ਚ ਪੰਪਿੰਗ ਮਸ਼ੀਨਾਂ ਲਗਾਉਣ ਦੇ ਕੰਮ ਹਨ। ਇਸੇ ਤਰ੍ਹਾਂ ਹੀ ਆਵਾਰਾ ਕੁੱਤਿਆਂ ਨੂੰ ਕਾਬੂ ਕਰਨ, ਮਟੌਰ 'ਚ ਧਰਮਸ਼ਾਲਾ ਦੀ ਉਸਾਰੀ, ਫਾਇਰ ਸਟੇਸ਼ਨ ਦਾ ਸਾਮਾਨ, ਕੁੰਭੜਾ 'ਚ ਮੈਨਹੋਲਾਂ ਅਤੇ ਗਲੀਆਂ ਦੀ ਮੁਰੰਮਤ, ਫੇਜ-11, ਸਟਰੀਟ ਲਾਈਟ ਲਗਾਉਣ ਅਤੇ ਮੁਰੰਮਤ ਸਮੇਤ ਹੋਰ ਕਾਰਜ ਸ਼ਾਮਲ ਹਨ।

# 'ਪੁਲਸ ਮਹਿਲਾ ਮਿੱਤਰ' ਤਹਿਤ ਇਸਤਰੀ ਜਾਗਰੂਕਤਾ ਕੈਂਪ




ਭਲਾਣ (ਹਰਭਜਨ ਢਿੱਲੋਂ) ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਵੱਲੋਂ ਜਾਰੀ ਹੁਕਮਾਂ ਅਨੁਸਾਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਂ ਇਸਤਰੀਆਂ ਨੰਗਲ ਵਿਖੇ ਲੜਕੀਆਂ ਪ੍ਰਤੀ ਹੋਣ ਵਾਲੇ ਅਪਰਾਧਾਂ ਦੇ ਸਬੰਧ 'ਚ ਜਾਗਰੂਕਤਾ ਕੈਂਪ ਲਗਾਇਆ ਗਿਆ। ਪ੍ਰਿੰ.ਗੁਰਨਾਮ ਸਿੰਘ ਭੱਲੜੀ ਦੀ ਅਗਵਾਈ ਦੌਰਾਨ ਇਸ ਜਾਗਰੂਕਤਾ ਕੈਂਪ 'ਚ ਪੁਲਸ ਸਟੇਸ਼ਨ ਨੰਗਲ ਤੋਂ ਵਿਸ਼ੇਸ਼ ਰੂਪ 'ਚ ਪਹੁੰਚੇ ਹੈੱਡ ਕਾਸਟੇਬਲ ਰਮਨ ਰਾਣਾ ਨੇ 'ਪੁਲਿਸ ਮਹਿਲਾ ਮਿੱਤਰ' ਤਹਿਤ ਸੰਸਥਾਂ ਦੀਆਂ ਸਿੱਖਿਆਰਥਣਾ ਨੂੰ ਲੜਕੀਆਂ ਨਾਲ ਹੋਣ ਵਾਲੇ ਅਪਰਾਧਾਂ ਤੋਂ ਬਚਾਉ ਲਈ ਸਰਕਾਰ ਵਲੋਂ ਜਾਰੀ ਕੀਤੀਆਂ ਹੈਂਲਪ ਲਾਈਨਾ ਸੰਬੰਧੀ ਜਾਗਰੂਕ ਕੀਤਾ।ਉਨ੍ਹਾਂ ਲੜਕੀਆਂ ਨੂੰ ਸੰਬੋਧਨ ਕਰਦਿਆਂ ਦੱਸਿਆਂ ਕਿ ਇਸਤਰੀਆਂ ਦੀ ਸੁਰੱਖਿਆਂ ਦੇ ਮਕਸਦ ਲਈ ਸਰਕਾਰ ਵਲੋਂ ਜਾਰੀ ਕੀਤੇ ਹੈਂਲਪ ਲਾਈਨ ਨੰਬਰ 112 ਅਤੇ 181 ਤੇ ਫੋਨ ਕਰਕੇ ਪੁਲਸ ਸਹਾਇਤਾ ਲਈ ਜਾ ਸਕਦੀ ਹੈ। ਉਨ੍ਹਾਂ ਹੋਰ ਦੱਸਿਆ ਕਿ ਹੈਂਲਪ ਲਾਈਨ ਦੀ ਦੁਰਵਰਤੋਂ ਕਰਨ ਤੋਂ ਗੁਰੇਜ਼ ਕਰਨ ਦੀ ਸਲਾਹ ਦਿੰਦਿਆਂ ਕਿਹਾ ਕਿ ਇਸ ਦੀ ਵਰਤੋਂ ਇਸਤਰੀਆਂ ਪ੍ਰਤੀ ਸਮਾਜ ਵਿੱਚ ਹੋ ਰਹੇ ਅਪਰਾਧਾਂ ਨੂੰ ਰੋਕਣ ਲਈ ਕੀਤੀ ਜਾਵੇ।ਉਨ੍ਹਾਂ ਨਸ਼ਿਆਂ ਪ੍ਰਤੀ ਜਾਗਰੂਕ ਕਰਦਿਆਂ ਕਿਹਾ ਕਿ ਨਸ਼ਾ ਤਸਕਰਾਂ ਸੰਬੰਧੀ ਪੁਲਸ ਨੂੰ ਜਾਣਕਾਰੀ ਦਿੱਤੀ ਜਾਵੇ ਤਾਂ ਕਿ ਸੂਬਾ ਸਰਕਾਰ ਵਲੋਂ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਲਈ ਸ਼ੁਰੂ ਕੀਤੀ ਮੁਹਿੰਮ ਨੂੰ ਸਫਲ ਕੀਤਾ ਜਾ ਸਕੇ।ਪ੍ਰਿੰ.ਗੁਰਨਾਮ ਸਿੰਘ ਭੱਲੜੀ ਨੇ ਕਿਹਾ ਕਿ ਸਰਕਾਰ ਵਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਮੁਹਿੰਮ ਨੂੰ ਸਫਲ ਬਣਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਲੜਕੀਆਂ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ। ਉਨ੍ਹਾਂ ਸਰਕਾਰ ਵਲੋਂ ਲੜਕੀਆਂ ਦੀ ਸੁਰੱਖਿਆਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਸਲਾਘਾਂ ਕਰਦਿਆਂ, ਲੜਕੀਆਂ ਨੂੰ ਲੋੜ ਪੈਣ ਤੇ ਪੁਲਿਸ ਸਹਾਇਤਾ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸੀਨੀਅਰ ਇੰਸਟਰਕਟਰ ਰਵਨੀਤ ਕੌਰ ਭੰਗਲ, ਅਨੀਲਮ ਸ਼ਰਮਾ, ਗੁਰਨਾਮ ਕੌਰ, ਜਗਦੀਪ ਕੁਮਾਰ, ਮਾਇਆ ਦੇਵੀ ਅਤੇ ਜੀਵਨ ਕੁਮਾਰ ਆਦਿ ਹਾਜ਼ਰ ਸਨ।

# ਏ ਆਈ ਜੀ ਮਲਵਿੰਦਰ ਸਿੰਘ ਸਿੱਧੂ ਦਾ ਸਾਥੀ ਬਲਵੀਰ ਸਿੰਘ ਗ੍ਰਿਫ਼ਤਾਰ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀ ਗ੍ਰਿਫਤਾਰੀ ਤੋਂ ਬਚਦੇ ਆ ਰਹੇ ਮੁਲਜ਼ਮ ਬਲਵੀਰ ਸਿੰਘ, ਵਾਸੀ ਪਿੰਡ ਆਲਮਪੁਰ, ਜ਼ਿਲ੍ਹਾ ਪਟਿਆਲਾ ਨੂੰ ਗ੍ਰਿਫ਼ਤਾਰ ਕੀਤਾ ਹੈ, ਜੋ ਕਿ ਮੁਲਜ਼ਮ ਮਲਵਿੰਦਰ ਸਿੰਘ ਸਿੱਧੂ, ਏ.ਆਈ ਜੀ., ਮਨੁੱਖੀ ਅਧਿਕਾਰ, ਪੰਜਾਬ ਪੰਜਾਬ ਦਾ ਕਰਿੰਦਾ ਸੀ

।ਉਹ ਵਿਜੀਲੈਂਸ ਬਿਊਰੋ ਵੱਲੋਂ ਦਰਜ ਭ੍ਰਿਸ਼ਟਾਚਾਰ ਤੇ ਅਪਰਾਧਿਕ ਮੁਕੱਦਮੇ ਵਿੱਚ ਲੋੜੀਂਦਾ ਸੀ ਕਿਉਂਕਿ ਉਕਤ ਪੁਲਸ ਅਧਿਕਾਰੀ ਦੇ ਇਸ਼ਾਰੇ 'ਤੇ ਵੱਖ ਵੱਖ ਵਿਭਾਗਾਂ ਵਿੱਚ ਕਰਮਚਾਰੀਆਂ ਵਿਰੁੱਧ ਸ਼ਿਕਾਇਤਾਂ ਦਰਜ ਕਰਾਉਂਦਾ ਸੀ ਅਤੇ ਉਹਨਾਂ ਨੂੰ ਬਲੈਕਮੇਲ ਕਰਕੇ ਪੈਸੇ ਦੀ ਮੰਗ ਕਰਦਾ ਸੀ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਿਊਰੋ ਨੇ ਅਦਾਲਤ ਤੋਂ ਬਲਵੀਰ ਸਿੰਘ ਦਾ 5 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਹੈ ਤਾਂ ਜੋ ਉਸ ਵੱਲੋਂ ਆਪਣੇ ਕੋਲ ਰੱਖਿਆ ਹਥਿਆਰ ਬਰਾਮਦ ਕੀਤਾ ਜਾ ਸਕੇ ਅਤੇ ਨਾਲ ਹੀ ਇਸ ਮਾਮਲੇ ਵਿੱਚ ਹੋਰਨਾਂ ਵਿਅਕਤੀਆਂ ਦੀ ਸ਼ਮੂਲੀਅਤ ਦਾ ਪਤਾ ਲਗਾਇਆ ਜਾ ਸਕੇ।

ਬੁਲਾਰੇ ਨੇ ਦੱਸਿਆ ਕਿ ਇਸ ਸੰਬੰਧੀ ਬਿਊਰੋ ਨੇ ਵਿਜੀਲੈਂਸ ਜਾਂਚ ਦੇ ਆਧਾਰ 'ਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 7-ਏ ਅਤੇ ਆਈ.ਪੀ.ਸੀ. ਦੀਆਂ ਧਾਰਾਵਾਂ 384, 419, 420, 120-ਬੀ, 201 ਤਹਿਤ ਐਫ.ਆਈ.ਆਰ. ਨੰਬਰ 28, ਮਿਤੀ 30. 10. 2023 ਨੂੰ ਥਾਣਾ ਵਿਜੀਲੈਂਸ ਬਿਊਰੋ, ਉਡਣ ਦਸਤਾ-1, ਪੰਜਾਬ, ਐਸ.ਏ.ਐਸ.ਨਗਰ ਵਿਖੇ ਦਰਜ ਕੀਤੀ ਹੋਈ ਹੈ।

ਉਕਤ ਏ ਆਈ ਜੀ ਸਿੱਧੂ, ਉਸ ਦਾ ਸਹਿਯੋਗੀ ਬਲਵੀਰ ਸਿੰਘ ਅਤੇ ਹੋਰ ਮੁਲਜ਼ਮ ਇਸ ਮੁਕੱਦਮੇ ਵਿੱਚ ਸ਼ਾਮਲ ਹਨ। ਜ਼ਿਕਰਯੋਗ ਹੈ ਕਿ ਉਕਤ ਕੇਸ ਵਿੱਚ ਏ.ਆਈ.ਜੀ. ਸਿੱਧੂ ਪਹਿਲਾਂ ਹੀ ਨਿਆਂਇਕ ਹਿਰਾਸਤ ਵਿੱਚ ਹੈ।ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਬਾਕੀ ਰਹਿੰਦੇ ਮੁਲਜ਼ਮਾਂ ਨੂੰ ਵੀ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਖੇਡਾਂ ਹੀ ਨਸ਼ੇ ਤੋਂ ਬਚਣ ਦਾ ਸਭ ਤੋਂ ਵਧੀਆ ਤਰੀਕਾ : ਬਰਸਟ



**ਸ਼ਾਹਕੋਟ (ਗਿਆਨ ਸੈਦਪੁਰੀ)** ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਇਕ ਪਾਸੇ ਜਿੱਥੇ ਮੰਡੀ ਬੋਰਡ ਅਧੀਨ ਆਉਂਦੀਆਂ ਅਨਾਜ ਮੰਡੀਆਂ, ਫ਼ਲ ਤੇ ਸਬਜ਼ੀ ਮੰਡੀਆਂ ਅਤੇ ਪੇਂਡੂ ਖੇਤਰਾਂ ਦੇ ਵਿਕਾਸ ਲਈ ਜ਼ੋਰ-ਸ਼ੋਰ ਨਾਲ ਕੰਮ ਕੀਤਾ ਜਾ ਰਿਹਾ ਹੈ, ਉੱਥੇ ਹੀ ਉਨ੍ਹਾਂ ਨੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਵੀ ਆਪਣਾ ਧਿਆਨ ਕੇਂਦਰਿਤ ਕਰ ਲਿਆ ਹੈ।ਇਸ ਦੇ ਲਈ ਹਰਚੰਦ ਸਿੰਘ ਬਰਸਟ ਵੱਲੋਂ ਪੰਜਾਬ ਦੇ ਖੇਡ ਅਤੇ ਯੁਵਕ ਸੇਵਾਵਾਂ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੂੰ ਪੱਤਰ ਲਿਖ ਕੇ ਪੇਸ਼ਕਸ਼ ਕੀਤੀ ਗਈ ਕਿ ਉਹ ਆਫ ਸੀਜ਼ਨ ਵਿੱਚ ਖਿਡਾਰੀਆਂ ਨੂੰ ਅਭਿਆਸ ਲਈ ਪੰਜਾਬ ਦੀਆਂ ਮੰਡੀਆਂ ਦੀ ਵਰਤੋਂ ਕਰ ਸਕਦੇ ਹਨ।

ਇਸ ਦੇ ਮੱਦੇਨਜ਼ਰ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਦੇ ਦਿਸ਼ਾ ਨਿਰਦੇਸ਼ਾਂ ਸਦਕਾ ਜ਼ਿਲ੍ਹਾ ਮੰਡੀ ਅਫਸਰ ਬਠਿੰਡਾ ਵੱਲੋਂ ਪਹਿਲ ਕਰਦੇ ਹੋਏ ਮਾਰਕੀਟ ਕਮੇਟੀ ਰਾਮਪੁਰਾ ਫੂਲ ਮੰਡੀ ਦੀ ਫੜ ਉੱਪਰ ਛੋਟੇ ਬੱਚਿਆਂ ਲਈ ਸਕੇਟਿੰਗ ਗੇਮ ਦੀ ਸਿਖਲਾਈ ਸ਼ੁਰੂ ਕੀਤੀ ਗਈ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਮਾਰਕੀਟ ਕਮੇਟੀ ਰਾਮਪੁਰਾ ਫੂਲ ਮੰਡੀ ਦੇ ਫੜ ਉੱਪਰ 10-15 ਬੱਚਿਆਂ ਨੂੰ ਸਕੇਟਿੰਗ ਦੀ ਸਖਲਾਈ ਦਿੱਤੀ ਜਾ ਰਹੀ ਹੈ ਅਤੇ ਇਹ ਸਥਾਨ ਬੱਚਿਆਂ ਦੀ ਟ੍ਰੇਨਿੰਗ ਵਾਸਤੇ ਬਹੁਤ ਹੀ ਲਾਹੇਵੰਦ ਸਾਬਤ ਹੋ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸੇ ਤਰਜ਼ ਤੇ ਬਠਿੰਡਾ ਮੰਡੀ ਅਤੇ ਭੁੱਚੋ ਮੰਡੀ ਵਿਖੇ ਵੀ ਸਕੇਟਿੰਗ ਅਤੇ ਤੀਰ ਅੰਦਾਜੀ ਦੀ ਸਿਖਲਾਈ ਸ਼ੁਰੂ ਕਰਨ ਲਈ ਵੱਖ-ਵੱਖ ਕੋਚਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ।

ਚੇਅਰਮੈਨ ਨੇ ਦੱਸਿਆ ਕਿ ਪੰਜਾਬ ਦੀਆਂ ਕਈ ਮੰਡੀਆਂ ਵਿੱਚ ਵੱਡੇ-ਵੱਡੇ ਕਵਰ ਸ਼ੈੱਡ ਬਣਾਏ ਗਏ ਹਨ।ਇਹ ਕਵਰ ਸ਼ੈੱਡ ਜ਼ਿਆਦਾਤਰ ਕਣਕ ਅਤੇ ਝੋਨੇ ਦੇ ਸੀਜ਼ਨ ਦੌਰਾਨ ਹੀ ਵਰਤੋ ਵਿੱਚ ਆਉਂਦੇ ਹਨ ਅਤੇ ਸੀਜ਼ਨ ਤੋਂ ਬਾਅਦ ਖਾਲੀ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਵਿਕਾਸ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਇਨ੍ਹਾਂ ਕਵਰ ਸ਼ੈਡਾ ਨੂੰ ਆਫ ਸੀਜ਼ਨ ਵਿੱਚ ਇਨਡੋਰ ਖੇਡਾਂ ਲਈ ਵਰਤਿਆ ਜਾ ਸਕਦਾ ਹੈ, ਤਾਂ ਜੋ ਬੱਚੇ ਮੀਂਹ, ਧੁੱਪ ਅਤੇ ਸਰਦੀ ਵਿੱਚ ਵੀ ਆਪਣਾ ਅਭਿਆਸ ਜਾਰੀ ਰੱਖ ਕੇ ਪੰਜਾਬ ਅਤੇ ਦੇਸ਼ ਦਾ ਨਾ ਰੌਸ਼ਨ ਕਰ ਸਕਣ।ਇਸੇ ਨੂੰ ਮੁੱਖ ਰੱਖਦਿਆਂ ਰਾਮਪੁਰਾ ਫੂਲ ਮੰਡੀ ਵਿਖੇ ਬੱਚਿਆਂ ਨੂੰ ਸਕੇਟਿੰਗ ਦੀ ਸਿਖਲਾਈ ਦਿੱਤੀ ਜਾ ਰਹੀ ਹੈ।

ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਨੌਜਵਾਨ ਪੰਜਾਬ ਅਤੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾਉਣਾ ਬਹੁਤ ਜ਼ਰੂਰੀ ਹੈ ਅਤੇ ਇਸ ਲਈ ਖੇਡਾਂ ਤੋਂ ਵਧੀਆ ਹੋਰ ਕੋਈ ਰਾਹ ਨਹੀਂ ਹੈ।ਉਨ੍ਹਾਂ ਕਿਹਾ ਕਿ ਪੰਜਾਬ 'ਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਖੇਡਾਂ ਸਭ ਤੋਂ ਕਾਰਗਰ ਹਥਿਆਰ ਸਾਬਤ ਹੋ ਸਕਦੀਆਂ ਹਨ ਅਤੇ ਇਸੇ ਲਈ ਪੰਜਾਬ ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਜ਼ੋਰਦਾਰ ਕਦਮ ਚੁੱਕ ਰਹੀ ਹੈ।

# ਲੋਕ ਸਭਾ ਚੋਣਾਂ ਸੰਬੰਧੀ ਮੀਟਿੰਗ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਆਉਣ ਵਾਲੀਆਂ ਲੋਕ ਸਭਾ ਚੋਣਾਂ 'ਤੇ ਪੰਚਾਇਤੀ ਚੋਣਾਂ ਸੰਬੰਧੀ ਹਲਕਾ ਆਦਮਪੁਰ (ਬਲਾਕ ਭੋਗਪੁਰ) ਦੇ ਵੱਖ ਵੱਖ ਪਿੰਡਾਂ ਦੇ ਆਮ ਆਦਮੀ ਪਾਰਟੀ ਦੇ ਸੈਕਟਰੀਆਂ ਤੇ ਪਾਰਟੀ ਵਲੰਟੀਅਰਾਂ ਨਾਲ ਹਲਕਾ ਇੰਚਾਰਜ ਜੀਤ ਲਾਲ ਭੱਟੀ, ਜ਼ਿਲ੍ਹਾ ਪ੍ਰਧਾਨ ਦਿਹਾਤੀ ਸਟੀਵਨ ਕਲੇਰ ਤੇ ਲੋਕ ਸਭਾ ਇੰਚਾਰਜ ਅਸ਼ਵਨੀ ਅਗਰਵਾਲ ਵਲੋਂ ਮੀਟਿੰਗ ਕੀਤੀ ਗਈ।ਇਸ ਮੌਕੇ ਬਰਕਤ ਰਾਮ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ, ਪਰਮਜੀਤ ਸਿੰਘ ਰਾਜਵੰਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਬਲਾਕ ਪ੍ਰਧਾਨ ਬਲਵਿੰਦਰ ਭੰਡਾਰੀ, ਬਲਾਕ ਪ੍ਰਧਾਨ ਪ੍ਰਦੀਪ ਸਿੰਘ, ਬਲਾਕ ਪ੍ਰਧਾਨ ਪਰਮਜੀਤ ਪੰਮਾ, ਬਲਾਕ ਪ੍ਰਧਾਨ ਹਰਜੀਤ ਸਿੰਘ ਢਿੱਲੋਂ, ਬਲਾਕ ਪ੍ਰਧਾਨ ਕਮਲਜੀਤ, ਸੂਬੇਦਾਰ ਹੰਸ ਰਾਜ, ਸੁਖਦੇਵ ਲਾਲ, ਸਤਨਾਮ ਟਾਂਡੀ, ਗੁਰਦੇਵ ਸਿੰਘ, ਭੁਪਿੰਦਰ ਸਿੰਘ ਦੇਵ, ਅਜੇ ਕੁਮਾਰ, ਹਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਡਾਕਟਰ ਕਮਲ, ਸਤਨਾਮ ਸਿੰਘ ਮਨਕੋਟੀਆ, ਧਰਮ ਸਿੰਘ, ਭੂਪਿੰਦਰ ਸਿੰਘ,ਕੁਲਦੀਪ ਮਿਨਹਾਸ, ਅਮਰੀਕ ਲਾਲ, ਕੁਲਵੰਤ ਸਿੰਘ ਪਾਰਟੀ ਦੇ ਮੈਂਬਰ ਸਹਿਬਾਨ ਮੌਜੂਦ ਸਨ।

# ਗਣਤੰਤਰ ਦਿਵਸ ਸਮਾਗਮ ਸੰਬੰਧੀ ਫੁੱਲ ਡਰੈੱਸ ਰਿਹਰਸਲ



**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-75ਵੇਂ ਗਣਤੰਤਰ ਦਿਵਸ ਮੌਕੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਤੋਂ ਪਹਿਲਾਂ ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਫੁੱਲ ਡਰੈੱਸ ਰਿਹਰਸਲ ਕੀਤੀ ਗਈ, ਜਿਸ ਵਿੱਚ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਕੌਮੀ ਝੰਡਾ ਲਹਿਰਾਇਆ ਗਿਆ।ਡਿਪਟੀ ਕਮਿਸ਼ਨਰ ਵੱਲੋਂ ਪਰੇਡ ਦਾ ਨਿਰੀਖਣ ਵੀ ਕੀਤਾ ਗਿਆ ਅਤੇ ਪਰੇਡ ਕਮਾਂਡਰ ਪੀ ਪੀ ਐਸ ਅਫ਼ਸਰ ਦਮਨਬੀਰ ਸਿੰਘ ਦੀ ਅਗਵਾਈ ਵਿੱਚ ਵਾਲੇ ਮਾਰਚ ਪਾਸਟ ਤੋਂ ਸਲਾਮੀ ਲਈ।ਪਰੇਡ ਵਿੱਚ ਆਈ ਟੀ ਬੀ ਪੀ, ਜਲੰਧਰ ਕਮਿਸ਼ਨਰੇਟ ਪੁਲਸ (ਪੁਰਸ਼ ਤੇ ਮਹਿਲਾ), ਪੁਲਸ ਰਿਕਰੂਟ ਟ੍ਰੇਨਿੰਗ ਸੈਂਟਰ ਜਹਾਨ ਖੇਲਾਂ, ਪੰਜਾਬ ਹੋਮ ਗਾਰਡਜ਼, ਐਨ ਸੀ ਸੀ ਸਕਾਊਟਸ (ਲੜਕੇ ਅਤੇ ਲੜਕੀਆਂ), ਡੀ ਐਸ ਐਸ ਡੀ ਸੋਡਲ ਰੋਡ, ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਆਦਰਸ਼ ਨਗਰ, ਲਾਇਲਪੁਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਅਤੇ ਲਾਇਲਪੁਰ ਖਾਲਸਾ ਹਾਈ ਸਕੂਲ (ਲੜਕੀਆਂ) ਅਤੇ ਸੀ ਆਰ ਪੀ ਐਫ ਬੈਂਡ ਸ਼ਾਮਲ ਸਨ।ਰਿਹਰਸਲ ਦੌਰਾਨ ਐਸ ਡੀ ਕਾਲਜ, ਰੈੱਡ ਕਰਾਸ ਸਕੂਲ ਫਾਰ ਡੈਫ ਐਂਡ ਡੰਬ, ਕੇ ਐਮ ਵੀ ਕਾਲਜ, ਐਸ ਡੀ ਫੁੱਲਰਵਾਨ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਤੇ ਪੁਲਸ ਡੀ ਏ ਵੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਸੱਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਗਈਆਂ।

ਇਸ ਉਪਰੰਤ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਅਤੇ 26 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਸਮਾਗਮ, ਜਿਸ 'ਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਤਿਰੰਗਾ ਲਹਿਰਾਇਆ ਜਾਵੇਗਾ, ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ 26 ਜਨਵਰੀ ਦੇ ਸਮਾਗਮ ਦੌਰਾਨ ਸੁਰੱਖਿਆ, ਟ੍ਰੈਫਿਕ, ਪਾਰਕਿੰਗ ਆਦਿ ਸਮੇਤ ਸਮੁੱਚੇ ਲੋੜੀਂਦੇ ਪੁਖ਼ਤਾ ਇੰਤਜ਼ਾਮ ਕੀਤੇ ਜਾਣੇ ਚਾਹੀਦੇ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਸਮਾਗਮ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਆਧਾਰਿਤ ਝਾਕੀਆਂ ਵੀ ਪੇਸ਼ ਕੀਤੀਆਂ ਜਾਣਗੀਆਂ।

# ਜ਼ਿਲ੍ਹੇ ਤੋਂ 11ਵਾਂ ਜਥਾ ਸ੍ਰੀ ਅਨੰਦਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਦਰਸ਼ਨਾਂ ਲਈ ਰਵਾਨਾ

**ਮੋਹਾਲੀ, (ਗੁਰਜੀਤ ਬਿੱਲਾ)** ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਜ਼ਿਲ੍ਹਾ ਵਾਸੀਆਂ ਦੀ ਸਹੂਲਤ ਲਈ ਨੂੰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸ਼ਹਿਰ ਕੁਰਾਲੀ ਦੇ ਮਹਾਰਾਣਾ ਪ੍ਰਤਾਪ ਕਮਿਊਨਿਟੀ ਸੈਂਟਰ ਤੋਂ ਜ਼ਿਲ੍ਹੇ ਦਾ 11ਵਾਂ ਜੱਥਾ ਸ੍ਰੀ ਅਨੰਦਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਮੰਦਰ ਦੇ ਦਰਸ਼ਨਾਂ ਲਈ ਰਵਾਨਾ ਹੋਇਆ। ਸ਼ਰਧਾਲੂਆਂ ਦੀ ਬੱਸ ਨੂੰ ਕਾਰਜ ਸਾਧਕ ਅਫਸਰ, ਨਗਰ ਕੌਂਸਲ ਪਰਵਿੰਦਰ ਭੱਟੀ ਤੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਦੇ ਪਿਤਾ ਜੋਧਾ ਸਿੰਘ ਮਾਨ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਹਨਾਂ ਨੇ ਪਵਿੱਤਰ ਅਸਥਾਨ ਦੀ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਪੰਜਾਬ ਦੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਧਾਰਮਿਕ ਯਾਤਰਾ ਸਿਰਫ਼ ਮੁਫ਼ਤ ਬੱਸਾਂ ਦੇਣ ਤੱਕ ਹੀ ਸੀਮਤ ਨਹੀਂ ਹੈ, ਅਸਲ ਵਿੱਚ ਯਾਤਰਾ ਲਈ ਲੋੜੀਂਦਾ ਸਮਾਨ ਵੀ ਪੰਜਾਬ ਸਰਕਾਰ ਵੱਲੋਂ ਸਦਭਾਵਨਾ ਦੇ ਪ੍ਰਤੀਕ ਵਜੋਂ ਯਾਤਰੀਆਂ ਨੂੰ ਮੁਹੱਈਆ ਕਰਵਾਇਆ ਜਾ ਰਿਹਾ ਹੈ।




# ਸਿੱਖਿਆ ਖੇਤਰ 'ਚ ਪੰਜਾਬ ਮਾਰ ਰਿਹਾ ਮੱਲਾਂ : ਪ੍ਰਭਜੋਤ ਕੌਰ



**ਮੋਹਾਲੀ, (ਗੁਰਜੀਤ ਬਿੱਲਾ)** ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ- ਨਿਰਦੇਸ਼ਾਂ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿੱਦਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸਰਕਾਰੀ ਹਾਈ ਸਕੂਲ ਫੇਜ਼-5, ਮੋਹਾਲੀ ਵਿਖੇ ਪੇਵਰ ਬਲਾਕ ਲਾਉਣ ਦੀ ਸ਼ੁਰੂਆਤ ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਨ ਸ਼੍ਰੀਮਤੀ ਪ੍ਰਭਜੋਤ ਕੌਰ ਨੇ ਕਰਵਾਈ, ਜਿਸ ਲਈ ਉਹਨਾਂ ਨੇ ਡੀ ਪੀ ਸੀ ਫੰਡ ਵਿਚੋਂ 04.5 ਲੱਖ ਰੁਪਏ ਦਿੱਤੇ ਹਨ।ਇਸ ਮੌਕੇ ਸ਼੍ਰੀਮਤੀ ਪ੍ਰਭਜੋਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਸਿੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਲਈ ਦਿਨ ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ।ਉਹਨਾਂ ਕਿਹਾ ਕਿ ਸਕੂਲ ਦੇ ਮੁੱਖ ਗੇਟ ਤੋਂ ਲੈ ਕੇ ਕਲਾਸ ਰੂਮਜ਼ ਤੱਕ ਦੀ ਥਾਂ ਕੱਚੀ ਹੋਣ ਕਾਰਨ ਬਰਸਾਤਾਂ ਵਿੱਚ ਵਿਦਿਆਰਥੀਆਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਇਸ ਦੇ ਮੱਦੇਨਜ਼ਰ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ।ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਨ ਨੇ ਦੱਸਿਆ ਕਿ ਸਿੱਖਿਆ ਦੇ ਪੱਧਰ ਵਿੱਚ ਸੁਧਾਰ ਕਰਨ ਦੇ ਲਈ ਦੇਸ਼ ਵਿੱਚ ਪਹਿਲੀ ਵਾਰ ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸਿੰਗਾਪੁਰ ਵਿਖੇ ਪੜ੍ਹਾਈ ਦਾ ਮਿਆਰ ਅਤੇ ਢੰਗ ਤਰੀਕਿਆਂ ਬਾਰੇ ਜਾਣਕਾਰੀ ਹਾਸਿਲ ਕਰਨ ਦੇ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਭੇਜਿਆ ਗਿਆ, ਤਾਂ ਜੋ ਪੰਜਾਬ ਦੇ ਵਿਦਿਆਰਥੀਆਂ ਦੇ ਆਤਮ -ਵਿਸ਼ਵਾਸ ਵਿੱਚ ਵਾਧਾ ਕੀਤਾ ਜਾ ਸਕੇ ਅਤੇ ਉਹ ਸਫਲਤਾ ਹਾਸਿਲ ਕਰ ਸਕਣ। ਸ਼੍ਰੀਮਤੀ ਪ੍ਰਭਜੋਤ ਕੌਰ ਨੇ ਕਿਹਾ ਕਿ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਇਨਕਲਾਬੀ ਤਬਦੀਲੀਆਂ ਲਿਆਉਣ ਵਾਸਤੇ ਯਤਨਸ਼ੀਲ ਹੈ, ਜਿਸ ਵਿੱਚ ਸਕੂਲਾਂ ਦੀਆਂ ਇਮਾਰਤਾਂ ਦੇ ਸੁੰਦਰੀਕਰਨ ਦੇ ਨਾਲ-ਨਾਲ ਸਿੱਖਿਆ ਦੀ ਗੁਣਵੱਤਾ ਦੇ ਸੁਧਾਰ ਵਾਸਤੇ ਵੀ ਕੰਮ ਕੀਤਾ ਜਾ ਰਿਹਾ ਹੈ। ਇਸ ਮੌਕੇ ਪ੍ਰਿੰਸੀਪਲ ਭਾਰਤ ਭੂਸ਼ਨ ਬੇਰੀ, ਯੂਥ ਪ੍ਰਧਾਨ ਅਨੂ ਬੱਬਰ, ਪ੍ਰਭਜੋਤ ਕੌਰ ਜੋਤੀ, ਜਸਪਾਲ ਕਾਉਣੀ, ਰਣਜੀਤਪਾਲ ਸਿੰਘ, ਸੁਰਿੰਦਰ ਸਿੰਘ, ਨਿਰਪਜੀਤ ਸਿੰਘ, ਬਲਬੀਰ ਸਿੰਘ ਆਦਿ ਹਾਜ਼ਰ ਸਨ।

# ਬਿਜਲੀ ਦੇ ਲੰਮੇ ਕੱਟਾਂ ਤੋਂ ਬੇਟ ਇਲਾਕੇ ਦੇ ਲੋਕ ਪ੍ਰੇਸ਼ਾਨ

**ਸ਼੍ਰੀ ਚਮਕੌਰ ਸਾਹਿਬ,( ਗੁਰਵਿੰਦਰਪਾਲ ਸਿੰਘ ਬੌਬੀ)** ਚਮਕੌਰ ਸਾਹਿਬ ਦੇ ਬੇਟ ਇਲਾਕੇ ਦੇ ਦੇ ਕਸਬਾ ਬੇਲਾ ਅਤੇ ਬਹਿਰਾਮਪੁਰ ਬੇਟ ਨਾਲ ਸਬੰਧਤ ਪਿੰਡਾਂ ਦੇ ਲੋਕ ਪਿਛਲੇ ਕਈ ਦਿਨਾਂ ਤੋਂ ਸਵੇਰੇ ਅਤੇ ਸ਼ਾਮ ਨੂੰ ਲੱਗ ਰਹੇ ਬਿਜਲੀ ਦੇ ਲੰਮੇ ਕੱਟਾਂ ਤੋਂ ਪ੍ਰੇਸ਼ਾਨ ਅਤੇ ਦੁਖੀ ਹੋ ਰਹੇ ਹਨ।ਕਸਬਾ ਬੇਲਾ ਦੇ ਸਰਪੰਚ ਲਖਵਿੰਦਰ ਸਿੰਘ ਭੂਰਾ, ਪੰਚ ਰਵਿੰਦਰ ਸ਼ਰਮਾ, ਸਾਬਕਾ ਸਰਪੰਚ ਮਨਮੋਹਣ ਸਿੰਘ ਅਤੇ ਗੁਰਨਾਮ ਸਿੰਘ ਆਦਿ ਨੇ ਦੱਸਿਆ ਕਿ ਇਹ ਕਸਬਾ ਬੇਲਾ ਅਤੇ ਬਹਿਰਾਮਪੁਰ ਬੇਟ ਨਾਲ ਨਾਲ ਜੁੜੇ ਦਰਜਨਾਂ ਹੀ ਪਿੰਡਾਂ ਨੂੰ ਬਿਜਲੀ ਦੀ ਸਪਲਾਈ ਚਮਕੌਰ ਸਾਹਿਬ ਗਰਿੱਡ ਤੋਂ ਹੋ ਰਹੀ ਹੈ, ਪਰ ਪਿਛਲੇ ਕਈ ਦਿਨਾਂ ਤੋਂ ਤੜਕੇ ਸਵੇਰ ਅਤੇ ਸ਼ਾਮ ਨੂੰ ਲੱਗ ਰਹੇ ਬਿਜਲੀ ਦੇ ਲੰਮੇ ਕੱਟਾਂ ਕਾਰਨ ਜਿੱਥੇ ਆਮ ਲੋਕ ਪ੍ਰੇਸ਼ਾਨ ਹੋ ਰਹੇ ਹਨ, ਉੱਥੇ ਹੀ ਵਿਦਿਆਰਥੀ ਵਰਗ ਬਹੁਤ ਹੀ ਮੁਸ਼ਕਲ ਦੇ ਦੌਰ 'ਚੋਂ ਦੀ ਲੰਘ ਰਿਹਾ ਹੈ, ਕਿਉਂਕਿ ਬਿਜਲੀ ਦੀ ਸਪਲਾਈ ਨਾ ਆਉਣ ਕਰਕੇ ਉਨ੍ਹਾਂ ਦੀ ਪੜ੍ਹਾਈ ਦਾ ਬਹੁਤ ਬੁਰਾ ਹਾਲ ਹੈ । ਉਨ੍ਹਾਂ ਦੱਸਿਆ ਕਿ ਬਹੁਤਾਤ ਵਿਦਿਆਰਥੀਆਂ ਦੇ ਸਾਲਾਨਾ ਪੇਪਰ ਆਉਦੇ ਕੁਝ ਦਿਨਾਂ ਵਿੱਚ ਹਨ, ਜਿਸ ਦੀ ਉਹ ਸਵੇਰੇ ਸ਼ਾਮ ਤਿਆਰੀ ਕਰ ਰਹੇ ਸਨ, ਪਰ ਬਿਜਲੀ ਨਾ ਆਉਣ ਕਾਰਨ ਉਨ੍ਹਾਂ ਨੂੰ ਆਪਣਾ ਭਵਿੱਖ ਧੁੰਦਲਾ ਦਿੱਖ ਰਿਹਾ ਹੈ।ਦੂਜੇ ਪਾਸੇ ਪਿੰਡਾਂ 'ਚ ਹੀ ਸਵੇਰੇ ਸ਼ਾਮ ਲੋਕਾਂ ਵੱਲੋਂ ਪਸ਼ੂਆਂ ਦਾ ਸਾਂਭ ਸੰਭਾਲ ਕਰਨੀ ਹੁੰਦੀ ਹੈ ਅਤੇ ਕਈਆਂ ਨੇ ਆਪੋ ਆਪਣੀ ਡਿਊਟੀ 'ਤੇ ਜਾਣਾ ਹੁੰਦਾ ਹੈ, ਪਰ ਬਿਜਲੀ ਨਾ ਆਉਣ ਕਾਰਨ ਉਹ ਵੀ ਮਾਯੂਸ ਹੋ ਰਹੇ ਹਨ।ਇੱਥੇ ਹੀਂ ਬਸ ਨਹੀਂ ਜਿਹੜੇ ਦੁਕਾਨਦਾਰਾਂ ਦਾ ਕੰਮ ਬਿਜਲੀ ਤੇ ਨਿਰਭਰ ਹੈ, ਉਹ ਵੀ ਵਿਹਲੇ ਬੈਠੇ ਸਰਕਾਰ ਨੂੰ ਕੋਸ਼ ਰਹੇ ਹਨ।ਜਦੋਂ ਇਸ ਸੰਬੰਧੀ ਚਮਕੌਰ ਸਾਹਿਬ ਵਿਖੇ ਬਿਜਲੀ ਗਰਿੱਡ ਵਿਖੇ ਅਧਿਕਾਰੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਬਿਜਲੀ ਦੇ ਕੱਟ ਉੱਚ ਅਧਿਕਾਰੀਆਂ ਦੇ ਕਹਿਣ 'ਤੇ ਹੀ ਲਗਾਏ ਜਾਂਦੇ ਹਨ।ਕਿਸਾਨ ਆਗੂ ਗੁਰਨਾਮ ਸਿੰਘ ਜੱਸੜਾ, ਬਾਈ ਪਰਮਿੰਦਰ ਸਿੰਘ ਸੇਖੋਂ, ਸਰਪੰਚ ਭਾਗ ਸਿੰਘ, ਨੰਬਰਦਾਰ ਬਹਾਦਰ ਸਿੰਘ ਅਤੇ ਨੰਬਰਦਾਰ ਬਲਬੀਰ ਸਿੰਘ ਆਦਿ ਨੇ ਮੁੱਖ ਮੰਤਰੀ ਅਤੇ ਪਾਵਰਕੌਮ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਬੇਟ ਇਲਾਕੇ ਦੇ ਪਿੰਡਾਂ 'ਚ ਨਿਰਵਿਘਨ ਬਿਜਲੀ ਦੀ ਸਪਲਾਈ ਦਿੱਤੀ ਜਾਵੇ।

# ਦੌਲਤਪੁਰ ਢੱਡਾ ਦਾ ਸਾਲਾਨਾ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ



**ਕਾਲਾ ਸੰਘਿਆਂ (ਮਨਜੀਤ ਮਾਨ)** ਪਿੰਡ ਦੌਲਤਪੁਰ ਢੱਡਾ ਜ਼ਿਲ੍ਹਾ ਜਲੰਧਰ ਵਿਖੇ ਮਰਹੂਮ ਸ੍ਰੀ ਗੰਤ ਰਾਮ ਗਿੱਲ ਤੇ ਮਰਹੂਮ ਮਲਕੀਤ ਸਿੰਘ ਗਿੱਲ ਦੀ ਯਾਦ ਨੂੰ ਸਮਰਪਿਤ ਪੀਰ ਬਾਬਾ ਲੱਖ ਦਾਤਾ ਲਾਲਾਂ ਵਾਲਾ ਪੀਰ ਦੀ ਯਾਦ 'ਚ ਸਾਲਾਨਾ ਛਿੰਝ ਮੇਲਾ ਸਰਕਾਰੀ ਹਾਈ ਸਕੂਲ ਦੇ ਵਿਸ਼ਾਲ ਖੇਡ ਮੈਦਾਨ ਵਿੱਚ ਛਿੰਝ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਮਿੰਟੂ ਗਿੱਲ, ਤੇ ਗੁਰਮੇਜ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਪਿੰਡ ਇਲਾਕਾ ਤੇ ਸਮੂਹ ਗ੍ਰਾਮ ਪੰਚਾਇਤ ਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਬਹੁਤ ਹੀ ਉਤਸ਼ਾਹ ਤੇ ਸ਼ਾਨੋਸ਼ੌਕਤ ਨਾਲ ਕਰਵਾਇਆ ਗਿਆ ਇਸ ਮੌਕੇ ਛਿੰਝ ਮੇਲੇ ਦੀ ਸ਼ੁਰੂਆਤ ਬਾਬਾ ਬੂਟਾ ਤੇ ਤੁਫ਼ੈਲ ਮੁਹੰਮਦ ਵੱਲੋਂ ਅਰਦਾਸ ਬੇਨਤੀ ਕਰਕੇ ਕੀਤੀ ਗਈ ਇਸ ਛਿੰਝ ਮੇਲੇ ਦਾ ਉਦਘਾਟਨ ਸ੍ਰ ਗੁਰਨਾਮ ਸਿੰਘ ਪਤੀ ਸਰਪੰਚ, ਛਿੰਝ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਮਿੰਟੂ, ਗੁਰਮੇਜ ਸਿੰਘ ਗਿੱਲ, ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ ਦੇ ਸੂਬਾ ਪ੍ਰਧਾਨ ਮਨਜੀਤ ਮਾਨ, ਅਸ਼ਵਨੀ ਗਿੱਲ ਕੁਵੈਤ, ਜਸਵੰਤ ਸਿੰਘ ਪੋਲਾ, ਸਤਨਾਮ ਸਿੰਘ, ਰਵਿੰਦਰ ਸਿੰਘ ਸਰਪੰਚ ਮਹਿਮੂਵਾਲ, ਗੁਰਪ੍ਰੀਤ ਸਿੰਘ ਗੋਪੀ, ਗੁਰਨਾਮ ਦੌਧੀ, ਬਾਬਾ ਸਰਬਜੀਤ ਸਿੰਘ,ਗੁਰਜਪਾਲ ਸਿੰਘ ਤੇ ਸਾਬੀ ਮਠਾੜੂ ਵੱਲੋਂ ਸਾਂਝੇ ਤੌਰ ਤੇ ਕੀਤਾ ਗਿਆ ਇਸ ਛਿੰਝ ਮੇਲੇ ਵਿੱਚ ਸਾਬੀ ਮਲਸੀਆਂ,ਸਾਬੀ ਮੋਠਾਵਾਲ, ਸੰਨੀ ਕਾਲਾ ਸੰਘਿਆਂ, ਸਲਵਾਨ ਕਾਲਾ ਸੰਘਿਆਂ ਆਦਿ ਪਹਿਲਵਾਨ ਜੇਤੂ ਰਹੇ ਇਸ ਮੌਕੇ ਪਟਕੇ ਦੀ ਦੂਸਰੇ ਨੰਬਰ ਦੀ ਕੁਸ਼ਤੀ ਚੰਮਾ ਸ਼ਾਹਕੋਟ ਤੇ ਮੰਗਾਂ ਮਲਸੀਆਂ ਦਰਮਿਆਨ ਬਰਾਬਰ ਰਹੀ ਪੱਟਕੇ ਦੇ ਪਹਿਲੇ ਨੰਬਰ ਦੀ ਕੁਸ਼ਤੀ ਸੁੱਖ ਬੰਬੇਹਾਲੀ ਗੁਰਦਾਸਪੁਰ ਤੇ ਸੈਟੂ ਯੂ ਪੀ ਦਰਮਿਆਨ ਕਾਫ਼ੀ ਕਾਂਟੇਦਾਰ ਟੱਕਰ ਹੋਈ ਜਿਸ ਵਿੱਚ ਸੈਟੂ ਯੂ ਪੀ ਪਟਕਾ ਜਿੱਤਣ ਵਿੱਚ ਸਫਲ ਰਿਹਾ ਇਸ ਛਿੰਝ ਮੇਲੇ ਵਿੱਚ ਲਾਲਾ ਮੋਹਨ ਲਾਲ ਦੇ ਪਰਿਵਾਰ ਮੰਗਾਂ, ਤੇ ਸਾਬੀ ਵੱਲੋਂ ਸੰਗਤਾਂ ਨੂੰ ਅਤੁੱਟ ਲੰਗਰ ਤੇ ਚਾਹ ਪਕੌੜਿਆਂ ਦੇ ਲੰਗਰ ਵੀ ਲਗਾਏ।

ਇਸ ਮੌਕੇ ਅੰਤਰਰਾਸ਼ਟਰੀ ਕੋਚ ਲਹਿੰਬਰ ਸ਼ਾਹਕੋਟ, ਮਜੀਦਾ ਪਹਿਲਵਾਨ ਸ਼ਾਹਕੋਟ,ਭੀਮਾ ਪਹਿਲਵਾਨ ਸ਼ਾਹਕੋਟ, ਸਾਬੀ ਕੋਚ ਮਲਸੀਆਂ, ਕਮਲ ਸ਼ਾਹਕੋਟ ਵੱਲੋਂ ਆਖਾੜੇ ਵਿੱਚ ਆਪਣੀ ਅਹਿਮ ਜ਼ਿੰਮੇਵਾਰੀਆਂ ਨਿਭਾਉਣੀਆਂ ਗਈਆ। ਇਸ ਮੌਕੇ ਕੁਮੈਂਟਰੀ ਦੀ ਜ਼ਿੰਮੇਵਾਰੀ ਪ੍ਰਸਿੱਧ ਮੰਚ ਸੰਚਾਲਕ ਮੰਗਾਂ ਅਲੀ, ਗੋਪੀ ਥਿੰਗਲੀ, ਸੋਢੀ ਟਿੱਬਾ ਤੇ ਦਵਿੰਦਰ ਕਿਲੀ ਵੱਲੋਂ ਆਪਣੇ ਪ੍ਰਭਾਵਸ਼ਾਲੀ ਟੋਟਕਿਆਂ ਨਾਲ ਛਿੰਝ ਮੇਲੇ ਵਿੱਚ ਖੂਬ ਰੰਗ ਬੰਨ੍ਹਿਆ ਇਸ ਮੌਕੇ ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ ਰਜਿ ਪੰਜਾਬ, ਸਰਪੰਚ ਰਵਿੰਦਰ ਸਿੰਘ ਮਹਿਮੂਵਾਲ, ਏ ਐਸ ਆਈ ਜਗਤਾਰ ਸਿੰਘ ਪੁਲਿਸ ਚੌਂਕੀ ਮਲਸੀਆਂ,ਅਸ਼ਨੀ ਗਿੱਲ, ਲਖਵਿੰਦਰ ਸਿੰਘ ਭੇਟਾ, ਹਰਮਨ ਗਿੱਲ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਹਾਜ਼ਰ ਸਨ।

# ਆਈ ਟੀ ਆਈ ਗਰਾਊਂਡ ਵਿਖੇ ਫੁੱਲ ਡਰੈੱਸ ਰਿਹਰਸਲ ਕਰਵਾਈ



**ਨਵਾਂਸ਼ਹਿਰ,(ਮਨੋਜ ਲਾਡੀ)** ਆਈ ਟੀ ਆਈ ਗਰਾਊਂਡ ਨਵਾਂਸ਼ਹਿਰ ਵਿਖੇ 26 ਜਨਵਰੀ ਨੂੰ ਮਨਾਏ ਜਾ ਰਹੇ ਦੇਸ਼ ਦੇ 75ਵੇਂ ਗਣਤੰਤਰ ਦਿਹਾੜੇ ਨੂੰ ਲੈ ਕੇ ਜ਼ਿਲ੍ਹਾ ਪੁਲਸ ਅਤੇ ਸਕੂਲੀ ਬੱਚਿਆਂ ਵੱਲੋਂ ਫੁੱਲ ਡਰੈੱਸ ਰੀਹਰਸਲ ਕੀਤੀ ਗਈ, ਜਿਸ ਦਾ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ ਐਸ ਪੀ ਡਾ. ਅਖਿਲ ਚੌਧਰੀ ਨੇ ਜਾਇਜ਼ਾ ਲਿਆ।ਜ਼ਿਲ੍ਹਾ ਪੱਧਰੀ ਗਣਤੰਤਰ ਦਿਹਾੜਾ ਮੌਕੇ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਮੰਤਵ ਨਾਲ ਰੀਹਰਸਲ ਤੋਂ ਤੁਰੰਤ ਬਾਅਦ ਡੀ ਆਈ ਜੀ ਸਟੇਟ ਸਾਈਬਰ ਕਰਾਈਮ ਨੀਲਾਂਬਰੀ ਜਗਦਲੇ ਵੱਲੋਂ ਵੀ ਆਈ ਟੀ ਆਈ ਗਰਾਊਂਡ ਦਾ ਦੌਰਾ ਕੀਤਾ। ਡੀ ਸੀ ਰੰਧਾਵਾ ਤੇ ਐਸ ਐਸ ਪੀ ਡਾ. ਅਖਿਲ ਚੌਧਰੀ ਨਾਲ ਦੌਰਾ ਵੀ ਕੀਤਾ।ਫੁੱਲ ਡਰੈੱਸ ਰੀਹਰਸਲ ਦੌਰਾਨ ਕੀਤੀ ਗਈ ਪਰੇਡ, ਪੀ ਟੀ ਸ਼ੋਅ ਅਤੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਜ਼ਿਲ੍ਹਾ ਪੁਲਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੂੰ ਸਲਾਹੁੰਦਿਆਂ ਨਜ਼ਰ ਆਈਆਂ ਕੁੱਝ ਕਮੀਆਂ-ਪੇਸ਼ੀਆਂ ਨੂੰ ਕਲ੍ਹ ਆਪੋ-ਆਪਣੇ ਸਕੂਲਾਂ 'ਚ ਇੱਕ ਹੋਰ ਰੀਹਰਸਲ ਕਰਕੇ ਦੂਰ ਕਰਨ ਲਈ ਆਖਿਆ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 26 ਜਨਵਰੀ ਨੂੰ ਮੁੱਖ ਮਹਿਮਾਨ ਖਟਕੜ ਕਲਾ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੂੰ ਸ਼ਰਧਾ ਸੁਮਨ ਅਰਪਿਤ ਕਰਨ ਬਾਅਦ ਆਈ ਟੀ ਆਈ ਗਰਾਊਂਡ 'ਚ ਸਵੇਰੇ ਸਹੀ 10 ਵਜੇ ਕੌਮੀ ਝੰਡਾ ਲਹਿਰਾਉਣਗੇ।

# ਗਣਤੰਤਰ ਦਿਵਸ 'ਤੇ ਏ ਡੀ ਸੀ ਪੰਚਾਲ ਝੰਡਾ ਲਹਿਰਾਉਣਗੇ

**ਫਗਵਾੜਾ (ਜਸਵਿੰਦਰ ਢੱਡਾ)** ਗਣਤੰਤਰ ਦਿਵਸ ਦਾ ਸਮਾਰੋਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਗਵਾੜਾ (ਲੜਕੇ) ਵਿਖੇ ਮਨਾਇਆ ਜਾ ਰਿਹਾ ਹੈ ਇਸ ਸਮਾਗਮ ਦੇ ਮੁੱਖ ਮਹਿਮਾਨ ਏ ਡੀ ਸੀ ਅਮਿਤ ਕੁਮਾਰ ਪੰਚਾਲ ਹੋਣਗੇ।ਮੁੱਖ ਮਹਿਮਾਨ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਇਸ ਮੌਕੇ ਪੀ ਟੀ ਸ਼ੋਅ ਵੀ ਹੋਵਗਾ। ਮੁੱਖ ਮਹਿਮਾਨ ਮਾਰਚ ਪਾਸਟ ਤੋਂ ਸਲਾਮੀ ਲੈਣਗੇ। ਇਸ ਮੌਕੇ ਵਿਦਿਆਰਥੀਆਂ ਵਲੋਂ ਦੇਸ਼ ਭਗਤੀ ਦੇ ਗੀਤ ਪੇਸ਼ ਕੀਤੇ ਜਾਣਗੇ ।ਪ੍ਰੈਸ ਨੂੰ ਉਕਤ ਜਾਣਕਾਰੀ ਜਸ਼ਨਜੀਤ ਸਿੰਘ ਐਸ ਡੀ ਐਮ ਫਗਵਾੜਾ ਨੇ ਦਿੱਤੀ ।


## ਜਨਮ ਦਿਨ ਮੁਬਾਰਕ



ਪਾਰਸ (ਮੋਰਿੰਡਾ)

## ਵਰ੍ਹੇਗੰਢ ਮੁਬਾਰਕ



ਫੋਕਲੋਰ ਰਿਸਰਚ ਅਕੈਡਮੀ ਦੇ ਮੀਤ ਪ੍ਰਧਾਨ ਤੇ ਲੇਖਕ ਗੁਰਜਿੰਦਰ ਸਿੰਘ ਬਘਿਆੜੀ ਤੇ ਮਨਜਿੰਦਰ ਕੌਰ ਜੋਤੀ ਨੇ ਵਿਆਹ ਦੀ 9ਵੀਂ ਵਰ੍ਹੇਗੰਢ ਮਨਾਈ।


# ਸਤਨਾਮ ਜਲਾਲਪੁਰ ਨੇ ਮਜਾਰਾ ਤੇ ਮਾਜਰੀ ਨੂੰ ਦਿੱਤੀ ਇੱਕ ਇੱਕ ਲੱਖ ਦੀ ਗ੍ਰਾਂਟ



**ਨਵਾਂਸ਼ਹਿਰ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸਤਨਾਮ ਚੇਚੀ ਜਲਾਲਪੁਰ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅਤੇ ਜ਼ਿਲ੍ਹਾ ਪ੍ਰਧਾਨ, ਆਮ ਆਦਮੀ ਪਾਰਟੀ ਨੇ ਆਪਣੇ ਅਖ਼ਤਿਆਰੀ ਕੋਟੇ 'ਚੋਂ ਖੇਡਾਂ ਦੇ ਸਾਮਾਨ ਅਤੇ ਓਪਨ ਜਿੰਮ ਲਈ ਪਿੰਡ ਮਜਾਰਾ ਅਤੇ ਮਾਜਰੀ ਦੀ ਪੰਚਾਇਤ ਨੂੰ ਇੱਕ ਲੱਖ ਰੁਪਏ ਦੀ ਗ੍ਰਾਂਟ ਦਿੱਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਸਿਹਤਮੰਦ ਰੱਖਣ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਯਤਨਸ਼ੀਲ ਹੈ।ਪੰਜਾਬ ਸਰਕਾਰ ਨੇ ਨਵੀਂ ਖੇਡ ਪਾਲਿਸੀ ਲਿਆਂਦੀ ਹੈ, ਜਿਸ ਵਿਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਬਹੁਤ ਸਾਰਥਕ ਕਦਮ ਚੁੱਕੇ ਜਾ ਰਹੇ ਹਨ ਅਤੇ ਖਿਡਾਰੀਆਂ ਨੂੰ ਖੇਡਾਂ ਦੀ ਤਿਆਰੀ ਕਰਨ ਲਈ ਵੀ ਮਾਲੀ ਮਦਦ ਕੀਤੀ ਜਾ ਰਹੀ ਹੈ।ਇਸ ਮੌਕੇ ਉਹਨਾਂ ਨਾਲ ਦਿਲਾਵਰ ਸਿੰਘ ਸਰਪੰਚ ਮਜਾਰਾ, ਬਲਵੀਰ ਸਿੰਘ ਯੂ ਐੱਸ ਏ, ਜੋਗਿੰਦਰ ਪਾਲ ਚਾਂਦਲਾਂ, ਜਗਜੀਤ ਸਿੰਘ ਗਿੱਲ, ਦਿਲਵਰ ਸਿੰਘ ਖਟਕੜ, ਸੁਰਿੰਦਰ ਸਿੰਘ, ਜੋਗਾ ਸਿੰਘ ਹੀਰ, ਨਰਿੰਦਰ ਸਿੰਘ ਰਾਜਾ, ਤਾਰਾ ਸਿੰਘ, ਮੱਖਣ ਸਿੰਘ, ਸਤਨਾਮ ਸਿੰਘ ਦਿਆਲ, ਤੇਜਵੀਰ ਰੱਕੜ, ਹਰਭਜਨ ਸਿੰਘ ਅਤੇ ਮਜਾਰੀ ਤੋਂ ਕਰਮਪਾਲ ਸਿੰਘ ਬਲਾਕ ਪ੍ਰਧਾਨ, ਸਰਪੰਚ ਅਵਤਾਰ ਸਿੰਘ , ਬਲਜੀਤ ਸਿੰਘ ਬੱਲੀ, ਸੁਖਵਿੰਦਰ ਸਿੰਘ ਸੁੱਖਾ, ਸੁਖਵਿੰਦਰ ਸਿੰਘ ਪਨੇਸਰ, ਹਰਪਾਲ ਸਿੰਘ, ਰੁਪਿੰਦਰ ਸਿੰਘ ਗਿੱਲ, ਬਹਾਦਰ ਸਿੰਘ ਗਿੱਲ, ਅਜ਼ਮੇਰ ਸਿੰਘ ਰੱਕੜ ਆਦਿ ਹਾਜ਼ਰ ਸਨ।

# ਸਾਨੂੰ ਪ੍ਰਭੂ ਰਾਮ ਦੇ ਆਦਰਸ਼ਾਂ 'ਤੇ ਪਹਿਰਾ ਦੇਣਾ ਚਾਹੀਦੈ : ਚੀਨੂੰ ਪੰਡਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**-ਅਯੁੱਧਿਆ ਰਾਮ ਮੰਦਰ 'ਚ ਪ੍ਰਭੂ ਸ੍ਰੀ ਰਾਮ ਲਲਾ ਦੀ ਮੂਰਤੀ ਸਥਾਪਨਾ ਨੂੰ ਲੈ ਕੇ ਦੇਸ਼ ਭਰ 'ਚ ਖੁਸ਼ੀਆਂ ਦਾ ਜਸ਼ਨ ਮਨਾਇਆ ਜਾ ਰਿਹਾ ਹੈ ਅਤੇ ਪ੍ਰਭੂ ਸ੍ਰੀ ਰਾਮ ਦੇ ਆਗਮਨ ਦੀ ਖੁਸ਼ੀ 'ਚ ਪੂਜਾ ਅਰਚਨਾ ਕਰਨ ਤੋਂ ਇਲਾਵਾ ਸ਼ਰਧਾਲੂਆਂ ਲਈ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਹਨ।ਇਸੇ ਸੰਬੰਧ 'ਚ ਸਮਾਜ ਸੇਵੀ ਚੀਨੂੰ ਪੰਡਤ ਵੱਲੋਂ ਮੁਹੱਲਾ ਨਿਵਾਸੀਆਂ ਦੇ ਸਹਿਯੋਗ ਨਾਲ ਅਹਿਆਪੁਰ ਵਿਖੇ ਪ੍ਰਭੂ ਸ੍ਰੀ ਰਾਮ ਚੰਦਰ ਦੀ ਪੂਰੀ ਵਿਧੀ ਪੂਰਵਕ ਮੰਤਰ ਉਚਾਰਨ ਕਰਨ ਉਪਰੰਤ ਵੱਖ-ਵੱਖ ਤਰ੍ਹਾਂ ਦੇ ਪਕਵਾਨਾਂ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਉਨ੍ਹਾਂ ਨਾਲ ਸਨਾਤਨ ਧਰਮ ਸਭਾ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ, ਸ਼ਿਵ ਸੇਨਾ ਪੰਜਾਬ ਦੇ ਉੱਤਰ ਪ੍ਰਧਾਨ ਮਿੱਕੀ ਪੰਡਤ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਦੋਆਬਾ ਚੇਅਰਮੈਨ ਸ਼ਿਵਮ ਵੈਦ, ਸਮਾਜ ਸੇਵੀ ਤੇ ਕੌਂਸਲਰ ਆਸ਼ੂ ਵੈਦ ਹਾਜ਼ਰ ਸਨ।ਇਸ ਮੌਕੇ ਹਾਜ਼ਰ ਸ਼ਰਧਾਲੂਆਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਚੀਨੂੰ ਪੰਡਤ ਨੇ ਕਿਹਾ ਕਿ 500 ਸਾਲ ਦੇ ਲੰਬੇ ਇੰਤਜ਼ਾਰ ਉਪਰੰਤ ਅਯੁੱਧਿਆ ਰਾਮ ਮੰਦਰ ਵਿਖੇ ਪ੍ਰਭੂ ਸ਼੍ਰੀ ਰਾਮ ਦਾ ਆਗਮਨ ਹੋਇਆ ਹੈ ਜਿਸ ਦੀ ਖੁਸ਼ੀ 'ਚ ਦੇਸ਼ ਵਿਦੇਸ਼ 'ਚ ਰਹਿੰਦੇ ਸਨਾਤਨੀ ਤੋਂ ਇਲਾਵਾ ਹਰ ਧਰਮ ਦੇ ਲੋਕਾਂ ਨੇ ਆਪਣੇ ਆਪਣੇ ਘਰਾਂ ਅਤੇ ਮੰਦਰਾਂ ਵਿੱਚ ਦੀਪ ਮਾਲਾ ਕਰਕੇ ਪ੍ਰਭੂ ਸ਼੍ਰੀ ਰਾਮ ਚੰਦਰ ਦਾ ਗੁਣਗਾਨ ਕੀਤਾ।

ਇਸ ਮੌਕੇ ਚੀਨੂੰ ਪੰਡਤ, ਦੀਪਕ ਬਹਿਲ, ਮਿੱਕੀ ਪੰਡਤ, ਵਿਕਾਸ ਜਸਰਾ, ਸ਼ਿਵਮ ਵੈਦ, ਵਿਨੋਦ ਸ਼ਰਮਾ, ਰਮਣ ਬੇਗੋਵਾਲ, ਮਾਸਟਰ ਹਰੀ ਚੰਦ, ਸਿਮਰਨ ਬੇਗੋਵਾਲ, ਵਿਸ਼ਾਲ ਬੇਗੋਵਾਲ, ਹੈਰੀ ਜਾਜਾ, ਸਤੀਸ਼ ਵੈਦ, ਸੁਨੀਤਾ ਰਾਨੀ, ਆਰਤੀ ਜਸਰਾ, ਮੰਜੂ ਮੈਡਮ ਅਤੇ ਪੂਜਾ ਜਸਰਾ ਨੇ ਰਾਮ ਸ਼ਰਧਾਲੂਆਂ ਨੂੰ ਇਸ ਸ਼ੁਭ ਦਿਹਾੜੇ ਦੀਆਂ ਵਧਾਈ ਦਿੰਦੇ ਹੋਏ ਗਰੀਬ ਬੇਸਹਾਰਾ ਲੋਕਾਂ ਨੂੰ ਕੰਬਲ ਵੰਡੇ।